ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 58
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Saturday, 28 February, 2026) ਸ਼ਨੀਵਾਰ, 28 ਫਰਵਰੀ, 2026, 17 ਫੱਗਣ, ਨਾਨਕਸ਼ਾਹੀ ਸੰਮਤ 557, ਬਿਕ੍ਰਮੀ 2082/ PRGI (RNI) Regd. No. 22972/1972/ ਮੁੱਲ: 2 ਰੁਪਏ


## ਕੋਲਕਾਤਾ 'ਚ ਲੱਗੇ ਭੂਚਾਲ ਦੇ ਝਟਕੇ

ਕੋਲਕਾਤਾ , 27 ਫਰਵਰੀ (ਚ.ਨ.ਸ.): ਪੱਛਮੀ ਬੰਗਾਲ ਦੀ ਰਾਜਧਾਨੀ ਕੋਲਕਾਤਾ ਅਤੇ ਆਲੇ-ਦੁਆਲੇ ਦੇ ਇਲਾਕਿਆਂ 'ਚ ਸ਼ੁੱਕਰਵਾਰ ਦੁਪਹਿਰ ਨੂੰ ਭੂਚਾਲ ਦੇ ਤੇਜ਼ ਝਟਕੇ ਮਹਿਸੂਸ ਕੀਤੇ ਗਏ। ਰਿਕਟਰ ਪੈਮਾਨੇ 'ਤੇ ਇਸ ਭੂਚਾਲ ਦੀ ਤੀਬਰਤਾ 5.5 ਮਾਪੀ ਗਈ ਹੈ। ਭੂਚਾਲ ਦੇ ਝਟਕੇ ਮਹਿਸੂਸ ਹੁੰਦੇ ਹੀ ਲੋਕਾਂ'ਚ ਭਾਰੀ ਦਹਿਸ਼ਤ ਫੈਲ ਗਈ ਅਤੇ ਉਹ ਆਪਣੀ ਜਾਨ ਬਚਾਉਣ ਲਈ ਘਰਾਂ ਅਤੇ ਦਫ਼ਤਰਾਂ ਤੋਂ ਬਾਹਰ ਖੁੱਲ੍ਹੇ ਮੈਦਾਨਾਂ ਵੱਲ ਭੱਜੇ। ਸ਼ੁਰੂਆਤੀ ਜਾਣਕਾਰੀ ਅਨੁਸਾਰ ਭੂਚਾਲ ਦਾ ਕੇਂਦਰ ਗੁਆਂਢੀ ਦੇਸ਼ ਬੰਗਲਾਦੇਸ਼ ਵਿੱਚ ਸੀ। ਇਹ ਕੇਂਦਰ ਜ਼ਮੀਨ ਤੋਂ ਲਗਭਗ 10 ਕਿਲੋਮੀਟਰ ਦੀ (ਬਾਕੀ ਸਫਾ 2 'ਤੇ)

## ਪੰਥਕ ਰਵਾਇਤਾਂ ਅਨੁਸਾਰ ਜੈਕਾਰਿਆਂ ਤੇ ਨਗਾਰਿਆਂ ਦੀ ਗੂੰਜ 'ਚ ਹੋਈ ਹੋਲੇ-ਮਹੱਲੇ ਦੀ ਆਰੰਭਤਾ

*4 ਮਾਰਚ ਤੱਕ ਖ਼ਾਲਸਾਈ ਜਾਹੋ-ਜਲਾਲ ਨਾਲ ਮਨਾਇਆ ਜਾਵੇਗਾ ਹੋਲਾ-ਮਹੱਲਾ: ਜਥੇ.ਗੜਗੱਜ*



**ਹਰਪ੍ਰੀਤ ਸਿੰਘ, ਤਰਲੋਚਨ ਸਿੰਘ**
========================

ਸ੍ਰੀ ਅਨੰਦਪੁਰ ਸਾਹਿਬ, 27 ਫਰਵਰੀ : ਖਾਲਸਾ ਪੰਥ ਦਾ ਕੋਮੀ ਤਿਉਹਾਰ ਹੋਲਾ ਮਹੱਲਾ ਜੋ ਕਿ 27 ਫਰਵਰੀ ਤੋਂ 1 ਮਾਰਚ ਤੱਕ ਸ੍ਰੀ ਕੀਰਤਪੁਰ ਸਾਹਿਬ ਅਤੇ 2 ਮਾਰਚ ਤੋਂ 4 ਮਾਰਚ ਤੱਕ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾਈ ਜਾਹੋ ਜਲਾਲ ਦੇ ਨਾਲ ਮਨਾਇਆ ਜਾ ਰਿਹਾ ਹੈ। ਹਰ ਸਾਲ ਦੀ ਤਰਾਂ ਇਸ ਸਾਲ ਵੀ ਹੋਲੇ-ਮਹੱਲੇ ਦੀ ਆਰੰਭਤਾ ਬੜੀ ਹੀ ਸਾਨੋ ਸ਼ੋਕਤ ਨਾਲ ਨਗਾਰਿਆਂ ਦੀ ਚੋਟ ਅਤੇ ਜੈਕਾਰਿਆਂ ਦੀ ਗੂੰਜ ਨਾਲ ਪੁਰਾਤਨ ਰਵਾਇਤਾਂ ਅਨੁਸਾਰ ਕੀਤੀ ਗਈ। ਇਸ ਮੌਕੇ ਪਹਿਲਾਂ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਕਿਲ੍ਹਾ ਅਨੰਦਗੜ੍ਹ ਸਾਹਿਬ ਵਿਖੇ ਰਾਤ ਦੇ ਦੀਵਾਨ ਸਜਾਏ ਗਏ ਜਿਸ ਵਿਚ ਗੁਰੂ ਘਰ ਦੇ ਕੀਰਤਨੀਆਂ ਵਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ। ਹੋਲਾ-ਮਹੱਲਾ ਦੇ ਰਸਮੀ ਆਗਾਜ਼ ਮੌਕੇ ਸਿੰਘ ਸਾਹਿਬ ਗਿਆਨੀ (ਬਾਕੀ ਸਫਾ 2 'ਤੇ)

# ਦਿੱਲੀ ਆਬਕਾਰੀ ਨੀਤੀ ਮਾਮਲੇ 'ਚ ਕੇਜਰੀਵਾਲ ਅਤੇ ਸਿਸੋਦੀਆ ਬਰੀ

### *ਕੋਰਟ ਨੇ ਸਾਬਿਤ ਕੀਤਾ ਕਿ ਕੇਜਰੀਵਾਲ, ਸਿਸੋਦੀਆ ਅਤੇ 'ਆਪ' ਕੱਟੜ ਇਮਾਨਦਾਰ: ਕੇਜਰੀਵਾਲ*

*ਫ਼ੈਸਲੇ ਵਿਰੁੱਧ ਦਿੱਲੀ ਹਾਈਕੋਰਟ ਪੁੱਜੀ ਸੀ.ਬੀ.ਆਈ.*

**ਚੜ੍ਹਦੀਕਲਾ ਬਿਊਰੋ**
================

ਨਵੀਂ ਦਿੱਲੀ, 27 ਫਰਵਰੀ : ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਮੁਖੀ ਅਰਵਿੰਦ ਕੇਜਰੀਵਾਲ ਨੂੰ ਅੱਜ ਕਥਿਤ ਸ਼ਰਾਬ ਘੁਟਾਲੇ ਵਿੱਚ ਬਰੀ ਕਰ ਦਿੱਤਾ ਗਿਆ। ਹੇਠਲੀ ਅਦਾਲਤ ਨੇ ਉਨ੍ਹਾਂ ਅਤੇ ਹੋਰ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਕੇਜਰੀਵਾਲ ਨੇ ਅਦਾਲਤ ਦੇ ਫੈਸਲੇ ਨੂੰ ਇਤਿਹਾਸਕ ਦੱਸਿਆ ਅਤੇ ਭਾਜਪਾ 'ਤੇ ਸਾਜਿਸ਼ ਦਾ ਦੋਸ਼ ਲਗਾਇਆ। ਇਸ ਸਭ ਦੇ ਵਿਚਾਲੇ ਸੀ.ਬੀ.ਆਈ. ਨੇ ਹੁਣ ਹੇਠਲੀ ਅਦਾਲਤ ਦੇ ਫੈਸਲੇ ਨੂੰ ਚੁਣੌਤੀ ਦਿੰਦੇ ਹੋਏ ਦਿੱਲੀ ਹਾਈ ਕੋਰਟ ਤੱਕ ਪਹੁੰਚ ਕੀਤੀ ਹੈ। ਦੱਸ ਦੇਈਏ ਕਿ ਦਿੱਲੀ ਦੀ ਰਾਊਜ਼ ਐਵੇਨਿਊ ਕੋਰਟ ਨੇ




ਸ਼ੁੱਕਰਵਾਰ ਨੂੰ ਕਥਿਤ ਸ਼ਰਾਬ ਘੁਟਾਲੇ ਦੇ ਮਾਮਲੇ ਵਿੱਚ ਅਰਵਿੰਦ ਕੇਜਰੀਵਾਲ ਅਤੇ ਮਨੀਸ਼ ਸਿਸੋਦੀਆ ਸਮੇਤ ਸਾਰੇ 23 ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਅਦਾਲਤ ਨੇ ਸੀ.ਬੀ.ਆਈ.ਅਧਿਕਾਰੀ ਵਿਰੁੱਧ ਵਿਭਾਗੀ ਜਾਂਚ ਦੀ ਵੀ ਸਿਫਾਰਸ਼ ਕੀਤੀ ਹੈ। ਹਾਲਾਂਕਿ, ਸੀ.ਬੀ.ਆਈ. ਨੇ ਹੇਠਲੀ ਅਦਾਲਤ ਦੇ ਫੈਸਲੇ ਨੂੰ ਹਾਈ ਕੋਰਟ ਵਿੱਚ ਚੁਣੌਤੀ ਦੇਣ ਦਾ ਫੈਸਲਾ (ਬਾਕੀ ਸਫਾ 2 'ਤੇ)

## ਭਾਰਤੀ ਸਿਆਸਤ 'ਚ ਇਤਿਹਾਸਕ ਦਿਨ ਕਿਉਂਕਿ ਸੱਚਾਈ ਦੀ ਜਿੱਤ ਹੋਈ: ਮਾਨ

**ਚੜ੍ਹਦੀਕਲਾ ਬਿਊਰੋ**
================

ਚੰਡੀਗੜ੍ਹ, 27 ਫਰਵਰੀ : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਕਿਹਾ ਕਿ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਸੀਨੀਅਰ 'ਆਪ' ਨੇਤਾ ਅਤੇ ਪੰਜਾਬ ਪ੍ਰਭਾਰੀ ਮਨੀਸ ਸਿਸੋਦੀਆ ਅਤੇ ਹੋਰਾਂ ਵਿਰੁੱਧ ਆਬਕਾਰੀ ਨੀਤੀ ਮਾਮਲੇ ਵਿੱਚ ਅਦਾਲਤ ਵੱਲੋਂ ਦੋਸ਼ਾਂ ਨੂੰ ਰੱਦ ਕੀਤੇ ਜਾਣ ਨਾਲ ਪਾਰਟੀ ਦੇ ਸਟੈਂਡ 'ਤੇ ਦ੍ਰਿੜ ਮੋਹਰ ਲੱਗੀ ਹੈ, ਜਿਸ ਵਿੱਚ ਪਾਰਟੀ ਵੱਲੋਂ ਲਗਾਤਾਰ ਇਹ ਕਿਹਾ ਜਾ ਰਿਹਾ ਸੀ ਕਿ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਅਤੇ ਹੋਰ ਕੇਂਦਰੀ ਏਜੰਸੀਆਂ ਵਿਰੋਧੀ ਸਿਆਸੀ ਪਾਰਟੀਆਂ ਨੂੰ ਨਿਸ਼ਾਨਾ ਬਣਾਉਣ ਲਈ ਕੇਂਦਰ ਸਰਕਾਰ ਦੀਆਂ ਕਠਪੁਤਲੀਆਂ ਬਣ ਕੇ ਕੰਮ ਕਰ ਰਹੀਆਂ ਹਨ।



ਇੱਕ ਵੀਡੀਓ ਸੰਦੇਸ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦੀ ਰਾਜਨੀਤੀ ਵਿੱਚ ਇਹ ਇੱਕ ਇਤਿਹਾਸਕ ਦਿਨ ਹੈ ਕਿਉਂਕਿ ਅਦਾਲਤ ਨੇ ਅਰਵਿੰਦ ਕੇਜਰੀਵਾਲ ਅਤੇ 23 ਹੋਰਾਂ ਨੂੰ ਬਰੀ ਕਰ ਦਿੱਤਾ ਹੈ ਜਿਨ੍ਹਾਂ ਖ਼ਿਲਾਫ਼ ਸੀਬੀਆਈ ਨੇ (ਬਾਕੀ ਸਫਾ 2 'ਤੇ)

## ਗੁਰਦਾਸਪੁਰ ਐਨਕਾਊਂਟਰ ਦੀ ਨਿਰਪੱਖ ਜਾਂਚ ਹੋਵੇ, ਸੱਚ ਹਰ ਪੱਖ ਤੋਂ ਸਾਹਮਣੇ ਆਉਣਾ ਚਾਹੀਦੈ: ਜਥੇ. ਗੜਗੱਜ




**ਬਬਲੂ ਮਹਾਜਨ**
===========

ਅੰਮ੍ਰਿਤਸਰ, 27 ਫਰਵਰੀ : ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਸਾਬਕਾ ਜਥੇਦਾਰ ਗਿਆਨੀ ਰਣਜੀਤ ਸਿੰਘ ਗੋਹਰ ਵੱਲੋਂ ਗਿਆਨੀ ਰਘਬੀਰ ਸਿੰਘ 'ਤੇ ਜੋ ਦੋਸ਼ ਲਗਾਏ ਗਏ ਹਨ ਜਾਂ ਗਿਆਨੀ ਰਘਬੀਰ ਸਿੰਘ ਵੱਲੋਂ ਜੋ ਸ਼੍ਰੋਮਣੀ ਕਮੇਟੀ 'ਤੇ ਦੋਸ਼ ਲਗਾਏ ਗਏ ਹਨ ਸੱਚ ਹਰ ਪੱਖ ਤੋਂ ਸਾਹਮਣੇ ਆਉਣਾ ਚਾਹੀਦਾ ਹੈ। 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਬਣਾਈ ਸਿਟ 'ਚ ਅੰਮ੍ਰਿਤਧਾਰੀ ਸਿੱਖ ਹੋਣ ਸਬੰਧੀ ਉਨ੍ਹਾਂ ਕਿਹਾ ਕਿ ਕਿਉਂਕਿ ਮਾਮਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨਾਲ ਜੁੜਿਆ ਹੈ, ਇਸ ਲਈ ਜਾਂਚ ਟੀਮ ਵਿਚ ਅੰਮ੍ਰਿਤਧਾਰੀ ਮੈਂਬਰ ਹੋਣੇ ਚਾਹੀਦੇ ਹਨ, ਕਿਉਂਕਿ ਉਹ ਮਰਿਆਦਾ ਤੋਂ ਵਧੇਰੇ ਜਾਣੂ ਹੁੰਦੇ ਹਨ। ਦਿੱਲੀ ਦੇ ਗੁਰਦੁਆਰਿਆਂ ਵਿਚ ਕੀਰਤਨ ਦੌਰਾਨ ਉੱਚੀ ਆਵਾਜ਼ ਵਿਚ ਹੂਕਾਂ ਮਾਰਨ ਬਾਰੇ ਉਨ੍ਹਾਂ ਕਿਹਾ ਕਿ ਗੁਰਬਾਣੀ ਕੀਰਤਨ ਸਿੱਖ ਰਹਿਤ ਮਰਿਆਦਾ ਅਨੁਸਾਰ ਹੋਣਾ ਚਾਹੀਦਾ ਹੈ। ਕੀਰਤਨ ਸਮੇਂ ਮਾਹੌਲ ਗੁਰਬਾਣੀ ਮਈ ਹੋਣਾ ਚਾਹੀਦਾ ਹੈ ਅਤੇ ਬਿਨਾਂ ਲੋੜ ਦੇ ਸ਼ੋਰ ਤੋਂ ਬਚਣਾ ਚਾਹੀਦਾ ਹੈ। ਜੇ ਸ਼ਿਕਾਇਤ ਮਿਲੀ ਤਾਂ ਸਬੰਧਤ (ਬਾਕੀ ਸਫਾ 2 'ਤੇ)

### *ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਹੋਲਾ-ਮਹੱਲਾ ਤੇ ਵਿਸ਼ਾਲ ਪੰਥਕ ਕਾਨਫ਼ਰੰਸ ਕੀਤੀ ਜਾਵੇਗੀ : ਗਿ. ਹਰਪ੍ਰੀਤ ਸਿੰਘ*

ਫਤਿਹਗੜ੍ਹ ਸਾਹਿਬ, 27 ਫਰਵਰੀ (ਨਰਿੰਦਰ ਸਿੰਘ) ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਹੋਲਾ ਮਹੱਲਾ ਤੇ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸ਼ਾਲ ਪੰਥਕ ਕਾਨਫਰੰਸ ਕੀਤੀ ਜਾਵੇਗੀ ਜਿਸ ਦੀਆਂ ਤਿਆਰੀਆਂ ਨੂੰ ਲੈ ਕੇ ਪੰਜਾਬ ਭਰ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਅਤੇ ਪਾਰਟੀ ਵਰਕਰਾਂ ਨੂੰ ਵੱਧ ਤੋਂ ਵੱਧ ਇਸ ਪੰਥਕ ਕਾਨਫਰੰਸ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ ਜਾ ਰਿਹਾ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਫਤਿਹਗੜ੍ਹ ਸਾਹਿਬ ਵਿਖੇ ਪਾਰਟੀ ਦੀ ਜਿਲਾ ਜਥੇਬੰਦੀ ਨਾਲ ਮੀਟਿੰਗ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕੀਤਾ ।

ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਇਸੇ ਕਾਨਫਰੰਸ ਨੂੰ ਲੈ ਕੇ (ਬਾਕੀ ਸਫਾ 2 'ਤੇ)

## ਪੀ.ਐਸ.ਪੀ.ਸੀ.ਐਲ. ਜਾਇਦਾਦਾਂ ਦੀ ਵਿਕਰੀ 'ਤੇ ਹਾਈ ਕੋਰਟ ਵੱਲੋਂ ਰੋਕ ਬਰਕਰਾਰ

**ਚੜ੍ਹਦੀਕਲਾ ਬਿਊਰੋ**
================

ਚੰਡੀਗੜ੍ਹ , 27 ਫਰਵਰੀ : ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀ.ਐਸ.ਪੀ.ਸੀ.ਐਲ.) ਦੇ ਸੰਪਤੀਆਂ ਦੇ ਤਬਾਦਲੇ ਅਤੇ ਸੰਭਾਵੀ

### ਸਰਕਾਰ ਨੂੰ ਪੈਰਾਗ੍ਰਾਫ਼-ਵਾਰ ਜਵਾਬ ਦਾਇਰ ਕਰਨ ਦੇ ਆਦੇਸ਼

ਵਿਕਰੀ ਤੇ ਅੰਤਰਿਮ ਰੋਕ ਨੂੰ ਬਰਕਰਾਰ ਰੱਖਦੇ ਹੋਏ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਪੱਸ਼ਟ ਕੀਤਾ ਹੈ ਕਿ 13 ਮਾਰਚ ਨੂੰ ਅਗਲੀ ਸੁਣਵਾਈ ਤੱਕ ਕੋਈ ਵੀ ਜਾਇਦਾਦ ਨਹੀਂ ਵੇਚੀ ਜਾਵੇਗੀ। ਅਦਾਲਤ ਨੇ ਕਿਹਾ ਕਿ ਜੇਕਰ ਪੀ.ਐਸ.ਪੀ.ਸੀ.ਐਲ ਤੇ 2,500 ਕਰੋੜ ਤੋਂ ਵੱਧ ਦੇ ਵਿੱਤੀ ਬੋਝ ਦਾ ਦਾਅਵਾ ਸੱਚ ਪਾਇਆ ਜਾਂਦਾ ਹੈ, ਤਾਂ ਇਹ ਮਾਮਲਾ ਯਕੀਨੀ ਤੌਰ ਤੇ ਜਨਤਕ ਹਿੱਤ ਦੇ ਦਾਇਰੇ ਵਿੱਚ ਆਵੇਗਾ। ਚੀਫ਼ ਜਸਟਿਸ ਸ਼ੀਲ ਨਾਗੂ ਦੀ ਅਗਵਾਈ ਵਾਲੇ ਡਿਵੀਜ਼ਨ ਬੈਂਚ ਦੇ ਸਾਹਮਣੇ ਰੋਕ ਹਟਾਉਣ ਦੀ ਮੰਗ ਕਰਦੇ ਹੋਏ, ਰਾਜ ਸਰਕਾਰ ਨੇ ਦਲੀਲ ਦਿੱਤੀ ਕਿ ਜਾਇਦਾਦਾਂ ਵਿਕਾਸ ਦੇ ਉਦੇਸ਼ਾਂ ਲਈ ਤਬਦੀਲ ਕੀਤੀਆਂ ਜਾ ਰਹੀਆਂ ਸਨ, ਵਿਕਰੀ ਲਈ ਨਹੀਂ। ਰਾਜ ਦੇ ਐਡਵੋਕੇਟ ਜਨਰਲ ਨੇ ਅਦਾਲਤ ਨੂੰ ਦੱਸਿਆ ਕਿ ਇਹ ਫੈਸਲਾ ਲਗਭਗ 30 ਸਾਲ ਪੁਰਾਣੀ ਨੀਤੀ ਦੇ ਤਹਿਤ ਲਿਆ ਗਿਆ ਹੈ ਜਿਸ ਨੂੰ ਕਦੇ ਵੀ ਚੁਣੌਤੀ ਨਹੀਂ ਦਿੱਤੀ ਗਈ। ਉਨ੍ਹਾਂ ਇਹ ਵੀ ਕਿਹਾ ਕਿ ਪੀ.ਐਸ.ਪੀ.ਸੀ.ਐਲ. ਘਾਟੇ ਵਿੱਚ ਨਹੀਂ ਹੈ ਸਗੋਂ ਮੁਨਾਫ਼ੇ ਵਿੱਚ ਹੈ ਅਤੇ ਰਾਜ ਸਰਕਾਰ ਰਿਹਾਇਸ਼ੀ ਅਤੇ ਵਪਾਰਕ ਵਿਕਾਸ ਰਾਹੀਂ ਰਾਜ ਦੇ ਸਰੋਤਾਂ ਦੀ ਸਰਬੋਤਮ ਵਰਤੋਂ ਕਰਨਾ (ਬਾਕੀ ਸਫਾ 2 'ਤੇ)

## ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ 4 ਦਿਨਾਂ ਦੌਰੇ 'ਤੇ ਭਾਰਤ ਪੁੱਜੇ

### *ਨਿਵੇਸ਼ ਤੇ ਵਪਾਰਕ ਸਮਝੌਤਿਆਂ 'ਤੇ ਰਹੇਗਾ ਸਾਰਾ ਧਿਆਨ*

**ਚੜ੍ਹਦੀਕਲਾ ਬਿਊਰੋ**
================

ਮੁੰਬਈ, 27 ਫਰਵਰੀ : ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਅੱਜ ਆਪਣੇ ਚਾਰ ਦਿਨਾਂ ਅਹਿਮ ਭਾਰਤ



ਦੌਰੇ ਤੇ ਪਹੁੰਚ ਗਏ ਹਨ। ਪ੍ਰਧਾਨ ਮੰਤਰੀ ਵਜੋਂ ਮਾਰਕ ਕਾਰਨੀ ਦੀ ਇਹ ਪਹਿਲੀ ਭਾਰਤ ਯਾਤਰਾ ਹੈ, ਜਿਸ ਦਾ ਮੁੱਖ ਮਕਸਦ ਦੋਵਾਂ ਦੇਸ਼ਾਂ ਵਿਚਾਲੇ ਵਪਾਰ, ਊਰਜਾ, ਤਕਨਾਲੋਜੀ ਅਤੇ ਰੱਖਿਆ ਵਰਗੇ ਖੇਤਰਾਂ ਵਿੱਚ ਨਵੀਂ ਸਾਂਝੇਦਾਰੀ ਨੂੰ ਮਜ਼ਬੂਤ ਕਰਨਾ ਹੈ। ਇਹ ਦੌਰਾ ਪਿਛਲੇ ਕੁਝ ਸਮੇਂ ਤੋਂ ਦੋਵਾਂ ਦੇਸ਼ਾਂ ਵਿਚਾਲੇ ਰਹੇ ਰਾਜਨੀਤਿਕ ਤਣਾਅ ਨੂੰ ਖ਼ਤਮ ਕਰਕੇ ਰਿਸ਼ਤਿਆਂ ਨੂੰ ਰੀਸੈਟ ਕਰਨ ਵਜੋਂ ਦੇਖਿਆ ਜਾ ਰਿਹਾ ਹੈ। ਮਾਰਕ ਕਾਰਨੀ ਨਵੀਂ ਦਿੱਲੀ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨਾਲ ਦੁਵੱਲੀ ਵਾਰਤਾ ਕਰਨਗੇ। ਇਸ ਬੈਠਕ ਦਾ ਮੁੱਖ ਏਜੰਡਾ ਕੰਪਰੀਹੈਂਸਿਵ ਇਕਨਾਮਿਕ ਪਾਰਟਨਰਸ਼ਿਪ ਐਗਰੀਮੈਂਟ ਦੀਆਂ ਗੱਲਾਂ ਨੂੰ ਮੁੜ ਸ਼ੁਰੂ ਕਰਨਾ ਹੈ, ਜੋ ਲੰਬੇ ਸਮੇਂ ਤੋਂ ਰੁਕੀਆਂ ਹੋਈਆਂ ਸਨ। ਦੋਵਾਂ ਦੇਸ਼ਾਂ ਦਾ ਟੀਚਾ ਸਾਲ 2030 ਤੱਕ ਦੁਵੱਲੇ ਵਪਾਰ ਨੂੰ ਲਗਭਗ 50-70 ਅਰਬ ਡਾਲਰ ਤੱਕ ਵਧਾਉਣਾ ਹੈ। ਕੈਨੇਡਾ ਭਾਰਤ ਵਿੱਚ ਆਪਣੇ ਨਿਵੇਸ਼ ਨੂੰ ਹੋਰ ਵਧਾਉਣ ਦਾ ਇੱਛੁਕ ਹੈ। ਰਿਪੋਰਟਾਂ ਮੁਤਾਬਕ ਕੈਨੇਡੀਅਨ ਪੈਨਸ਼ਨ ਫੰਡ ਪਹਿਲਾਂ ਹੀ ਭਾਰਤ ਵਿੱਚ ਲਗਭਗ 100 ਬਿਲੀਅਨ ਡਾਲਰ (8 ਲੱਖ ਕਰੋੜ ਰੁਪਏ ਤੋਂ ਵੱਧ) ਦਾ ਨਿਵੇਸ਼ ਕਰ ਚੁੱਕੇ ਹਨ। ਇਸ ਦੌਰੇ ਦੌਰਾਨ ਭਾਰਤ ਦੀਆਂ ਪ੍ਰਮਾਣੂ ਊਰਜਾ ਲੋੜਾਂ ਨੂੰ ਪੂਰਾ ਕਰਨ ਲਈ ਲਗਭਗ 2.8 ਅਰਬ ਕੈਨੇਡੀਅਨ ਡਾਲਰ ਦੇ ਯੂਰੇਨੀਅਮ ਸਪਲਾਈ (ਬਾਕੀ ਸਫਾ 2 'ਤੇ)

## ਸੁਖਬੀਰ ਬਾਦਲ ਇੱਕ ਮਹੀਨੇ 'ਚ ਤੀਜੀ ਵਾਰ ਅਦਾਲਤ 'ਚੋਂ ਰਹੇ ਗ਼ੈਰ-ਹਾਜ਼ਰ

ਚੰਡੀਗੜ੍ਹ, 27 ਫਰਵਰੀ (ਚ.ਨ.ਸ.): ਨੌ ਸਾਲ ਪੁਰਾਣੇ ਮਾਣਹਾਨੀ ਦੇ ਮਾਮਲੇ ਵਿੱਚ ਸ਼ੁੱਕਰਵਾਰ ਨੂੰ ਪੰਜਾਬ ਦੇ ਸਾਬਕਾ ਉਪ-ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਚੰਡੀਗੜ੍ਹ ਜ਼ਿਲ੍ਹਾ ਅਦਾਲਤ ਵਿੱਚ ਪੇਸ਼ੀ ਸੀ। ਹਾਲਾਂਕਿ, ਉਨ੍ਹਾਂ ਨੇ ਅਦਾਲਤ ਵਿੱਚ ਅਰਜ਼ੀ ਦਾਇਰ ਕਰਕੇ ਪੇਸ਼ੀ ਤੋਂ ਛੋਟ ਲੈ ਲਈ। ਹੁਣ ਇਸ ਮਾਮਲੇ ਦੀ ਅਗਲੀ ਸੁਣਵਾਈ 23 ਮਾਰਚ ਨੂੰ ਹੋਵੇਗੀ। ਇੱਕ ਮਹੀਨੇ ਵਿੱਚ ਇਹ ਤੀਜੀ ਵਾਰ ਹੈ ਜਦੋਂ ਉਹ ਪਾਰਟੀ ਦੀ ਮੀਟਿੰਗ ਦਾ ਹਵਾਲਾ ਦਿੰਦੇ ਹੋਏ ਗ਼ੈਰ-ਹਾਜ਼ਰ ਰਹੇ। ਹਾਲਾਂਕਿ ਅਦਾਲਤ ਨੇ ਇਸ ਵਾਰ ਵੀ ਉਨ੍ਹਾਂ ਦੀ ਅਰਜ਼ੀ ਮਨਜ਼ੂਰ ਕਰ ਲਈ ਹੈ ਪਰ ਅਦਾਲਤ ਨੇ ਉਨ੍ਹਾਂ ਨੂੰ ਅਗਲੀ ਤਰੀਕ ਤੇ ਨਿੱਜੀ ਤੌਰ ਤੇ ਪੇਸ਼ ਹੋਣ ਦੇ ਹੁਕਮ ਦਿੱਤੇ ਹਨ। ਕਰੀਬ ਦੋ ਮਹੀਨੇ ਪਹਿਲਾਂ ਅਦਾਲਤ ਵਿੱਚ ਗ਼ੈਰ-ਹਾਜ਼ਰ ਰਹਿਣ ਕਾਰਨ ਉਨ੍ਹਾਂ ਖ਼ਿਲਾਫ਼ ਗ਼ੈਰ-ਜ਼ਮਾਨਤੀ ਵਾਰੰਟ ਵੀ ਜਾਰੀ ਹੋਏ ਸਨ। ਇਸ ਤੋਂ ਬਾਅਦ ਉਨ੍ਹਾਂ ਨੇ 17 ਜਨਵਰੀ (ਬਾਕੀ ਸਫਾ 2 'ਤੇ)

## ਗੁਰਦਾਸਪੁਰ ਐਨਕਾਊਂਟਰ ਮਾਮਲਾ: ਹਾਈ ਕੋਰਟ ਵਿੱਚ ਜਨਹਿੱਤ ਪਟੀਸ਼ਨ ਦਾਇਰ




**ਚੜ੍ਹਦੀਕਲਾ ਬਿਊਰੋ**
================

ਚੰਡੀਗੜ੍ਹ , 27 ਫਰਵਰੀ : ਗੁਰਦਾਸਪੁਰ ਵਿੱਚ ਪੁਲਿਸ ਮੁਕਾਬਲੇ ਦੌਰਾਨ ਰਣਜੀਤ ਸਿੰਘ ਦੀ ਮੌਤ ਤੋਂ ਬਾਅਦ, ਪੰਜਾਬ ਵਿੱਚ ਹੋ ਰਹੇ ਕਥਿਤ ਫਰਜ਼ੀ ਮੁਕਾਬਲਿਆਂ ਅਤੇ ਹਿਰਾਸਤੀ ਹਿੰਸਾ ਦੇ ਮਾਮਲੇ ਨੂੰ ਲੈ ਕੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਇੱਕ ਜਨਹਿਤ ਪਟੀਸ਼ਨ (ਪੀ.ਆਈ.ਐਲ.) ਦਾਇਰ ਕੀਤੀ ਗਈ ਹੈ। ਸੁਪਰੀਮ ਕੋਰਟ ਦੇ ਵਕੀਲ ਨਿਖਿਲ ਸਰਾਫ਼ ਵੱਲੋਂ ਦਾਇਰ ਇਸ ਪਟੀਸ਼ਨ ਵਿੱਚ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਤੇ ਗੰਭੀਰ ਸਵਾਲ ਚੁੱਕੇ ਗਏ ਹਨ।

**ਸੰਵਿਧਾਨਕ ਮਰਿਆਦਾਵਾਂ ਦੀ ਉਲੰਘਣਾ**: ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਹੈ ਕਿ ਪੰਜਾਬ ਪੁਲਿਸ ਨਿਰਦੋਸ਼ ਨਾਗਰਿਕਾਂ ਅਤੇ ਹਿਰਾਸਤ ਵਿੱਚ ਮੌਜੂਦ ਮੁਲਜ਼ਮਾਂ ਨੂੰ ਮਾਰ ਕੇ ਜਾਂ ਗੰਭੀਰ ਜ਼ਖ਼ਮੀ ਕਰਕੇ ਭਾਰਤੀ ਸੰਵਿਧਾਨ ਅਤੇ ਮੌਲਿਕ ਅਧਿਕਾਰਾਂ ਦੀ ਸ਼ਰੇਆਮ ਉਲੰਘਣਾ ਕਰ ਰਹੀ ਹੈ।

**ਸੁਪਰੀਮ ਕੋਰਟ ਦੇ ਦਿਸ਼ਾ-ਨਿਰਦੇਸ਼ਾਂ ਦੀ ਅਵੱਗਿਆ**: ਪੁਲਿਸ ਦੀ (ਬਾਕੀ ਸਫਾ 2 'ਤੇ)

## ਮਾਨਸਾ 'ਚ ਦਿਨ-ਦਿਹਾੜੇ ਵਪਾਰੀ ਤੇ ਮੁਲਾਜ਼ਮ ਦਾ ਗੋਲ਼ੀਆਂ ਮਾਰਕੇ ਕਤਲ

ਮਾਨਸਾ, 27 ਫਰਵਰੀ (ਚ.ਨ.ਸ.): ਮਾਨਸਾ ਵਿਚ ਅੱਜ ਸਵੇਰੇ 10 ਵਜੇ ਇੱਕ ਵਪਾਰੀ ਤੇ ਉਸ ਦੇ ਮੁਲਾਜਮ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ ਗਿਆ। ਦੋਵੇਂ ਸਰਦੂਲਗੜ੍ਹ ਵਿਚ ਆਪਣੇ ਫਾਰਮ ਹਾਊਸ 'ਤੇ ਸਨ, ਇਸੇ ਦੌਰਾਨ ਬਦਮਾਸ਼ਾਂ ਨੇ ਉਨ੍ਹਾਂ 'ਤੇ ਹਮਲਾਕਰ ਦਿੱਤਾ। ਗੋਲੀਆਂ ਲੱਗਦੇ ਹੀ ਦੋਵਾਂ ਦੀ ਮੌਤ ਹੋ ਗਈ। ਵਪਾਰੀ ਦੀ ਲਾਸ਼ ਕੁਰਸੀ 'ਤੇ ਪਈ ਮਿਲੀ, ਜਦੋਂ ਕਿ ਕਰਮਚਾਰੀ ਦੀ ਲਾਸ਼ ਇੱਕ ਦਰੱਖਤ ਦੇ ਨੇੜੇ ਜ਼ਮੀਨ 'ਤੇ ਪਈ ਮਿਲੀ। ਘਟਨਾ ਦੀ ਜਾਣਕਾਰੀ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਆਲੇ-ਦੁਆਲੇ ਦੇ ਇਲਾਕੇ ਨੂੰ ਘੇਰ ਲਿਆ ਅਤੇ ਜਾਂਚ ਸ਼ੁਰੂ ਕਰ ਦਿੱਤੀ। ਮ੍ਰਿਤਕਾਂ ਦੀ ਪਛਾਣ ਵਪਾਰੀ ਜਸਵੀਰ ਕੁਮਾਰ ਉਰਫ਼ ਕਾਕਾ (47) ਅਤੇ ਉਸ ਦੇ ਮੁਲਾਜਮ ਬਲਦੇਵ ਸਿੰਘ (45) ਵਜੋਂ ਹੋਈ ਹੈ। ਐਸ.ਐਸ.ਪੀ. ਨੇ ਦੱਸਿਆ ਕਿ ਦੋ ਵਿਅਕਤੀਆਂ ਦਾ ਕਤਲ ਕੀਤਾ ਗਿਆ ਹੈ। ਪੁਲਿਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰ ਰਹੀ ਹੈ। ਇੱਕ ਫੋਰੈਂਸਿਕ (ਬਾਕੀ ਸਫਾ 2 'ਤੇ)

## ਸੇਲ ਵੱਲੋਂ ਸਵਦੇਸ਼ੀ ਸਟੀਲ ਨਾਲ ਬਣਿਆ ਆਈ. ਐਨ. ਐਸ. ਅੰਜਦੀਪ ਭਾਰਤੀ ਜਲ ਸੈਨਾ ਬੇੜੇ 'ਚ ਸ਼ਾਮਲ

**ਚੜ੍ਹਦੀਕਲਾ ਬਿਊਰੋ**
================

ਨਵੀਂ ਦਿੱਲੀ, 27 ਫਰਵਰੀ : ਦੇਸ਼ ਦੀ ਸਭ ਤੋਂ ਵੱਡੀ ਜਨਤਕ ਖੇਤਰ ਦੀ ਸਟੀਲ ਉਤਪਾਦਕ ਕੰਪਨੀ, ਸਟੀਲ ਅਥਾਰਟੀ ਆਫ ਇੰਡੀਆ ਲਿਮਟਿਡ (ਸੇਲ) ਨੇ ਭਾਰਤੀ



ਜਲ ਸੈਨਾ ਦੀ ਸਮਰੱਥਾ ਨੂੰ ਵਧਾਉਣ ਚ ਇਕ ਅਹਿਮ ਭੂਮਿਕਾ ਨਿਭਾਈ ਹੈ। ਕੰਪਨੀ ਨੇ ਜਲ ਸੈਨਾ ਦੇ ਨਵੇਂ ਜੰਗੀ ਬੇੜੇ ਆਈ.ਐਨ.ਐਸ. ਅੰਜਦੀਪ ਲਈ ਲੋੜੀਂਦੇ ਵਿਸ਼ੇਸ਼-ਗ੍ਰੇਡ ਸਟੀਲ ਦੀ ਸਪਲਾਈ ਕੀਤੀ ਹੈ, ਜਿਸ ਦਾ ਹਾਲ ਹੀ ਚ ਜਲਾਵਤਰਣ (ਲਾਂਚ) ਕੀਤਾ ਗਿਆ ਹੈ। ਕੋਲਕਾਤਾ ਸਥਿਤ ਗਾਰਡਨ ਰੀਚ ਸ਼ਿਪਬਿਲਡਰਜ਼ ਐਂਡ ਇੰਜੀਨੀਅਰਜ਼ ਦੁਆਰਾ ਤਿਆਰ ਕੀਤਾ ਗਿਆ ਆਈ.ਐਨ.ਐਸ. ਅੰਜਦੀਪ ਇਕ ਅਤਿ-ਆਧੁਨਿਕ ਜੰਗੀ ਬੇੜਾ ਹੈ। ਇਹ ਵਿਸ਼ੇਸ਼ ਤੌਰ ਤੇ ਉਥਲ-ਪੁਥਲ ਵਾਲੇ ਅਤੇ ਘੱਟ ਡੂੰਘੇ ਪਾਣੀ ਵਾਲੇ ਖੇਤਰਾਂ ਚ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਬਣਾਇਆ ਗਿਆ ਹੈ। ਇਸ ਦਾ ਮੁੱਖ ਕੰਮ ਭਾਰਤੀ ਜਲ ਸੈਨਾ ਦੀ ਪਣਡੁੱਬੀ ਵਿਰੋਧੀ ਜੰਗੀ ਸਮਰੱਥਾ ਅਤੇ ਤੱਟਵਰਤੀ ਨਿਗਰਾਨੀ ਨੂੰ ਮਜ਼ਬੂਤ ਕਰਨਾ ਹੈ। ਇਹ ਐਂਟੀ-ਸਬਮਰੀਨ ਵਾਰਫੇਅਰ ਸ਼ੈਲੋ ਵਾਟਰ ਕ੍ਰਾਫਟ ਪ੍ਰਾਜੈਕਟ ਦੇ ਤਹਿਤ ਬਣਾਏ ਜਾ ਰਹੇ ਅੱਠ ਜਹਾਜ਼ਾਂ ਚੋਂ ਤੀਜਾ ਹੈ, ਜੋ ਪੁਰਾਣੇ ਹੋ ਰਹੇ ਅਭੈ-ਸ਼੍ਰੇਣੀ ਦੇ ਜਹਾਜ਼ਾਂ ਦੀ ਜਗ੍ਹਾ ਲਵੇਗਾ। ਸੇਲ ਨੇ ਇਸ ਰਣਨੀਤਕ ਪ੍ਰਾਜੈਕਟ ਲਈ ਲਗਭਗ 3,500 ਟਨ ਵਿਸ਼ੇਸ਼-ਗ੍ਰੇਡ ਸਟੀਲ ਦੀ ਸਪਲਾਈ ਪੂਰੀ ਕਰ ਦਿੱਤੀ ਹੈ। ਇਹ ਸਟੀਲ ਕੰਪਨੀ ਦੇ ਬੋਕਾਰੋ, ਭਿਲਾਈ ਅਤੇ ਰਾਉਰਕੇਲਾ ਸਥਿਤ ਏਕੀਕ੍ਰਿਤ ਸਟੀਲ ਪਲਾਂਟਾਂ ਤੋਂ ਤਿਆਰ ਕੀਤਾ ਗਿਆ ਹੈ। ਇਹ ਪ੍ਰਾਪਤੀ ਰੱਖਿਆ ਨਿਰਮਾਣ ਵਿੱਚ ਭਾਰਤ ਦੀ ਆਤਮ-ਨਿਰਭਰਤਾ ਨੂੰ ਦਰਸਾਉਂਦੀ ਹੈ ਅਤੇ ਵਿਦੇਸ਼ੀ ਆਯਾਤ ਤੇ ਨਿਰਭਰਤਾ ਨੂੰ ਘਟਾਉਂਦੀ ਹੈ। ਇਹ ਪਹਿਲੀ ਵਾਰ ਨਹੀਂ ਹੈ ਕਿ ਸੇਲ ਨੇ ਦੇਸ਼ ਦੀ ਸੁਰੱਖਿਆ ਚ ਅਜਿਹਾ ਯੋਗਦਾਨ ਪਾਇਆ ਹੋਵੇ। (ਬਾਕੀ ਸਫਾ 2 'ਤੇ)

## ਹਾਈ ਕੋਰਟ ਵੱਲੋਂ ਸ਼ੰਕਰਾਚਾਰੀਆ ਸਵਾਮੀ ਅਵੀਮੁਕਤੇਸ਼ਵਰਾਨੰਦ ਸਰਸਵਤੀ ਦੀ ਗ੍ਰਿਫ਼ਤਾਰੀ 'ਤੇ ਰੋਕ

ਅਲਾਹਾਬਾਦ, 27 ਫਰਵਰੀ (ਚ.ਨ.ਸ.): ਇਲਾਹਾਬਾਦ ਹਾਈ ਕੋਰਟ ਨੇ ਜਿਨਸੀ ਸ਼ੋਸ਼ਣ ਦੇ ਮਾਮਲੇ ਵਿੱਚ ਸ਼ੰਕਰਾਚਾਰੀਆ ਸਵਾਮੀ ਅਵੀਮੁਕਤੇਸ਼ਵਰਾਨੰਦ ਸਰਸਵਤੀ ਦੀ ਗ੍ਰਿਫ਼ਤਾਰੀ 'ਤੇ ਫਿਲਹਾਲ ਰੋਕ ਲਗਾ ਦਿੱਤੀ ਹੈ। ਅਦਾਲਤ ਨੇ ਦੋ ਅਹਿਮ ਗੱਲਾਂ ਕਹੀਆਂ ਹਨ ਕਿ ਜਦੋਂ ਤੱਕ ਇਸ ਮਾਮਲੇ 'ਤੇ ਅੰਤਿਮ ਫੈਸਲਾ ਨਹੀਂ ਆਉਂਦਾ, ਉਦੋਂ ਤੱਕ ਉਨ੍ਹਾਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ ਜਾਵੇਗਾ ਅਤੇ ਸ਼ੰਕਰਾਚਾਰੀਆ ਨੂੰ ਜਾਂਚ ਵਿੱਚ ਪੂਰਾ ਸਹਿਯੋਗ ਦੇਣਾ ਪਵੇਗਾ। ਸਰਕਾਰੀ ਵਕੀਲ ਨੇ ਦਲੀਲ ਦਿੱਤੀ ਸੀ ਕਿ ਸ਼ੰਕਰਾਚਾਰੀਆ ਬਹੁਤ ਪ੍ਰਭਾਵਸ਼ਾਲੀ ਹਨ ਅਤੇ ਉਹ ਕੇਸ ਨੂੰ ਪ੍ਰਭਾਵਿਤ ਕਰ ਸਕਦੇ ਹਨ ਪਰ ਅਦਾਲਤ ਨੇ ਦੋਵਾਂ ਪਾਸਿਆਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਹੈ। ਹੁਣ ਇਸ ਕੇਸ ਦੀ ਅਗਲੀ ਸੁਣਵਾਈ ਮਾਰਚ ਦੇ ਤੀਜੇ ਹਫ਼ਤੇ ਹੋਵੇਗੀ। ਇਸ ਫੈਸਲੇ ਤੋਂ ਬਾਅਦ ਸ਼ੰਕਰਾਚਾਰੀਆ ਨੇ (ਬਾਕੀ ਸਫਾ 2 'ਤੇ)

## ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਅਗਲੇ ਪੰਜ ਦਿਨ ਮੌਸਮ ਰਹੇਗਾ ਸਾਫ਼

**ਚੜ੍ਹਦੀਕਲਾ ਬਿਊਰੋ**
================

ਚੰਡੀਗੜ੍ਹ, 27 ਫਰਵਰੀ : ਪੰਜਾਬ ਦੇ ਮੌਸਮ ਨੂੰ ਲੈ ਕੇ ਨਵੀਂ ਅਪਡੇਟ ਸਾਹਮਣੇ ਆਈ ਹੈ। ਭਾਰਤ ਮੌਸਮ



ਵਿਗਿਆਨ ਵਿਭਾਗ ਚੰਡੀਗੜ੍ਹ ਵੱਲੋਂ ਜਾਰੀ ਕੀਤੀ ਤਾਜ਼ਾ ਅਪਡੇਟ ਮੁਤਾਬਕ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਲਈ ਅਗਲੇ ਪੰਜ ਦਿਨ ਮੌਸਮ ਸਾਫ਼ ਰਿਹਾ। ਵਿਭਾਗ ਵੱਲੋਂ ਕੀਤੀ ਗਈ ਭਵਿੱਖਬਾਣੀ ਮੁਤਾਬਕ 27 ਫਰਵਰੀ ਤੋਂ ਲੈ ਕੇ 3 ਮਾਰਚ ਤੱਕ ਪੰਜਾਬ ਦੇ ਕਿਸੇ ਵੀ ਜ਼ਿਲ੍ਹੇ ਚ ਮੌਸਮ ਸਬੰਧੀ ਕੋਈ ਚਿਤਾਵਨੀ ਜਾਰੀ ਨਹੀਂ ਕੀਤੀ ਗਈ ਹੈ। ਆਉਣ ਵਾਲੇ ਦਿਨਾਂ ਵਿਚ ਮੌਸਮ ਪੂਰੀ ਤਰ੍ਹਾਂ ਸਾਫ਼ ਰਹੇਗਾ। ਹਾਲਾਂਕਿ ਇਸ ਦੇ ਪਹਿਲਾਂ 27 ਅਤੇ 28 ਫਰਵਰੀ ਨੂੰ ਸੂਬੇ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਧੁੰਦ ਲਈ ਦੋ ਦਿਨਾਂ ਦਾ ਪੀਲਾ ਅਲਰਟ ਜਾਰੀ ਕੀਤਾ ਗਿਆ ਸੀ। ਮੌਸਮ ਵਿਭਾਗ ਵੱਲੋਂ ਜਾਰੀ ਕੀਤੀ ਰਿਪੋਰਟ ਮੁਤਾਬਕ 27 ਫਰਵਰੀ ਨੂੰ ਸੂਬੇ ਦੇ ਸਾਰੇ ਜ਼ਿਲ੍ਹਿਆਂ ਜਿਵੇਂ ਕਿ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਪਟਿਆਲਾ ਅਤੇ ਬਠਿੰਡਾ ਵਿੱਚ ਮੌਸਮ ਸਾਫ਼ ਰਹੇਗਾ ਅਤੇ ਕੋਈ ਚਿਤਾਵਨੀ ਨਹੀਂ ਹੈ। ਕੱਲ੍ਹ ਯਾਨੀ ਕਿ 28 ਫਰਵਰੀ (ਬਾਕੀ ਸਫਾ 2 'ਤੇ)

## ਕੁੱਤਿਆਂ ਦੇ ਨੋਚਣ ਕਾਰਨ 8 ਸਾਲਾ ਬੱਚੇ ਦੀ ਮੌਤ

ਸੁਲਤਾਨਪੁਰ ਲੋਧੀ, 27 ਫਰਵਰੀ (ਚ.ਨ.ਸ.): ਅਵਾਰਾ ਕੁੱਤਿਆਂ ਦਾ ਕਹਿਰ ਲਗਾਤਾਰ ਜਾਰੀ ਹੈ। ਸੁਲਤਾਨਪੁਰ ਲੋਧੀ ਵਿੱਚ ਇਕ ਦਿਲ-ਦਹਿਲਾ ਦੇਣ ਵਾਲੀ ਘਟਨਾ ਵਾਪਰੀ, ਜਿੱਥੇ ਅਵਾਰਾ ਕੁੱਤਿਆਂ ਦੇ ਝੁੰਡ ਨੇ ਖੇਤਾਂ ਵਿੱਚ ਆਪਣੇ ਪਿਤਾ ਨੂੰ ਖਾਣਾ ਦੇਣ ਗਏ ਇਕ ਬੱਚੇ ਤੇ ਹਮਲਾ ਕਰ ਦਿੱਤਾ। ਕੁੱਤਿਆਂ ਨੇ ਬੱਚੇ ਨੂੰ ਬੇਰਹਿਮੀ ਨਾਲ ਜ਼ਖ਼ਮੀ ਕਰ ਦਿੱਤਾ। ਪਰਿਵਾਰ ਜ਼ਖ਼ਮੀ ਹਾਲਾਤ ਵਿਚ ਬੱਚੇ ਨੂੰ ਇਲਾਜ ਲਈ ਜਲੰਧਰ ਸਿਵਲ ਹਸਪਤਾਲ ਲੈ ਕੇ ਆਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਬੱਚਾ ਸੁਲਤਾਨਪੁਰ ਲੋਧੀ ਦਾ ਰਹਿਣ ਵਾਲਾ ਸੀ। ਮੂਲ ਰੂਪ ਵਿਚ ਪਰਿਵਾਰ ਉੱਤਰ ਪ੍ਰਦੇਸ਼ ਦੇ ਬਹਿਰਾਈਚ ਦਾ ਰਹਿਣ ਵਾਲਾ ਹੈ। ਮਿਲੀ ਜਾਣਕਾਰੀ ਮੁਤਾਬਕ ਬੱਚਾ ਅੱਜ ਦੁਪਹਿਰ ਆਪਣੀ ਮਾਂ ਨਾਲ ਆਪਣੇ ਪਿਤਾ ਨੂੰ ਖਾਣਾ ਦੇਣ ਲਈ ਖੇਤਾਂ ਵਿੱਚ ਗਿਆ ਸੀ, ਇਸੇ ਦੌਰਾਨ ਉਸ ਤੇ ਅਵਾਰਾ ਕੁੱਤਿਆਂ ਨੇ ਹਮਲਾ (ਬਾਕੀ ਸਫਾ 2 'ਤੇ)

### *ਪ੍ਰਧਾਨ ਮੰਤਰੀ ਵੱਲੋਂ ਵਿਕਸਤ ਭਾਰਤ ਲਈ ਤਕਨਾਲੌਜੀ, ਸੁਧਾਰ ਅਤੇ ਵਿੱਤ ਵਿਸ਼ੇ 'ਤੇ ਵੈਬਿਨਾਰ ਨੂੰ ਸੰਬੋਧਨ*

## ਮੋਦੀ ਨੇ ਭਾਰਤੀ ਕੰਪਨੀਆਂ ਨੂੰ ਨਿਵੇਸ਼ ਕਰਨ ਅਤੇ ਬਜਟ ਐਲਾਨਾਂ ਦਾ ਲਾਭ ਲੈਣ ਦੀ ਕੀਤੀ ਅਪੀਲ

**ਚੜ੍ਹਦੀਕਲਾ ਬਿਊਰੋ**
================

ਨਵੀਂ ਦਿੱਲੀ, 27 ਫਰਵਰੀ : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਭਾਰਤੀ ਉਦਯੋਗ ਨੂੰ ਨਿਵੇਸ਼ ਅਤੇ ਨਵੀਨਤਾ ਵਧਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਨੇ ਹਮਲਾਵਰ ਪੂੰਜੀ ਖਰਚ ਅਤੇ ਬਜਟ ਵਿੱਚ ਇੱਕ ਨਿਰੰਤਰ ਅਨੁਕੂਲ ਨੀਤੀਗਤ ਮਾਹੌਲ ਬਣਾ ਕੇ ਆਧਾਰ ਤਿਆਰ ਕਰ ਦਿੱਤਾ ਹੈ ਅਤੇ ਹੁਣ ਨਿੱਜੀ ਖੇਤਰ ਲਈ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ ਵਿਕਾਸ ਦੇ ਅਗਲੇ ਪੜਾਅ ਨੂੰ ਅੱਗੇ ਵਧਾਉਣ ਦਾ ਸਮਾਂ ਆ ਗਿਆ ਹੈ। ਵਿਕਸਤ ਭਾਰਤ ਲਈ ਤਕਨਾਲੋਜੀ, ਸੁਧਾਰ ਅਤੇ ਵਿੱਤ ਵਿਸ਼ੇ 'ਤੇ ਬਜਟ ਦੇ ਬਾਅਦ ਇੱਕ ਵੈਬਿਨਾਰ ਨੂੰ ਸੰਬੋਧਨ ਕਰਦੇ ਹੋਏ, ਮੋਦੀ ਨੇ ਕਿਹਾ ਕਿ ਜਨਤਕ ਪੂੰਜੀ ਖਰਚ 11 ਸਾਲ ਪਹਿਲਾਂ 2 ਲੱਖ ਕਰੋੜ ਰੁਪਏ ਸੀ ਜਿਹੜਾ ਵਧ ਕੇ ਕੇਂਦਰੀ ਬਜਟ 2026-27 ਵਿੱਚ 12 ਲੱਖ ਕਰੋੜ ਰੁਪਏ ਤੋਂ ਵੱਧ ਹੋ ਗਿਆ ਹੈ। ਇਸ ਨੇ ਵਿਸਥਾਰ ਲਈ ਇੱਕ ਮਜ਼ਬੂਤ ਨੀਂਹ ਰੱਖੀ ਹੈ। ਉਨ੍ਹਾਂ ਕਿਹਾ ਕਿ ਉੱਚ ਵੰਡ ਨਿੱਜੀ ਖੇਤਰ ਲਈ ਨਿਵੇਸ਼ ਕਰਨ ਅਤੇ 2026-27 ਦੇ ਬਜਟ ਐਲਾਨਾਂ ਦਾ ਲਾਭ ਲੈਣ ਲਈ ਇੱਕ ਨਵੇਂ ਜੋਸ਼ ਦਾ ਸੰਕੇਤ ਹੈ। ਮੋਦੀ ਨੇ ਕਿਹਾ,ਭਾਰਤੀ ਕੰਪਨੀਆਂ ਨੂੰ ਨਵੇਂ ਨਿਵੇਸ਼ਾਂ



ਅਤੇ ਨਵੀਨਤਾਵਾਂ ਨਾਲ ਅੱਗੇ ਆਉਣਾ ਚਾਹੀਦਾ ਹੈ। ਵਿੱਤੀ ਸੰਸਥਾਵਾਂ ਨੂੰ ਵਿਹਾਰਕ ਹੱਲਾਂ ਦੇ ਵਿਕਾਸ ਦਾ ਸਮਰਥਨ ਕਰਨਾ ਚਾਹੀਦਾ ਹੈ ਅਤੇ ਬਾਜ਼ਾਰ ਵਿਸ਼ਵਾਸ ਵਧਾਉਣ ਲਈ ਸਹਿਯੋਗ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਸੁਧਾਰਾਂ ਨੂੰ ਠੋਸ ਨਤੀਜਿਆਂ ਵਿੱਚ ਅਨੁਵਾਦ ਕਰਨ ਲਈ ਸਰਕਾਰ, ਉਦਯੋਗ ਅਤੇ ਗਿਆਨ ਖੇਤਰ ਦੇ ਭਾਈਵਾਲਾਂ ਵਿਚਕਾਰ ਨਜ਼ਦੀਕੀ ਸਹਿਯੋਗ ਦੀ ਮੰਗ ਕੀਤੀ। ਮੋਦੀ ਨੇ ਕਿਹਾ,ਸਾਨੂੰ ਵਿੱਤੀ ਮਾਡਲਾਂ ਵਿੱਚ ਬੁਨਿਆਦੀ ਢਾਂਚੇ ਅਤੇ ਨਵੀਨਤਾ ਵਿੱਚ ਵਧੇਰੇ ਭਾਗੀਦਾਰੀ ਹੋਣ ਦੀ ਲੋੜ ਹੈ... ਸਾਨੂੰ ਪ੍ਰੋਜੈਕਟ ਪ੍ਰਵਾਨਗੀ ਪ੍ਰਕਿਰਿਆਵਾਂ ਨੂੰ ਮਜ਼ਬੂਤ ਕਰਨਾ ਚਾਹੀਦਾ ਹੈ ਅਤੇ ਮੁਲਾਂਕਣ ਦੀ ਗੁਣਵੱਤਾ ਵਿੱਚ ਸੁਧਾਰ ਕਰਨਾ ਚਾਹੀਦਾ ਹੈ। ਸਰਕਾਰ ਨੇ ਪਿਛਲੇ ਦਹਾਕੇ ਦੌਰਾਨ ਭਾਰਤ ਦੀ ਵਿਕਾਸ ਰਣਨੀਤੀ ਨੂੰ ਰਿਕਾਰਡ-ਤੋੜ ਪੂੰਜੀ ਖਰਚਿਆਂ ਦੇ ਆਲੇ-ਦੁਆਲੇ ਕੇਂਦਰਿਤ ਕੀਤਾ ਹੈ। ਨਿੱਜੀ ਨਿਵੇਸ਼ ਨੂੰ ਆਕਰਸ਼ਿਤ ਕਰਨ ਅਤੇ ਮੱਧਮ-ਮਿਆਦ ਦੀ ਉਤਪਾਦਕਤਾ ਨੂੰ ਵਧਾਉਣ ਲਈ ਹਾਈਵੇਅ, ਰੇਲਵੇ, ਬੰਦਰਗਾਹਾਂ, ਹਵਾਈ ਅੱਡਿਆਂ, ਡਿਜੀਟਲ ਬੁਨਿਆਦੀ ਢਾਂਚੇ ਅਤੇ ਊਰਜਾ ਨੈੱਟਵਰਕਾਂ ਤੇ ਖਰਚੇ ਤੇਜ਼ੀ ਨਾਲ ਵਧਾਏ ਗਏ ਹਨ। ਹਾਲਾਂਕਿ, ਨਿੱਜੀ ਖੇਤਰ ਨੇ ਅਜੇ ਤੱਕ ਆਪਣੀ ਅਖੌਤੀ ਭਾਵਨਾ ਨੂੰ ਪੂਰੀ ਤਰ੍ਹਾਂ ਪ੍ਰਦਰਸ਼ਿਤ ਨਹੀਂ ਕੀਤਾ ਹੈ। ਨਰਿੰਦਰ ਮੋਦੀ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ ਭਾਰਤ ਦੀ ਮਜ਼ਬੂਤ ਸੰਭਾਵਨਾ ਵਿਸ਼ਵਾਸ-ਅਧਾਰਤ ਸੁਧਾਰਾਂ ਅਤੇ ਕਾਰੋਬਾਰ ਕਰਨ ਦੀ ਸੌਖ ਨੂੰ ਬਿਹਤਰ ਬਣਾਉਣ ਲਈ ਨਿਰੰਤਰ ਯਤਨਾਂ ਦੁਆਰਾ (ਬਾਕੀ ਸਫਾ 2 'ਤੇ)

# ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਗੁਰਪ੍ਰੀਤ ਕੌਰ ਦੀ ਯਾਦ ਵਿੱਚ ਅੰਮ੍ਰਿਤ ਵੇਲੇ ਦਾ ਵਿਸ਼ੇਸ਼ ਸਮਾਗਮ

ਅੰਮ੍ਰਿਤਸਰ, 27 ਫਰਵਰੀ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਬਾਬਾ ਕੁੰਦਨ ਸਿੰਘ ਸੰਗਤ ਨਿਵਾਸ ਵਿਖੇ ਭਾਈ ਗੁਰਇਕਬਾਲ ਸਿੰਘ ਜੀ ਦੀ ਬੇਟੀ ਗੁਰਪ੍ਰੀਤ ਕੌਰ ਦੀ ਮਿੱਠੀ ਯਾਦ ਨੂੰ ਸਮਰਪਿਤ ਅੰਮ੍ਰਿਤ ਵੇਲੇ ਦਾ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਸਮਾਗਮ ਦੌਰਾਨ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ 'ਲਿਟਲ ਵੀਰ' ਪਰਮਜੀਤ ਕੌਰ ਪੰਮਾ ਭੈਣ ਦੀ ਅਤੇ ਰਾਗੀ ਜਥਿਆਂ ਵੱਲੋਂ ਗੁਰਬਾਣੀ



ਕੀਰਤਨ ਕਰਕੇ ਸੰਗਤਾਂ ਨੂੰ ਨਾਮ ਸਿਮਰਨ ਨਾਲ ਜੋੜਿਆ ਗਿਆ ਅਤੇ ਗੁਰਪ੍ਰੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਨ੍ਹਾਂ ਨੇ ਕਿਹਾ ਕਿ ਅੰਮ੍ਰਿਤ ਵੇਲੇ ਦਾ ਸਿਮਰਨ ਮਨੁੱਖੀ ਜੀਵਨ ਲਈ ਆਤਮਿਕ ਸ਼ਾਂਤੀ ਦਾ ਸਰੋਤ ਹੈ ਅਤੇ ਗੁਰਬਾਣੀ ਨਾਲ ਜੁੜ ਕੇ ਹੀ ਅਸਲ ਸੁਖ ਪ੍ਰਾਪਤ ਹੁੰਦਾ ਹੈ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਅਰਦਾਸ ਵਿੱਚ ਸ਼ਮੂਲੀਅਤ ਕੀਤੀ। ਅੰਤ ਵਿੱਚ ਸਾਰਿਆਂ ਨੇ ਗੁਰਪ੍ਰੀਤ ਕੌਰ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ । ਸਮਾਗਮ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ

# ਹੋਲਾ-ਮਹੱਲਾ ਮੌਕੇ ਪੁਖਤਾ ਪ੍ਰਬੰਧਾਂ ਸਬੰਧੀ ਰੂਪਨਗਰ ਜ਼ਿਲ੍ਹੇ ਦੇ ਉਚ ਅਧਿਕਾਰੀਆਂ ਵੱਲੋਂ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਨਾਲ ਮੁਲਾਕਾਤ

ਅੰਮ੍ਰਿਤਸਰ, 27 ਫਰਵਰੀ (ਬਬਲੂ ਮਹਾਜਨ) : ਖਾਲਸਾ ਪੰਥ ਦੀ ਚੜ੍ਹਦੀਕਲਾ ਦੇ ਪ੍ਰਤੀਕ ਸਾਲਾਨਾ ਕੌਮੀ ਜੋੜ-ਮੇਲਾ ਹੋਲਾ-ਮਹੱਲਾ ਮੌਕੇ ਰਵਾਇਆਂ ਅਤੇ ਸੰਗਤੀ ਭਾਵਨਾਵਾਂ ਨੂੰ ਧਿਆਨ ਵਿਚ ਰੱਖਦਿਆਂ ਤਿਆਰੀਆਂ ਨੂੰ ਯਕੀਨੀ ਬਣਾਉਣ ਲਈ ਰੂਪਨਗਰ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਸ੍ਰੀ ਅਦਿਤਿਆ ਡੇਚਰਵਾਲ ਆਈ.ਏ.ਐਸ. ਅਤੇ ਸੀਨੀਅਰ ਸਪਰਡੈਂਟ ਆਫ ਪੁਲਿਸ ਸ. ਮਨਿੰਦਰ ਸਿੰਘ ਜੀ ਨੇ ਅੱਜ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨਾਲ ਮੁਲਾਕਾਤ ਕੀਤੀ ਅਤੇ ਧਾਰਮਿਕ ਭਾਵਨਾਵਾਂ ਅਨੁਸਾਰ ਹੋਲੇ ਮਹੱਲੇ ਦੀਆਂ ਸਾਰੀਆਂ ਪ੍ਰਬੰਧਕੀ ਲੋੜਾਂ ਬਾਰੇ ਵਿਚਾਰਾਂ ਕੀਤੀਆ।



ਡਿਪਟੀ ਕਮਿਸ਼ਨਰ ਅਤੇ ਐੱਸ.ਐੱਸ.ਪੀ. ਨੇ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੂੰ ਤਿਉਹਾਰ ਦੀਆਂ ਤਿਆਰੀਆਂ, ਸੁਰੱਖਿਆ, ਟ੍ਰੈਫਿਕ ਪ੍ਰਬੰਧ, ਲੰਗਰ ਵਿਵਸਥਾ ਅਤੇ ਯਾਤਰੂਆਂ ਦੀ ਸੁਵਿਧਾ ਬਾਰੇ ਜਾਣਕਾਰੀ ਸਾਂਝੀ ਕੀਤੀ। ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਵੀ ਪ੍ਰਸ਼ਾਸਨ ਨੂੰ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਹੋਲਾ-ਮਹੱਲਾ ਮੌਕੇ ਕਾਰ ਸੇਵਾ ਵਾਲੇ ਸੰਤ ਬਾਬਾ ਕਸ਼ਮੀਰ ਸਿੰਘ ਭੂਰੀ ਵਾਲਿਆਂ ਵਲੋਂ ਕੀਤੀਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ। ਇਸ ਸਮੇਂ ਐੱਸ.ਪੀ. ਹੈਡਕੁਆਰਟਰ ਸ੍ਰੀ ਅਰਵਿੰਦ ਮੀਨਾ, ਐੱਸ.ਡੀ.ਐੱਮ. ਰੋਪੜ ਸ. ਜਸਪ੍ਰੀਤ ਸਿੰਘ ਅਤੇ ਐੱਸ.ਡੀ.ਐੱਮ. ਸ੍ਰੀ ਅਨੰਦਪੁਰ ਸਾਹਿਬ ਸ. ਸੁਖਪਾਲ ਸਿੰਘ ਅਤੇ ਹਰਕੀਰਤ ਸਿੰਘ ਡੀ.ਐੱਸ.ਪੀ. ਨੰਗਲ ਵੀ ਮੌਜੂਦ ਸਨ। ਉਪਰੰਤ ਅਧਿਕਾਰੀਆਂ ਨੇ ਗੁਰੂ ਕਾ ਲੰਗਰ ਛਕਿਆ। ਉਪਰੰਤ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਡਿਪਟੀ ਕਮਿਸ਼ਨਰ ਸ੍ਰੀ ਅਦਿਤਿਆ ਡੇਚਰਵਾਲ ਆਈ.ਏ.ਐੱਸ., ਐੱਸ.ਐੱਸ.ਪੀ. ਸ. ਮਨਿੰਦਰ ਸਿੰਘ ਜੀ ਅਤੇ ਹੋਰ ਅਧਿਕਾਰੀਆਂ ਨੂੰ ਸਿਰੋਪਾਉ ਨਾਲ ਸਨਮਾਨਿਤ ਕੀਤਾ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸ. ਬਾਵਾ ਸਿੰਘ, ਬਾਬਾ ਸੁਖਵਿੰਦਰ ਸਿੰਘ ਜੀ, ਪ੍ਰੋਫੈਸਰ ਸਰਦਾਰਾ ਸਿੰਘ ਵੇਰਕਾ, ਸ. ਨਵਤੇਜ ਸਿੰਘ ਵੇਰਕਾ, ਸਿੱਖ ਚਿੰਤਕ ਤਲਵਿੰਦਰ ਸਿੰਘ ਬੁੱਟਰ,ਸਾਬਕਾ ਮੀਤ ਸਕੱਤਰ ਰਾਮ ਸਿੰਘ ਭਿੰਡਰ, ਸ ਸੁਖਵਿੰਦਰ ਸਿੰਘ ਪੱਪੂ ਅਤੇ ਬਾਬਾ ਹਰੀ ਸਿੰਘ ਜੀ ਵੀ ਹਾਜ਼ਰ ਸਨ।


GRIHUM HOUSING FINANCE Apna Ghar. Apni Pehchan.

## ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ

(ਸਾਬਕਾ ਤੌਰ 'ਤੇ ਪੂਨਾਵਾਲਾ ਹਾਊਸਿੰਗ ਫਾਇਨਾਂਸ ਲਿਮਟਿਡ ਤੋਂ ਜਾਣੂੰ)
ਰਜਿ. ਦਫਤਰ-6ਵੀਂ ਮੰਜ਼ਿਲ, ਬੀ-ਬਿਲਡਿੰਗ, ਗੰਗਾ ਟਰੂਨੋ ਬਿਜ਼ਨਸ ਪਾਰਕ, ਲੋਹੇਗਾਓਂ, ਪੁਣੇ-411014

ਅੰਤਿਕਾ 4 (ਵੇਖੋ ਨਿਯਮ 8 (1))
ਕਬਜ਼ਾ ਸੂਚਨਾ
(ਅਚੱਲ ਸੰਪਤੀ ਲਈ)

ਜਿਥੇ ਕਿ, ਨਿਮਨ ਹਸਤਾਖ਼ਰੀ ਨੇ **ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ (†) ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰਾਂ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ।
ਜਿਵੇਂ ਕਿ ਕਰਜ਼ਦਾਰ ਰਕਮ ਦਾ ਭੁਗਤਾਨ ਕਰਨ ਵਿਚ ਨਾਕਾਮ ਰਹੇ ਹਨ, ਇੱਥੇ ਸੰਪੱਤੀ ਦੇ ਮਾਲਕ ਨੂੰ, ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖ਼ਰੀ ਨੇ ਨਿਮਨ ਦਰਸਾਈ ਮਿਤੀ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ 23 ਫਰਵਰੀ ਸਾਲ 2026 ਨੂੰ ਨਿਮਨ ਦਰਸਾਈ ਸੰਪੱਤੀ ਦਾ **ਕਬਜ਼ਾ** ਲੈ ਲਿਆ ਹੈ।
ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਨਿਮਨ ਰਕਮ ਅਤੇ ਉਸ ਉਪਰ ਵਿਆਜ, ਲਾਗਤਾਂ ਆਦਿ ਦੇ ਲਈ ਪੂਨਾਵਾਲਾ ਹਾਊਸਿੰਗ ਫਾਇਨਾਂਸ ਲਿਮਟਿਡ (ਸਾਬਕਾ ਤੌਰ 'ਤੇ ਮੈਗਮਾ ਹਾਊਸਿੰਗ ਫਾਇਨਾਂਸ ਲਿਮਟਿਡ ਤੋਂ ਜਾਣੂੰ) ਦੇ ਚਾਰਜ ਨਾਲ ਸਬੰਧਤ ਹੋਵੇਗੀ।
ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ। ਕਬਜ਼ੇ ਵਿਚ ਲਈ ਗਈ ਸੰਪੱਤੀ ਦਾ ਵੇਰਵਾ ਨਿਮਨ ਅਨੁਸਾਰ ਹੈ।

| ਲ. ਨੰ. | ਕਰਜ਼ਦਾਰਾਂ ਦੇ ਨਾਮ | ਸੰਪੱਤੀ ਦਾ ਵੇਰਵਾ | ਕਬਜ਼ੇ ਲੈਣ ਦੀ ਮਿਤੀ | ਵਿਧਾਨਿਕ ਮੰਗ ਸੂਚਨਾ ਦੀ ਮਿਤੀ | ਮੰਗ ਸੂਚਨਾ ਵਿਚ ਰਕਮ (ਰੁਪਏ) |
|---|---|---|---|---|---|
| 1. | ਗੁਰਜੰਟ ਸਿੰਘ, ਸੁਖਦੇਵ ਸਿੰਘ ਜਸਬੀਰ ਕੌਰ | ਜਾਇਦਾਦ ਦਾ ਸਾਰੇ ਭਾਗ ਅਤੇ ਹਿੱਸੇ ਜਿਸਦੀ ਮਾਤਰਾ 1 ਕਨਾਲ 11 ਮਰਲੇ ਹੈ 9.5 31/608 ਹਿੱਸਾ 30 ਕਨਾਲ 08 ਮਰਲੇ ਦਾ ਹੈ, ਖੇਵਟ ਨੰਬਰ 26 ਖਤੌਨੀ ਨੰਬਰ 46 ਖਸਰਾ ਨੰਬਰ/ਸਲਾਮ ਖੇਵਟ ਕਿੱਤੇ 9 ਜਮ੍ਹਾਂਬੰਦੀ ਸਾਲ 2015-2016 ਢਿੱਡਵਾਂ ਤਹਿਸੀਲ ਜ਼ੀਰਾ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਸਥਿਤ ਹੈ। ਤਬਦੀਲ ਕੀਤੀ ਡੀਡ ਨੰਬਰ 2021-22/117/1/1715 ਮਿਤੀ 02.11.2021 ਦੇ ਅਨੁਸਾਰ। ਅਤੇ ਜਾਇਦਾਦ ਦੀਆਂ ਹੱਦਾਂ: ਪੂਰਬ-ਜ਼ਮੀਨ ਗੁਰਮੀਤ ਸਿੰਘ ਪੱਛਮ-ਜ਼ਮੀਨ ਕਰਮਜੀਤ ਸਿੰਘ ਉੱਤਰ-ਵੇਅ ਸਟਰੀਟ ਦੱਖਣ-ਜ਼ਮੀਨ ਗੁਰਬਚਨ ਸਿੰਘ | 23-02-2026 | 11-12-2025 | LOAN NO.HF0040H20100325 Rs.1001374/- (ਰੁ. ਦਸ ਲੱਖ ਇਕ ਹਜ਼ਾਰ ਤਿੰਨ ਸੌ ਚੁਹੱਤਰ ਕੇਵਲ) ਪੂਰਤੀ ਹੋਣ ਤੱਕ 17.35% ਸਲਾਨਾ ਦੀ ਦਰ 'ਤੇ ਵਿਆਜ ਸਮੇਤ 11.12.2025 ਦੇ ਅਨੁਸਾਰ ਅਦਾਇਗੀਯੋਗ |
| 2. | ਰਮੇਸ਼ ਕੁਮਾਰ, ਲਵਪ੍ਰੀਤ ਕੁਮਾਰ, ਅਵਿਨਾਸ਼ ਰਾਣੀ, ਅਰਸ਼ਦੀਪ ਸਿੰਘ | ਜਾਇਦਾਦ ਦਾ ਸਾਰਾ ਟੁਕੜਾ ਅਤੇ ਪਾਰਸਲ 3.63 ਮਰਲੇ ਮੀਟਰਿੰਗ 30 ਫੁੱਟ X 33 ਫੁੱਟ, ਫਿਰੋਜ਼ਪੁਰ ਸ਼ਹਿਰ ਤਹਿ ਅਤੇ ਜ਼ਿਲ੍ਹਾ ਫਿਰੋਜ਼ਪੁਰ (ਗੋਲਡਨ ਐਨਕਲੇਵ) ਵਿਖੇ ਸਥਿਤ - ਸਾਲ 2018-19 ਲਈ ਜਮ੍ਹਾਂਬੰਦੀ ਜੋ ਕਿ 33/621 ਹਿੱਸਾ ਜ਼ਮੀਨ ਵਿੱਚੋਂ 3 ਕਨਾਲ 9 ਮਰਲੇ, ਖਸਰਾ ਨੰਬਰ 139//8/1/3-9 ਮੌਜੂਦਾ ਖੇਵਟ ਨੰਬਰ 2940, ਖਤੌਨੀ ਨੰਬਰ 3910 ਹੈ। ਹੱਦਾਂ ਪੂਰਬ- ਹਾਊਸ ਆਫ਼ ਗਜ਼ੇਬੋ ਬੁਟੀਕ ਵੈਸਟ- ਸਟਰੀਟ, ਉੱਤਰ- ਨਛੱਤਰ ਸਿੰਘ ਦੱਖਣ - ਬੌਬੀ ਦਾ ਖਾਲੀ ਪਲਾਟ | 23-02-2026 | 11-12-2025 | LOAN NO. LAP05602000000005028195 Rs.2221213/- (ਰੁ. ਬਾਈ ਲੱਖ ਇਕੀ ਹਜ਼ਾਰ ਦੋ ਸੌ ਤੇਰਾਂ ਕੇਵਲ) ਪੂਰਤੀ ਹੋਣ ਤੱਕ 15.6% ਸਲਾਨਾ ਦੀ ਦਰ 'ਤੇ ਵਿਆਜ ਸਮੇਤ 11.12.2025 ਦੇ ਅਨੁਸਾਰ ਅਦਾਇਗੀਯੋਗ |

ਸਥਾਨ : ਫਿਰੋਜ਼ਪੁਰ, ਪੰਜਾਬ
ਮਿਤੀ : 28.02.2026
ਸਹੀ/- ਅਧਿਕਾਰਤ ਦਫਤਰ
ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ


## ਕੋਲਕਾਤਾ 'ਚ ਲੱਗੇ ਭੂਚਾਲ ਦੇ ਤੇਜ਼ ਝਟਕੇ

ਡੂੰਘਾਈ ਤੇ ਸੀ, ਜੋ ਕਿ ਕੋਲਕਾਤਾ ਤੋਂ ਲਗਭਗ 100 ਕਿਲੋਮੀਟਰ ਉੱਤਰ ਵੱਲ ਪੈਂਦਾ ਹੈ। ਭੂਚਾਲ ਦੇ ਇਹ ਝਟਕੇ ਕੁਝ ਸੈਕਿੰਡ ਤੱਕ ਮਹਿਸੂਸ ਕੀਤੇ ਗਏ। ਕੋਲਕਾਤਾ ਦੇ ਕਈ ਹਿੱਸਿਆਂ ਵਿੱਚ ਲੋਕਾਂ ਨੇ ਦੱਸਿਆ ਕਿ ਭੂਚਾਲ ਦੌਰਾਨ ਘਰਾਂ ਦਾ ਫਰਨੀਚਰ ਹਿੱਲਣ ਲੱਗਾ ਅਤੇ ਇਮਾਰਤਾਂ ਕੰਬਦੀਆਂ ਮਹਿਸੂਸ ਹੋਈਆਂ। ਕਈ ਦਫ਼ਤਰਾਂ ਚ ਕਰਮਚਾਰੀਆਂ ਨੇ ਤੁਰੰਤ ਕੰਮ ਛੱਡ ਦਿੱਤਾ ਅਤੇ ਇਮਾਰਤਾਂ ਖਾਲੀ ਕਰ ਦਿੱਤੀਆਂ। ਸੋਸ਼ਲ ਮੀਡੀਆ ਤੇ ਸਾਹਮਣੇ ਆਈਆਂ ਤਸਵੀਰਾਂ ਅਤੇ ਵੀਡੀਓਜ਼ ਚ ਲੋਕ ਸੜਕਾਂ ਅਤੇ ਪਾਰਕਾਂ ਵਰਗੀਆਂ ਖੁੱਲ੍ਹੀਆਂ ਥਾਵਾਂ ਤੇ ਇਕੱਠੇ ਹੋਏ ਨਜ਼ਰ ਆ ਰਹੇ ਹਨ। ਹਾਲਾਂਕਿ ਇਸ ਭੂਚਾਲ ਕਾਰਨ ਲੋਕਾਂ ਚ ਡਰ ਦਾ ਮਾਹੌਲ ਹੈ, ਪਰ ਰਾਹਤ ਦੀ ਗੱਲ ਇਹ ਹੈ ਕਿ ਹੁਣ ਤੱਕ ਕਿਸੇ ਵੀ ਤਰ੍ਹਾਂ ਦੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਖ਼ਬਰ ਸਾਹਮਣੇ ਨਹੀਂ ਆਈ ਹੈ। ਪ੍ਰਸ਼ਾਸਨ ਵੱਲੋਂ ਸਥਿਤੀ ਤੇ ਨਜ਼ਰ ਰੱਖੀ ਜਾ ਰਹੀ ਹੈ।

## ਪੰਥਕ ਰਵਾਇਤਾਂ ਅਨੁਸਾਰ ਜੈਕਾਰਿਆਂ ਤੇ ਨਗਾਰਿਆਂ ਦੀ ਗੂੰਜ 'ਚ ਹੋਈ ਹੋਲੇ-ਮਹੱਲੇ ਦੀ ਆਰੰਭਤਾ

ਕੁਲਦੀਪ ਸਿੰਘ ਗੜਗੱਜ, ਭਾਈ ਅਮਰਜੀਤ ਸਿੰਘ ਚਾਵਲਾ, ਗਿਆਨੀ ਜੋਗਿੰਦਰ ਸਿੰਘ, ਅੰਤ੍ਰਿੰਗ ਕਮੇਟੀ ਮੈਂਬਰ ਡਾ. ਦਲਜੀਤ ਸਿੰਘ ਭਿੰਡਰ, ਬਾਬਾ ਜਰਨੈਲ ਸਿੰਘ ਨੇ ਜਿਥੇ ਸਮੁੱਚੀਆਂ ਸੰਗਤਾਂ ਨੂੰ ਹੋਲੇ ਮਹੱਲੇ ਦੇ ਇਤਿਹਾਸ ਤੋਂ ਜਾਣੂ ਕਰਵਾਉਂਦਿਆਂ ਹੋਇਆਂ ਜਿੱਥੇ ਵਧਾਈਆਂ ਦਿੱਤੀਆਂ ਉਥੇ ਹੀ ਉਨ੍ਹਾਂ ਸੰਗਤਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ਤੇ ਹੋਲਾ ਮਹੱਲਾ ਮਨਾਉਣ ਲਈ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਵੀ ਕੀਤੀ। ਇਸ ਮੌਕੇ ਪੰਥਕ ਸ਼ਖ਼ਸ਼ੀਅਤਾਂ ਵਲੋਂ ਪੁਰਾਤਨ ਰਵਾਇਤ ਅਨੁਸਾਰ ਤਖਤ ਸ੍ਰੀ ਕੇਸਗੜ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ ਦੇ ਦਸਤਾਰ ਸਜਾ ਕੇ ਹੋਲੇ ਮਹੱਲੇ ਦੇ ਸਮੂੰਹ ਪ੍ਰਬੰਧਾਂ ਦੀ ਜਿੰਮੇਵਾਰੀ ਦਿੱਤੀ ਗਈ। ਇਸ ਮੌਕੇ ਹੋਲੇ ਮਹੱਲੇ ਦੇ ਅਰੰਭਤਾ ਦੀ ਅਰਦਾਸ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਵਲੋਂ ਕੀਤੀ ਗਈ। ਉਪਰੰਤ ਸੰਤਾਂ ਮਹਾਪੁਰਸ਼ਾਂ ਵੱਲੋਂ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਅਤੇ ਨਗਾਰਿਆਂ ਦੀ ਗੂੰਜ ਨਾਲ ਹੋਲੇ ਮਹੱਲੇ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਬਾਬਾ ਸਤਨਾਮ ਸਿੰਘ ਜੀ ਕਿਲ੍ਹਾ ਅਨੰਦਗੜ੍ਹ ਸਾਹਿਬ, ਬਾਬਾ ਕਸ਼ਮੀਰਾ ਸਿੰਘ ਜੀ ਭੂਰੀ ਵਾਲੇ, ਬਾਬਾ ਗੁਰਦੇਵ ਸਿੰਘ ਮੁਖੀ ਗੁਰਦੁਆਰਾ ਸ਼ਹੀਦੀ ਬਾਗ, ਐਡਵੋਕੇਟ ਹਰਦੇਵ ਸਿੰਘ ਆਡੀਸ਼ਨਲ ਮੈਨੇਜਰ,ਐਸ ਡੀ ਐਮ ਕਮ ਮੇਲਾ ਅਫਸਰ ਸਿੰਘ, ਮੀਤ ਨੇ ਸਿਰਫ ਭੁਪਿੰਦਰ ਸਿੰਘ, ਮੀਤ ਮੈਨੇਜਰ ਅਮਰਜੀਤ ਸਿੰਘ ਜਿੰਦੜੀ,ਬਾਬਾ ਸੁਖਵਿੰਦਰ ਸਿੰਘ, ਬਾਬਾ ਪ੍ਰੇਮ ਸਿੰਘ ਭੱਲੜੀ, ਦਵਿੰਦਰ ਸਿੰਘ ਐਸ ਸੀ, ਸੂਚਨਾ ਅਫਸਰ ਹਰਪ੍ਰੀਤ ਸਿੰਘ, ਜਸਵਿੰਦਰ ਸਿੰਘ, ਇਸਤਰੀ ਸਤਿਸੰਗ ਸਭਾ ਦੇ ਪ੍ਰਧਾਨ ਮਾਤਾ ਗੁਰਚਰਨ ਕੌਰ, ਬੀਬੀ ਪਰਵਿੰਦਰ ਕੌਰ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

## ਦਿੱਲੀ ਆਬਕਾਰੀ ਨੀਤੀ ਮਾਮਲੇ 'ਚ ਕੇਜਰੀਵਾਲ ਅਤੇ ਸਿਸੋਦੀਆ ਬਰੀ

ਕੀਤਾ ਹੈ। ਸੀ.ਬੀ.ਆਈ. ਦਾ ਮੰਨਣਾ ਹੈ ਕਿ ਜਾਂਚ ਦੇ ਕਈ ਮਹੱਤਵਪੂਰਨ ਪਹਿਲੂਆਂ ਨੂੰ ਜਾਂ ਤਾਂ ਨਜ਼ਰਅੰਦਾਜ਼ ਕੀਤਾ ਗਿਆ ਹੈ ਜਾਂ ਸਹੀ ਢੰਗ ਨਾਲ ਵਿਚਾਰਿਆ ਨਹੀਂ ਗਿਆ ਹੈ। ਇਸ ਤੋਂ ਪਹਿਲਾਂ ਸ਼ੁੱਕਰਵਾਰ ਨੂੰ ਰਾਊਜ਼ ਐਵੇਨਿਊ ਅਦਾਲਤ ਨੇ ਆਪਣਾ ਫੈਸਲਾ ਸੁਣਾਉਂਦੇ ਹੋਏ ਕਥਿਤ ਸ਼ਰਾਬ ਘੁਟਾਲੇ ਨਾਲ ਸਬੰਧਤ ਸੀ.ਬੀ.ਆਈ. ਮਾਮਲੇ ਵਿੱਚ ਸਾਰੇ 23 ਮੁਲਜ਼ਮਾਂ ਨੂੰ ਬਰੀ ਕਰ ਦਿੱਤਾ। ਅਦਾਲਤ ਨੇ ਜਾਂਚ ਵਿੱਚ ਕਮੀਆਂ ਲਈ ਸੀ.ਬੀ.ਆਈ. ਨੂੰ ਸਖ਼ਤ ਝਾੜ ਪਾਈ ਅਤੇ ਕਿਹਾ ਕਿ ਆਬਕਾਰੀ ਨੀਤੀ ਵਿੱਚ ਕੋਈ ਵੱਡੀ ਸਾਜਿਸ਼ ਜਾਂ ਅਪਰਾਧਿਕ ਇਰਾਦਾ ਨਹੀਂ ਸੀ। ਇਸ ਮਾਮਲੇ ਦੀ ਜਾਂਚ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਵੱਲੋਂ ਕੀਤੀ ਗਈ ਸੀ,ਜਿਸ ਨੇ ਨੇਤਾਵਾਂ ਤੇ ਹੁਣ ਵਾਪਸ ਲਈ ਜਾ ਚੁੱਕੀ ਆਬਕਾਰੀ ਨੀਤੀ ਨਾਲ ਜੁੜੀਆਂ ਕਥਿਤ ਬੇਨਿਯਮੀਆਂ ਵਿੱਚ ਅਹਿਮ ਭੂਮਿਕਾ ਨਿਭਾਉਣ ਦਾ ਦੋਸ਼ ਲਗਾਇਆ ਸੀ। ਆਪਣੇ ਹੁਕਮਾਂ ਵਿੱਚ ਅਦਾਲਤ ਨੇ ਕਿਹਾ ਕਿ ਗੰਭੀਰ ਦੋਸ਼ਾਂ ਲਈ ਮਜ਼ਬੂਤ ਸਹਾਇਕ ਸਮੱਗਰੀ ਦੀ ਲੋੜ ਹੁੰਦੀ ਹੈ ਅਤੇ ਇਹ ਸਿਰਫ਼ ਧਾਰਨਾਵਾਂ ਤੇ ਆਧਾਰਿਤ ਨਹੀਂ ਹੋ ਸਕਦੇ। ਅਦਾਲਤ ਨੇ ਨੋਟ ਕੀਤਾ ਕਿ ਠੋਸ ਸਬੂਤਾਂ ਤੋਂ ਬਿਨਾਂ ਕੇਂਦਰੀ ਸਾਜ਼ਿਸ਼ੀ ਭੂਮਿਕਾ ਦਾ ਸਿਹਰਾ ਦੇਣਾ ਕਾਨੂੰਨ ਵਿੱਚ ਟਿਕਣਯੋਗ ਨਹੀਂ ਹੈ। ਅਦਾਲਤ ਨੇ ਇਹ ਵੀ ਟਿੱਪਣੀ ਕੀਤੀ ਕਿ ਜੇਕਰ ਦਾਅਵਿਆਂ ਦੀ ਪੁਸ਼ਟੀ ਸਬੂਤਾਂ ਨਾਲ ਨਹੀਂ ਹੁੰਦੀ,ਤਾਂ ਉੱਚ ਦਫਤਰਾਂ ਵਿੱਚ ਜਨਤਾ ਦਾ ਵਿਸ਼ਵਾਸ ਪ੍ਰਭਾਵਿਤ ਹੋ ਸਕਦਾ ਹੈ।

**ਕੇਸ ਨੂੰ ਬੰਦ ਕਰਨ ਦੇ ਹੁਕਮ:** ਵਿਸ਼ੇਸ਼ ਜੱਜ (ਪੀ.ਸੀ.ਐਕਟ) ਜਿਤੇਂਦਰ ਸਿੰਘ ਨੇ ਸਾਰੇ ਦੋਸ਼ੀਆਂ ਖ਼ਿਲਾਫ਼ ਕੇਂਦਰੀ ਜਾਂਚ ਬਿਊਰੋ (ਸੀ.ਬੀ.ਆਈ.) ਵੱਲੋਂ ਸ਼ੁਰੂ ਕੀਤੇ ਕੇਸ ਨੂੰ ਬੰਦ ਕਰਨ ਦੇ ਹੁਕਮ ਦਿੱਤੇ। ਜੱਜ ਨੇ ਕਿਹਾ, ਆਬਕਾਰੀ ਨੀਤੀ ਵਿੱਚ ਕੋਈ ਵੱਡੀ ਸਾਜ਼ਿਸ਼ ਜਾਂ ਅਪਰਾਧਿਕ ਇਰਾਦਾ ਨਹੀਂ ਸੀ।

**ਬਰੀ ਹੋਣ ਤੋਂ ਬਾਅਦ ਕੇਜਰੀਵਾਲ ਦੇ ਡਿੱਗੇ ਹੰਝੂ:** ਬਰੀ ਹੋਣ ਮਗਰੋਂ ਅਦਾਲਤ ਦੇ ਬਾਹਰ ਮੀਡੀਆ ਨਾਲ ਗੱਲਬਾਤ ਕਰਦਿਆਂ ਕੇਜਰੀਵਾਲ ਰੋ ਪਏ। ਉਨ੍ਹਾਂ ਕਿਹਾ ਕਿ ਅੱਜ ਕੋਰਟ ਨੇ ਸਾਨੂੰ ਬਰੀ ਕਰ ਦਿੱਤਾ। ਅਸੀਂ ਹਮੇਸ਼ਾ ਕਹਿੰਦੇ ਸੀ ਕਿ ਸੱਚ ਦੀ ਜਿੱਤ ਹੁੰਦੀ ਹੈ। ਭਗਵਾਨ ਸਾਡੇ ਨਾਲ ਹਨ। ਸੱਚ ਦੀ ਜਿੱਤ ਹੋਈ। ਮੈਂ ਜ਼ਿੰਦਗੀ ਵਿਚ ਸਿਰਫ ਈਮਾਨਦਾਰੀ ਕਮਾਈ। ਇਹ ਕਹਿੰਦੇ ਹੋਏ ਕੇਜਰੀਵਾਲ ਰੋ ਪਏ।

ਦੱਸ ਦੇਈਏ ਕਿ ਕੇਜਰੀਵਾਲ ਸ਼ਰਾਬ ਘੋਟਾਲੇ ਕੇਸ ਵਿਚ ਜ਼ਮਾਨਤ 'ਤੇ ਸਨ। 14 ਜੁਲਾਈ, 2024 ਨੂੰ ਜੇਲ੍ਹ ਤੋਂ ਬਾਹਰ ਆਏ ਸਨ। ਇਸੇ ਦਿਨ ਸੁਪਰੀਮ ਕੋਰਟ ਨੇ ਉਨ੍ਹਾਂ ਨੂੰ ਇਸੇ ਮਾਮਲੇ ਨਾਲ ਜੁੜੇ ਸੀ.ਬੀ.ਆਈ. ਕੇਸ ਵਿਚ ਜ਼ਮਾਨਤ ਦਿੱਤੀ ਸੀ। ਸ਼ਰਾਬ ਘਪਲੇ ਮਾਮਲੇ ਵਿਚ ਕੇਜਰੀਵਾਲ ਖਿਲਾਫ ਈ.ਡੀ. ਤੇ ਸੀ.ਬੀ.ਆਈ. ਦੋਵਾਂ ਏਜੰਸੀਆਂ ਨੇ ਕੇਸ ਦਰਜ ਕੀਤਾ ਸੀ। ਈ.ਡੀ. ਨੇ 21 ਮਾਰਚ, 2024 ਨੂੰ ਉਨ੍ਹਾਂ ਨੂੰ ਗ੍ਰਿਫਤਾਰ ਕੀਤਾ ਸੀ। ਇਸ ਦੇ ਬਾਅਦ 26 ਜੂਨ ਨੂੰ ਸੀ.ਬੀ.ਆਈ. ਨੇ ਜੇਲ੍ਹ ਤੋਂ ਹੀ ਉਨ੍ਹਾਂ ਨੂੰ ਹਿਰਾਸਤ ਵਿਚ ਲਿਆ ਸੀ। ਈ.ਡੀ. ਮਾਮਲੇ ਵਿਚ ਉਨ੍ਹਾਂ ਨੂੰ ਸੁਪਰੀਮ ਕੋਰਟ ਤੋਂ 12 ਜੁਲਾਈ ਨੂੰ ਜ਼ਮਾਨਤ ਮਿਲੀ ਸੀ। ਇਹ ਮਾਮਲਾ 2022 ਵਿੱਚ ਐਲਜੀ ਵੀ.ਕੇ. ਸਕਸੈਨਾ ਦੁਆਰਾ ਸੀ.ਬੀ.ਆਈ. ਨੂੰ ਦਿੱਤੀ ਗਈ ਸ਼ਿਕਾਇਤ ਤੋਂ ਸ਼ੁਰੂ ਹੋਇਆ ਸੀ ਅਤੇ ਇਸ ਤੋਂ ਬਾਅਦ ਜਾਂਚ ਏਜੰਸੀ ਨੇ ਇਸ ਸਬੰਧ ਵਿੱਚ ਇੱਕ ਐਫ.ਆਈ.ਆਰ. ਦਰਜ ਕੀਤੀ ਸੀ। ਜਾਂਚ ਏਜੰਸੀ ਨੇ ਕਿਹਾ ਸੀ ਕਿ ਆਮ ਆਦਮੀ ਪਾਰਟੀ ਅਤੇ ਇਸ ਦੇ ਨੇਤਾਵਾਂ ਨੇ ਨੀਤੀ ਵਿੱਚ ਹੇਰਾਫੇਰੀ ਕਰਕੇ ਸ਼ਰਾਬ ਨਿਰਮਾਤਾਵਾਂ ਤੋਂ ਰਿਸ਼ਵਤ ਹਾਸਲ ਕੀਤੀ ਸੀ। ਐਨਫੋਰਸਮੈਂਟ ਡਾਇਰੈਕਟੋਰੇਟ ਨੇ ਵੀ ਬਾਅਦ ਵਿੱਚ ਇਸ ਮਾਮਲੇ ਵਿੱਚ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੇ ਤਹਿਤ ਕੇਸ ਦਰਜ ਕੀਤਾ ਸੀ। ਜ਼ਿਕਰਯੋਗ ਹੈ ਕਿ ਦਿੱਲੀ ਸਰਕਾਰ ਨੇ 17 ਨਵੰਬਰ, 2021 ਨੂੰ ਨਵੀਂ ਆਬਕਾਰੀ ਨੀਤੀ ਲਾਗੂ ਕੀਤੀ ਸੀ, ਪਰ ਭ੍ਰਿਸ਼ਟਾਚਾਰ ਦੇ ਦੋਸ਼ਾਂ ਦਰਮਿਆਨ ਸਤੰਬਰ, 2022 ਦੇ ਅੰਤ ਵਿੱਚ ਇਸ ਨੂੰ ਰੱਦ ਕਰ ਦਿੱਤਾ ਸੀ। ਜਾਂਚ ਏਜੰਸੀਆਂ ਨੇ ਦੋਸ਼ ਲਾਇਆ ਸੀ ਕਿ ਨਵੀਂ ਨੀਤੀ ਤਹਿਤ ਥੋਕ ਵਿਕਰੇਤਾਵਾਂ ਦਾ ਮੁਨਾਫਾ ਮਾਰਜਨ 5 ਫੀਸਦੀ ਤੋਂ ਵਧਾ ਕੇ 12 ਫੀਸਦੀ ਕਰ ਦਿੱਤਾ ਗਿਆ ਸੀ। ਏਜੰਸੀਆਂ ਨੇ ਦੋਸ਼ ਲਾਇਆ ਕਿ ਨਵੀਂ ਨੀਤੀ ਦੇ ਨਤੀਜੇ ਵਜੋਂ ਕਾਰਟੇਲਾਈਜ਼ੇਸ਼ਨ ਹੋਈ ਅਤੇ ਸ਼ਰਾਬ ਦੇ ਲਾਇਸੈਂਸ ਲਈ ਅਯੋਗ ਲੋਕਾਂ ਨੂੰ ਵਿੱਤੀ ਲਾਭਾਂ ਲਈ ਪਹਿਲ ਦਿੱਤੀ ਗਈ। ਹਾਲਾਂਕਿ, ਸਿਸੋਦੀਆ ਨੇ ਕਿਸੇ ਵੀ ਗਲਤ ਕੰਮ ਤੋਂ ਇਨਕਾਰ ਕੀਤਾ ਸੀ ਅਤੇ ਦਾਅਵਾ ਕੀਤਾ ਸੀ ਕਿ ਨਵੀਂ ਨੀਤੀ ਨਾਲ ਸ਼ਹਿਰ ਦੀ ਸਰਕਾਰ ਦੇ ਮਾਲੀਏ ਵਿੱਚ ਵਾਧਾ ਹੋਣਾ ਸੀ।

## ਭਾਰਤੀ ਸਿਆਸਤ 'ਚ ਇਤਿਹਾਸਕ ਦਿਨ ਕਿਉਂਕਿ ਸੱਚਾਈ ਦੀ ਜਿੱਤ ਹੋਈ: ਮਾਨ

ਗਲਤ ਤਰੀਕੇ ਨਾਲ ਕੇਸ ਦਰਜ ਕੀਤਾ ਸੀ। ਉਨ੍ਹਾਂ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਹੋਰਾਂ ਵਿਰੁੱਧ ਇਹ ਕੇਸ ਕੇਂਦਰ ਸਰਕਾਰ ਵੱਲੋਂ ਆਮ ਆਦਮੀ ਪਾਰਟੀ, ਜੋ ਆਪਣੇ ਚੰਗੇ ਕੰਮਾਂ ਨਾਲ ਦੇਸ ਭਰ 'ਚ ਆਪਣਾ ਆਧਾਰ ਫੈਲ ਰਹੀ ਹੈ, ਨੂੰ ਰੋਕਣ ਦੀ ਨਿਰਾਸ਼ਾਜਨਕ ਕੋਸ਼ਿਸ ਸੀ।ਉਨ੍ਹਾਂ ਕਿਹਾ ਕਿ ਅਦਾਲਤ ਦਾ ਇਹ ਹੁਕਮ ਇਸ ਗੱਲ ਦਾ ਪ੍ਰਮਾਣ ਹੈ ਕਿ ਹਨੇਰੀ ਰਾਤ, ਭਾਵੇਂ ਉਹ ਕਿੰਨੀ ਵੀ ਲੰਬੀ ਕਿਉਂ ਨਾ ਹੋਵੇ, ਖਤਮ ਜ਼ਰੂਰ ਹੁੰਦੀ ਹੈ ਅਤੇ ਸਦਾ ਸੱਚਾਈ ਤੇ ਰੌਸਨੀ ਦੀ ਜਿੱਤ ਹੁੰਦੀ ਹੈ।

ਅਰਵਿੰਦ ਕੇਜਰੀਵਾਲ ਅਤੇ ਪਾਰਟੀ ਲਈ ਅਰਦਾਸ ਕਰਨ ਵਾਲੇ ਲੋਕਾਂ ਦਾ ਧੰਨਵਾਦ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਆਮ ਲੋਕਾਂ ਦੀਆਂ ਅਰਦਾਸਾਂ/ਪ੍ਰਾਰਥਨਾਵਾਂ ਦਾ ਹੀ ਚਮਤਕਾਰ ਹੈ ਜੋ ਇਹ ਇਮਾਨਦਾਰ ਆਗੂਆਂ ਅੱਜ ਬਾ-ਇੱਜ਼ਤ ਬਰੀ ਹੋ ਗਏ ਹਨ। ਅਦਾਲਤ ਦੇ ਹੁਕਮ ਨੇ ਸੀਬੀਆਈ ਦੇ ਕੰਮਕਾਜ 'ਤੇ ਗੰਭੀਰ ਸਵਾਲੀਆ ਨਿਸਾਨ ਲਗਾ ਦਿੱਤਾ ਹੈ, ਜੋ ਆਪਣੇ ਆਕਾਵਾਂ ਦੇ ਹੱਥਾਂ ਦੀ ਕਠਪੁਤਲੀ ਬਣ ਕੇ ਕੰਮ ਕਰ ਰਹੀ ਹੈ।ਇਸਨੇ ਲੋਕਤੰਤਰ ਦੀ ਆਵਾਜ ਨੂੰ ਦਬਾਉਣ ਲਈ ਕੇਂਦਰ ਵਿੱਚ ਸੱਤਾਧਾਰੀ ਲੋਕਾਂ ਦੁਆਰਾ ਕੇਂਦਰੀ ਏਜੰਸੀਆਂ ਦੀ ਦੁਰਵਰਤੋਂ ਦਾ ਪਰਦਾਫਾਸ ਕੀਤਾ ਹੈ।

ਦਿੱਲੀ ਵਿੱਚ ਹੋਏ ਰਾਜਨੀਤਿਕ ਘਟਨਾਕ੍ਰਮ ਦਾ ਹਵਾਲਾ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦਿੱਲੀ ਵਿੱਚ ਸਿਰਫ ਚੋਣਾਂ ਜਿੱਤਣ ਲਈ, ਆਮ ਆਦਮੀ ਪਾਰਟੀ ਦੀ ਸਾਰੀ ਦੀ ਸਾਰੀ ਉੱਚ-ਪੱਧਰੀ ਲੀਡਰਸ਼ਿਪ ਨੂੰ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਨੇ ਸਲਾਖਾਂ ਪਿੱਛੇ ਸੁੱਟ ਦਿੱਤਾ ਸੀ। ਅਦਾਲਤ ਦੇ ਅੱਜ ਦੇ ਫੈਸਲੇ ਨੇ ਸਾਬਤ ਕਰ ਦਿੱਤਾ ਹੈ ਕਿ ਅਰਵਿੰਦ ਕੇਜਰੀਵਾਲ ਇੱਕ ਇਮਾਨਦਾਰ ਆਦਮੀ ਹਨ ਜੋ ਲੋਕਾਂ ਦੇ ਦਿਲਾਂ 'ਤੇ ਰਾਜ ਕਰਦੇ ਹਨ ਕਿਉਂਕਿ ਉਹ ਸਿਰਫ਼ ਸੱਚ ਦੇ ਰਾਹ 'ਤੇ ਚੱਲਣਾ ਜਾਣਦੇ ਹਨ। ਉਨ੍ਹਾਂ ਕਿਹਾ ਕਿ 'ਆਪ' ਦੇ ਕੌਮੀ ਕਨਵੀਨਰ ਦਾ ਹਰ ਵਲੰਟੀਅਰ ਸਿਰਫ ਲੋਕਾਂ ਦੀ ਸੇਵਾ ਲਈ ਹੀ ਰਾਜਨੀਤੀ 'ਚ ਆਇਆ ਹੈ, ਕਿਉਂਕਿ ਜੇ ਪੈਸੇ ਪੱਖੋਂ ਦੇਖੀਏ ਤਾਂ ਉਹ ਪਹਿਲਾਂ ਹੀ ਆਪਣੇ-ਆਪਣੇ ਖੇਤਰਾਂ ਵਿੱਚ ਚੰਗੀ ਕਮਾਈ ਕਰ ਰਹੇ ਸਨ।

ਰਵਾਇਤੀ ਸਿਆਸੀ ਪਾਰਟੀਆਂ 'ਤੇ ਨਿਸਾਨਾ ਸਾਧਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਰਵਾਇਤੀ ਪਾਰਟੀਆਂ ਆਮ ਆਦਮੀ ਪਾਰਟੀ ਤੋਂ ਈਰਖਾ ਕਰਦੀਆਂ ਹਨ ਕਿਉਂਕਿ ਅਸੀਂ ਹਮੇਸ਼ਾ ਆਮ ਆਦਮੀ ਦੀ ਭਲਾਈ ਦਾ ਏਜੰਡਾ ਲੈ ਕੇ ਚੱਲਦੇ ਹਾਂ । ਉਨ੍ਹਾਂ ਕਿਹਾ ਕਿ ਪਹਿਲਾਂ ਕਾਂਗਰਸ ਅਤੇ ਭਾਜਪਾ ਆਪਣੇ ਸੱਤਾ ਦੇ ਦਿਨਾਂ ਦੌਰਾਨ ਰੋਟੇਸਨ ਦੇ ਆਧਾਰ 'ਤੇ ਸੱਤਾ ਦਾ ਆਨੰਦ ਮਾਣਦਿਆਂ ਅਤੇ ਇੱਕ ਦੂਜੇ ਦੇ ਹਿੱਤਾਂ ਨੂੰ ਸੁਰੱਖਿਅਤ ਰੱਖਦਿਆਂ ਦੋਸਤਾਨਾ ਮੈਚ ਖੇਡਦੀਆਂ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਪਾਰਟੀਆਂ ਸਦਾ ਸੱਤਾ ਦੀ ਕੁਰਸੀ ਦੀ ਖੇਡ ਖੇਡਦੀਆਂ ਰਹੀਆਂ ਹਨ, ਜਿਨ੍ਹਾਂ ਨੇ ਆਪਣੀ-ਆਪਣੀ ਵਾਰੀ ਅਨੁਸਾਰ ਦੇਸ ਅਤੇ ਇਸਦੇ ਲੋਕਾਂ ਨੂੰ ਰੱਜ ਕੇ ਲੁੱਟਿਆ।

ਉਨ੍ਹਾਂ ਅੱਗੇ ਕਿਹਾ ਕਿ ਇਹ ਗੰਦਾ ਨਾਟਕ ਉਦੋਂ ਬੰਦ ਹੋ ਗਿਆ ਸੀ ਜਦੋਂ ਆਮ ਆਦਮੀ ਪਾਰਟੀ ਨੇ ਦੇਸ ਦੀ ਰਾਜਨੀਤੀ ਦੇ ਕੇਂਦਰ ਵਿੱਚ ਕਦਮ ਰੱਖਿਆ, ਜੋ ਇਹ ਪਾਰਟੀਆਂ ਕਦੇ ਨਹੀਂ ਚਾਹੁੰਦੀਆਂ ਸਨ ਕਿ ਅਜਿਹਾ ਹੋਵੇ। ਉਨ੍ਹਾਂ ਕਿਹਾ ਕਿ ਜੋ ਕੋਈ ਵੀ ਭ੍ਰਿਸਟਾਚਾਰ ਅਤੇ ਇਨ੍ਹਾਂ ਪਾਰਟੀਆਂ ਦੇ ਘਿਨਾਉਣੇ ਕਾਰਨਾਮਿਆਂ ਵਿਰੁੱਧ ਆਵਾਜ ਉਠਾਉਂਦਾ ਹੈ, ਉਸ ਨੂੰ ਇਨ੍ਹਾਂ ਦੀ ਬਦਲਾਖ਼ੋਰੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਬਿਨਾਂ ਕਿਸੇ ਕਾਰਨ ਜੇਲ੍ਹਾਂ ਵਿੱਚ ਡੱਕ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਭ੍ਰਿਸ਼ਟਾਚਾਰੀ ਲੋਕ, ਜਿਨ੍ਹਾਂ ਦੀਆਂ ਜੜ੍ਹਾਂ ਅਤੇ ਹਰ ਪਾਸੇ ਫੈਲੀਆਂ ਹੋਈਆਂ ਹਨ, ਇਮਾਨਦਾਰ ਲੋਕਾਂ ਨੂੰ ਨਿਸਾਨਾ ਬਣਾਉਂਦੇ ਹਨ ਅਤੇ ਉਨ੍ਹਾਂ 'ਤੇ ਝੂਠੇ ਕੇਸ ਪਾਉਂਦੇ ਹਨ।

ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਲੋਕਾਂ ਤੋਂ ਵੋਟਾਂ ਮੰਗਣ ਦੀ ਬਜਾਏ ਵੋਟਾਂ ਦਾ ਆਪਣਾ ਡੇਟਾਬੇਸ ਬਣਾ ਕੇ ਲੋਕਤੰਤਰ ਨੂੰ ਢਾਹ ਲਗਾਉਣ ਦੀ ਇੱਕ ਚਾਲ ਹੈ। ਜਨਤਾ ਅੱਗੇ ਹੱਥ ਜੋੜ ਕੇ ਉਨ੍ਹਾਂ ਤੋਂ ਵੋਟਾਂ ਮੰਗਣ ਦੀ ਬਜਾਏ, ਕੇਂਦਰ ਸਰਕਾਰ ਨੇ ਇਹ ਰਣਨੀਤੀ ਤਿਆਰ ਕੀਤੀ ਹੈ ਜਿੱਥੇ ਇਹਨਾਂ ਵੋਟਰਾਂ ਨੂੰ ਵਰਤੋਂ ਕਿਸੇ ਵੀ ਸੂਬੇ ਵਿੱਚ ਆਪਣੀ ਪਾਰਟੀ ਦੀ ਜਿੱਤ ਲਈ ਹੇਰਾਫੇਰੀ ਕਰਨ ਲਈ ਕੀਤੀ ਜਾਂਦੀ ਹੈ। ਇਹ ਦੇਸ, ਇਸਦੇ ਲੋਕਾਂ ਅਤੇ ਇੱਥੋਂ ਤੱਕ ਕਿ ਲੋਕਤੰਤਰ ਲਈ ਵੀ ਬੇਹੱਦ ਘਾਤਕ ਹੈ।ਭਾਰਤੀ ਆਜਾਦੀ ਸੰਗਰਾਮ ਦੇ ਨਾਇਕ ਕੇਂਦਰ ਦੇ ਇਸ ਵਤੀਰੇ ਤੋਂ ਨਾਰਾਜ ਹੋਏ ਹੋਣਗੇ।"

ਪ੍ਰਧਾਨ ਮੰਤਰੀ ਮੋਦੀ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਨੂੰ ਸਿੱਧੀ ਚੁਣੌਤੀ ਦਿੰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਜੇ ਤੁਸੀਂ ਰਾਜ ਕਰਨਾ ਚਾਹੁੰਦੇ ਹੋ ਤਾਂ ਠੀਕ ਹੈ ਪਰ ਇਸ ਲਈ ਤੁਹਾਨੂੰ ਆਪਣੇ ਕੰਮ ਨਾਲ ਲੋਕਾਂ ਦਾ ਦਿਲ ਜਿੱਤਣਾ ਚਾਹੀਦਾ ਹੈ ਨਾ ਕਿ ਅਜਿਹੀਆਂ ਸੌੜੀਆਂ ਚਾਲਾਂ ਚੱਲਣੀਆਂ ਚਾਹੀਦੀਆਂ ਹਨ। ਦੇਸ ਵਿੱਚ ਸਿੱਖਿਆ, ਸੜਕਾਂ, ਬਿਜਲੀ, ਸਿਹਤ ਖੇਤਰ, ਰੁਜਗਾਰ ਅਤੇ ਹੋਰ ਖੇਤਰਾਂ ਵਿੱਚ ਸੁਧਾਰ ਕਰਨ ਦੀ ਬਜਾਏ, ਭਾਜਪਾ ਨਫਰਤ ਅਤੇ ਵੰਡ ਦੇ ਆਪਣੇ ਏਜੰਡੇ ਨੂੰ ਉਤਸ਼ਾਹਿਤ ਕਰ ਰਹੀ ਹੈ। ਇਹ ਲੋਕਤੰਤਰੀ ਢਾਂਚੇ ਰਾਹੀਂ ਚੁਣੇ ਗਏ ਤਾਨਾਸਾਹ ਆਪਣੇ ਸਿਆਸੀ ਵਿਰੋਧੀਆਂ ਵਿੱਚ ਅਸਹਿਮਤੀ ਅਤੇ ਲਾਲਚ ਰਾਹੀਂ ਚੋਣ ਚਿੰਨ੍ਹਾਂ ਨੂੰ ਫ੍ਰੀਜ ਕਰਦੇ ਹਨ ਅਤੇ ਫਿਰ ਚੋਣਾਂ ਵਿੱਚ ਹੇਰਾਫੇਰੀ ਕਰਦੇ ਹਨ।"

ਨਿਸ਼ਾਨਾ ਸਾਧਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਹਰ ਦੇਸ ਭਗਤ ਚਾਹੁੰਦਾ ਹੈ ਕਿ ਉਨ੍ਹਾਂ ਦਾ ਦੇਸ ਮੋਹਰੀ ਬਣੇ ਅਤੇ ਮੋਦੀ-ਸਾਹ ਦੀ ਜੋੜੀ ਦੀਆਂ ਹੇਰਾਫੇਰੀਆਂ ਦਾ ਗਵਾਹ ਨਾ ਬਣੇ। ਕੇਂਦਰ ਵੱਲੋਂ ਦੇਸ਼ ਨੂੰ ਚਲਾਉਣ ਦੇ ਤਰੀਕਿਆਂ ਬਾਰੇ ਹਰ ਇਮਾਨਦਾਰ ਦੇਸ ਵਾਸੀ ਵੱਲੋਂ ਇਤਰਾਜ ਕੀਤਾ ਜਾਂਦਾ ਹੈ। ਉਨ੍ਹਾਂ ਨੂੰ ਆਪਣੇ ਨਿੱਜੀ ਸਿਆਸੀ ਹਿੱਤਾਂ ਲਈ ਦੇਸ ਨੂੰ ਸੰਪਰਦਾਇਕ ਲੀਹਾਂ 'ਤੇ ਵੰਡਣਾ ਬੰਦ ਕਰ ਦੇਣਾ ਚਾਹੀਦਾ ਹੈ ਕਿਉਂਕਿ ਇਹ ਦੇਸ ਦੇ ਹੱਕ ਵਿੱਚ ਨਹੀਂ ਹੈ।"

ਭਗਵੰਤ ਸਿੰਘ ਮਾਨ ਨੇ ਕਿਹਾ, "ਇੱਕ ਗੁਲਦਸਤੇ ਵਿੱਚ ਕਈ ਤਰ੍ਹਾਂ ਦੇ ਫੁੱਲ ਹੁੰਦੇ ਹਨ ਜੋ ਲੋਕਾਂ ਨੂੰ ਆਕਰਸ਼ਿਤ ਕਰਦੇ ਹਨ ਅਤੇ ਉਹ ਇਸਨੂੰ ਦੇਖਣਾ ਪਸੰਦ ਕਰਦੇ ਹਨ। ਫੁੱਲਾਂ ਦੀ ਕਿਸਮ ਹਰ ਵਿਅਕਤੀਆਂ ਦੀਆਂ ਅੱਖਾਂ ਨੂੰ ਸਕੂਲ ਦਿੰਦੀ ਹੈ ਅਤੇ ਲੋਕ ਉਹਨਾਂ ਨੂੰ ਦੇਖਣ ਲਈ ਇਕੱਠੇ ਹੁੰਦੇ ਹਨ, ਪਰ ਜੇਕਰ ਸਿਰਫ ਇੱਕ ਕਿਸਮ ਦਾ ਫੁੱਲ ਹੋਵੇ ਤਾਂ ਇਕਸਾਰਤਾ ਪੈਦਾ ਹੁੰਦੀ ਹੈ। ਇਸੇ ਤਰ੍ਹਾਂ, ਦੇਸ ਦੀ ਤਰੱਕੀ ਲਈ ਸਮਾਜ ਵਿੱਚ ਹਰ ਧਰਮ ਦੀ ਸਦਭਾਵਨਾਪੂਰਨ ਅਤੇ ਸਾਂਤੀਪੂਰਨ ਸਹਿ-ਹੋਂਦ ਬੇਹੱਦ ਅਹਿਮ ਹੈ।"

ਅਰਵਿੰਦ ਕੇਜਰੀਵਾਲ ਦੀ ਅਗਵਾਈ ਦੀ ਪ੍ਰਸੰਸਾ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, "ਅਰਵਿੰਦ ਕੇਜਰੀਵਾਲ ਇੱਕ ਅਜਿਹੇ ਵਿਅਕਤੀ ਹਨ ਜਿਹਨਾਂ ਨੇ ਸਖਤ ਮਿਹਨਤ ਅਤੇ ਲਗਨ ਨਾਲ ਦਿੱਲੀ ਦੀ ਨੁਹਾਰ ਬਦਲ ਦਿੱਤੀ। ਜਦੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਦਿੱਲੀ ਵਿੱਚ ਸੱਤਾ ਸੰਭਾਲੀ, ਤਾਂ ਸਾਲਾਨਾ ਬਜਟ 30,000 ਕਰੋੜ ਰੁਪਏ ਸੀ ਅਤੇ ਆਮ ਆਦਮੀ ਅਧੀਨ ਦਿਲੀ ਦਾ ਆਖਰੀ ਬਜਟ 66,000 ਕਰੋੜ ਰੁਪਏ ਸੀ। ਲੋਕਾਂ ਨੂੰ ਮੁਫਤ ਬਿਜਲੀ, ਵਿਸਵ ਪੱਧਰੀ ਸਕੂਲ, ਮੁਹੱਲਾ ਕਲੀਨਿਕ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਪ੍ਰਦਾਨ ਕਰਨ 'ਤੇ ਇੱਕ-ਇੱਕ ਪੈਸਾ ਪੂਰੀ ਸਮਝਦਾਰੀ ਨਾਲ ਖਰਚ ਕੀਤਾ ਗਿਆ।" ਭਗਵੰਤ ਸਿੰਘ ਮਾਨ ਨੇ ਕਿਹਾ, "ਅਰਵਿੰਦ ਕੇਜਰੀਵਾਲ ਦੇਸ ਲਈ ਰੋਏ ਸਨ ਕਿਉਂਕਿ ਦੇਸ਼ ਦੀ ਹਾਲਤ ਹਰ ਗੁਜਰਦੇ ਦਿਨ ਨਾਲ ਬਦਤਰ ਹੁੰਦੀ ਜਾ ਰਹੀ ਹੈ। ਇੱਕ ਇਮਾਨਦਾਰ ਆਦਮੀ ਨਾਲ ਅਜਿਹਾ ਸਲੂਕ ਵਾਜਬ ਨਹੀਂ ਹੈ। ਅੱਜ ਭਾਰਤ ਨੂੰ ਪ੍ਰਚਲਿਤ ਮੁਸ਼ਕਲਾਂ ਤੋਂ ਬਾਹਰ ਕੱਢਣ ਲਈ ਸਿਰਫ ਦੇਸ ਭਗਤੀ ਦੇ ਇੰਜਣ ਦੀ ਲੋੜ ਹੈ। ਸੱਤਾ ਵਿੱਚ ਬੈਠੇ ਲੋਕ ਦੇਸ ਵਿੱਚ ਡਬਲ ਇੰਜਣ ਜਾਂ ਟ੍ਰਿਪਲ ਇੰਜਣ ਸਰਕਾਰਾਂ ਨੂੰ ਉਤਸਾਹਿਤ ਕਰ ਰਹੇ ਹਨ, ਜਿਨ੍ਹਾਂ ਦੀ ਬਿਲਕੁੱਲ ਵੀ ਜ਼ਰੂਰਤ ਨਹੀਂ ਹੈ।

## ਗੁਰਦਾਸਪੁਰ ਐਨਕਾਊਂਟਰ ਦੀ ਨਿਰਪੱਖ ਜਾਂਚ ਹੋਵੇ, ਸੱਚ ਹਰ ਪੱਖ ਤੋਂ ਸਾਹਮਣੇ ਆਉਣਾ ਚਾਹੀਦੈ: ਜਥੇ. ਗੜਗੱਜ

ਧਿਰ ਨੂੰ ਬੁਲਾ ਕੇ ਸਮਝਾਇਆ ਜਾਵੇਗਾ। ਹੋਲਾ ਮਹੱਲੇ ਸਬੰਧੀ ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਪੰਥਕ ਜਜ਼ਬੇ ਅਤੇ ਚੜ੍ਹਦੀਕਲਾ ਨਾਲ ਸ੍ਰੀ ਆਨੰਦਪੁਰ ਸਾਹਿਬ ਪਹੁੰਚ ਕੇ ਗੁਰੂ ਨੂੰ ਸਮਰਪਿਤ ਹੋ ਕੇ ਖਾਲਸਾਈ ਜਾਹੋ-ਜਲਾਲ ਨਾਲ ਤਿਉਹਾਰ ਮਨਾਇਆ ਜਾਵੇ। ਕੁਲਦੀਪ ਸਿੰਘ ਗੜਗੱਜ ਨੇ ਗੁਰਦਾਸਪੁਰ ਐਨਕਾਊਂਟਰ ਬਾਰੇ ਕਿਹਾ ਕਿ ਜੇ ਕੋਈ ਅਪਰਾਧ ਕਰਦਾ ਹੈ ਤਾਂ ਉਸ ਨੂੰ ਸਜ਼ਾ ਦੇਣ ਦਾ ਅਧਿਕਾਰ ਅਦਾਲਤਾਂ ਕੋਲ ਹੁੰਦਾ ਹੈ। ਜੇ ਪੁਲਿਸ ਨੂੰ ਬੇਹੱਦ ਅਧਿਕਾਰ ਦੇ ਦਿੱਤੇ ਜਾਣ ਅਤੇ ਫ਼ੈਸਲੇ ਪਹਿਲਾਂ ਹੀ ਤੈਅ ਹੋਣ, ਤਾਂ ਆਮ ਲੋਕਾਂ ਲਈ ਜੀਵਨ ਮੁਸ਼ਕਲ ਹੋ ਜਾਂਦਾ ਹੈ। ਇਸ ਮਾਮਲੇ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ ਅਤੇ ਲੋੜ ਪੈਣ 'ਤੇ ਸੀਬੀਆਈ ਜਾਂਚ ਵੀ ਕਰਵਾਈ ਜਾਵੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ. ਵੱਲੋਂ ਹੈੱਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਖ਼ਿਲਾਫ਼ ਕੀਤੀ ਕਾਰਵਾਈ ਸਬੰਧੀ ਉਨ੍ਹਾਂ ਕਿਹਾ ਕਿ ਇਹ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਅੰਦਰੂਨੀ ਮਾਮਲਾ ਹੈ ਅਤੇ ਇਸ ਬਾਰੇ ਫ਼ੈਸਲਾ ਕਰਨਾ ਕਮੇਟੀ ਦਾ ਅਧਿਕਾਰ ਹੈ।ਗਿਆਨੀ ਰਣਜੀਤ ਸਿੰਘ ਗੌਹਰ ਵੱਲੋਂ ਗਿਆਨੀ ਰਘਬੀਰ ਸਿੰਘ 'ਤੇ ਅਤੇ ਗਿਆਨੀ ਰਘਬੀਰ ਸਿੰਘ ਵੱਲੋਂ ਐਸ.ਜੀ.ਪੀ.ਸੀ. 'ਤੇ ਲਗਾਏ ਦੋਸ਼ਾਂ ਬਾਰੇ ਉਨ੍ਹਾਂ ਕਿਹਾ ਕਿ ਸੱਚ ਹਰ ਪੱਖ ਤੋਂ ਸਾਹਮਣੇ ਆਉਣਾ ਚਾਹੀਦਾ ਹੈ। ਹਾਲਾਂਕਿ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਅਜੇ ਤੱਕ ਪੂਰੀ ਫ਼ਾਈਲ ਦਾ ਅਧਿਐਨ ਨਹੀਂ ਕੀਤਾ।-ਦਿੱਲੀ ਕਮੇਟੀ ਦੇ ਮੈਂਬਰਾਂ ਨੂੰ ਸੱਦੇ ਜਾਣ ਬਾਰੇ ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਇਸ ਲਈ ਤਲਬ ਕੀਤਾ ਗਿਆ ਕਿਉਂਕਿ ਉਨ੍ਹਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ ਦੀ ਅਦੂਲੀ ਕੀਤੀ ਗਈ ਸੀ। ਉਨ੍ਹਾਂ ਸਪਸ਼ਟ ਕੀਤਾ ਕਿ ਨੋਟਿਸ ਠੀਕ ਤਰੀਕੇ ਨਾਲ ਪਹੁੰਚਾਇਆ ਗਿਆ ਸੀ ਅਤੇ ਇਸ ਨੂੰ ਦਰਵਾਜ਼ੇ 'ਤੇ ਸੁੱਟਣ ਵਾਲੀ ਗੱਲ ਗਲਤ ਹੈ।ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਿੱਤੇ ਗਏ ਦੋ ਬੈਗਾਂ ਬਾਰੇ ਉਨ੍ਹਾਂ ਕਿਹਾ ਕਿ ਹੁਣ ਤੱਕ ਉਨ੍ਹਾਂ ਨੂੰ ਉਸ ਵਿੱਚ ਕੋਈ ਠੋਸ ਗੱਲ ਨਹੀਂ ਮਿਲੀ। ਸੰਭਵ ਹੈ ਕਿ ਉਹਨਾਂ ਵਿੱਚ ਫੰਡਾਂ ਜਾਂ ਦਸਤਾਵੇਜ਼ਾਂ ਸਬੰਧੀ ਕਾਗਜ਼ਾਤ ਹੋਣ, ਪਰ ਇਸ ਵੇਲੇ ਤੱਕ ਕੋਈ ਵਿਸ਼ੇਸ਼ ਗੱਲ ਸਾਹਮਣੇ ਨਹੀਂ ਆਈ।ਮੁੱਖ ਮੰਤਰੀ ਨਾਲ ਸੰਬੰਧਿਤ ਇਕ ਵੀਡੀਓ ਬਾਰੇ ਉਨ੍ਹਾਂ ਕਿਹਾ ਕਿ ਉਹ ਜਾਂਚ ਲਈ ਭੇਜੀ ਗਈ ਹੈ।SIT ਮੈਂਬਰਾਂ ਦੇ ਅੰਮ੍ਰਿਤਧਾਰੀ ਹੋਣ ਸਬੰਧੀ ਉਨ੍ਹਾਂ ਕਿਹਾ ਕਿ ਕਿਉਂਕਿ ਮਾਮਲਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਨਾਲ ਜੁੜਿਆ ਹੈ, ਇਸ ਲਈ ਜਾਂਚ ਟੀਮ ਵਿੱਚ ਅੰਮ੍ਰਿਤਧਾਰੀ ਮੈਂਬਰ ਹੋਣੇ ਚਾਹੀਦੇ ਹਨ, ਕਿਉਂਕਿ ਉਹ ਮਰਿਆਦਾ ਨਾਲ ਵਧੇਰੇ ਜਾਣੂ ਹੁੰਦੇ ਹਨ।ਦਿੱਲੀ ਦੇ ਗੁਰਦੁਆਰਿਆਂ ਵਿੱਚ ਕੀਰਤਨ ਦੌਰਾਨ ਉੱਚੀ ਆਵਾਜ਼ ਵਿੱਚ ਹੂਕਾਂ ਮਾਰਨ ਬਾਰੇ ਉਨ੍ਹਾਂ ਕਿਹਾ ਕਿ ਗੁਰਬਾਣੀ ਕੀਰਤਨ ਸਿੱਖ ਰਹਿਤ ਮਰਿਆਦਾ ਅਨੁਸਾਰ ਹੋਣਾ ਚਾਹੀਦਾ ਹੈ। ਕੀਰਤਨ ਸਮੇਂ ਮਾਹੌਲ ਗੁਰਬਾਣੀਮਈ ਹੋਣਾ ਚਾਹੀਦਾ ਹੈ ਅਤੇ ਬਿਨਾਂ ਲੋੜ ਦੇ ਸ਼ੋਰ ਤੋਂ ਬਚਣਾ ਚਾਹੀਦਾ ਹੈ। ਜੇ ਸ਼ਿਕਾਇਤ ਮਿਲੀ ਤਾਂ ਸੰਬੰਧਤ ਪੱਖਾਂ ਨੂੰ ਬੁਲਾ ਕੇ ਸਮਝਾਇਆ ਜਾਵੇਗਾ।ਹੋਲਾ ਮਹੱਲਾ ਸਬੰਧੀ ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਪੰਥਕ ਜਜ਼ਬੇ ਅਤੇ ਚੜ੍ਹਦੀ ਕਲਾ ਨਾਲ ਅਨੰਦਪੁਰ ਸਾਹਿਬ ਪਹੁੰਚ ਕੇ ਗੁਰੂ ਨੂੰ ਸਮਰਪਿਤ ਹੋ ਕੇ ਖਾਲਸਾਈ ਜਾਹੋ-ਜਲਾਲ ਨਾਲ ਤਿਉਹਾਰ ਮਨਾਇਆ ਜਾਵੇ।

## ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਹੋਲਾ-ਮਹੱਲਾ ਵਿਸ਼ਾਲ ਪੰਥਕ ਕਾਨਫ਼ਰੰਸ ਕੀਤੀ ਜਾਵੇਗੀ : ਗਿ. ਹਰਪ੍ਰੀਤ ਸਿੰਘ

ਪਾਰਟੀ ਵਰਕਰਾਂ ਵਿੱਚ ਕਾਫੀ ਉਤਸਾਹ ਪਾਇਆ ਜਾ ਰਿਹਾ ਹੈ ਅਤੇ ਕਾਨਫਰੰਸ ਦੇ ਜਰੀਏ ਧਾਰਮਿਕ ਮਸਲੇ ਉਠਾਏ ਜਾਣਗੇ, ਉੱਥੇ ਹੀ ਪੰਜਾਬ ਦੇ ਲੋਕਾਂ ਦੀ ਆਵਾਜ਼ ਨੂੰ ਬੁਲੰਦ ਕੀਤਾ ਜਾਵੇਗਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਕਰਨੈਲ ਸਿੰਘ ਪੰਜੋਲੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਤੋਂ ਅਲੱਗ ਹੋਣ ਸਬੰਧੀ ਦਿੱਤੇ ਬਿਆਨ ਤੇ ਸੰਬੰਧੀ ਬੋਲਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਥੇਦਾਰ ਪੰਜੋਲੀ ਬਹੁਤ ਹੀ ਸੁਲਝੇ ਹੋਏ ਆਗੂ ਹਨ ਤੇ ਉਹ ਹਮੇਸ਼ਾ ਪੰਥ ਦੀ ਚੜ੍ਹਦੀ ਕਲਾ ਲਈ ਹਮੇਸ਼ਾ ਸਾਡੇ ਨਾਲ ਹੀ ਰਹਿਣਗੇ । ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਵੀਰ ਸਿੰਘ ਪੂਣੀਆਂ ਮੈਂਬਰ ਵਰਕਿੰਗ ਕਮੇਟੀ ਪੰਜਾਬ, ਮਨਦੀਪ ਸਿੰਘ ਤਰਖਾਣ ਮਾਜਰਾ ਜਿਲਾ ਪ੍ਰਧਾਨ, ਜੱਸਾ ਸਿੰਘ ਆਹਲੂਵਾਲੀਆ ਡੈਲੀਗੇਟ ਪੰਜਾਬ, ਲਖਵੀਰ ਸਿੰਘ ਸਰਕਲ ਪ੍ਰਧਾਨ ਚੁੰਨੀ, ਹਰਪਾਲ ਸਿੰਘ ਸਰਕਲ ਪ੍ਰਧਾਨ ਖੇੜਾ, ਕਸ਼ਮੀਰਾ ਸਿੰਘ ਬਿਲਾਸਪੁਰ ਸਰਕਲ ਪ੍ਰਧਾਨ ਖਮਾਣੋ, ਹਰਮੇਲ ਸਿੰਘ ਸਰਕਲ ਪ੍ਰਧਾਨ ਬੱਦਲਥੂਹਾ ਅਮਲੋਹ, ਗੁਰਦੇਵ ਸਿੰਘ ਸਰਕਲ ਪ੍ਰਧਾਨ ਸਰਹੰਦ, ਸੁਰਜੀਤ ਸਿੰਘ ਸਰਕਲ ਪ੍ਰਧਾਨ ਮੁਲੇਪੁਰ, ਕੇਸਰ ਸਿੰਘ ਸਰਕਲ ਪ੍ਰਧਾਨ ਗੋਬਿੰਦਗੜ, ਸੁਰਿੰਦਰ ਸਿੰਘ ਸਰਕਲ ਪ੍ਰਧਾਨ ਚਨਾਰਥਲ ਕਲਾ, ਦਰਬਾਰਾ ਸਿੰਘ ਜ਼ਿਲਾ ਮੀਤ ਪ੍ਰਧਾਨ, ਜਗਦੀਸ਼ ਸਿੰਘ ਅਮਲੋਹ, ਦਰਬਾਰਾ ਸਿੰਘ ਰੰਧਾਵਾ ਜਿਲਾ ਡੈਲੀਗੇਟ, ਬਲਤੇਜ ਸਿੰਘ ਮਹਿਮੂਦਪੁਰ ਪੰਜਾਬ ਡੈਲੀਗੇਟ, ਬਲਦੇਵ ਸਿੰਘ ਕੰਡਾ ਸਰਕਲ ਪ੍ਰਧਾਨ ਗੋਬਿੰਦਗੜ ਸ਼ਹਿਰੀ, ਜਰਨੈਲ ਸਿੰਘ ਸਰਕਲ ਪ੍ਰਧਾਨ ਨਬੀਪੁਰ, ਜੈ ਸਿੰਘ ਬਾੜਾ ਸਰਕਲ ਪ੍ਰਧਾਨ ਸਰਹੰਦ ਸ਼ਹਿਰ, ਅਮਰਜੀਤ ਸਿੰਘ ਮੁਢੜੀਆਂ ਡੈਲੀਗੇਟ ਪੰਜਾਬ, ਅਮਰਜੀਤ ਸਿੰਘ ਸਲਾਨਾ ਡੈਲੀਗੇਟ ਪੰਜਾਬ ਵੀ ਹਾਜ਼ਰ ਸਨ।

## ਪੀ.ਐਸ.ਪੀ.ਸੀ.ਐਲ. ਜਾਇਦਾਦਾਂ ਦੀ ਵਿਕਰੀ 'ਤੇ ਹਾਈ ਕੋਰਟ ਵੱਲੋਂ ਰੋਕ ਬਰਕਰਾਰ

ਚਾਹੁੰਦੀ ਹੈ। ਰਾਜ ਨੇ ਇਹ ਵੀ ਦਲੀਲ ਦਿੱਤੀ ਕਿ ਪੂਰੀ ਪੀ.ਆਈ.ਐਲ. ਸਿਰਫ਼ ਇੱਕ ਖ਼ਬਰ ਦੀ ਰਿਪੋਰਟ ਦੇ ਆਧਾਰ ਤੇ ਦਾਇਰ ਕੀਤੀ ਗਈ ਸੀ ਅਤੇ ਰਿਕਾਰਡ ਤੇ ਕੋਈ ਪ੍ਰਮਾਣਿਤ ਦਸਤਾਵੇਜ਼ ਨਹੀਂ ਸੀ ਜੋ ਇਹ ਸਾਬਤ ਕਰੇ ਕਿ ਜਾਇਦਾਦਾਂ ਬਕਾਏ ਦੀ ਵਸੂਲੀ ਨਾ ਹੋਣ ਕਾਰਨ ਵੇਚੀਆਂ ਜਾ ਰਹੀਆਂ ਸਨ। ਇਸ ਨੇ ਇਹ ਵੀ ਇਤਰਾਜ਼ ਕੀਤਾ ਕਿ ਨੀਤੀਗਤ ਫੈਸਲਿਆਂ ਨੂੰ ਪੀ.ਆਈ.ਐਲ. ਰਾਹੀਂ ਚੁਣੌਤੀ ਨਹੀਂ ਦਿੱਤੀ ਜਾ ਸਕਦੀ। ਹਾਲਾਂਕਿ, ਪਟੀਸ਼ਨਕਰਤਾ ਦੇ ਪੱਖ ਨੇ ਇਨ੍ਹਾਂ ਦਲੀਲਾਂ ਦਾ ਵਿਰੋਧ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਤੇ ਪੀ.ਐਸ.ਪੀ.ਸੀ.ਐਲ. ਦਾ ਲਗਭਗ 2582.24 ਕਰੋੜ ਬਕਾਇਆ ਹੈ, ਜਿਸ ਕਾਰਨ ਕੰਪਨੀ ਨੂੰ ਵਿੱਤੀ ਦਬਾਅ ਹੇਠ ਆਪਣੀਆਂ ਅਚੱਲ ਜਾਇਦਾਦਾਂ ਦਾ ਤਬਾਦਲਾ ਕਰਨ ਲਈ ਮਜਬੂਰ ਹੋਣਾ ਪਿਆ। ਡਿਵੀਜ਼ਨ ਬੈਂਚ ਨੇ ਮੁੱਢਲੇ ਇਤਰਾਜ਼ਾਂ ਤੇ ਰਾਹਤ ਦਿੰਦੇ ਹੋਏ ਕਿਹਾ ਕਿ ਪੀ.ਆਈ.ਐਲ. ਨੂੰ ਨਿਯੰਤਰਿਤ ਕਰਨ ਵਾਲੇ ਨਿਯਮ ਸੀਮਤ ਜਾਂ ਵਿਸਤ੍ਰਿਤ ਨਹੀਂ ਹਨ। ਅਦਾਲਤ ਨੇ ਟਿੱਪਣੀ ਕੀਤੀ ਕਿ ਜੇਕਰ ਪਟੀਸ਼ਨਕਰਤਾ ਦਾ ਦਾਅਵਾ ਕਿ ਕੰਪਨੀ ਨੂੰ ਭਾਰੀ ਵਿੱਤੀ ਬੋਝ ਕਾਰਨ ਜਾਇਦਾਦਾਂ ਦਾ ਤਬਾਦਲਾ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ, ਤਾਂ ਇਹ ਮੁੱਦਾ ਯਕੀਨੀ ਤੌਰ ਤੇ ਜਨਤਕ ਹਿੱਤ ਦੇ ਚਾਰ ਖੇਤਰਾਂ ਵਿੱਚ ਆਉਂਦਾ ਹੈ। ਹਾਈ ਕੋਰਟ ਨੇ ਸਪੱਸ਼ਟ ਕੀਤਾ ਕਿ ਪਟੀਸ਼ਨ ਦੀ ਸਾਂਭ-ਸੰਭਾਲ ਦਾ ਸਵਾਲ ਖੁੱਲ੍ਹਾ ਰਹਿੰਦਾ ਹੈ ਅਤੇ ਰਾਜ ਸਰਕਾਰ ਅਗਲੀ ਸੁਣਵਾਈ ਤੇ ਇਸ ਤੇ ਵਿਸਥਾਰ ਨਾਲ ਬਹਿਸ ਕਰ ਸਕਦੀ ਹੈ। ਅਦਾਲਤ ਨੇ ਰਾਜ ਨੂੰ ਜ਼ਰੂਰੀ ਦਸਤਾਵੇਜ਼ਾਂ ਅਤੇ ਹਲਫਨਾਮਿਆਂ ਦੇ ਨਾਲ ਇੱਕ ਪੈਰਾ-ਵਾਰ ਜਵਾਬ ਅਤੇ ਸਟੇਅ ਹਟਾਉਣ ਲਈ ਅਰਜ਼ੀ ਦਾਇਰ ਕਰਨ ਦਾ ਨਿਰਦੇਸ਼ ਦਿੱਤਾ। ਅਦਾਲਤ ਨੇ ਇਹ ਵੀ ਨੋਟ ਕੀਤਾ ਕਿ ਰਾਜ ਦੀ ਦਾਅਵਾ ਕੀਤੀ ਗਈ ਬੈਲੇਂਸ ਸ਼ੀਟ, ਜੋ ਕਿ ਲਾਭਦਾਇਕ ਹੋਣ ਦਾ ਦਾਅਵਾ ਕਰਦੀ ਹੈ, ਨੂੰ ਹਲਫਨਾਮੇ ਦੇ ਨਾਲ ਰਿਕਾਰਡ ਤੇ ਪੇਸ਼ ਨਹੀਂ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਪਟੀਸ਼ਨ ਵਿੱਚ ਇਹ ਵੀ ਦੋਸ਼ ਲਗਾਇਆ ਗਿਆ ਹੈ ਕਿ ਪੀ.ਐਸ.ਪੀ.ਸੀ.ਐਲ. ਦੀਆਂ ਰਾਜ ਸਰਕਾਰ ਦੇ ਵਿਭਾਗਾਂ ਪ੍ਰਤੀ ਬਿਜਲੀ ਦੇਣਦਾਰੀਆਂ ਅਗਸਤ, 2025 ਤੱਕ 2,582.24 ਕਰੋੜ ਤੋਂ ਵੱਧ ਹੋ ਗਈਆਂ ਹਨ, ਅਤੇ ਬਕਾਇਆ ਬਿਜਲੀ ਸਬਸਿਡੀ 10,000 ਕਰੋੜ ਤੋਂ ਵੱਧ ਹੋ ਗਈ ਹੈ।

## ਕੈਨੇਡੀਅਨ ਪ੍ਰਧਾਨ ਮੰਤਰੀ ਮਾਰਕ ਕਾਰਨੀ 4 ਦਿਨਾਂ ਦੌਰੇ 'ਤੇ ਭਾਰਤ ਪੁੱਜੇ

ਸਮਝੌਤੇ ਤੇ ਵੀ ਮੋਹਰ ਲੱਗਣ ਦੀ ਸੰਭਾਵਨਾ ਹੈ। ਇਸ ਤੋਂ ਇਲਾਵਾ ਕਲੀਨ ਐਨਰਜੀ, ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਅਡਵਾਂਸਡ ਮੈਨੂਫੈਕਚਰਿੰਗ ਤੇ ਵੀ ਚਰਚਾ ਹੋਵੇਗੀ। ਤਣਾਅ ਤੋਂ ਬਾਅਦ ਬਦਲੇ ਕੈਨੇਡਾ ਦੇ ਸੁਰ ਜਸਟਿਨ ਟਰੂਡੋ ਦੇ ਕਾਰਜਕਾਲ ਦੌਰਾਨ ਭਾਰਤ ਅਤੇ ਕੈਨੇਡਾ ਦੇ ਰਿਸ਼ਤੇ ਕਾਫੀ ਖ਼ਰਾਬ ਹੋ ਗਏ ਸਨ, ਪਰ ਹੁਣ ਕੈਨੇਡੀਅਨ ਅਧਿਕਾਰੀ ਪੁਰਾਣੇ ਦੋਸ਼ਾਂ ਤੋਂ ਪਿੱਛੇ ਹਟਦੇ ਨਜ਼ਰ ਆ ਰਹੇ ਹਨ। ਇੱਕ ਸੀਨੀਅਰ ਕੈਨੇਡੀਅਨ ਅਧਿਕਾਰੀ ਨੇ ਕਿਹਾ ਹੈ ਕਿ ਜੇਕਰ ਕੈਨੇਡਾ ਨੂੰ ਲੱਗਦਾ ਕਿ ਭਾਰਤ ਉਸ ਦੀ ਲੋਕਤੰਤਰੀ ਪ੍ਰਕਿਰਿਆ ਵਿੱਚ ਦਖਲ ਦੇ ਰਿਹਾ ਹੈ, ਤਾਂ ਪ੍ਰਧਾਨ ਮੰਤਰੀ ਇਹ ਦੌਰਾ ਕਦੇ ਨਾ ਕਰਦੇ। ਇਸ ਦੌਰੇ ਦੌਰਾਨ ਪ੍ਰਵਾਸੀਆਂ ਦਾ ਮੁੱਦਾ ਵੀ ਅਹਿਮ ਰਹਿ ਸਕਦਾ ਹੈ। ਅੰਕੜਿਆਂ ਅਨੁਸਾਰ, ਕੈਨੇਡਾ ਨੇ 2025 ਦੇ ਪਹਿਲੇ 10 ਮਹੀਨਿਆਂ ਵਿੱਚ 2,831 ਭਾਰਤੀ ਨਾਗਰਿਕਾਂ ਨੂੰ ਦੇਸ਼ ਵਿੱਚੋਂ ਕੱਢਿਆ ਹੈ ਅਤੇ ਹਾਲੇ ਵੀ ਲਗਭਗ 6,515 ਹੋਰ ਭਾਰਤੀਆਂ ਨੂੰ ਕੱਢਣ ਦੀ ਪ੍ਰਕਿਰਿਆ ਚੱਲ ਰਹੀ ਹੈ। ਕੈਨੇਡਾ ਵਿੱਚ ਇਸ ਸਮੇਂ ਲਗਭਗ 16 ਲੱਖ ਭਾਰਤੀ ਮੂਲ ਦੇ ਲੋਕ ਰਹਿ ਰਹੇ ਹਨ।

## ਸੁਖਬੀਰ ਬਾਦਲ ਇੱਕ ਮਹੀਨੇ 'ਚ ਤੀਜੀ ਵਾਰ ਅਦਾਲਤ 'ਚੋਂ ਰਹੇ ਗ਼ੈਰ-ਹਾਜ਼ਰ

ਨੂੰ ਅਦਾਲਤ ਵਿੱਚ ਆਤਮ-ਸਮਰਪਣ ਕਰਕੇ ਜ਼ਮਾਨਤ ਲਈ ਸੀ। ਉਨ੍ਹਾਂ ਦੇ ਵਕੀਲ ਨੇ ਕਿਹਾ ਕਿ ਬਾਦਲ ਨੂੰ ਪਾਰਟੀ ਦੀ ਜ਼ਰੂਰੀ ਮੀਟਿੰਗ ਲਈ ਦਿੱਲੀ ਜਾਣਾ ਪੈ ਰਿਹਾ ਹੈ, ਇਸ ਲਈ ਉਹ ਅਦਾਲਤ ਵਿੱਚ ਪੇਸ਼ ਨਹੀਂ ਹੋ ਸਕਣਗੇ। ਸਾਲ 2017 ਵਿੱਚ ਬਾਦਲ ਖ਼ਿਲਾਫ਼ ਧਾਰਮਿਕ ਜਥੇਬੰਦੀ ਅਖੰਡ ਕੀਰਤਨੀ ਜੱਥਾ ਦੇ ਬੁਲਾਰੇ ਰਾਜਿੰਦਰ ਪਾਲ ਸਿੰਘ ਨੇ ਮਾਣਹਾਨੀ ਦਾ ਕੇਸ ਦਰਜ ਕਰਵਾਇਆ ਸੀ। ਉਨ੍ਹਾਂ ਤੇ ਜੱਥੇ ਖ਼ਿਲਾਫ਼ ਮੀਡੀਆ ਵਿੱਚ ਵਿਵਾਦਿਤ ਬਿਆਨ ਦੇਣ ਦੇ ਦੋਸ਼ ਹਨ।

## ਗੁਰਦਾਸਪੁਰ ਐਨਕਾਊਂਟਰ ਮਾਮਲਾ: ਹਾਈ ਕੋਰਟ ਵਿੱਚ ਜਨਹਿੱਤ ਪਟੀਸ਼ਨ ਦਾਇਰ

ਇਹ ਕਾਰਜਪ੍ਰਣਾਲੀ ਸੁਪਰੀਮ ਕੋਰਟ ਅਤੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਹੁਕਮਾਂ ਦੇ ਬਿਲਕੁਲ ਉਲਟ ਹੈ।

**ਪਰਿਵਾਰਾਂ ਤੋਂ ਫਿਰੌਤੀ ਦੀ ਮੰਗ:** ਪਟੀਸ਼ਨ ਵਿੱਚ ਇਹ ਗੰਭੀਰ ਇਲਜ਼ਾਮ ਲਾਇਆ ਗਿਆ ਹੈ ਕਿ ਪੁਲਿਸ ਹਿਰਾਸਤ ਵਿੱਚ ਮੌਜੂਦ ਮੁਲਜ਼ਮਾਂ ਨੂੰ ਜਾਨੋਂ ਨਾ ਮਾਰਨ ਜਾਂ ਨੁਕਸਾਨ ਨਾ ਪਹੁੰਚਾਉਣ ਦੇ ਬਦਲੇ ਉਨ੍ਹਾਂ ਦੇ ਪਰਿਵਾਰਾਂ ਤੋਂ ਜਬਰੀ ਪੈਸੇ ਵਸੂਲੇ ਜਾ ਰਹੇ ਹਨ।

**ਅਧਿਕਾਰੀਆਂ ਨੂੰ ਸੁਰੱਖਿਆ:** ਪਟੀਸ਼ਨਰ ਅਨੁਸਾਰ, ਕਈ ਸੀਨੀਅਰ ਪੁਲਿਸ ਅਧਿਕਾਰੀ ਖੁਦ ਸੰਗਠਿਤ ਅਪਰਾਧਾਂ ਵਿੱਚ ਸ਼ਾਮਲ ਹਨ, ਪਰ ਉਨ੍ਹਾਂ ਨੂੰ ਇਨਸਾਫ਼ ਦੇ ਕਟਹਿਰੇ ਵਿੱਚ ਲਿਆਉਣ ਦੀ ਬਜਾਏ ਸਰਕਾਰ ਵੱਲੋਂ ਸੁਰੱਖਿਆ ਅਤੇ ਤਰੱਕੀਆਂ ਦਿੱਤੀਆਂ ਜਾ ਰਹੀਆਂ ਹਨ।

**ਪੁਲਿਸ ਮੁਕਾਬਲੇ ਤੋਂ ਬਾਅਦ ਵਧਿਆ ਵਿਵਾਦ:** ਇਹ ਪਟੀਸ਼ਨ ਉਸ ਸਮੇਂ ਦਾਇਰ ਕੀਤੀ ਗਈ ਹੈ ਜਦੋਂ ਹਾਲ ਹੀ ਵਿੱਚ ਗੁਰਦਾਸਪੁਰ ਵਿਖੇ ਡਿਊਟੀ ਦੌਰਾਨ ਇੱਕ ਏ.ਐਸ.ਆਈ. ਅਤੇ ਹੋਮਗਾਰਡ ਦੀ ਹੱਤਿਆ ਕਰਨ ਵਾਲੇ ਮੁਲਜ਼ਮ ਰਣਜੀਤ ਸਿੰਘ ਨੂੰ ਪੁਲਿਸ ਨੇ ਇੱਕ ਮੁਕਾਬਲੇ ਵਿੱਚ ਮਾਰ ਦਿੱਤਾ ਸੀ। ਮਨੁੱਖੀ ਅਧਿਕਾਰ ਕਾਰਕੁੰਨਾਂ ਅਤੇ ਵਕੀਲਾਂ ਨੇ ਇਸ ਕਾਰਵਾਈ ਤੇ ਸਵਾਲ ਚੁੱਕਦਿਆਂ ਇਸ ਨੂੰ ਗੈਰ-ਕਾਨੂੰਨੀ ਹੱਤਿਆ ਕਰਾਰ ਦਿੱਤਾ ਹੈ। ਐਡਵੋਕੇਟ ਨਿਖਿਲ ਸਰਾਫ਼ ਨੇ ਉਮੀਦ ਜਤਾਈ ਹੈ ਕਿ ਅਦਾਲਤ ਮਨੁੱਖਤਾ ਵਿਰੁੱਧ ਹੋ ਰਹੇ ਇਨ੍ਹਾਂ ਅਪਰਾਧਾਂ ਦਾ ਸਖ਼ਤ ਨੋਟਿਸ ਲਵੇਗੀ ਅਤੇ ਦੋਸ਼ੀ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਯਕੀਨੀ ਬਣਾਏਗੀ।

## ਮਾਨਸਾ 'ਚ ਦਿਨ-ਦਿਹਾੜੇ ਵਪਾਰੀ ਤੇ ਮੁਲਾਜ਼ਮ ਦਾ ਗੋਲ਼ੀਆਂ ਮਾਰਕੇ ਕਤਲ

ਟੀਮ ਵੀ ਘਟਨਾ ਸਥਾਨ 'ਤੇ ਪਹੁੰਚ ਗਈ ਹੈ ਅਤੇ ਹਰ ਪਹਿਲੂ ਤੋਂ ਸਬੂਤ ਇਕੱਠੇ ਕਰ ਰਹੀ ਹੈ। ਜਾਣਕਾਰੀ ਮੁਤਾਬਕ ਬਲਦੇਵ ਸਿੰਘ ਫਾਰਮ ਹਾਊਸ ਵਿੱਚ ਪਲਾਂਟ ਕੇਅਰਟੇਕਰ ਵਜੋਂ ਕੰਮ ਕਰਦਾ ਸੀ। ਆਮ ਵਾਂਗ, ਉਹ ਅੱਜ ਸਵੇਰੇ ਕਾਰੋਬਾਰੀ ਜਸਵੀਰ ਸਿੰਘ ਨਾਲ ਫਾਰਮ ਹਾਊਸ ਪਹੁੰਚਿਆ। ਅਣਪਛਾਤੇ ਹਮਲਾਵਰ ਮੌਕੇ 'ਤੇ ਪਹੁੰਚੇ। ਫਿਰ ਉਨ੍ਹਾਂ ਨੇ ਦੋਵਾਂ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ, ਜਿਸ ਨਾਲ ਉਨ੍ਹਾਂ ਦੀ ਤੁਰੰਤ ਮੌਤ ਹੋ ਗਈ। ਹਾਲਾਂਕਿ,ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਹਮਲਾਵਰ ਕੌਣ ਸਨ ਜਾਂ ਉਨ੍ਹਾਂ ਨੇ ਉਨ੍ਹਾਂ ਨੂੰ ਕਿਉਂ ਮਾਰਿਆ।

## ਸੇਲ ਵੱਲੋਂ ਸਵਦੇਸ਼ੀ ਸਟੀਲ ਨਾਲ ਬਣਿਆ......

ਇਸ ਤੋਂ ਪਹਿਲਾਂ ਵੀ ਕੰਪਨੀ ਨੇ ਆਈ.ਐਨ.ਐਸ. ਵਿਕਰਾਂਤ, ਆਈ.ਐਨ.ਐਸ. ਉਦੈਗਿਰੀ,ਆਈ.ਐਨ.ਐਸ. ਨੀਲਗਿਰੀ ਅਤੇ ਆਈ.ਐਨ.ਐਸ. ਸੂਰਤ ਵਰਗੇ ਕਈ ਮਹੱਤਵਪੂਰਨ ਰੱਖਿਆ ਪ੍ਰਾਜੈਕਟਾਂ ਲਈ ਵਿਸ਼ੇਸ਼ ਸਟੀਲ ਦੀ ਸਪਲਾਈ ਕੀਤੀ ਹੈ। ਇਹ ਕਦਮ ਭਾਰਤ ਸਰਕਾਰ ਦੇ ਆਤਮਨਿਰਭਰ ਭਾਰਤ ਦੇ ਵਿਜ਼ਨ ਨੂੰ ਹੋਰ ਮਜ਼ਬੂਤ ਕਰਦਾ ਹੈ।

## ਹਾਈ ਕੋਰਟ ਵੱਲੋਂ ਸ਼ੰਕਰਾਚਾਰੀਆ ਸਵਾਮੀ ਅਵੀਮੁਕਤੇਸ਼ਵਰਾਨੰਦ ਸਰਸਵਤੀ ਦੀ ਗ੍ਰਿਫ਼ਤਾਰੀ 'ਤੇ ਰੋਕ

ਕਿਹਾ ਕਿ ਉਨ੍ਹਾਂ ਦੀ ਸੰਸਥਾ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। ਉਨ੍ਹਾਂ ਮੁਤਾਬਕ ਇਹ ਮੁਕੱਦਮਾ ਪੂਰੀ ਤਰ੍ਹਾਂ ਝੂਠਾ ਹੈ। ਉਨ੍ਹਾਂ ਨੇ ਨਿਆਂਪਾਲਿਕਾ ਤੇ ਭਰੋਸਾ ਜਤਾਉਂਦਿਆਂ ਕਿਹਾ ਕਿ ਸੱਚਾਈ ਦੀ ਜਿੱਤ ਹੋਵੇਗੀ। ਇਸ ਫੈਸਲੇ ਤੋਂ ਬਾਅਦ ਸ਼ੰਕਰਾਚਾਰੀਆ ਦੇ ਮੱਠ ਵਿੱਚ ਖੁਸ਼ੀ ਦਾ ਮਾਹੌਲ ਹੈ ਅਤੇ ਉਨ੍ਹਾਂ ਦੇ ਸ਼ਰਧਾਲੂਆਂ ਨੇ ਜਸ਼ਨ ਮਨਾਇਆ।

## ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ 'ਚ ਅਗਲੇ ਪੰਜ ਦਿਨ ਮੌਸਮ ਰਹੇਗਾ ਸਾਫ਼

ਮਹੀਨੇ ਦੇ ਆਖਰੀ ਦਿਨ ਵੀ ਮੌਸਮ ਚ ਕੋਈ ਖ਼ਾਸ ਤਬਦੀਲੀ ਨਹੀਂ ਵੇਖੀ ਜਾਵੇਗੀ ਅਤੇ ਸਥਿਤੀ ਆਮ ਬਣੀ ਰਹੇਗੀ। 1 ਮਾਰਚ ਤੋਂ 3 ਮਾਰਚ ਤੱਕ ਵੀ ਮੌਸਮ ਖ਼ੁਸ਼ਕ ਰਹੇਗਾ, ਹਾਲਾਂਕਿ ਆਉਣ ਵਾਲੇ ਦਿਨਾਂ ਵਿਚ ਸੂਬੇ ਦੇ ਤਾਪਮਾਨ ਵਿਚ ਵਾਧਾ ਜ਼ਰੂਰ ਹੋਵੇਗਾ। ਉਥੇ ਹੀ ਜੇਕਰ ਪੰਜਾਬ ਦੇ ਮੌਸਮ ਨੂੰ ਲੈ ਕੇ ਤਾਪਮਾਨ ਦੀ ਗੱਲ ਕੀਤੀ ਜਾਵੇ ਤਾਂ ਪਿਛਲੇ 24 ਘੰਟਿਆਂ ਦਰਮਿਆਨ ਫਿਰੋਜ਼ਪੁਰ ਜ਼ਿਲ੍ਹੇ ਵਿੱਚ ਦਿਨ ਦਾ ਸਭ ਤੋਂ ਵੱਧ ਤਾਪਮਾਨ 28.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸ ਤੋਂ ਬਾਅਦ ਬਠਿੰਡਾ ਜ਼ਿਲ੍ਹੇ ਚ 28.5 ਡਿਗਰੀ ਸੈਲਸੀਅਸ, ਪਟਿਆਲਾ ਅਤੇ ਰੂਪਨਗਰ ਵਿੱਚ 28.3 ਡਿਗਰੀ ਸੈਲਸੀਅਸ ਅਤੇ ਲੁਧਿਆਣਾ ਵਿੱਚ 28 ਡਿਗਰੀ ਸੈਲਸੀਅਸ ਤਾਪਮਾਨ ਰਿਹਾ। ਫਰੀਦਕੋਟ ਜ਼ਿਲ੍ਹੇ ਵਿੱਚ 27.5 ਡਿਗਰੀ ਸੈਲਸੀਅਸ ਤਾਪਮਾਨ ਦਰਜ ਕੀਤਾ ਗਿਆ। ਸੂਬੇ ਦੇ ਔਸਤ ਤਾਪਮਾਨ ਵਿੱਚ 24 ਘੰਟਿਆਂ ਵਿੱਚ 0.4 ਡਿਗਰੀ ਸੈਲਸੀਅਸ ਦਾ ਵਾਧਾ ਹੋਇਆ ਹੈ, ਜੋਕਿ ਆਮ ਨਾਲੋਂ 4 ਡਿਗਰੀ ਸੈਲਸੀਅਸ ਵੱਧ ਹੈ।

## ਕੁੱਤਿਆਂ ਦੇ ਨੋਚਣ ਕਾਰਨ 8 ਸਾਲਾ ਬੱਚੇ ਦੀ ਮੌਤ

ਕਰ ਦਿੱਤਾ। ਪਿਤਾ ਨੇ ਦੱਸਿਆ ਕਿ ਉਹ ਖੇਤਾਂ ਵਿੱਚ ਆਲੂ ਬੀਜ ਰਿਹਾ ਸੀ ਜਦੋਂ ਉਸ ਦਾ ਪੁੱਤਰ ਅਤੇ ਪਤਨੀ ਖਾਣਾ ਦੇਣ ਲਈ ਪਹੁੰਚੇ। ਫਿਰ ਪੁੱਤਰ ਨੇ ਬਾਥਰੂਮ ਜਾਣ ਲਈ ਕਿਹਾ, ਜਿੱਥੇ 5 ਤੋਂ 6 ਕੁੱਤਿਆਂ ਦੇ ਇਕ ਝੁੰਡ ਨੇ ਉਸ ਤੇ ਹਮਲਾ ਕਰ ਦਿੱਤਾ। ਬੇਟੇ ਦੇ ਰੌਲਾ ਪਾਉਣ ਮਗਰੋਂ ਪਤੀ-ਪਤਨੀ ਭੱਜੇ ਅਤੇ ਬੇਟੇ ਨੂੰ ਕੁੱਤਿਆਂ ਨੂੰ ਬੜੀ ਮੁਸ਼ਕਿਲ ਨਾਲ ਛੁਡਵਾਇਆ। ਇਸ ਘਟਨਾ ਵਿੱਚ ਪੁੱਤਰ ਗੰਭੀਰ ਜ਼ਖ਼ਮੀ ਹੋ ਗਿਆ ਸੀ, ਉਸ ਨੂੰ ਇਲਾਜ ਲਈ ਜਲੰਧਰ ਦੇ ਸਿਵਲ ਹਸਪਤਾਲ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਘਟਨਾ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ ਅਤੇ ਪਰਿਵਾਰ ਡੂੰਘੇ ਸਦਮੇ ਵਿੱਚ ਹੈ।

## ਮੋਦੀ ਨੇ ਭਾਰਤੀ ਕੰਪਨੀਆਂ ਨੂੰ ਨਿਵੇਸ਼ ਕਰਨ ਅਤੇ ਬਜਟ ਐਲਾਨਾਂ ਦਾ ਲਾਭ ਲੈਣ ਦੀ ਕੀਤੀ ਅਪੀਲ

ਚਲਾਈ ਗਈ ਹੈ। ਭਾਰਤ ਨੇ ਤਕਨਾਲੋਜੀ-ਅਧਾਰਤ ਚੰਗੇ ਸ਼ਾਸਨ ਨੂੰ ਅਪਣਾਇਆ ਹੈ, ਸੰਸਥਾਵਾਂ ਨੂੰ ਮਜ਼ਬੂਤ ਕੀਤਾ ਹੈ ਅਤੇ ਸੁਧਾਰਾਂ ਦੇ ਰਾਹ ਤੇ ਅੱਗੇ ਵਧਣਾ ਜਾਰੀ ਰੱਖਿਆ ਹੈ। ਉਨ੍ਹਾਂ ਕਿਹਾ,ਸੁਧਾਰਾਂ ਦੀ ਤੇਜ਼ ਗਤੀ ਨੂੰ ਬਣਾਈ ਰੱਖਣ ਲਈ, ਸਾਨੂੰ ਨਾ ਸਿਰਫ਼ ਨੀਤੀਗਤ ਇਰਾਦੇ ਤੇ, ਸਗੋਂ ਸ਼ਾਨਦਾਰ ਲਾਗੂਕਰਨ ਤੇ ਵੀ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ। ਸੁਧਾਰਾਂ ਦਾ ਮੁਲਾਂਕਣ ਜ਼ਮੀਨ ਤੇ ਉਨ੍ਹਾਂ ਦੇ ਪ੍ਰਭਾਵ ਦੇ ਆਧਾਰ ਤੇ ਕੀਤਾ ਜਾਣਾ ਚਾਹੀਦਾ ਹੈ। ਸਾਨੂੰ ਪਾਰਦਰਸ਼ਤਾ, ਗਤੀ ਅਤੇ ਜਵਾਬਦੇਹੀ ਨੂੰ ਵਧਾਉਣ ਲਈ ਆਰਟੀਫਿਸ਼ਿਅਲ ਇੰਟੈਲੀਜੈਂਸੀ, ਬਲਾਕਚੈਨ ਅਤੇ ਡੇਟਾ ਵਿਸ਼ਲੇਸ਼ਣ ਦੀ ਵਿਆਪਕ ਵਰਤੋਂ ਕਰਨੀ ਚਾਹੀਦੀ ਹੈ। ਉਨ੍ਹਾਂ ਨੇ 2047 ਤੱਕ ਵਿਕਸਤ ਭਾਰਤ ਦੇ ਟੀਚੇ ਵੱਲ ਸਰਕਾਰ, ਉਦਯੋਗ, ਵਿੱਤੀ ਸੰਸਥਾਵਾਂ ਅਤੇ ਅਕਾਦਮਿਕ ਸੰਸਥਾਵਾਂ ਵਿਚਕਾਰ ਸਹਿਯੋਗ ਨੂੰ ਰਸਮੀ ਬਣਾਉਣ ਲਈ ਸੁਧਾਰ ਭਾਈਵਾਲੀ ਚਾਰਟਰ ਬਣਾਉਣ ਦਾ ਪ੍ਰਸਤਾਵ ਰੱਖਿਆ। ਮੋਦੀ ਨੇ ਕਿਹਾ ਕਿ ਜਦੋਂ ਸਰਕਾਰ, ਉਦਯੋਗ ਅਤੇ ਗਿਆਨ ਖੇਤਰ ਦੇ ਭਾਈਵਾਲ ਇਕੱਠੇ ਹੁੰਦੇ ਹਨ, ਤਾਂ ਸੁਧਾਰ ਨਤੀਜਿਆਂ ਵਿੱਚ ਬਦਲਦੇ ਹਨ, ਅਤੇ ਕਾਗਜ਼ ਤੇ ਐਲਾਨ ਜ਼ਮੀਨੀ ਪ੍ਰਾਪਤੀਆਂ ਵਿੱਚ ਬਦਲਦੀਆਂ ਹਨ। ਸਰਕਾਰ ਦੁਆਰਾ ਐਲਾਨੀਆਂ ਨਿਵੇਸ਼ਕ-ਅਨੁਕੂਲ ਨੀਤੀਆਂ ਦਾ ਹਵਾਲਾ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਵਿਦੇਸ਼ੀ ਸਿੱਧੇ ਨਿਵੇਸ਼ ਢਾਂਚੇ ਨੂੰ ਸਰਲ ਬਣਾਇਆ ਗਿਆ ਹੈ ਅਤੇ ਵਧੇਰੇ ਅਨੁਮਾਨਯੋਗ ਬਣਾਇਆ ਗਿਆ ਹੈ। ਇਸ ਤੋਂ ਇਲਾਵਾ, ਬਾਂਡ ਮਾਰਕੀਟ ਨੂੰ ਡੂੰਘਾ ਕਰਨ ਲਈ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਟਿਕਾਊ ਵਿਦੇਸ਼ੀ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਨਵੇਂ ਘੱਟ-ਜੋਖਮ ਵਾਲੇ ਵਿੱਤੀ ਸਾਧਨ ਵਿਕਸਤ ਕੀਤੇ ਜਾਣੇ ਚਾਹੀਦੇ ਹਨ। ਇਹ ਨੋਟ ਕਰਦੇ ਹੋਏ ਕਿ ਬਜਟ ਦਾ ਅਕਸਰ ਵੱਖ-ਵੱਖ ਮਾਪਦੰਡਾਂ ਤੇ ਮੁਲਾਂਕਣ ਕੀਤਾ ਜਾਂਦਾ ਹੈ, ਮੋਦੀ ਨੇ ਕਿਹਾ, ਰਾਸ਼ਟਰੀ ਬਜਟ ਇੱਕ ਛੋਟੀ ਮਿਆਦ ਦਾ ਵਪਾਰਕ ਦਸਤਾਵੇਜ਼ ਨਹੀਂ ਹੈ। ਇਹ ਇੱਕ ਨੀਤੀਗਤ ਬਲੂਪ੍ਰਿੰਟ ਹੈ। ਇਸ ਲਈ, ਬਜਟ ਦੀ ਪ੍ਰਭਾਵਸ਼ੀਲਤਾ ਦਾ ਮੁਲਾਂਕਣ ਠੋਸ ਅਤੇ ਅਰਥਪੂਰਨ ਮਾਪਦੰਡਾਂ ਤੇ ਵੀ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਅੱਗੇ ਕਿਹਾ, ਬਜਟ ਤੋਂ ਬਾਅਦ ਹਰ ਸਾਲ ਆਯੋਜਿਤ ਕੀਤਾ ਜਾਣ ਵਾਲਾ ਬਜਟ ਵੈਬਿਨਾਰ ਮਹੱਤਵਪੂਰਨ ਹੈ। ਮੈਂ ਚਾਹੁੰਦਾ ਹਾਂ ਕਿ ਇਹ ਵੈਬਿਨਾਰ ਸਿਰਫ਼ ਰਸਮੀ ਚਰਚਾਵਾਂ ਤੱਕ ਸੀਮਤ ਨਾ ਰਹੇ, ਸਗੋਂ ਅਰਥਪੂਰਨ ਵਿਚਾਰ-ਵਟਾਂਦਰੇ ਤੇ ਕੇਂਦ੍ਰਿਤ ਹੋਵੇ।


**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

## ਸੰਪਾਦਕੀ

# ਮਨੁੱਖੀ ਕਦਰਾਂ-ਕੀਮਤਾਂ ਦੇ ਵਿਰੁੱਧ

ਭਾਰਤ ਵਿੱਚ ਇੱਕ ਮਜ਼ਬੂਤ ਲੋਕਤੰਤਰੀ ਪਰੰਪਰਾ ਹੈ ਅਤੇ ਨਾਗਰਿਕ ਸੰਵਿਧਾਨ ਦੇ ਤਹਿਤ ਪ੍ਰਗਟਾਵੇ ਦੀ ਆਜ਼ਾਦੀ ਦਾ ਅਧਿਕਾਰ ਮਾਣਦੇ ਹਨ। ਹਾਲਾਂਕਿ ਇਸ ਦੇ ਨਾਲ ਕੁਝ ਜ਼ਿੰਮੇਵਾਰੀਆਂ ਵੀ ਹਨ, ਜੋ ਇਕੱਠੇ ਇੱਕ ਸਦਭਾਵਨਾਪੂਰਨ ਅਤੇ ਸਹਿਯੋਗੀ ਸਮਾਜ ਵਿੱਚ ਯੋਗਦਾਨ ਪਾਉਂਦੀਆਂ ਹਨ। ਵਿਅੰਗਾਤਮਕ ਤੌਰ 'ਤੇ ਪ੍ਰਗਟਾਵੇ ਦੀ ਆਜ਼ਾਦੀ ਅਕਸਰ ਪੱਖਪਾਤ ਅਤੇ ਸਿਰਫ਼ ਧਾਰਨਾ 'ਤੇ ਅਧਾਰਤ ਵਿਚਾਰਾਂ ਦੁਆਰਾ ਛਾਈ ਹੁੰਦੀ ਹੈ ਅਤੇ ਵਿਅਕਤੀਆਂ ਜਾਂ ਭਾਈਚਾਰਿਆਂ ਨੂੰ ਨਿਸ਼ਾਨਾ ਬਣਾਉਣ ਲਈ ਇੱਕ ਸਾਧਨ ਵਜੋਂ ਵਰਤੀ ਜਾਂਦੀ ਹੈ। ਪ੍ਰਭਾਵਸ਼ਾਲੀ ਸੰਚਾਰ ਅਤੇ ਵਿਆਪਕ ਪਹੁੰਚ ਵਾਲੇ ਇੱਕ ਕਲਾ ਮਾਧਿਅਮ ਵਜੋਂ ਫਿਲਮਾਂ ਨੇ ਮਹੱਤਵਪੂਰਨ ਮੁੱਦਿਆਂ ਨੂੰ ਹੱਲ ਕਰਨ ਲਈ ਪ੍ਰਗਟਾਵੇ ਦੇ ਰਚਨਾਤਮਕ ਪਹਿਲੂ ਦੀ ਵਰਤੋਂ ਕੀਤੀ ਹੈ ਅਤੇ ਵਿਆਪਕ ਪ੍ਰਵਾਨਗੀ ਪ੍ਰਾਪਤ ਕੀਤੀ ਹੈ। ਦੁੱਖ ਦੀ ਗੱਲ ਹੈ ਕਿ ਇਸ ਵਿਸ਼ੇਸ਼ ਅਧਿਕਾਰ ਦੀ ਅਕਸਰ ਦੁਰਵਰਤੋਂ ਕੀਤੀ ਜਾਂਦੀ ਹੈ। ਪ੍ਰਗਟਾਵੇ ਦੀ ਆਜ਼ਾਦੀ ਦੇ ਨਾਮ 'ਤੇ, ਇੱਕ ਫਿਲਮ ਵਿੱਚ ਪੇਸ਼ ਕੀਤੇ ਗਏ ਬਿਰਤਾਂਤ ਦੁਆਰਾ ਇੱਕ ਭਾਈਚਾਰੇ ਬਾਰੇ ਗਲਤ ਪ੍ਰਭਾਵ ਪੈਦਾ ਕਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ। ਇਸੇ ਤਰ੍ਹਾਂ ਕੁਝ ਨੇਤਾ, ਆਪਣੀਆਂ ਜ਼ਿੰਮੇਵਾਰੀਆਂ ਅਤੇ ਸੀਮਾਵਾਂ ਦੀ ਅਣਦੇਖੀ ਕਰਦੇ ਹੋਏ, ਅਜਿਹੇ ਬਿਆਨ ਦਿੰਦੇ ਹਨ ਜੋ ਬੇਸ਼ੱਕ ਵੱਖ-ਵੱਖ ਭਾਈਚਾਰਿਆਂ ਵਿਚਕਾਰ ਦੁਸ਼ਮਣੀ ਪੈਦਾ ਕਰਦੇ ਹਨ। ਹਾਲਾਂਕਿ, ਇਸ ਦੇ ਨਤੀਜੇ ਵਜੋਂ ਸਦਭਾਵਨਾ-ਅਧਾਰਤ ਸੰਵਾਦ ਅਤੇ ਵੱਖ-ਵੱਖ ਭਾਈਚਾਰਿਆਂ ਵਿਚਕਾਰ ਸਬੰਧਾਂ ਦੇ ਪਿੱਛੇ ਹਟਣਾ ਵੀ ਹੋ ਸਕਦਾ ਹੈ। ਇਸ ਦੇ, ਬੇਸ਼ੱਕ, ਦੇਸ਼ ਲਈ ਲੰਬੇ ਸਮੇਂ ਦੇ ਨਤੀਜੇ ਹੋ ਸਕਦੇ ਹਨ। ਸ਼ਾਇਦ ਇਸੇ ਲਈ, ਇੱਕ ਫਿਲਮ 'ਤੇ ਵਿਚਾਰ ਕਰਦੇ ਹੋਏ ਜੋ ਹਾਲ ਹੀ ਵਿੱਚ ਇਸਦੇ ਸਿਰਲੇਖ ਕਾਰਨ ਵਿਵਾਦਪੂਰਨ ਬਣ ਗਈ ਸੀ, ਸੁਪਰੀਮ ਕੋਰਟ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਰਾਸ਼ਟਰੀ ਏਕਤਾ ਅਤੇ ਸਮਾਜਿਕ ਸਦਭਾਵਨਾ ਲਈ ਭਾਈਚਾਰਾ ਜ਼ਰੂਰੀ ਹੈ। ਆਪਣੇ ਵੱਖਰੇ ਫੈਸਲੇ ਵਿੱਚ ਜਸਟਿਸ ਉੱਜਲ ਭੂਈਆਂ ਨੇ ਕਿਹਾ ਕਿ ਕਿਸੇ ਵੀ ਜਾਣੀ-ਪਛਾਣੀ ਸ਼ਖਸੀਅਤ, ਜਿਸ ਵਿੱਚ ਸਰਕਾਰੀ ਅਤੇ ਗੈਰ-ਸਰਕਾਰੀ ਸ਼ਖਸੀਅਤਾਂ ਅਤੇ ਖਾਸ ਕਰਕੇ ਉੱਚ ਸੰਵਿਧਾਨਕ ਅਹੁਦਿਆਂ 'ਤੇ ਬੈਠੇ ਲੋਕ ਸ਼ਾਮਲ ਹਨ, ਲਈ ਭਾਸ਼ਣਾਂ, ਮੀਮਜ਼, ਕਾਰਟੂਨਾਂ ਜਾਂ ਵਿਜ਼ੂਅਲ ਮੀਡੀਆ ਰਾਹੀਂ ਧਰਮ, ਜਾਤ, ਭਾਸ਼ਾ ਜਾਂ ਖੇਤਰ ਦੇ ਆਧਾਰ 'ਤੇ ਕਿਸੇ ਵੀ ਭਾਈਚਾਰੇ ਨੂੰ ਬਦਨਾਮ ਕਰਨਾ ਜਾਂ ਨਿਸ਼ਾਨਾ ਬਣਾਉਣਾ ਸੰਵਿਧਾਨ ਦੀ ਉਲੰਘਣਾ ਹੈ। ਦਰਅਸਲ, ਹਾਲ ਹੀ ਦੇ ਸਮੇਂ ਵਿੱਚ ਦੇਸ਼ ਭਰ ਵਿੱਚ ਵੱਖ-ਵੱਖ ਸੰਦਰਭਾਂ ਵਿੱਚ ਕੁਝ ਨੇਤਾਵਾਂ ਦੇ ਬਿਆਨਾਂ ਜਾਂ ਫਿਲਮਾਂ ਨੇ ਵਾਰ-ਵਾਰ ਵਿਵਾਦ ਪੈਦਾ ਕੀਤਾ ਹੈ। ਜਨਤਕ ਬਿਆਨ, ਜਿਨ੍ਹਾਂ ਦਾ ਕੋਈ ਠੋਸ ਆਧਾਰ ਨਹੀਂ ਸੀ, ਉਹ ਝਿਜਕਦੇ ਨਹੀਂ ਸਨ, ਫਿਰ ਵੀ ਉਨ੍ਹਾਂ ਨੇ ਜਨਤਕ ਰਾਏ ਨੂੰ ਆਕਾਰ ਦੇਣ ਵਿੱਚ ਭੂਮਿਕਾ ਨਿਭਾਈ। ਭਾਵੇਂ ਇਹ ਫਿਲਮਾਂ ਵਿੱਚ ਚਿੱਤਰਣ ਹੋਵੇ ਜਾਂ ਸਿਆਸਤਦਾਨਾਂ ਦੇ ਬਿਆਨ, ਅਜਿਹੇ ਕਈ ਮਾਮਲੇ ਸਾਹਮਣੇ ਆਏ ਹਨ, ਜਿੱਥੇ ਇਨ੍ਹਾਂ ਨੇ ਬੇਲੋੜੇ ਵਿਵਾਦ ਨੂੰ ਜਨਮ ਦਿੱਤਾ ਹੈ, ਆਪਸੀ ਸਦਭਾਵਨਾ ਨੂੰ ਨੁਕਸਾਨ ਪਹੁੰਚਾਇਆ ਹੈ ਅਤੇ ਇੱਥੋਂ ਤੱਕ ਕਿ ਇੱਕ ਖਾਸ ਭਾਈਚਾਰੇ ਨੂੰ ਕਮਜ਼ੋਰ ਜਾਂ ਅਸੁਰੱਖਿਅਤ ਮਹਿਸੂਸ ਕਰਵਾਇਆ ਹੈ। ਸਵਾਲ ਇਹ ਹੈ ਕਿ ਕੀ ਬੋਲਣ ਦੀ ਆਜ਼ਾਦੀ ਦੇ ਤਹਿਤ ਕਹੀ ਗਈ ਗੱਲ ਦੇ ਆਧਾਰ ਅਤੇ ਪ੍ਰਭਾਵ 'ਤੇ ਵਿਚਾਰ ਕਰਨ ਦੀ ਕੋਈ ਕੋਸ਼ਿਸ਼ ਕੀਤੀ ਜਾਂਦੀ ਹੈ, ਜੋ ਕਿਸੇ ਵਿਅਕਤੀ ਜਾਂ ਭਾਈਚਾਰੇ ਨੂੰ ਨਿਸ਼ਾਨਾ ਬਣਾਉਂਦੀ ਹੈ। ਇਹ ਯਾਦ ਰੱਖਣਾ ਮਹੱਤਵਪੂਰਨ ਹੈ ਕਿ ਸਦਭਾਵਨਾ ਅਤੇ ਆਪਸੀ ਭਾਈਚਾਰਾ ਸੰਵਿਧਾਨ ਦੇ ਬੁਨਿਆਦੀ ਉਦੇਸ਼ਾਂ ਵਿੱਚੋਂ ਇੱਕ ਹਨ। ਧਾਰਾ 51A(e) ਦੇ ਤਹਿਤ, ਧਾਰਮਿਕ, ਭਾਸ਼ਾਈ ਅਤੇ ਖੇਤਰੀ ਮਤਭੇਦਾਂ ਦੀ ਪਰਵਾਹ ਕੀਤੇ ਬਿਨਾਂ, ਨਾਗਰਿਕਾਂ ਵਿੱਚ ਸਦਭਾਵਨਾ ਅਤੇ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਹਰੇਕ ਨਾਗਰਿਕ ਦਾ ਮੁੱਢਲਾ ਫਰਜ਼ ਹੈ। ਹਾਲਾਂਕਿ, ਧਰਮ, ਭਾਸ਼ਾ, ਜਾਤ ਜਾਂ ਖੇਤਰ ਦੇ ਆਧਾਰ 'ਤੇ ਕਿਸੇ ਵਿਅਕਤੀ ਜਾਂ ਭਾਈਚਾਰੇ ਨੂੰ ਨਿਸ਼ਾਨਾ ਬਣਾਉਣਾ ਸੰਵਿਧਾਨ ਅਤੇ ਮਨੁੱਖੀ ਕਦਰਾਂ-ਕੀਮਤਾਂ ਦੇ ਵਿਰੁੱਧ ਹੈ।

-ਜਗਜੀਤ ਸਿੰਘ ਦਰਦੀ

# ਅੱਜ ਪੰਜਾਬ ਵਿੱਚ ਰਾਜਨੀਤੀ ਨਹੀਂ, ਨੈਰੇਟਿਵ ਦੀ ਲੜਾਈ ਚੱਲ ਰਹੀ ਹੈ

## ਲੋਕਾਂ ਤੋਂ ਦੂਰ ਤੇ ਸੰਵਿਧਾਨਕ ਆਦਰਸ਼ਾਂ ਤੋਂ ਭਟਕਦੀ ਸਿਆਸਤ ਅਤੇ ਖ਼ਤਰਨਾਕ ਦੌਰ ਵਿੱਚ ਦਾਖ਼ਲ ਹੁੰਦਾ ਪੰਜਾਬ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਪੰਜਾਬ ਦੀ ਰਾਜਨੀਤੀ ਤੇ ਸਮਾਜ ਅੱਜ ਉਸ ਖ਼ਤਰਨਾਕ ਦੌਰ ਵਿੱਚ ਦਾਖਲ ਹੋ ਗਿਆ ਹੈ, ਜਿਸਦੀ ਚਿੰਤਾ ਸ਼ਾਇਦ ਕਿਸੇ ਨੂੰ ਨਹੀਂ ਹੈ। ਪੰਜਾਬ ਅੱਜ ਕਿਸੇ ਆਮ ਰਾਜਨੀਤਿਕ ਸੰਕਟ ਵਿੱਚ ਨਹੀਂ ਹੈ। ਇਹ ਸਰਕਾਰ ਬਦਲਣ ਜਾਂ ਵਿਰੋਧੀ ਧਿਰ ਦੀ ਕਮਜ਼ੋਰੀ ਦਾ ਮਾਮਲਾ ਵੀ ਨਹੀਂ ਹੈ।

ਅੱਜ ਅਸਲ ਸੰਕਟ ਇਸ ਤੋਂ ਕਈ ਗੁਣਾ ਡੂੰਘਾ ਹੈ। ਪੰਜਾਬ ਉਸ ਮੋੜ 'ਤੇ ਪਹੁੰਚ ਚੁੱਕਾ ਹੈ ਜਿੱਥੇ ਰਾਜਨੀਤੀ ਆਪਣੀ ਸੰਵਿਧਾਨਕ ਭੂਮਿਕਾ ਤੋਂ ਹਟ ਕੇ ਮਨੋਵਿਗਿਆਨਕ ਨੈਰੇਟਿਵ ਦੀ ਜੰਗ ਬਣ ਗਈ ਹੈ। ਅੱਜ ਭਾਰਤ ਦਾ ਸੰਵਿਧਾਨ ਰਾਜਨੀਤੀ ਨੂੰ ਸੱਤਾ ਪ੍ਰਾਪਤੀ ਦਾ ਸਾਧਨ ਨਹੀਂ, ਸਗੋਂ ਲੋਕ-ਕਲਿਆਣ ਦਾ ਸੰਸਥਾਗਤ ਮਕੈਨਿਜ਼ਮ ਮੰਨਦਾ ਹੈ ਪਰ ਪੰਜਾਬ ਵਿੱਚ ਅੱਜ ਜੋ ਦ੍ਰਿਸ਼ ਦਿਖਾਈ ਦੇ ਰਿਹਾ ਹੈ, ਉਹ ਇਹ ਸਵਾਲ ਖੜ੍ਹਾ ਕਰਦਾ ਹੈ ਕਿ ਕੀ ਸਿਆਸਤ ਹੁਣ ਲੋਕਾਂ ਲਈ ਰਹੀ ਵੀ ਹੈ ਜਾਂ ਸਿਰਫ਼ ਰਾਜਨੀਤਿਕ ਬ੍ਰਾਂਡਿੰਗ ਦਾ ਮੰਚ ਬਣ ਗਈ ਹੈ?

ਅੱਜ ਪੰਜਾਬ ਵਿੱਚ ਚੋਣਾਂ ਨੀਤੀਆਂ 'ਤੇ ਨਹੀਂ ਲੜੀਆਂ ਜਾ ਰਹੀਆਂ ਧਾਰਨਾਵਾਂ 'ਤੇ ਲੜੀਆਂ ਜਾ ਰਹੀਆਂ ਹਨ। ਸੰਵਿਧਾਨ ਦੀ ਆਤਮਾ ਅਤੇ ਮੌਜੂਦਾ ਪੰਜਾਬ ਵਿੱਚ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ (Preamble) ਸਪੱਸ਼ਟ ਤੌਰ 'ਤੇ ਨਿਆਂ, ਆਜ਼ਾਦੀ, ਸਮਾਨਤਾ ਅਤੇ ਭਾਈਚਾਰੇ ਨੂੰ ਰਾਜ ਪ੍ਰਬੰਧ ਦਾ ਕੇਂਦਰ ਬਣਾਉਂਦੀ ਹੈ।

ਪਰ ਸਵਾਲ ਇਹ ਹੈ ਕਿ ਕੀ ਪੰਜਾਬ ਦੀ ਰਾਜਨੀਤੀ ਅੱਜ ਇਨ੍ਹਾਂ ਚਾਰ ਆਦਰਸ਼ਾਂ ਵੱਲ ਵਧ ਰਹੀ ਹੈ?

ਅੱਜ ਜਦੋਂ ਜਨਤਕ ਚਰਚਾ ਤੱਥਾਂ ਦੀ ਥਾਂ ਦੋਸ਼ਾਰੋਪਣ 'ਤੇ ਟਿਕ ਜਾਵੇ, ਪ੍ਰਸ਼ਾਸਨਿਕ ਫੈਸਲੇ ਰਾਜਨੀਤਿਕ ਪ੍ਰਤੀਸ਼ੋਧ ਵਾਂਗ ਦਿਸਣ ਅਤੇ ਰਾਜਨੀਤੀ ਵਿਕਾਸ ਦੀ ਥਾਂ ਛਵੀ-ਨਿਰਮਾਣ ਵਿੱਚ ਲੱਗ ਜਾਵੇ, ਤਾਂ ਇਹ ਸਿਰਫ਼ ਰਾਜਨੀਤਿਕ ਗਿਰਾਵਟ ਨਹੀਂ ਹੁੰਦੀ — ਇਹ ਸੰਵਿਧਾਨਕ ਨੈਤਿਕਤਾ (Constitutional Morality) ਦਾ ਸੰਕਟ ਹੁੰਦਾ ਹੈ।

ਡਾ. ਬੀ.ਆਰ. ਅੰਬੇਡਕਰ ਨੇ ਚੇਤਾਵਨੀ ਦਿੱਤੀ ਸੀ ਕਿ ਸੰਵਿਧਾਨ ਕਿੰਨਾ ਵੀ ਉੱਤਮ ਹੋਵੇ, ਜੇ ਉਸਨੂੰ ਚਲਾਉਣ ਵਾਲੇ ਲੋਕ ਸੰਵਿਧਾਨਕ ਮਰਿਆਦਾ ਨਾ ਰੱਖਣ ਤਾਂ ਲੋਕਤੰਤਰ ਖੋਖਲਾ ਹੋ ਜਾਂਦਾ ਹੈ। ਅੱਜ ਪੰਜਾਬ ਵਿੱਚ ਇਹੀ ਖ਼ਤਰਾ ਉਭਰ ਰਿਹਾ ਹੈ।

ਅੱਜ ਪੰਜਾਬ ਵਿੱਚ ਨੈਰੇਟਿਵ ਦੀ ਰਾਜਨੀਤੀ ਲੋਕਤੰਤਰ ਦਾ ਨਵਾਂ ਸੰਕਟ ਹੈ। ਨੈਰੇਟਿਵ ਦੀ ਰਾਜਨੀਤੀ ਦਾ ਮਤਲਬ ਹੈ — ਹਕੀਕਤ ਤੋਂ ਵੱਧ ਧਾਰਨਾ 'ਤੇ ਕਬਜ਼ਾ। ਅੱਜ ਹਰ ਰਾਜਨੀਤਿਕ ਪਾਰਟੀ ਆਪਣਾ ਸੱਚ ਬਣਾਉਂਦੀ ਹੈ। ਕੋਈ ਆਪਣੇ ਆਪ ਨੂੰ ਇਕੱਲਾ ਇਮਾਨਦਾਰ ਦਿਖਾਉਂਦਾ ਹੈ, ਕੋਈ ਆਪਣੇ ਆਪ ਨੂੰ ਪੰਜਾਬੀ ਅਸਮੀਤਾ ਦਾ ਰੱਖਿਆਕ, ਕੋਈ ਕੇਂਦਰ ਵਿਰੋਧ ਨੂੰ ਹੀ ਰਾਜਨੀਤੀ ਬਣਾਉਂਦਾ ਹੈ।

ਅੱਜ ਇਸ ਪ੍ਰਕਿਰਿਆ ਵਿੱਚ Article AI(A) (a) — ਅਭਿਵਯਕਤੀ ਦੀ ਆਜ਼ਾਦੀ — ਇੱਕ ਨਵੀਂ ਚੁਣੌਤੀ ਦਾ ਸਾਹਮਣਾ ਕਰਦੀ ਹੈ। ਹੁਣ ਜਦੋਂ ਜਾਣਕਾਰੀ ਪ੍ਰਚਾਰ ਬਣ ਜਾਵੇ, ਤਾਂ ਆਜ਼ਾਦੀ ਮੌਜੂਦ ਹੋਣ ਦੇ ਬਾਵਜੂਦ ਸੱਚ ਗਾਇਬ ਹੋ ਜਾਂਦਾ ਹੈ।

ਅੱਜ ਸੰਘੀ ਢਾਂਚਾ ਅਤੇ ਪੰਜਾਬ ਦਾ ਟਕਰਾਅ ਭਾਰਤ ਦਾ ਸੰਵਿਧਾਨ Article A ਅਨੁਸਾਰ "Union of States" ਹੈ। ਇਸਦਾ ਮਤਲਬ ਹੈ ਕਿ ਰਾਜ ਅਤੇ ਕੇਂਦਰ ਸਾਥੀ ਹਨ, ਵਿਰੋਧੀ ਨਹੀਂ ਪਰ ਪੰਜਾਬ ਵਿੱਚ ਕੇਂਦਰ-ਰਾਜ ਸੰਬੰਧ ਅਕਸਰ ਰਾਜਨੀਤਿਕ ਨੈਰੇਟਿਵ ਦਾ ਹਿੱਸਾ ਬਣ ਜਾਂਦੇ ਹਨ। ਅੱਜ Article BDF Seventh Schedule ਰਾਜਾਂ ਨੂੰ ਖੇਤੀਬਾੜੀ, ਕਾਨੂੰਨ-ਵਿਵਸਥਾ ਅਤੇ ਸਥਾਨਕ ਪ੍ਰਸ਼ਾਸਨ ਵਿੱਚ ਅਧਿਕਾਰ ਦਿੰਦੇ ਹਨ ਪਰ ਜਦੋਂ ਹਰ ਪ੍ਰਸ਼ਾਸਨਿਕ ਮਸਲਾ ਰਾਜਨੀਤਿਕ ਟਕਰਾਅ ਬਣ ਜਾਵੇ, ਤਦ ਸੰਘੀ ਸੰਤੁਲਨ ਕਮਜ਼ੋਰ ਹੁੰਦਾ ਹੈ ਅਤੇ ਫੈਡਰਲਿਜ਼ਮ ਸਹਿਯੋਗ ਨਾਲ ਚਲਦਾ ਹੈ, ਟਕਰਾਅ ਨਾਲ ਨਹੀਂ।

ਅੱਜ ਪੰਜਾਬ ਵਿੱਚ ਨਿੱਜੀ ਰੰਜਿਸ਼ਾਂ ਦਾ ਸੰਵਿਧਾਨਕ ਖ਼ਤਰਾ ਪੈਦਾ ਹੋ ਗਿਆ ਹੈ। ਸੰਵਿਧਾਨ Article 14 ਅਧੀਨ ਸਮਾਨਤਾ ਦੀ ਗਾਰੰਟੀ ਦਿੰਦਾ ਹੈ ਪਰ ਜਦੋਂ ਸਰਕਾਰੀ ਕਾਰਵਾਈਆਂ ਨਿੱਜੀ ਜਾਂ ਰਾਜਨੀਤਿਕ ਬਦਲੇ ਵਾਂਗ ਦਿਸਣ ਲੱਗਣ, ਤਾਂ ਲੋਕਾਂ ਦਾ ਭਰੋਸਾ ਘਟਦਾ ਹੈ। ਇਹ ਰਾਜਨੀਤੀ ਦਾ ਨਿੱਜੀਕਰਨ ਲੋਕਤੰਤਰ ਲਈ ਸਭ ਤੋਂ ਵੱਡਾ ਖ਼ਤਰਾ ਹੈ।

ਪੰਜਾਬ ਵਿੱਚ ਅੱਜ ,ਦਲੀਲ ਦੀ ਥਾਂ ਦੋਸ਼, ਨੀਤੀ ਦੀ ਥਾਂ ਪ੍ਰਤੀਸ਼ੋਧ ਅਤੇ ਸੰਵਾਦ ਦੀ ਥਾਂ ਟਕਰਾਅ ਦਿਖਾਈ ਦਿੰਦਾ ਹੈ। ਇਹ ਸਥਿਤੀ ਸੰਵਿਧਾਨਕ ਸ਼ਾਸਨ ਦੀ ਆਤਮਾ ਦੇ ਵਿਰੁੱਧ ਹੈ। ਅੱਜ ਮੀਡੀਆ, ਲੋਕਤੰਤਰ ਅਤੇ ਜਵਾਬਦੇਹੀ ਅਤੇ ਸੁਪਰੀਮ ਕੋਰਟ ਨੇ ਕਈ ਫੈਸਲਿਆਂ ਵਿੱਚ ਮੀਡੀਆ ਨੂੰ ਲੋਕਤੰਤਰ ਦਾ ਚੌਥਾ ਸਤੰਭ ਮੰਨਿਆ ਹੈ ਪਰ Article AI ਨਾਲ ਜੁੜੀ ਆਜ਼ਾਦੀ ਨਾਲ ਜ਼ਿੰਮੇਵਾਰੀ ਵੀ ਆਉਂਦੀ ਹੈ।

ਅੱਜ ਪੰਜਾਬ ਵਿੱਚ ਅੱਜ ਨੀਤੀਗਤ ਪੱਤਰਕਾਰਤਾ ਘੱਟ ਅਤੇ ਸਨਸਨੀਖੇਜ਼ ਚਰਚਾ ਵੱਧ ਰਹੀ ਹੈ। ਜਦੋਂ ਅਪਰਾਧ ਖ਼ਬਰ ਬਣਦਾ ਹੈ, ਪਰ ਆਰਥਿਕ ਨੀਤੀ ਚਰਚਾ ਨਹੀਂ ਬਣਦੀ, ਤਾਂ ਸਮਾਜ ਦਾ ਧਿਆਨ ਮੁੱਦਿਆਂ ਤੋਂ ਹੱਟ ਜਾਂਦਾ ਹੈ। ਨੈਰੇਟਿਵ ਫਿਰ ਲੋਕਤੰਤਰ ਨੂੰ ਦਿਸ਼ਾ ਦੇਣ ਲੱਗਦਾ ਹੈ।

ਅੱਜ ਪੰਜਾਬ ਦੇ ਲੋਕਾਂ ਤੇ ਨੌਜਵਾਨ ਅਤੇ Article 21 ਦਾ ਸੰਕਟ ਹੈ। Article 21 ਜੀਵਨ ਅਤੇ ਵਿਅਕਤੀਗਤ ਆਜ਼ਾਦੀ ਦਾ ਅਧਿਕਾਰ ਦਿੰਦਾ ਹੈ — ਜਿਸ ਵਿੱਚ ਗੌਰਵਮਈ ਜੀਵਨ ਸ਼ਾਮਲ ਹੈ। ਅੱਜ ਜਦੋਂ ਪੰਜਾਬ ਦਾ ਨੌਜਵਾਨ ਆਪਣਾ ਭਵਿੱਖ ਸੂਬੇ ਵਿੱਚ ਨਹੀਂ ਵੇਖਦਾ ਅਤੇ ਵਿਦੇਸ਼ ਜਾਣ ਨੂੰ ਹੀ ਇਕੱਲਾ ਰਾਹ ਮੰਨਦਾ ਹੈ, ਤਾਂ ਇਹ ਸਿਰਫ਼ ਆਰਥਿਕ ਸਮੱਸਿਆ ਨਹੀਂ ਰਹਿੰਦੀ। ਇਹ ਰਾਜ ਦੀ ਨੀਤੀਗਤ ਅਸਫਲਤਾ ਬਣ ਜਾਂਦੀ ਹੈ। ਮਾਈਗ੍ਰੇਸ਼ਨ ਅਸਲ ਵਿੱਚ ਇਕ ਚੁੱਪ ਸੰਵਿਧਾਨਕ ਪ੍ਰਦਰਸ਼ਨ ਹੈ।

ਅੱਜ ਪੰਜਾਬ ਵਿੱਚ ਆਰਥਿਕ ਨੀਤੀ ਦੀ ਗੈਰਹਾਜ਼ਰੀ ਵਿੱਚ Directive Principles of State Policy (Article 38, 39) ਰਾਜ ਨੂੰ ਸਮਾਜਿਕ ਅਤੇ ਆਰਥਿਕ ਨਿਆਂ ਯਕੀਨੀ ਬਣਾਉਣ ਲਈ ਕਹਿੰਦੇ ਹਨ ਪਰ ਪੰਜਾਬ ਦੀ ਹਕੀਕਤ ਵਿੱਚ ਵਧਦਾ ਕਰਜ਼ਾ, ਘਟਦਾ ਉਦਯੋਗ, ਖੇਤੀ ਸੰਕਟ, ਹੈ ਬੇਰੋਜ਼ਗਾਰੀ ਹੈ।

ਅੱਜ ਜੇ ਰਾਜ ਦੀ ਰਾਜਨੀਤੀ ਨੈਰੇਟਿਵ ਵਿੱਚ ਫਸੀ ਰਹੇ ਅਤੇ ਆਰਥਿਕ ਪੁਨਰਗਠਨ ਨਾ ਹੋਵੇ, ਤਾਂ ਸੰਵਿਧਾਨਕ ਲਕਸ਼ ਅਧੂਰੇ ਰਹਿ ਜਾਂਦੇ ਹਨ।

ਅੱਜ ਪੰਜਾਬ ਵਿੱਚ ਧ੍ਰੁਵੀਕਰਨ ਦੀ ਰਾਜਨੀਤੀ— ਇਤਿਹਾਸ ਦੀ ਚੇਤਾਵਨੀ ਹੈ ਅਤੇ ਸੰਵਿਧਾਨ Article 51A ਅਧੀਨ ਨਾਗਰਿਕਾਂ ਨੂੰ ਭਾਈਚਾਰਾ ਅਤੇ ਸਾਂਝ ਕਾਇਮ ਰੱਖਣ ਦੀ ਜ਼ਿੰਮੇਵਾਰੀ ਦਿੰਦਾ ਹੈ।

ਪੰਜਾਬ ਨੇ ਇਤਿਹਾਸ ਵਿੱਚ ਧਰੁਵੀਕਰਨ ਦੀ ਕੀਮਤ ਭੁਗਤੀ ਹੈ।

ਇਸ ਲਈ ਭਾਵਨਾਤਮਕ ਰਾਜਨੀਤੀ ਦਾ ਦੁਬਾਰਾ ਉਭਾਰ ਖ਼ਤਰਨਾਕ ਸੰਕੇਤ ਹੈ। ਜਦੋਂ ਸਮਾਜ ਵਿਚ ਅਣਵਿਸ਼ਵਾਸ ਵਧਦਾ ਹੈ, ਵਿਕਾਸ ਅਸੰਭਵ ਹੋ ਜਾਂਦਾ ਹੈ।

ਅੱਜ ਲੋਕਤੰਤਰ ਦੀ ਗੁਣਵੱਤਾ ਦਾ ਸਵਾਲ ਹੈ ਅਤੇ ਚੋਣਾਂ ਕਰਵਾ ਦੇਣਾ ਹੀ ਲੋਕਤੰਤਰ ਨਹੀਂ ਹੁੰਦਾ। ਸੁਪਰੀਮ ਕੋਰਟ ਨੇ ਕਿਹਾ ਹੈ ਕਿ ਲੋਕਤੰਤਰ ਦੀ ਸਫਲਤਾ informed citizenry 'ਤੇ ਨਿਰਭਰ ਕਰਦੀ ਹੈ। ਅੱਜ ਜੇ ਵੋਟਰ ਨੈਰੇਟਿਵ ਦੇ ਆਧਾਰ 'ਤੇ ਫੈਸਲਾ ਕਰਨ, ਤਾਂ ਲੋਕਤੰਤਰ ਦੀ ਗੁਣਵੱਤਾ ਘਟਦੀ ਹੈ।

ਕੀ ਪੰਜਾਬ ਨੀਤੀਹੀਨ ਦੌਰ ਵਿੱਚ ਦਾਖ਼ਲ ਹੋ ਗਿਆ ਹੈ? ਸਭ ਤੋਂ ਵੱਡਾ ਸਵਾਲ ਇਹੀ ਹੈ। ਸੂਬੇ ਕੋਲ ਲੰਬੀ ਅਵਸਥਾ ਵਿੱਚ ਉਦਯੋਗਿਕ ਰਣਨੀਤੀ, ਸਿੱਖਿਆ ਸੁਧਾਰ ਮਾਡਲ, ਖੇਤੀ ਬਦਲਾਅ ਯੋਜਨਾ, ਰੋਜ਼ਗਾਰ ਨੀਤੀ ਸਪੱਸ਼ਟ ਰੂਪ ਵਿੱਚ ਮੌਜੂਦ ਨਹੀਂ ਪਰ ਰਾਜਨੀਤਿਕ ਬਿਆਨਬਾਜ਼ੀ ਚਰਮ 'ਤੇ ਹੈ। ਇਹ ਪ੍ਰਬੰਧਕੀ ਨਹੀਂ — ਪ੍ਰਚਾਰਕ ਰਾਜਨੀਤੀ ਹੈ। ਅੱਜ ਪੰਜਾਬ ਵਿੱਚ ਰਾਹ ਕਿੱਥੋਂ ਨਿਕਲੇਗਾ? ਪੰਜਾਬ ਨੂੰ ਮੁੜ ਸੰਵਿਧਾਨਕ ਰਾਜਨੀਤੀ ਵੱਲ ਵਾਪਸ ਜਾਣਾ ਹੋਵੇਗਾ। ਅੱਜ ਜ਼ਰੂਰੀ ਹੈ। ਨੀਤੀ ਆਧਾਰਿਤ ਚੋਣੀ ਚਰਚਾ ਵਿੱਚ ਕੇਂਦਰ-ਰਾਜ ਸਹਿਯੋਗ ਨੌਜਵਾਨ ਕੇਂਦਰਿਤ ਆਰਥਿਕ ਮਾਡਲ ਤੇ ਜਵਾਬਦੇਹ ਮੀਡੀਆ ਸੰਵਾਦ ਦੀ ਸੰਸਕ੍ਰਿਤੀ ਅਤੇ ਰਾਜਨੀਤੀ ਵਿਰੋਧੀ ਨੂੰ ਹਰਾਉਣ ਦੀ ਕਲਾ ਨਹੀਂ — ਸਮਾਜ ਨੂੰ ਅੱਗੇ ਲਿਜਾਣ ਦੀ ਜ਼ਿੰਮੇਵਾਰੀ ਹੈ।

ਡਾ. ਅੰਬੇਡਕਰ ਨੇ ਕਿਹਾ ਸੀ ਕਿ ਲੋਕਤੰਤਰ ਸਿਰਫ਼ ਸਰਕਾਰ ਦੀ ਪ੍ਰਣਾਲੀ ਨਹੀਂ, ਜੀਵਨ ਜੀਣ ਦਾ ਤਰੀਕਾ ਹੈ। ਅੱਜ ਜੇ ਪੰਜਾਬ ਦੀ ਰਾਜਨੀਤੀ ਨੈਰੇਟਿਵ ਦੀ ਕੈਦ ਤੋਂ ਬਾਹਰ ਨਾ ਨਿਕਲੀ, ਤਾਂ ਸੰਕਟ ਸਿਰਫ਼ ਰਾਜਨੀਤਿਕ ਨਹੀਂ ਰਹੇਗਾ — ਸੰਸਥਾਗਤ ਬਣ ਜਾਵੇਗਾ।

ਅੱਜ ਪੰਜਾਬ ਨੂੰ ਅੱਜ ਸਭ ਤੋਂ ਵੱਧ ਲੋੜ ਹੈ। ਸੰਜੀਦਾ ਅਗਵਾਈ ਦੀ, ਸੰਵਿਧਾਨਕ ਮਰਿਆਦਾ ਦੀ ਅਤੇ ਨੀਤੀਗਤ ਇਮਾਨਦਾਰੀ ਦੀ। ਕਿਉਂਕਿ ਸੂਬੇ ਭਾਸ਼ਣਾਂ ਨਾਲ ਨਹੀਂ ਬਣਦੇ — ਦੂਰਦਰਸ਼ੀ ਨੀਤੀਆਂ ਨਾਲ ਬਣਦੇ ਹਨ।

ਅੱਜ ਪੰਜਾਬ ਨੂੰ ਨੈਰੇਟਿਵ ਨਹੀਂ, ਇੱਕ ਚੰਗਾ ਭਵਿੱਖ ਚਾਹੀਦਾ ਹੈ।

# ਗੜਗੱਜ ਜੀ! ਭਗਵੰਤ ਵਾਲਾ ਕਾਲਾ ਬੈਗ ਕਿੱਥੇ ਗਿਆ !

ਕਮਲਜੀਤ ਸਿੰਘ ਬਨਵੈਤ
98147 34035



- ☛ ਪਹਿਲਾਂ ਵੀ ਮੇਰੇ ਸਵੇਰੇ ਫੜਾਇਆ ਜਾਣ ਵਾਲਾ ਕਾਲਾ ਬੈਗ ਰਿਹਾ ਸੀ ਚਰਚਾ ਵਿੱਚ
- ☛ ਮੁੱਖ ਮੰਤਰੀ ਮਾਨ ਵਾਲੇ ਦੋਸ਼ ਦੁਹਰਾਏ ਗਿਆਨੀ ਰਘਬੀਰ ਸਿੰਘ ਨੇ, ਉਹਨਾਂ ਨੂੰ ਵੀ ਕੀ ਕੀਤਾ ਜਾਵੇਗਾ ਤਲਬ
- ☛ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਲਾਈ ਸਜ਼ਾ ਭੁਗਤਣ ਵਾਲਿਆਂ ਪੱਖ ਕੀਤਾ ਜਾਂਦਾ ਰਿਹਾ ਹੈ ਜਨਤਕ
- ☛ ਗਿਆਨੀ ਰਘਬੀਰ ਸਿੰਘ ਨੂੰ ਬਰਖ਼ਾਸਤ ਕਰਨ ਦੀ ਥਾਂ ਸੇਵਾ ਮੁਕਤ ਕਰਕੇ ਲਿਆ ਸਿਆਣਾ ਫੈਸਲਾ

**ਉਹ ਇਹ ਖੁਲਾਸਾ ਨਾ ਵੀ ਕਰਦੇ ਤਦ ਵੀ ਹਰਜਿੰਦਰ ਸਿੰਘ ਧਾਮੀ ਆਪ ਹੀ ਕਹਿ ਚੁੱਕੇ ਹਨ ਉਹ ਤਾਂ ਸੁਖਬੀਰ ਸਿੰਘ ਬਾਦਲ ਦੇ ਵਫ਼ਾਦਾਰ ਸਿਪਾਹੀ ਹਨ। ਉਸ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ 19 ਫਰਵਰੀ ਨੂੰ ਸੱਦੀ ਮੀਟਿੰਗ ਵਿੱਚ ਗਿਆਨੀ ਰਘਬੀਰ ਸਿੰਘ ਉੱਤੇ ਰਹਿਮ ਕਰ ਲਿਆ ਪਰ 26 ਫਰਵਰੀ ਦੀ ਮੀਟਿੰਗ ਵਿੱਚ ਉਹਨਾਂ ਨੂੰ ਪੌਣੇ ਦੋ ਸਾਲ ਦੀ ਨੌਕਰੀ ਰਹਿੰਦਿਆਂ ਵੀ ਸੇਵਾ ਮੁਕਤ ਕਰ ਦਿੱਤਾ। ਇਹ ਪਹਿਲੀ ਵਾਰ ਹੈ ਜਦੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੇ ਗਿਆਨੀ ਰਘਬੀਰ ਸਿੰਘ ਨੂੰ ਬਚ ਕੇ ਲੰਘਣ ਲਈ ਰਸਤਾ ਦਿੱਤਾ ਹੈ। ਉਨ੍ਹਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਵਜੋਂ ਹਟਾ ਦਿੱਤਾ ਜਾਂਦਾ ਤਾਂ ਰਿਸ਼ਤਿਆਂ ਵਿੱਚ ਕੌੜਕ ਹੋਰ ਭਰ ਜਾਣੀ ਸੀ। ਪਰ ਗਿਆਨੀ ਰਘਬੀਰ ਸਿੰਘ ਨੇ ਵੱਡੇ ਜਿਗਰੇ ਨਾਲ ਕਮੇਟੀ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਹਨਾਂ ਨੇ ਕਿਹਾ ਕਿ ਇਹ ਤਾਂ ਹੋਣਾ ਹੀ ਸੀ। ਇਸ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਕਿਰਦਾਰਕੁਸ਼ੀ ਕਰਕੇ ਅਤੇ ਗਿਆਨੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਅਯੋਗ ਦੱਸ ਕੇ ਅਹੁਦੇ ਤੋਂ ਲਾਂਭੇ ਕੀਤਾ ਗਿਆ ਸੀ। ਵੈਸੇ ਗਿਆਨੀ ਰਘਬੀਰ ਸਿੰਘ ਆਪਣੀ ਹੈਡਸ਼ਿਪ ਬਚਾਉਣ ਲਈ ਹਾਈ ਕੋਰਟ ਦੇ ਦਰਵਾਜ਼ੇ 'ਤੇ ਵੀ ਗਏ ਸਨ।**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਦਿੱਤੇ ਕਾਲੇ ਬੈਗ ਤੋਂ ਪਹਿਲਾਂ ਇੱਕ ਹੋਰ ਕਾਲਾ ਬੈਗ ਵੀ ਚਰਚਾ ਵਿੱਚ ਰਿਹਾ ਸੀ। ਕਿਉਂਕਿ ਵੱਡੇ ਹਾਕਮਾਂ ਦੇ ਕੋਠੇ ਵਿੱਚ ਕਾਲੇ ਬੈਗ ਰਾਤ ਬਰਾਤੇ ਜਾਂਦੇ ਸਨ, ਇਸ ਕਰਕੇ ਪੁੱਛਣ ਵਾਲਾ ਕੋਈ ਨਹੀਂ ਸੀ ਪਰ ਆਹ ਮੁੱਖ ਮੰਤਰੀ ਮਾਨ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਕੱਤਰੇਤ ਵਿੱਚ ਤਾਂ ਦਿਨ ਦੇ ਚਾਨਣੇ ਫੜਾਇਆ ਗਿਆ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਕੱਤਰੇਤ ਸਿਰਫ ਕਾਲਾ ਬੈਗ ਹੀ ਨਹੀਂ ਆਪਣੇ ਢਿੱਡ ਵਿੱਚ ਹੋਰ ਵੀ ਕਈ ਭੇਦ ਲੁਕੋਈ ਬੈਠਾ ਹੈ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਤਲਬ ਕੀਤਾ ਗਿਆ ਸੀ, ਕਿਉਂਕਿ ਉਹਨਾਂ ਨੇ ਗੁਰਦੁਆਰਾ ਸਾਹਿਬਾਨ ਵਿੱਚ ਰੱਖੀਆਂ ਗੋਲਕਾਂ ਨੂੰ ਲੈ ਕੇ ਗੰਭੀਰ ਦੋਸ਼ ਲਾਏ ਸਨ। ਹੁਣ ਇਹੋ ਦੋਸ਼ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਸ੍ਰੀ ਹਰਿਮੰਦਰ ਸਾਹਿਬ ਦੇ ਸੇਵਾਮੁਕਤ ਹੈਡ ਗ੍ਰੰਥੀ ਗਿਆਨੀ ਰਘਬੀਰ ਸਿੰਘ ਵੱਲੋਂ ਲਾਏ ਗਏ ਹਨ। ਕੀ ਜਥੇਦਾਰ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਵੀ ਤਲਬ ਕਰਨਗੇ ? ਵੈਸੇ ਗਿਆਨੀ ਰਘਬੀਰ ਸਿੰਘ ਹੁਣਾਂ ਨੇ ਤਾਂ ਸਾਰਾ ਕੁਝ ਕਾਲੇ ਬੈਗ ਵਿੱਚ ਸਮੇਟ ਕੇ ਜਥੇਦਾਰ ਸਾਹਿਬ ਨੂੰ ਦੇਣ ਦੀ ਥਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਦਰ ਚਰਮ ਸੀਮਾ 'ਤੇ ਪਹੁੰਚੇ ਭ੍ਰਿਸ਼ਟਾਚਾਰ ਦਾ ਖੁਲਾਸਾ ਸੰਗਤਾਂ ਮੂਹਰੇ ਕਰਨ ਦਾ ਐਲਾਨ ਕੀਤਾ ਹੈ। ਮੁੱਖ ਮੰਤਰੀ ਮਾਨ ਵੱਲੋਂ ਲਾਏ ਦੋਸ਼ਾਂ ਤੋਂ ਵੀ ਵੱਧ ਗੰਭੀਰ ਇਲਜ਼ਾਮ ਗਿਆਨੀ ਰਘਬੀਰ ਸਿੰਘ 'ਤੇ ਲਾਏ ਗਏ ਹਨ। ਗਿਆਨੀ ਰਘਬੀਰ ਸਿੰਘ ਦਾਅਵਾ ਕਰਦੇ ਹਨ ਕਿ ਉਹਨਾਂ ਸਮੇਤ ਦੂਜੇ ਦੋ ਜਥੇਦਾਰਾਂ ਗਿਆਨੀ ਹਰਪ੍ਰੀਤ ਸਿੰਘ ਅਤੇ ਗਿਆਨੀ ਸੁਲਤਾਨ ਸਿੰਘ ਦੀਆਂ ਸੇਵਾਵਾਂ ਇਸ ਕਰਕੇ ਖ਼ਤਮ ਕੀਤੀਆਂ ਗਈਆਂ ਹਨ ਕਿਉਂਕਿ ਦੋ ਦਸੰਬਰ ਹੁਕਮਨਾਮੇ ਵਿੱਚ ਸੁਖਬੀਰ ਨੂੰ ਬਖਸ਼ਿਆ ਨਹੀਂ ਸੀ ਗਿਆ। ਉਹ ਇਥੋਂ ਤੱਕ ਕਹਿ ਗਏ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜਥੇਦਾਰੀ ਤੋਂ ਲਾਂਭੇ ਕਰਨ ਤੋਂ ਬਾਅਦ ਸ੍ਰੀ ਹਰਿਮੰਦਰ ਸਾਹਿਬ ਦੇ ਹੈਡਸ਼ਿਪ ਸਾਂਭ ਕੇ ਰੱਖਣ ਲਈ ਉਹਨਾਂ ਨੂੰ ਤਰਨ ਤਾਰਨ ਦੀ ਜ਼ਿਮਨੀ ਚੋਣ ਵਿੱਚ ਸੰਗਤਾਂ ਨੂੰ ਵੋਟਾਂ ਅਕਾਲੀ ਦਲ ਦੇ ਹੱਕ ਵਿੱਚ ਪਾਉਣ ਦੀ ਅਪੀਲ ਕਰਨ ਦਾ ਲਾਲਚ ਦਿੱਤਾ ਗਿਆ ਸੀ। ਇਸ ਤੋਂ ਅੱਗੇ ਵੀ ਉਹ ਇਹ ਕਹਿ ਗਏ ਕਿ ਉਹਨਾਂ ਉੱਤੇ ਇਹ ਦਬਾਅ ਵੀ ਪੈਂਦਾ ਰਿਹਾ ਕਿ ਕਿ ਉਹ ਸੰਗਤਾਂ ਮੂਹਰੇ ਖੁਲਾਸਾ ਕਰਨ ਕਿ ਦੋ ਨਵੰਬਰ ਦਾ ਹੁਕਮਨਾਮਾ ਆਰਐਸਐਸ ਦੇ ਦਬਾਅ ਹੇਠ ਆ ਕੇ ਜਾਰੀ ਕਰਨਾ ਪਿਆ ਸੀ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਦਰ ਚੱਲ ਰਹੇ ਭ੍ਰਿਸ਼ਟਾਚਾਰ ਬਾਰੇ ਉਹਨਾਂ ਨੇ ਇੱਕ ਹੋਰ ਅਹਿਮ ਖੁਲਾਸਾ ਕਰਦਿਆਂ ਦਾਅਵਾ ਕੀਤਾ ਕਿ ਗਿਆਨੀ ਸੁਲਤਾਨ ਸਿੰਘ ਨੂੰ ਮੁਕਤਸਰ ਤੋਂ ਬਦਲ ਕੇ ਦਰਬਾਰ ਸਾਹਿਬ ਭੇਜਣ ਲਈ ਪੰਜ ਲੱਖ ਰੁਪਏ ਦੀ ਮੰਗ ਕੀਤੀ ਗਈ ਸੀ।

ਇਥੇ ਇਹ ਚੇਤੇ ਕਰਾਇਆ ਜਾਣਾ ਬਣਦਾ ਹੈ ਕਿ ਗਿਆਨੀ ਰਘਬੀਰ ਸਿੰਘ ਜਿਹੜੇ ਕਿ ਛੁੱਟੀ 'ਤੇ ਚੱਲ ਰਹੇ ਹਨ, ਨੇ ਪਿਛਲੇ ਦਿਨੀਂ ਇੱਕ ਪ੍ਰੈਸ ਕਾਨਫਰੰਸ ਕਰਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਉੱਤੇ ਗੰਭੀਰ ਇਲਜ਼ਾਮ ਲਾਏ ਸਨ। ਉਹਨਾਂ ਨੇ ਨਾਂ ਲਏ ਤੋਂ ਬਗ਼ੈਰ ਬਾਦਲ ਪਰਿਵਾਰ ਦੇ ਹੱਥ ਸ਼੍ਰੋਮਣੀ ਕਮੇਟੀ ਦਾ ਰਿਮੋਟ ਹੋਣ ਦਾ ਦਾਅਵਾ ਵੀ ਕੀਤਾ ਸੀ। ਉਹ ਇਹ ਖੁਲਾਸਾ ਨਾ ਵੀ ਕਰਦੇ ਤਦ ਵੀ ਹਰਜਿੰਦਰ ਸਿੰਘ ਧਾਮੀ ਆਪ ਹੀ ਕਹਿ ਚੁੱਕੇ ਹਨ ਉਹ ਤਾਂ ਸੁਖਬੀਰ ਸਿੰਘ ਬਾਦਲ ਦੇ ਵਫ਼ਾਦਾਰ ਸਿਪਾਹੀ ਹਨ। ਉਸ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ 19 ਫਰਵਰੀ ਨੂੰ ਸੱਦੀ ਮੀਟਿੰਗ ਵਿੱਚ ਗਿਆਨੀ ਰਘਬੀਰ ਸਿੰਘ ਉੱਤੇ ਰਹਿਮ ਕਰ ਲਿਆ ਪਰ 26 ਫਰਵਰੀ ਦੀ ਮੀਟਿੰਗ ਵਿੱਚ ਉਹਨਾਂ ਨੂੰ ਪੌਣੇ ਦੋ ਸਾਲ ਦੀ ਨੌਕਰੀ ਰਹਿੰਦਿਆਂ ਵੀ ਸੇਵਾ ਮੁਕਤ ਕਰ ਦਿੱਤਾ। ਇਹ ਪਹਿਲੀ ਵਾਰ ਹੈ ਜਦੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੇ ਗਿਆਨੀ ਰਘਬੀਰ ਸਿੰਘ ਨੂੰ ਬਚ ਕੇ ਲੰਘਣ ਲਈ ਰਸਤਾ ਦਿੱਤਾ ਹੈ। ਉਨ੍ਹਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਦੇ ਹੈਡ ਗ੍ਰੰਥੀ ਵਜੋਂ ਹਟਾ ਦਿੱਤਾ ਜਾਂਦਾ ਤਾਂ ਰਿਸ਼ਤਿਆਂ ਵਿੱਚ ਕੌੜਕ ਹੋਰ ਭਰ ਜਾਣੀ ਸੀ। ਪਰ ਗਿਆਨੀ ਰਘਬੀਰ ਸਿੰਘ ਨੇ ਵੱਡੇ ਜਿਗਰੇ ਨਾਲ ਕਮੇਟੀ ਦੇ ਫੈਸਲੇ ਦਾ ਸਵਾਗਤ ਕੀਤਾ ਹੈ। ਉਹਨਾਂ ਨੇ ਕਿਹਾ ਕਿ ਇਹ ਤਾਂ ਹੋਣਾ ਹੀ ਸੀ। ਇਸ ਤੋਂ ਪਹਿਲਾਂ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੂੰ ਕਿਰਦਾਰਕੁਸ਼ੀ ਕਰਕੇ ਅਤੇ ਗਿਆਨੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਅਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੂੰ ਅਯੋਗ ਦੱਸ ਕੇ ਅਹੁਦੇ ਤੋਂ ਲਾਂਭੇ ਕੀਤਾ ਗਿਆ ਸੀ। ਵੈਸੇ ਗਿਆਨੀ ਰਘਬੀਰ ਸਿੰਘ ਆਪਣੀ ਹੈਡਸ਼ਿਪ ਬਚਾਉਣ ਲਈ ਹਾਈ ਕੋਰਟ ਦੇ ਦਰਵਾਜ਼ੇ 'ਤੇ ਵੀ ਗਏ ਸਨ। ਗਿਆਨੀ ਰਘਬੀਰ ਸਿੰਘ ਦੋ ਦਸੰਬਰ ਦਾ ਹੁਕਮਨਾਮਾ ਸੁਣਾਏ ਜਾਣ ਤੋਂ ਬਾਅਦ ਪਹਿਲੀ ਵਾਰੀ ਹੈ ਕਿ ਪੂਰੀ ਦ੍ਰਿੜਤਾ ਨਾਲ ਆਪਣੇ ਸਟੈਂਡ 'ਤੇ ਖੜ੍ਹੇ ਹਨ, ਇਸ ਤੋਂ ਪਹਿਲਾਂ ਉਹ ਆਪਣੇ ਸਟੈਂਡ ਤੋਂ ਥਿੜਕਦੇ ਅਤੇ ਖੜ੍ਹਦੇ ਰਹੇ ਸਨ। ਹਾਂ, ਦਸੰਬਰ ਦੇ ਹੁਕਮਨਾਮੇ ਵਿੱਚ ਉਨ੍ਹਾਂ ਨੇ ਜੁਰਅਤ ਜ਼ਰੂਰ ਦਿਖਾਈ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਦੋ ਦਸੰਬਰ ਦੇ ਹੁਕਮਨਾਮੇ ਨੇ ਚਿਰਾਂ ਬਾਅਦ ਇਤਿਹਾਸ ਸਿਰਜਿਆ ਸੀ ਜਿਸ ਦੀ ਪੂਰੇ ਵਿਸ਼ਵ ਵਿੱਚ ਧੂੰਮ ਪੈ ਗਈ ਸੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੌਜੂਦਾ ਜਥੇਦਾਰ ਗਿਆਨੀ ਕੁਲਦੀਪ ਸਿੰਘ ਨਿਯੁਕਤੀ ਤੋਂ ਲੈ ਕੇ ਬਰਾਸਤਾ ਦਸਤਾਰਬੰਦੀ ਹਾਲੇ ਤੱਕ ਵਿਵਾਦਾਂ ਵਿੱਚ ਹਨ। ਉਹਨਾਂ ਵੱਲੋਂ ਵੱਖ ਵੱਖ ਖੇਤਰ ਦੀਆਂ ਸ਼ਖਸੀਅਤਾਂ ਨੂੰ ਤਲਬ ਕਰਨ ਦਾ ਫੈਸਲਾ ਵੀ ਸੰਗਤਾਂ ਵਿੱਚ ਅਣਮੰਨੇ ਮਨ ਨਾਲ ਪ੍ਰਵਾਨ ਕੀਤਾ ਜਾਂਦਾ ਰਿਹਾ ਹੈ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਥਾਂ ਸਕੱਤਰੇਤ ਵਿੱਚ ਤਲਬ ਕੀਤਾ ਗਿਆ ਸੀ, ਕਿਉਂਕਿ ਉਹ ਗੁਰਸਿੱਖ ਨਹੀਂ ਹਨ। ਉਹ ਪਤਿੱਤ ਸਿੱਖ ਵੀ ਨਹੀਂ ਹਨ। ਉਹਨਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਣ ਤੋਂ ਪਹਿਲਾਂ ਇਹ ਦਾਅਵਾ ਕੀਤਾ ਸੀ ਕਿ ਉਹ ਸ਼੍ਰੋਮਣੀ ਕਮੇਟੀ ਅੰਦਰਲੀਆਂ ਧਾਂਦਲੀਆਂ ਦਾ ਪੂਰਾ ਰਿਕਾਰਡ ਨਾਲ ਲੈ ਕੇ ਜਾਣਗੇ। ਉਹ ਇੱਕ ਨਹੀਂ ਦੋ ਕਾਲੇ ਬੈਗ ਭਰ ਕੇ ਲੈ ਕੇ ਗਏ। ਗਿਆਨੀ ਹਰਪ੍ਰੀਤ ਸਿੰਘ ਨੇ ਸਕੱਤਰੇਤ ਤੋਂ ਬਾਹਰ ਆ ਕੇ ਇਹ ਦਾਅਵਾ ਕੀਤਾ ਸੀ ਕਿ ਭਗਵੰਤ ਸਿੰਘ ਮਾਨ ਨੇ ਮੰਨਿਆ ਕਿ ਉਹਨਾਂ ਨੂੰ ਸਿੱਖ ਸਿਧਾਂਤਾਂ ਬਾਰੇ ਪੂਰਨ ਗਿਆਨ ਨਹੀਂ ਸੀ, ਇਸ ਕਰਕੇ ਉਹ ਪਰੰਪਰਾਵਾਂ ਦੇ ਬਾਹਰ ਜਾ ਕੇ ਬੋਲਦੇ ਰਹੇ। ਉਹਨਾਂ ਨੇ ਭਵਿੱਖ ਵਿੱਚ ਜ਼ਾਬਤੇ ਵਿੱਚ ਰਹਿਣ ਦਾ ਭਰੋਸਾ ਵੀ ਦਿੱਤਾ ਸੀ।

ਪਰ ਮੁੱਖ ਮੰਤਰੀ ਮਾਨ ਆਪਣੇ ਕੀਤੇ ਦਾਅਵੇ ਅਤੇ ਵਾਅਦੇ ਅਨੁਸਾਰ ਕਾਲਾ ਬੈਗ ਸਕੱਤਰੇਤ ਵਿੱਚ ਲੈ ਕੇ ਗਏ। ਉਹਨਾਂ ਨੇ ਇਹ ਜਥੇਦਾਰ ਦੇ ਹਵਾਲੇ ਵੀ ਕੀਤੇ। ਉਹ ਕਾਲੇ ਬੈਗ ਕਿੱਥੇ ਹਨ। ਕੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਤਰ੍ਹਾਂ ਲਾਪਤਾ ਹਨ। ਜਥੇਦਾਰ ਸਾਹਿਬਾਨ ਨੇ ਕੀ ਇਹ ਕਾਲੇ ਬੈਗ ਖੋਲੇ ਨਹੀਂ ਜਾਂ ਇਹਨਾਂ ਅੰਦਰਲੇ ਪੇਪਰ ਪੀੜ ਦਿੱਤੇ ਹਨ। ਹੋ ਇਹ ਵੀ ਸਕਦਾ ਹੈ ਕਿ ਉਹ ਵੀ ਗਿਆਨੀ ਰਘਬੀਰ ਸਿੰਘ ਦੀ ਤਰ੍ਹਾਂ ਅਹੁਦੇ ਤੋਂ ਲਾਂਭੇ ਹੋਣ ਤੋਂ ਬਾਅਦ ਵੱਡੇ ਖੁਲਾਸੇ ਕਰਨ ਲਈ ਮਾਲ ਪੱਤਾ ਰਾਖਵਾਂ ਰੱਖਣ ਦੀ ਮਾਰ 'ਤੇ ਹੋਣ।

ਸਿੱਖ ਇਤਿਹਾਸ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਵੱਲ ਨਜ਼ਰ ਮਾਰੀਏ ਤਾਂ ਜਿਨ੍ਹਾਂ ਜਿਨ੍ਹਾਂ ਨੂੰ ਵੀ ਤਨਖ਼ਾਹ ਲਾਈ ਗਈ ਸੀ, ਉਹਨਾਂ ਵੱਲੋਂ ਭੇਜੇ ਜਾਂਦੇ ਸਪੱਸ਼ਟੀਕਰਨ ਸੰਗਤਾਂ ਦੀ ਕਚਹਿਰੀ ਵਿੱਚ ਰੱਖੇ ਜਾਂਦੇ ਰਹੇ ਹਨ। ਇਥੋਂ ਤੱਕ ਕਿ ਮੁਲਕ ਦੇ ਰਾਸ਼ਟਰਪਤੀ ਰਹੇ ਗਿਆਨੀ ਜ਼ੈਲ ਸਿੰਘ ਨੇ ਤਨਖ਼ਾਹ ਭੁਗਤਣ ਤੋਂ ਬਾਅਦ ਜਿਹੜਾ ਸਪੱਸ਼ਟੀਕਰਨ ਦਿੱਤਾ ਸੀ, ਉਸ ਨੂੰ ਵੀ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫ਼ਸੀਲ ਤੋਂ ਪੜ੍ਹ ਕੇ ਸੁਣਾਇਆ ਗਿਆ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਜਿਨ੍ਹਾਂ ਦੋਸ਼ਾਂ ਦੇ ਬਦਲੇ ਤਲਬ ਕੀਤਾ ਗਿਆ ਸੀ ਕੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਪੱਖ ਸੁਣਨ ਤੋਂ ਬਾਅਦ ਸੰਤੁਸ਼ਟ ਹਨ ਜਾਂ ਮੁੱਖ ਮੰਤਰੀ ਨੂੰ ਮੁਆਫ਼ੀ ਦੇ ਦਿੱਤੀ ਗਈ ਹੈ, ਸਿੱਖ ਮਾਹਿਰਾਂ ਦੀ ਮੱਤ ਦੇ ਅਨੁਸਾਰ ਸੰਗਤ ਦਾ ਜਾਣਨਾ ਹੱਕ ਹੈ ਅਤੇ ਜਥੇਦਾਰ ਦਾ ਸਪੱਸ਼ਟ ਕਰਨਾ ਫਰਜ਼ ਹੈ। ਡੰਗ ਟਪਾਈ ਨੇ ਪੰਥ ਦਾ ਪਹਿਲਾਂ ਹੀ ਬੜਾ ਨੁਕਸਾਨ ਕੀਤਾ ਹੈ। ਤਖ਼ਤ ਸਾਹਿਬਾਨਾਂ ਉੱਤੇ ਸੁਸ਼ੋਭਿਤ ਜਥੇਦਾਰਾਂ ਨੇ ਆਪਣੇ ਆਪ ਨੂੰ ਤਾਂ ਛੋਟਾ ਕੀਤਾ ਹੀ ਹੈ ਸਗੋਂ ਸਰਬ ਉੱਚ ਸਿੱਖ ਸੰਸਥਾਵਾਂ ਨੂੰ ਸੱਟ ਵੀ ਮਾਰੀ ਹੈ। ਇਹ ਕਹਿਣ ਦੀ ਗੁਸਤਾਖੀ ਵੀ ਕਰਨੀ ਪੈਣੀ ਹੈ ਕਿ ਸਿੱਖ ਸੰਗਤਾਂ ਦੇ ਮਨਾਂ ਵਿੱਚ ਡਰ ਭਉ, ਸ਼ਰਧਾ ਅਤੇ ਸਤਿਕਾਰ ਵੀ ਘਟਿਆ ਹੈ। ਸੰਗਤਾਂ ਦੇ ਖੂਨ ਨਾਲ ਬਣੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵਕਾਰ ਵੀ ਕਾਇਮ ਰੱਖਣਾ ਉਨਾ ਹੀ ਜ਼ਰੂਰੀ ਹੈ।



ਭਗਵਾਨ ਸਿੰਘ ਜੌਹਲ
ਮੋ. 98143-24040

## ਜਨਮ ਦਿਨ 'ਤੇ ਵਿਸ਼ੇਸ਼

# ਕ੍ਰਾਂਤੀਕਾਰੀ ਸਿੱਖ ਆਗੂ-ਮਾਸਟਰ ਮੋਤਾ ਸਿੰਘ ਨੂੰ ਯਾਦ ਕਰਦਿਆਂ

ਕੌਮੀ ਸੇਵਾ ਤੇ ਦੇਸ਼ ਭਗਤੀ ਨੂੰ ਜੀਵਨ ਮਨੋਰਥ ਜਾਨਣ ਵਾਲੇ ਵਿਰਲੇ ਇਨਸਾਨ ਮਿਲਦੇ ਹਨ। ਮਾਸਟਰ ਮੋਤਾ ਸਿੰਘ ਦਾ ਸਮੁੱਚਾ ਜੀਵਨ ਦੇਸ਼ ਸੇਵਾ ਨੂੰ ਸਮਰਪਿਤ ਸੀ, ਇਸੇ ਕਰਕੇ ਉਸ ਸਮੇਂ ਦੀ ਅੰਗ੍ਰੇਜ਼ ਹਕੂਮਤ ਦੀਆਂ ਅੱਖਾਂ ਵਿੱਚ ਰੜਕਦੇ ਰਹੇ। ਉਨ੍ਹਾਂ ਦੀ ਖਾਹਿਸ਼ ਸੀ ਕਿ ਦੇਸ਼ ਦੀ ਆਜ਼ਾਦੀ ਅਤੇ ਸਿੱਖਾਂ ਦੇ ਭਵਿੱਖ ਨੂੰ ਸੰਵਾਰਨ ਲਈ ਹਰ ਨੌਜਵਾਨ ਦੇਸ਼-ਭਗਤੀ ਦੇ ਰੰਗ ਵਿੱਚ ਰੰਗਿਆ ਹੋਣਾ ਚਾਹੀਦਾ। ਸ਼ਾਇਦ ਇਸੇ ਕਰਕੇ ਉਹ ਅਜਿਹੇ ਸਿੱਖ ਆਗੂ ਸਨ, ਜਿਨ੍ਹਾਂ ਤਾਅ ਉਮਰ ਪਰਿਵਾਰਕ ਜ਼ਿੰਮੇਵਾਰੀਆਂ ਤੋਂ ਮੁਕਤੀ ਪ੍ਰਾਪਤ ਕਰਨ ਲਈ ਗ੍ਰਿਹਸਥ ਜੀਵਨ ਵਿੱਚ ਪ੍ਰਵੇਸ਼ ਹੀ ਨਹੀਂ ਕੀਤਾ। ਉਸ ਸਮੇਂ ਪੰਜਾਬ ਦੇ ਬਹੁਤੇ ਪਰਿਵਾਰ ਅਨਪੜ੍ਹਤਾ ਤੇ ਗਰੀਬੀ ਕਾਰਨ ਬੜੀ ਤੰਗੀ ਤੁਰਸ਼ੀ ਵਾਲਾ ਜੀਵਨ ਪ੍ਰਾਪਤ ਕਰ ਰਹੇ ਸਨ। ਮਾਸਟਰ ਮੋਤਾ ਸਿੰਘ ਦੇ ਮਾਤਾ-ਪਿਤਾ ਜੀ ਨੇ ਸਿੱਖਿਆ ਪ੍ਰਾਪਤੀ ਲਈ ਹਰ ਸੰਭਵ ਯਤਨ ਕੀਤਾ। ਇਸ ਦੇਸ਼ ਭਗਤ ਤੇ ਕ੍ਰਾਂਤੀਕਾਰੀ ਸਿੱਖ ਆਗੂ ਦਾ ਜਨਮ ਜ਼ਿਲ੍ਹਾ ਤੇ ਤਹਿਸੀਲ ਜਲੰਧਰ ਦੇ ਵੱਡੇ ਪਿੰਡ ਪਤਾਰਾ ਵਿਖੇ 28 ਫ਼ਰਵਰੀ, 1888 ਈ: ਨੂੰ ਸ। ਗੋਪਾਲ ਸਿੰਘ ਦੇ ਗ੍ਰਿਹ ਵਿਖੇ ਹੋਇਆ। ਮੈਟ੍ਰਿਕ ਦਾ ਇਮਤਿਹਾਨ ਪਾਸ ਕਰਨ ਪਿੱਛੋਂ ਆਪ ਜੂਨੀਅਰ ਵਰਨੈਕੂਲਰ ਟੀਚਰ ਟ੍ਰੇਨਿੰਗ ਪ੍ਰਾਪਤ ਕਰਕੇ ਵੱਖ-ਵੱਖ ਸਕੂਲਾਂ ਵਿੱਚ ਤਾਇਨਾਤ ਰਹੇ। ਇਸ ਤੋਂ ਪਿੱਛੋਂ ਗਿਆਨੀ, ਮੁਨਸ਼ੀ ਫਾਜ਼ਿਲ ਅਤੇ ਬੀ।ਏ। ਪਾਸ ਕਰਕੇ ਅੰਮ੍ਰਿਤਸਰ ਸ਼ਹਿਰ ਦੀ ਨਾਮਵਰ ਵਿੱਦਿਅਕ ਸੰਸਥਾ ਸੰਤ ਸਿੰਘ ਸੁੱਖਾ ਸਿੰਘ ਖ਼ਾਲਸਾ ਸਕੂਲ ਵਿਖੇ ਅਤੇ ਉਸ ਤੋਂ ਬਾਅਦ ਤਲਵੰਡੀ ਸਾਬੋ (ਸ੍ਰੀ ਦਮਦਮਾ ਸਾਹਿਬ) ਦੇ ਖ਼ਾਲਸਾ ਸਕੂਲ, ਅਕਾਲ ਕਾਲਜ ਮਸਤੂਆਣਾ ਵਿਖੇ ਵੀ ਅਧਿਆਪਕ ਦਾ ਕਾਰਜ ਕੀਤਾ।

ਕੌਮੀ ਦਰਦ ਦੇ ਜਜ਼ਬੇ ਅਧੀਨ ਉਹ ਚਾਹੁੰਦੇ ਸਨ, ਹਰ ਪੰਜਾਬੀ ਸਿੱਖਿਆ ਦੇ ਖੇਤਰ ਵਿੱਚ ਨਿਪੁੰਨ ਹੋਵੇ, ਇਸੇ ਕਰਕੇ ਮਾਸਟਰ ਮੋਤਾ ਸਿੰਘ ਨੇ ਮਾਝਾ ਖ਼ਾਲਸਾ ਦੀਵਾਨ ਨਾਲ ਮਿਲ ਕੇ ਕਈ ਥਾਵਾਂ 'ਤੇ ਲੜਕਿਆਂ ਲਈ ਖ਼ਾਲਸਾ ਸਕੂਲ ਸਥਾਪਤ ਕੀਤੇ। ਇਸ ਤੋਂ ਪਿੱਛੋਂ ਆਪਣੇ ਪਿੰਡ ਪਤਾਰਾ (ਜਲੰਧਰ) ਵਿਖੇ ਵੀ ਪਬਲਿਕ ਸਕੂਲ ਦੀ ਸਥਾਪਨਾ ਕੀਤੀ। ਜੋ ਹੁਣ ਸਰਕਾਰੀ ਸਕੂਲ ਵਜੋਂ ਸੇਵਾ ਨਿਭਾ ਰਿਹਾ ਹੈ। ਛੇਤੀ ਹੀ ਸਿੱਖਿਆ ਦੇ ਖੇਤਰ ਤੋਂ ਵਿਹਲੇ ਹੋ ਕੇ ਅੰਗ੍ਰੇਜ਼ ਹਕੂਮਤ ਨੂੰ ਦੇਸ਼ ਵਿੱਚੋਂ ਕੱਢਣ ਲਈ ਸੰਘਰਸ਼ ਵਿੱਚ ਕੁੱਦ ਪਏ। ਰਾਜਨੀਤਿਕ ਖੇਤਰ ਵਿੱਚ ਆ ਕੇ ਰਾਤ-ਦਿਨ ਇਕ ਕਰ ਦਿੱਤਾ। ਆਪ ਜੀ ਦੇ ਸਫ਼ਲ ਬੁਲਾਰੇ ਵਜੋਂ ਤੇ ਇਤਿਹਾਸਕ ਜਾਣਕਾਰੀ ਦੀ ਹਰ ਸਰੋਤਾ ਪ੍ਰਸ਼ੰਸਾ ਕਰਦਾ ਸੀ।

11 ਅਪ੍ਰੈਲ 1919 ਨੂੰ ਸ਼ਾਹੀ ਮਸਜਿਦ ਲਾਹੌਰ ਵਿੱਚ ਅੰਗ੍ਰੇਜ਼ ਸਰਕਾਰ ਵਿਰੋਧੀ ਤਕਰੀਰ ਕਰਨ ਤੋਂ ਬਾਅਦ ਮਾਰਸ਼ਲ ਲਾਅ ਅਧੀਨ ਗ੍ਰਿਫਤਾਰ ਕਰ ਲਿਆ ਗਿਆ। ਜੇਲ੍ਹ ਵਿੱਚ ਹਰ ਕੈਦੀ ਨੂੰ ਦਸਤਾਰ ਸਜਾਉਣ ਦੀ ਆਗਿਆ ਨਹੀਂ ਸੀ। ਇਸ ਪਾਬੰਦੀ ਦੇ ਵਿਰੋਧ ਵਿੱਚ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ। ਸਰਕਾਰ ਨੂੰ ਮਜ਼ਬੂਰ ਹੋ ਕੇ ਦਸਤਾਰ 'ਤੇ ਲਾਈ ਪਾਬੰਦੀ ਵਾਪਸ ਲੈਣੀ ਪਈ। ਦਸੰਬਰ, 1919 ਵਿੱਚ ਜੇਲ੍ਹ ਤੋਂ ਰਿਹਾਅ ਕੀਤਾ ਗਿਆ।

ਇਨ੍ਹਾਂ ਦਿਨਾਂ ਵਿੱਚ ਹੀ ਗੁਰਦੁਆਰਾ ਸੁਧਾਰ ਲਹਿਰ ਦਾ ਆਰੰਭ ਹੁੰਦਾ ਹੈ। ਆਪ ਇਸ ਲਹਿਰ ਵਿੱਚ ਸਰਗਰਮ ਹੋ ਗਏ। ਪਰ ਸਿੱਖਾਂ ਦੀ ਨਵੀਂ ਬਣੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਸ਼ਾਂਤ ਮਈ ਅੰਦੋਲਨ ਨਾਲ ਆਪ ਸਹਿਮਤ ਨਹੀਂ ਸੀ। ਉਨ੍ਹਾਂ ਦੀ ਰਾਏ ਸੀ ਸਿੱਧੀ ਉਂਗਲ ਨਾਲ ਘਿਉ ਨਹੀਂ ਨਿਕਲਣਾ, ਅੰਗ੍ਰੇਜ਼ ਹਕੂਮਤ ਤੋਂ ਛੁਟਕਾਰਾ ਪ੍ਰਾਪਤ ਕਰਨ ਲਈ ਦੋ ਹੱਥ ਕਰਨੇ ਹੀ ਪੈਣਗੇ। ਇਸੇ ਸਮੇਂ ਦੌਰਾਨ ਸ੍ਰੀ ਤਰਨਤਾਰਨ ਸਾਹਿਬ ਅਤੇ ਸ੍ਰੀ ਨਨਕਾਣਾ ਸਾਹਿਬ ਦੇ ਖ਼ੂਨੀ ਸਾਕਿਆਂ ਨੇ ਧੁਰ ਅੰਦਰੋਂ ਝੰਜੋੜ ਕੇ ਰੱਖ ਦਿੱਤਾ। ਨਨਕਾਣਾ ਸਾਹਿਬ ਦੇ ਇਸ ਖ਼ੂਨੀ ਸਾਕੇ ਤੋਂ ਥੋੜ੍ਹੇ ਦਿਨਾਂ ਬਾਅਦ 19 ਤੋਂ 21 ਮਾਰਚ, 1921 ਨੂੰ ਹੁਸ਼ਿਆਰਪੁਰ ਵਿਖੇ ਹੋਈ ਸਿੱਖ ਐਜੂਕੇਸ਼ਨਲ ਕਾਨਫਰੰਸ ਸਮੇਂ ਇਨ੍ਹਾਂ ਬੱਬਰ ਅਕਾਲੀ ਲਹਿਰ ਦੇ ਪ੍ਰਮੁੱਖ ਆਗੂ ਜਥੇਦਾਰ ਕਿਸ਼ਨ ਸਿੰਘ ਗੜਗੱਜ ਨਾਲ ਮਿਲ ਕੇ ਇਕ ਖ਼ੁਫ਼ੀਆ ਮੀਟਿੰਗ ਕੀਤੀ। ਇਸ ਮੀਟਿੰਗ ਵਿੱਚ ਸ੍ਰੀ ਨਨਕਾਣਾ ਸਾਹਿਬ ਦੇ ਖ਼ੂਨੀ ਸਾਕੇ ਨਾਲ ਉਨ੍ਹਾਂ ਸਾਰੇ ਗੁਰੂ ਦੋਖੀਆਂ ਨੂੰ ਮਾਰ ਮੁਕਾਉਣ ਦਾ ਫੈਸਲਾ ਕੀਤਾ ਗਿਆ। ਇਸ ਸਬੰਧੀ ਬੱਬਰ ਅਕਾਲੀ ਲਹਿਰ ਲਈ ਨਿੱਠ ਕੇ ਪ੍ਰਚਾਰ ਵਿੱਚ ਰੁੱਝ ਗਏ। ਰਾਤ ਦਿਨ ਜੁਝਾਰੂ ਨੌਜਵਾਨ ਸਿੱਖ ਆਗੂਆਂ ਨੂੰ ਪ੍ਰਚਾਰ ਤੇ ਪ੍ਰਸਾਰ ਲਈ ਇਕੱਠੇ ਕਰਕੇ ਬੱਬਰ ਅਕਾਲੀ ਲਹਿਰ ਨੂੰ ਹੁਲਾਰਾ ਦਿੱਤਾ।

ਇਸ ਲਹਿਰ ਨਾਲ ਸਬੰਧਤ ਕਾਰਜ ਲਈ ਅਫ਼ਗਾਨਿਸਤਾਨ ਦੇ ਸ਼ਹਿਰ ਕਾਬਲ ਦਾ ਦੌਰਾ ਵੀ ਕੀਤਾ। ਬੱਬਰ ਅਕਾਲੀ ਲਹਿਰ ਦੇ ਸਰਗਰਮ ਆਗੂ ਹੋਣ ਕਰਕੇ, ਖਾਸ ਕਰਕੇ ਹਕੂਮਤ ਦੇ ਬਾਗੀ ਖਾੜਕੂ ਆਗੂ ਵਜੋਂ 15 ਜੂਨ, 1922 ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਲਗਾਤਾਰ ਸੱਤ ਸਾਲ ਸਾਂਝੇ ਪੰਜਾਬ ਦੀਆਂ ਜੇਲ੍ਹਾਂ ਵਿੱਚ ਸਖ਼ਤ ਕੈਦ ਭੁਗਤੀ।

ਹੁਣ ਫਿਰ ਜੇਲ੍ਹ ਤੋਂ ਬਾਹਰ ਆਉਣ ਤੋਂ ਪਿੱਛੋਂ ਵਾਰ-ਵਾਰ ਗ੍ਰਿਫ਼ਤਾਰ ਕਰਕੇ ਵੱਖ-ਵੱਖ ਜੁਰਮਾਂ ਅਧੀਨ ਸਰਕਾਰ ਦੇ ਖ਼ਤਰਨਾਕ ਬਾਗੀ ਵਜੋਂ ਜੇਲ੍ਹਾਂ ਵਿੱਚ ਰੱਖਿਆ ਗਿਆ। ਦੇਸ਼ ਦੀ ਅਜ਼ਾਦੀ ਲਈ ਕਾਲ ਕੋਠੜੀਆਂ ਮਾਸਟਰ ਮੋਤਾ ਸਿੰਘ ਨੂੰ ਆਪਣੇ ਅਕੀਦੇ ਤੇ ਉਦੇਸ਼ ਤੋਂ ਡੁਲਾ ਨਾ ਸਕੀਆਂ। ਦੇਸ਼ ਦੀ ਅਜ਼ਾਦੀ ਤੋਂ ਬਾਅਦ ਵਿੱਚ ਹੋਈ ਵਿਧਾਨ ਸਭਾ ਦੀ ਚੋਣ ਵਿੱਚ ਵਿਧਾਇਕ ਚੁਣ ਲਏ ਗਏ। ਪਰ ਅੰਦਰਲਾ ਦੇਸ਼ ਭਗਤ ਤੇ ਲੋਕ-ਸੇਵਕ ਵਾਰ-ਵਾਰ ਦੁੱਖੀ ਲੋਕਾਂ ਦੀ ਸੇਵਾ ਲਈ ਵੰਗਾਰਦਾ ਰਿਹਾ। ਛੇਤੀ ਹੀ ਵਿਧਾਇਕ ਵਜੋਂ ਅਸਤੀਫਾ ਦੇ ਕੇ ਵਿਧਾਇਕ ਦੀ ਪਦਵੀ ਤੋਂ ਵਿਹਲੇ ਹੋ ਕੇ ਕਿਸਾਨ ਲਹਿਰ ਵਿੱਚ ਸ਼ਾਮਿਲ ਹੋ ਗਏ।

ਮਾਸਟਰ ਮੋਤਾ ਸਿੰਘ ਬੇਦਾਗ਼ ਤੇ ਨਿਧੜਕ ਸਿੱਖ ਆਗੂ ਸਨ, ਉਨ੍ਹਾਂ ਤਾਅ ਜ਼ਿੰਦਗੀ ਕੋਈ ਜਾਇਦਾਦ ਨਹੀਂ ਬਣਾਈ। ਨਾ ਹੀ ਰਿਸ਼ਤੇਦਾਰੀਆਂ ਦੇ ਮੋਹ ਵਿੱਚ ਫ਼ਸੇ, ਜੇ ਪਿਆਰ ਕੀਤਾ ਤਾਂ ਕੇਵਲ ਸਿੱਖ ਕੌਮ ਤੇ ਦੇਸ਼ ਨਾਲ ਹੀ ਕੀਤਾ। ਜਲੰਧਰ ਸ਼ਹਿਰ ਦੇ ਮੌਜੂਦਾ ਬੱਸ-ਅੱਡੇ ਦੇ ਨਾਲ ਹੀ ਇਨ੍ਹਾਂ ਦੇ ਨਾਂਅ 'ਤੇ ਬਣਿਆ ਮਾਸਟਰ ਮੋਤਾ ਸਿੰਘ ਨਗਰ ਇਨ੍ਹਾਂ ਦੀ ਦੇਸ਼-ਭਗਤੀ ਨੂੰ ਸਮਰਪਿਤ ਕੀਤਾ ਗਿਆ ਹੈ। 9 ਫ਼ਰਵਰੀ, 1960 ਈ: ਨੂੰ ਆਪ ਇਸ ਫ਼ਾਨੀ ਸੰਸਾਰ ਤੋਂ ਹਮੇਸ਼ਾ ਲਈ ਵਿਦਾ ਹੋ ਗਏ। ਅੱਜ ਕੇਵਲ ਉਨ੍ਹਾਂ ਦੀ ਯਾਦ ਹੀ ਬਾਕੀ ਹੈ।

# ਹੁਣ ਕੈਨੇਡਾ ਸਰਕਾਰ ਨੇ ਹਿੰਸਕ ਘਟਨਾਵਾਂ 'ਚ ਭਾਰਤ ਦੀ ਸ਼ਮੂਲੀਅਤ 'ਤੇ ਬਦਲਿਆ ਰੁਖ਼

☛ ਮਜ਼ਬੂਤ ਰਿਸ਼ਤੇ ਦਾ ਦਿੱਤਾ ਸੰਕੇਤ

ਟੋਰਾਂਟੋ, 27 ਫਰਵਰੀ (ਚ.ਨ.ਸ): ਟੋਰਾਂਟੋ-ਭਾਰਤ ਤੇ ਕੈਨੇਡਾ ਦੇ ਸਬੰਧਾਂ



ਵਿੱਚ ਪਿਛਲੇ ਲੰਬੇ ਸਮੇਂ ਤੋਂ ਚੱਲ ਰਹੀ ਕੜਵਾਹਟ ਦਰਮਿਆਨ ਕੈਨੇਡਾ ਦੀ ਮਾਰਕ ਕਾਰਨੀ ਸਰਕਾਰ ਨੇ ਹਿੰਸਕ ਘਟਨਾਵਾਂ ਵਿੱਚ ਭਾਰਤ ਦੀ ਸ਼ਮੂਲੀਅਤ ਦੇ ਦੋਸ਼ਾਂ 'ਤੇ ਆਪਣਾ ਸਟੈਂਡ ਅਧਿਕਾਰਤ ਤੌਰ 'ਤੇ ਬਦਲ ਲਿਆ ਹੈ। ਕੈਨੇਡੀਅਨ ਸਰਕਾਰ ਨੇ ਹੁਣ ਸਪਸ਼ਟ ਕੀਤਾ ਹੈ ਕਿ ਉਹ ਅਜਿਹੀ ਕਿਸੇ ਵੀ ਸ਼ਮੂਲੀਅਤ ਨੂੰ ਸਵੀਕਾਰ ਨਹੀਂ ਕਰਦੀ, ਜੋ ਕਿ ਦੋਵਾਂ ਦੇਸ਼ਾਂ ਵਿਚਕਾਰ ਸੁਧਰ ਰਹੇ ਰਿਸ਼ਤਿਆਂ ਦਾ ਇੱਕ ਮਜ਼ਬੂਤ ਸੰਕੇਤ ਹੈ।ਇਹ ਅਹਿਮ ਬਿਆਨ ਪ੍ਰਧਾਨ ਮੰਤਰੀ ਮਾਰਕ ਕਾਰਨੀ ਦੇ ਭਾਰਤ ਦੇ ਬਹੁਤ-ਉਮੀਦ ਕੀਤੇ ਜਾ ਰਹੇ ਦੌਰੇ ਤੋਂ ਠੀਕ ਪਹਿਲਾਂ ਇੱਕ ਪ੍ਰੈਸ ਬ੍ਰੀਫਿੰਗ ਦੌਰਾਨ ਸਾਹਮਣੇ ਆਇਆ ਹੈ।

# ਅਰਵਿੰਦ ਕੇਜਰੀਵਾਲ ਤੇ ਮੁਨੀਸ਼ ਸਿਸੋਦੀਆ ਸ਼ਰਾਬ ਘੁਟਾਲੇ ਦੇ ਦੋਸ਼ਾਂ 'ਚੋਂ ਬਾਇੱਜ਼ਤ ਬਰੀ

☛ ਸੱਚਾਈ ਦੀ ਜਿੱਤ ਨੇ ਵਿਰੋਧੀਆਂ ਦੇ ਮੂੰਹ ਬੰਦ ਕੀਤੇ: ਜੋਬਨ ਰੰਧਾਵਾ

ਫਤਹਿਗੜ੍ਹ ਚੂੜੀਆਂ, 27 ਫਰਵਰੀ (ਰਾਜਨ ਸ਼ਰਮਾ): ਰਾਊਜ਼ ਐਵੇਨਿਊ ਅਦਾਲਤ ਨੇ ਦਿੱਲੀ ਆਬਕਾਰੀ ਨੀਤੀ 2021-22 ਨਾਲ ਜੁੜੇ ਕਥਿਤ ਘੁਟਾਲੇ ਵਿੱਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਸਮੇਤ ਕੁੱਲ 23 ਮੁਲਜ਼ਮਾਂ ਨੂੰ ਬਾਇੱਜ਼ਤ ਬਰੀ ਕਰ ਦਿੱਤਾ ਹੈ। ਅਦਾਲਤ ਨੇ ਸੀਬੀਆਈ ਵੱਲੋਂ ਦਾਇਰ ਚਾਰਜਸ਼ੀਟ ਵਿੱਚ ਕੋਈ ਠੋਸ ਸਬੂਤ ਨਾ ਹੋਣ ਤੇ ਕਥਿਤ ਸਾਜਿਸ਼ ਜਾਂ ਅਪਰਾਧਿਕ ਇਰਾਦੇ ਦੀ ਗੈਰ-ਹਾਜ਼ਰੀ ਨੂੰ ਆਧਾਰ ਬਣਾਉਂਦਿਆਂ ਇਹ ਫੈਸਲਾ ਸੁਣਾਇਆ। ਅਦਾਲਤ ਨੇ ਸੀਬੀਆਈ ਦੀ ਜਾਂਚ 'ਤੇ ਸਖ਼ਤ ਟਿੱਪਣੀ ਕਰਦਿਆਂ ਕਿਹਾ ਕਿ ਚਾਰਜਸ਼ੀਟ ਵਿੱਚ ਬਹੁਤ ਸਾਰੀਆਂ ਕਮੀਆਂ ਹਨ ਤੇ ਗਵਾਹਾਂ ਜਾਂ ਬਿਆਨਾਂ ਨਾਲ ਕੋਈ ਸਮਰਥਨ ਨਹੀਂ ਮਿਲਦਾ। ਅਦਾਲਤ ਨੇ ਕਿਹਾ ਕਿ ਇਸ ਨੀਤੀ ਵਿੱਚ ਕੋਈ ਵੱਡੀ ਸਾਜਿਸ਼ ਜਾਂ ਅਪਰਾਧਿਕ ਇਰਾਦਾ ਸਾਬਤ ਨਹੀਂ ਹੋਇਆ। ਇਸ ਫੈਸਲੇ ਤੋਂ ਬਾਅਦ ਅਰਵਿੰਦ ਕੇਜਰੀਵਾਲ ਭਾਵੁਕ ਹੋ ਗਏ ਤੇ ਉਨ੍ਹਾਂ ਨੇ ਕਿਹਾ ਕਿ ਪ੍ਰਮਾਤਮਾ ਸਾਡੇ ਨਾਲ ਹੈ ਤੇ ਉਹ ਕੱਟੜ ਇਮਾਨਦਾਰ ਹਨ। ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਜ਼ਿਲ੍ਹਾ ਪਲਾਨਿੰਗ ਬੋਰਡ ਜੋਬਨ ਰੰਧਾਵਾ ਨੇ ਇਸ ਫੈਸਲੇ ਨੂੰ ਸੱਚਾਈ



ਦੀ ਜਿੱਤ ਦੱਸਿਆ। ਉਨ੍ਹਾਂ ਕਿਹਾ ਕਿ ਆਪ ਨੇ ਸ਼ੁਰੂ ਤੋਂ ਇਹ ਕਿਹਾ ਸੀ ਕਿ ਸ਼ਰਾਬ ਘੁਟਾਲਾ ਬਿਲਕੁਲ ਫਰਜ਼ੀ ਸੀ ਤੇ ਇਹ ਸਿਆਸੀ ਸਾਜਿਸ਼ ਸੀ। ਹੁਣ ਅਦਾਲਤ ਨੇ ਵੀ ਇਸ ਨੂੰ ਸਾਫ਼ ਕਰ ਦਿੱਤਾ ਹੈ। ਇਹ ਫੈਸਲਾ ਪਾਰਟੀ ਵਰਕਰਾਂ ਤੇ ਸਮਰਥਕਾਂ ਲਈ ਵੱਡੀ ਰਾਹਤ ਵਾਲਾ ਹੈ। ਸੀਬੀਆਈ ਨੇ ਇਸ ਫੈਸਲੇ ਖਿਲਾਫ ਦਿੱਲੀ ਹਾਈ ਕੋਰਟ ਵਿੱਚ ਅਪੀਲ ਕਰਨ ਦਾ ਐਲਾਨ ਕੀਤਾ ਹੈ, ਪਰ ਆਪ ਨੇਤਾਵਾਂ ਲਈ ਇਹ ਵੱਡੀ ਜਿੱਤ ਮੰਨੀ ਜਾ ਰਹੀ ਹੈ। ਇਸ ਮਾਮਲੇ ਵਿੱਚ ਕੇਜਰੀਵਾਲ ਨੇ ਲਗਭਗ 5 ਮਹੀਨੇ ਤੇ ਸਿਸੋਦੀਆ ਨੇ 17 ਮਹੀਨੇ ਜੇਲ੍ਹ ਵਿੱਚ ਬਿਤਾਏ ਸਨ। ਜੋਬਨ ਰੰਧਾਵਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਸੁਪਰੀਮੋ ਦੇ ਹੱਕ ਵਿੱਚ ਆਇਆ ਇਹ ਫੈਸਲਾ ਪੰਜਾਬ ਵਿੱਚ ਵੀ ਪਾਰਟੀ ਨੂੰ ਹੋਰ ਮਜ਼ਬੂਤ ਕਰੇਗਾ ਕਿਉਂਕਿ ਮਾਣਯੋਗ ਅਦਾਲਤ ਦੇ ਇਸ ਫੈਸਲੇ ਨੇ ਵਿਰੋਧੀਆਂ ਦੇ ਮੂੰਹ ਬੰਦ ਕਰ ਦਿੱਤੇ ਹਨ।

# ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀਆਂ ਦੇ ਚੁਣੇ ਹੋਏ ਮੈਂਬਰਾਂ ਨੂੰ ਸਹੁੰ ਚੁਕਾਉਣ ਲਈ ਜ਼ਿਲ੍ਹਾ ਪੱਧਰੀ ਸਮਾਗਮ

ਬਟਾਲਾ, 27 ਫਰਵਰੀ (ਬਲਵਿੰਦਰ ਸਿੰਘ ਪੰਜਗਰਾਈਂ/ ਡਾ. ਸਤਨਾਮ ਸਿੰਘ ਸੰਧੂ): ਪੰਜਾਬ ਸਰਕਾਰ ਵੱਲੋਂ ਐਲਾਨੇ ਪ੍ਰੋਗਰਾਮ ਅਨੁਸਾਰ ਅੱਜ ਬਟਾਲਾ ਦੇ ਸ਼ਿਵ ਕੁਮਾਰ ਬਟਾਲਵੀ ਆਡੀਟੋਰੀਅਮ ਵਿਖੇ ਜ਼ਿਲ੍ਹੇ ਦੇ 25 ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਤੇ ਬਲਾਕ ਸੰਮਤੀਆਂ ਦੇ ਚੁਣੇ ਹੋਏ 203 ਮੈਂਬਰਾਂ ਨੂੰ ਸਹੁੰ ਚੁਕਾਈ ਗਈ।ਜ਼ਿਲ੍ਹਾ ਪੱਧਰੀ ਪ੍ਰਭਾਵਸ਼ਾਲੀ ਸਮਾਗਮ ਵਿੱਚ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਗੁਰਪ੍ਰੀਤ ਸਿੰਘ ਗਿੱਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ), ਚੇਅਰਮੈਨ ਜੋਬਨ ਰੰਧਾਵਾ, ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ, ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ ਬਲਬੀਰ ਸਿੰਘ ਪੰਨੂੰ, ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ, ਚੇਅਰਮੈਨ ਰਾਜੀਵ ਸ਼ਰਮਾ, ਅਮਰੀਕ ਸਿੰਘ ਭਰਾ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ



ਕਿਸ਼ਨਕੋਟ ਸਮੇਤ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਮੌਜੂਦ ਸੀ।ਇਸ ਮੌਕੇ ਨਵ ਨਿਯੁਕਤ ਮੈਂਬਰਾਂ ਨੂੰ ਸੰਵਿਧਾਨ ਪ੍ਰਤੀ ਸੱਚੀ ਸ਼ਰਧਾ, ਭਾਰਤ ਦੀ ਪ੍ਰਭੂ ਸੱਤਾ ਤੇ ਅਖੰਡਤਾ ਨੂੰ ਕਾਇਮ ਰੱਖਣ ਬਿਨਾਂ ਕਿਸੇ ਡਰ, ਪੱਖਪਾਤ, ਸੰਦੇਹ ਜਾਂ ਮਾੜੀ ਭਾਵਨਾ ਦੇ, ਭਾਰਤ ਦੇ ਸੰਵਿਧਾਨ ਤੇ ਕਾਨੂੰਨ ਮੁਤਾਬਿਕ ਨਿਆਂ ਕਰਨ ਦੀ ਸਹੁੰ ਚੁਕਾਈ।ਇਸ ਮੌਕੇ ਵਿਧਾਇਕ ਸ਼ੈਰੀ ਕਲਸੀ ਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਹੁੰ ਚੁੱਕਣ ਵਾਲੇ ਮੈਂਬਰਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਉਹ ਪੇਂਡੂ ਖੇਤਰਾਂ ਦੇ ਵਿਕਾਸ ਲਈ ਮੋਹਰੀ ਭੂਮਿਕਾ ਨਿਭਾਉਣ। ਇਸ ਮੌਕੇ ਚੇਅਰਮੈਨ ਜੋਬਨ ਰੰਧਾਵਾ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਹਲਕਾ ਇੰਚਾਰਜ ਫਤਹਿਗੜ੍ਹ ਚੂੜੀਆਂ ਬਲਬੀਰ ਸਿੰਘ ਪੰਨੂੰ, ਹਲਕਾ ਇੰਚਾਰਜ ਦੀਨਾ ਨਗਰ ਸ਼ਮਸ਼ੇਰ ਸਿੰਘ ਚੇਅਰਮੈਨ ਰਜੀਵ ਸ਼ਰਮਾ ਵੱਲੋਂ ਵੀ ਨਵ-ਨਿਯੁਕਤ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ ਗਈ ਤੇ ਪਿੰਡਾਂ ਦੇ ਸਭ ਪੱਖੀ ਵਿਕਾਸ ਲਈ ਪੂਰੀ ਮਿਹਨਤ ਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਹਰਪ੍ਰੀਤ ਸਿੰਘ ਡੀ.ਡੀ.ਪੀ.ਓ ਗੁਰਦਾਸਪੁਰ, ਪਾਰਟੀ ਦੇ ਜ਼ਿਲ੍ਹਾ ਸਕੱਤਰ ਜਗਜੀਤ ਸਿੰਘ ਪਿੰਟਾ, ਬੀ.ਡੀ.ਪੀ.ਓ. ਬਲਜੀਤ ਸਿੰਘ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਨਦੀਪ ਸਿੰਘ ਗਿੱਲ, ਐਡਵੋਕੇਟ ਸੁੱਚਾ ਸਿੰਘ ਮੁਲਤਾਨੀ, ਮਿੱਤਰਮਾਨ ਸਿੰਘ, ਅਨਮੋਲਦੀਪ ਸਿੰਘ ਸਮੇਤ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮੀਦ ਦੇ ਮੈਂਬਰ ਮੌਜੂਦ ਸਨ।

# ਵਿਰੋਧੀ ਪਾਰਟੀਆਂ ਨੇ ਸ਼ਹੀਦ ਹੋਏ ਪੁਲਿਸ ਕਰਮਚਾਰੀਆਂ ਦੀ ਸ਼ਹਾਦਤ 'ਤੇ ਕੀਤੀ ਹਲਕੀ ਰਾਜਨੀਤੀ: ਵਿਧਾਇਕ ਕਲਸੀ/ਰੰਧਾਵਾ

ਗੁਰਦਾਸਪੁਰ, 27 ਫਰਵਰੀ (ਜਗੀਰ ਸਿੰਘ ਮੰਡ/ਨਾਹਰ): ਬੀਤੇ ਦਿਨੀਂ ਆਦੀਆ ਚੈਕ ਪੋਸਟ ਨੇੜੇ ਦੋਰਾਂਗਲਾ ਵਿਖੇ ਸ਼ਹੀਦ ਹੋਏ ਦੋ ਪੁਲਿਸ ਕਰਮੀਆਂ ਦੀ ਸ਼ਹਾਦਤ 'ਤੇ ਵਿਰੋਧੀ ਪਾਰਟੀਆਂ ਵੱਲੋਂ ਆਪਣੀ ਫੋਕੀ ਸ਼ੋਹਰਤ ਹਾਸਲ ਕਰਨ ਲਈ ਹਲਕੀ ਰਾਜਨੀਤੀ ਕੀਤੀ ਜਾ ਰਹੀ ਹੈ, ਜੋ ਅਤਿ-



ਨਿੰਦਣਯੋਗ ਹੈ। ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਹਲਕਾ ਵਿਧਾਇਕ ਬਟਾਲਾ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਵਿਧਾਇਕ ਗੁਰਦੀਪ ਸਿੰਘ ਰੰਧਾਵਾ, ਹਲਕਾ ਡੇਰਾ ਬਾਬਾ ਨਾਨਕ ਤੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਨੇ ਕੀਤੀ। ਇਸ ਮੌਕੇ ਚੇਅਰਮੈਨ ਜੋਬਨ ਰੰਧਾਵਾ, ਚੇਅਰਮੈਨ ਰਾਜੀਵ ਕੁਮਾਰ, ਹਲਕਾ ਇੰਚਾਰਜ ਗੁਰਦਾਸਪੁਰ, ਰਮਨ ਬਹਿਲ, ਹਲਕਾ ਇੰਚਾਰਜ ਫਹਿਤਗੜ੍ਹ ਚੂੜੀਆਂ, ਬਲਬੀਰ ਸਿੰਘ ਪੰਨੂੰ, ਹਲਕਾ ਇੰਚਾਰਜ ਕਾਦੀਆਂ ਜਗਰੂਪ ਸਿੰਘ ਸੇਖਵਾਂ, ਹਲਕਾ ਇੰਚਾਰਜ ਦੀਨਾਨਗਰ ਸ਼ਮਸ਼ੇਰ ਸਿੰਘ ਤੇ ਸਮੇਤ ਸਮੁੱਚੀ ਪਾਰਟੀ ਦੀ ਲੀਡਰਸ਼ਿਪ ਮੌਜੂਦ ਸੀ। ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਸ ਸਮੇਂ ਲੋੜ ਤਾਂ ਸ਼ਹੀਦ ਹੋਏ ਪੁਲਿਸ ਕਰਮੀਆਂ ਦੇ ਪਰਿਵਾਰਾਂ ਨਾਲ ਦੁੱਖ ਵੰਡਾਉਣ ਤੇ ਉਨ੍ਹਾਂ ਦੇ ਨਾਲ ਖੜ੍ਹਨ ਦੀ ਸੀ, ਪਰ ਵਿਰੋਧੀ ਪਾਰਟੀਆਂ ਸ਼ਹਾਦਤ ਦੇ ਨਾਮ 'ਤੇ ਆਪਣੀਆਂ ਸਿਆਸੀ ਰੋਟੀਆਂ ਸੇਕ ਰਹੀਆਂ ਹਨ, ਜਿਸ ਦੀ ਜਿੰਨੀ ਨਿਖੇਧੀ ਕੀਤੀ ਜਾਵੇ ਉਨੀ ਥੋੜ੍ਹੀ ਹੈ। ਉਨ੍ਹਾਂ ਕਿਹਾ ਅੱਗੇ ਕਿਹਾ ਕਿ ਭਗਵੰਤ ਸਿੰਘ ਮਾਨ ਵੱਲੋਂ ਸ਼ਹੀਦ ਪਰਿਵਾਰਾਂ ਦੀ ਨਾਲ ਦੁੱਖ ਵੰਡਾਉਂਦਿਆ ਸ਼ਹੀਦਾਂ ਦੇ ਸਨਮਾਨ ਲਈ 1-1 ਕਰੋੜ ਰੁਪਏ ਦੀ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਹੈ ਤੇ ਇਸ ਦੁੱਖ ਦੀ ਘੜੀ ਵਿੱਚ ਪੰਜਾਬ ਸਰਕਾਰ ਸ਼ਹੀਦ ਪਰਿਵਾਰਾਂ ਦੇ ਨਾਲ ਮੋਢੇ ਨਾਲ ਮੋਢਾ ਲਗਾ ਕੇ ਖੜ੍ਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਦਾ ਮਾਣਮੱਤਾ ਇਤਿਹਾਸ ਹੈ ਤੇ ਦੇਸ਼ ਤੇ ਸੂਬੇ ਅੰਦਰ ਅਮਨ ਸ਼ਾਂਤੀ ਤੇ ਏਕਤਾ ਅਖੰਡਤਾ ਨੂੰ ਬਣਾਏ ਰੱਖਣ ਲਈ ਆਪਣੀਆਂ ਕੁਰਬਾਨੀਆਂ ਦਿੱਤੀਆਂ ਤੇ ਹਮੇਸ਼ਾ ਅੱਗੇ ਹੋ ਕੇ ਸ਼ਹਾਦਤਾਂ ਦਿੱਤੀਆਂ, ਜਿਸ ਨੂੰ ਕਦੀ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਸਮਾਜ ਵਿਰੋਧੀ ਅਨਸਰਾਂ ਨਾਲ ਨਿਪਟਣ ਲਈ ਵਚਨਬੱਧ ਹੈ ਤੇ ਸੂਬੇ ਵਿੱਚ ਅਮਨ-ਸ਼ਾਂਤੀ ਬਹਾਲ ਰੱਖਣ ਲਈ ਦ੍ਰਿੜ ਸੰਕਲਪ ਹੈ।

# ਹਲਕਾ ਇੰਚਾਰਜ ਰਮਨ ਬਹਿਲ ਨੇ ਮੁੱਖ ਮੰਡੀ ਗੁਰਦਾਸਪੁਰ 'ਚ ਵਿਕਾਸ ਕਾਰਜਾਂ ਲਈ ਹੋਰ 25 ਲੱਖ ਰੁਪਏ ਦਿੱਤੇ

☛ ਪਹਿਲਾਂ ਵੀ ਆੜ੍ਹਤੀਆਂ ਤੇ ਫੜੀ ਵਾਲਿਆਂ ਨੂੰ ਦਿੱਤੇ ਸੀ 1 ਕਰੋੜ 5 ਲੱਖ ਰੁਪਏ

ਗੁਰਦਾਸਪੁਰ, 27 ਫਰਵਰੀ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਨੇ ਦੱਸਿਆ ਕਿ ਮੁੱਖ ਮੰਡੀ ਗੁਰਦਾਸਪੁਰ ਵਿੱਚ ਆੜ੍ਹਤੀਆਂ ਤੇ ਫੜੀ ਵਾਲਿਆਂ ਦੀ ਸ਼ੈਡ ਬਣਾਉਣ ਸਬੰਧੀ ਬਹੁਤ ਪੁਰਾਣੀ ਮੰਗ ਸੀ ਕਿਉਂਕਿ ਬਰਸਾਤਾਂ ਦੇ ਦਿਨਾਂ ਵਿੱਚ ਬਹੁਤ ਮੁਸ਼ਕਿਲ ਆਉਂਦੀ ਸੀ। ਉਨ੍ਹਾਂ ਦੱਸਿਆ ਕਿ ਇਸ ਦੇ ਸਬੰਧ ਵਿੱਚ ਉਨ੍ਹਾਂ ਵੱਲੋਂ ਪੰਜਾਬ ਮੰਡੀ ਬੋਰਡ ਨੂੰ ਬਾਬਤ 1 ਕਰੋੜ 5 ਲੱਖ ਰੁਪਏ ਦਿੱਤੇ ਗਏ, ਜਿਸ ਵਿੱਚ ਉਨ੍ਹਾਂ ਵੱਲੋਂ ਮੰਡੀ ਦੇ ਫੜ ਦਾ 15000 ਸਕੇਅਰ ਫੁੱਟ ਏਰੀਆ ਕਵਰ ਕਰ ਦਿੱਤਾ ਗਿਆ। ਰਮਨ ਬਹਿਲ ਨੇ ਅੱਗੇ ਦੱਸਿਆ ਕਿ ਪ੍ਰੰਤੂ ਕੁੱਝ ਦੁਕਾਨਾਂ ਤੇ ਫੜੀ ਵਾਲਿਆਂ ਦਾ ਏਰੀਆ (ਲਗਭਗ 2500 ਸਕੇਅਰ ਫੁੱਟ) ਕਵਰ ਨਹੀਂ ਹੋ ਸਕਿਆ



ਸੀ। ਹੁਣ ਫਿਰ ਉਨ੍ਹਾਂ ਵੱਲੋਂ ਪੰਜਾਬ ਮੰਡੀ ਬੋਰਡ ਨੂੰ ਬਾਬਤ 25 ਲੱਖ ਰੁਪਏ ਦਿੱਤੇ ਗਏ ਹਨ ਤਾਂ ਜੋ ਬਕਾਇਆ ਕੰਮ ਵੀ ਹੋ ਸਕੇ ਤੇ ਇਸ ਦੇ ਸਬੰਧ ਵਿੱਚ ਪੰਜਾਬ ਮੰਡੀ ਗੁਰਦਾਸਪੁਰ ਵੱਲੋਂ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।ਰਮਨ ਬਹਿਲ ਨੇ ਦੱਸਿਆ ਕਿ ਸਬਜ਼ੀ ਮੰਡੀ ਗੁਰਦਾਸਪੁਰ ਵਿੱਚ 2 ਕਰੋੜ 10 ਲੱਖ ਰੁਪਏ ਦੇ ਵਿਕਾਸ ਕਾਰਜ ਹੁਣ ਤੱਕ ਕੀਤੇ ਜਾ ਚੁੱਕੇ ਹਨ। ਜਿਨ੍ਹਾਂ ਵਿੱਚ ਕਰੀਬ 1 ਕਰੋੜ 5 ਲੱਖ ਦੀ ਲਾਗਤ ਨਾਲ ਸੜਕ ਤੇ 1 ਕਰੋੜ 5 ਲੱਖ ਰੁਪਏ ਦੀ ਲਾਗਤ ਨਾਲ ਨਵਾਂ ਸ਼ੈਡ ਉਸਾਰਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਦਾ ਪਰਿਵਾਰ ਸਮਾਜ ਸੇਵਾ ਲਈ ਸਮਰਪਿਤ ਹੈ ਤੇ ਹਮੇਸ਼ਾ ਸਬਜ਼ੀ ਮੰਡੀ ਗੁਰਦਾਸਪੁਰ ਦੀ ਬਿਹਤਰੀ ਲਈ ਯਤਨ ਕੀਤੇ ਹਨ। ਉਨ੍ਹਾਂ ਕਿਹਾ ਕਿ ਗੁਰਦਾਸਪੁਰ ਹਲਕੇ ਦੇ ਨਿਵਾਸੀ ਉਨ੍ਹਾਂ ਦਾ ਆਪਣਾ ਪਰਿਵਾਰ ਹਨ ਤੇ ਉਹ ਆਪਣੇ ਲੋਕਾਂ ਦੀ ਵੱਧ ਤੋਂ ਵੱਧ ਸੇਵਾ ਕਰਨ ਲਈ ਵਚਨਬੱਧ ਹਨ।

# ਨਾਬਾਲਿਗਾ ਨਾਲ ਜਬਰ-ਜਨਾਹ ਕਰਵਾਉਣ ਦੇ ਮਾਮਲੇ 'ਚ 2 ਭੈਣਾਂ ਗ੍ਰਿਫ਼ਤਾਰ, ਨੌਜਵਾਨ ਫਰਾਰ

ਤਰਨਤਾਰਨ, 27 ਫਰਵਰੀ (ਚ.ਨ.ਸ): ਵਿਧਾਨ ਸਭਾ ਹਲਕਾ ਪੱਟੀ ਅਧੀਨ ਆਉਂਦੇ ਇੱਕ ਇਲਾਕੇ ਦੀ 14 ਸਾਲਾ ਨਾਬਾਲਿਗ ਲੜਕੀ ਨਾਲ ਛੇੜਛਾੜ ਕਰਨ ਤੇ ਜ਼ਬਰਦਸਤੀ ਸਰੀਰਕ ਸਬੰਧ ਬਣਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਸਿਟੀ ਪੱਟੀ ਦੀ ਪੁਲਿਸ ਨੇ 2 ਭੈਣਾਂ ਨੂੰ ਗ੍ਰਿਫਤਾਰ ਕਰਦੇ ਹੋਏ ਮੁੱਖ ਮੁਲਜ਼ਮ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਥਾਣਾ ਸਿਟੀ ਪੱਟੀ ਦੀ ਸਬ-ਇੰਸਪੈਕਟਰ ਮਨਦੀਪ ਕੌਰ ਨੇ ਦੱਸਿਆ ਕਿ ਪੱਟੀ ਇਲਾਕੇ ਅਧੀਨ ਆਉਂਦੇ ਇੱਕ ਮੁਹੱਲੇ 'ਚ ਇੱਕ ਪਰਿਵਾਰ ਨੇ ਗੁਰਮੀਤ ਕੌਰ ਉਰਫ ਸੁਨੇਹਾ ਪਤਨੀ ਗੁਰਪ੍ਰੀਤ ਸਿੰਘ ਤੇ ਕੁਲਵਿੰਦਰ ਕੌਰ ਉਰਫ ਕਿੰਦੂ ਪੁੱਤਰੀ ਲੱਖਾ ਸਿੰਘ ਨੂੰ ਆਪਣੇ ਘਰ 'ਚ ਕਮਰਾ ਕਿਰਾਏ 'ਤੇ ਦੇ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਜਦੋਂ ਘਰ ਵਿੱਚ ਰਹਿੰਦੀ 14 ਸਾਲਾ ਨਾਬਾਲਗ ਲੜਕੀ ਦੀ ਮਾਂ ਕਿਸੇ ਕੰਮ ਲਈ ਅੰਮ੍ਰਿਤਸਰ ਗਈ ਹੋਈ ਸੀ ਤਾਂ ਉਦੋਂ ਦੋਵੇਂ ਔਰਤਾਂ ਨਾਬਾਲਿਗ ਲੜਕੀ ਨੂੰ ਗੱਲਾਂ 'ਚ ਲੈ ਕੇ ਭਿੱਖੀਵਿੰਡ ਲੈ ਗਈਆਂ, ਜਿੱਥੇ ਇੱਕ ਕਮਰੇ 'ਚ ਅਜੇਦੀਪ ਸਿੰਘ ਉਰਫ ਅਜੇ ਵਾਸੀ ਭਿੱਖੀਵਿੰਡ ਆਇਆ ਤੇ ਲੜਕੀ ਨਾਲ ਜ਼ਬਰਦਸਤੀ ਸਰੀਰਕ ਸਬੰਧ ਬਣਾਏ। ਸਬ-ਇੰਸਪੈਕਟਰ ਮਨਦੀਪ ਕੌਰ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਨਾਬਾਲਿਗ ਲੜਕੀ ਵੱਲੋਂ ਦਿੱਤੀ ਗਈ ਸ਼ਿਕਾਇਤ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਉਸ ਦਾ ਜਿੱਥੇ ਮੈਡੀਕਲ ਕਰਵਾਇਆ ਗਿਆ ਹੈ, ਉਥੇ ਹੀ ਉਸ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ ਹੈ। ਪੁਲਿਸ ਨੇ ਇਸ ਮਾਮਲੇ ਵਿੱਚ ਨਾਬਾਲਗ ਲੜਕੀ ਦੇ ਬਿਆਨਾਂ ਹੇਠ ਉਕਤ ਤਿੰਨਾਂ ਮੁਲਜ਼ਮਾਂ ਖ਼ਿਲਾਫ ਪਰਚਾ ਦਰਜ ਕਰਦੇ ਹੋਏ ਦੋ ਭੈਣਾਂ ਗੁਰਮੀਤ ਕੌਰ ਤੇ ਕੁਲਵਿੰਦਰ ਕੌਰ ਨੂੰ ਗ੍ਰਿਫਤਾਰ ਕਰ ਲਿਆ ਹੈ, ਜਦਕਿ ਅਜੇਦੀਪ ਸਿੰਘ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਜਾਰੀ ਹੈ।

# ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ: ਡਾ. ਕੇ.ਜੇ. ਸਿੰਘ

ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 27 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਆਮ ਆਦਮੀ ਪਾਰਟੀ ਦੇ ਨੈਸ਼ਨਲ ਕਨਵੀਨਰ ਤੇ ਦਿੱਲੀ ਦੇ ਸਾਬਕਾ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਤੇ ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਮਨੀਸ਼ ਸਿਸੋਦੀਆ ਨੂੰ ਪਿਛਲੇ ਕਾਫੀ ਲੰਬੇ ਸਮੇਂ ਤੋਂ



ਨਾਜਾਇਜ਼ ਸ਼ਰਾਬ ਘੋਟਾਲੇ ਦੇ ਮਾਮਲੇ ਵਿੱਚ ਬੀਜੇਪੀ ਵੱਲੋਂ ਨਾਜਾਇਜ਼ ਫਸਾ ਕੇ ਰੱਖਿਆ ਹੋਇਆ ਸੀ। ਜਿਸ ਦੌਰਾਨ ਸਾਡੇ ਦੋਨਾਂ ਲੀਡਰਾਂ ਨੂੰ ਜੇਲ੍ਹ ਵੀ ਜਾਣਾ ਪਿਆ ਪਰ ਅੱਜ ਆਖਰਕਾਰ ਮਾਣਯੋਗ ਅਦਾਲਤ ਨੇ ਸਾਡੇ ਦੋਨਾਂ ਲੀਡਰਾਂ ਨੂੰ ਬਰੀ ਕਰ ਦਿੱਤਾ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਕਮਲਜੀਤ ਸਿੰਘ ਕੇਜੇ ਸਾਬਕਾ ਆਬਜ਼ਰਵਰ ਤੇ ਸੀਨੀਅਰ ਆਗੂ ਆਮ ਆਦਮੀ ਪਾਰਟੀ ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਨੇ ਕਿਹਾ ਕਿ ਬੀਜੇਪੀ ਵੱਲੋਂ ਸਮੇਂ-ਸਮੇਂ ਤੇ ਵਿਰੋਧੀ ਧਿਰਾਂ ਦੇ ਲੀਡਰਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਦੇ ਤਹਿਤ ਸਾਡੇ ਆਮ ਆਦਮੀ ਪਾਰਟੀ ਦੇ ਲੀਡਰਾਂ ਨੂੰ ਸਮੇਂ-ਸਮੇਂ ਨਾਜਾਇਜ਼ ਕੇਸਾਂ ਵਿੱਚ ਫਸਾਇਆ ਜਾ ਰਿਹਾ ਹੈ ਪਰ ਸੱਤਾ ਵਿੱਚ ਆਉਣ ਬਾਅਦ ਲੀਡਰ ਭੁੱਲ ਜਾਂਦੇ ਆ ਕਿ ਉਨ੍ਹਾਂ ਦੇ ਉਪਰ ਅਦਾਲਤਾਂ ਵੀ ਹਨ ਤੇ ਸੱਚ ਦੀ ਹਮੇਸ਼ਾ ਜਿੱਤ ਹੁੰਦੀ ਹੈ। ਜਿਸ ਦਾ ਜ਼ਿੰਦਾ ਜਾਗਦਾ ਸਬੂਤ ਅੱਜ ਮਾਣਯੋਗ ਅਦਾਲਤ ਵੱਲੋਂ ਅਰਵਿੰਦ ਕੇਜਰੀਵਾਲ ਨੂੰ ਬਾਇੱਜ਼ਤ ਬਰੀ ਕਰਕੇ ਦਿੱਤਾ ਹੈ।

# ਖੋਸਾ ਕੋਟਲਾ ਦਾ 21ਵਾਂ ਕਬੱਡੀ ਕੱਪ ਧੂਮ ਧੜੱਕੇ ਨਾਲ ਸੰਪੰਨ

ਕੋਟ ਈਸੇ ਖਾਂ, 27 ਫਰਵਰੀ (ਹਰਜੀਤ ਛਾਬੜਾ/ਗੁਰਦੇਵ ਖੁਰਾਣਾ): ਇਥੋਂ ਨੇੜਲੇ ਪਿੰਡ ਖੋਸਾ ਕੋਟਲਾ ਵਿਖੇ ਸ਼ਹੀਦ ਗੁਰਦਰਸ਼ਨ ਸਿੰਘ ਸਪੋਰਟਸ ਕਲੱਬ ਵੱਲੋਂ ਐਨਆਰਆਈ ਭਰਾਵਾਂ, ਸਮੂਹ ਗ੍ਰਾਮ ਪੰਚਾਇਤ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ 21ਵਾਂ ਕਬੱਡੀ ਟੂਰਨਾਮੈਂਟ ਹਰਸ਼ੋ-ਉਲਾਸ ਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਲਾਕੇ ਦੀ ਮਹਾਨ ਧਾਰਮਿਕ ਸ਼ਖਸੀਅਤ ਸੱਚਖੰਡ ਵਾਸੀ ਸੰਤ ਬਾਬਾ ਫਤਿਹ ਸਿੰਘ ਦੀ ਯਾਦ ਨੂੰ ਤਾਜ਼ਾ ਕਰਦਿਆਂ ਕਰਵਾਏ ਗਏ, ਇਸ ਟੂਰਨਾਮੈਂਟ ਦਾ ਉਦਘਾਟਨ ਗੁਰਦੁਆਰਾ ਗੁਰੂਸਰ ਪਾਤਸ਼ਾਹੀ ਛੇਵੀਂ ਖੋਸਾ ਕੋਟਲਾ ਦੇ ਮੌਜੂਦਾ ਮੁੱਖ ਸੇਵਾਦਾਰ ਸੰਤ ਬਾਬਾ ਗੁਰਮੀਤ ਸਿੰਘ ਵੱਲੋਂ ਸ਼ਹੀਦ ਗੁਰਦਰਸ਼ਨ ਸਿੰਘ ਸਪੋਰਟਸ ਕਲੱਬ ਖੋਸਾ ਕੋਟਲਾ, ਗ੍ਰਾਮ ਪੰਚਾਇਤ ਤੇ ਸਮੂਹ ਪਿੰਡ ਵਾਸੀਆਂ ਦੀ ਹਾਜ਼ਰੀ ਵਿੱਚ ਅਰਦਾਸ ਕਰਨ ਉਪਰੰਤ ਰਿਬਨ ਕੱਟ ਕੇ ਕੀਤਾ ਗਿਆ। ਟੂਰਨਾਮੈਂਟ ਦੌਰਾਨ ਹੋਏ ਗਹਿ-ਗੱਡ ਮੁਕਾਬਲਿਆਂ ਵਿੱਚੋਂ ਸ਼ਾਹਕੋਟ ਦੀ ਅਕੈਡਮੀ ਨੇ ਪਹਿਲਾ ਤੇ ਗੱਗੀ ਲੋਪੋ ਅਕੈਡਮੀ ਮਾਲਵਾ ਨੇ ਦੂਸਰਾ, ਕਬੱਡੀ ਇੱਕ ਪਿੰਡ ਓਪਨ 'ਚੋਂ ਲੋਹਾਰਾ ਨੇ ਪਹਿਲਾ ਤੇ ਖੋਸਾ ਕੋਟਲਾ ਨੇ



ਦੂਸਰਾ, ਕਬੱਡੀ 70 ਕਿਲੋ ਵਿੱਚ ਖੋਸਾ ਕੋਟਲਾ ਨੇ ਪਹਿਲਾ, ਕਬੱਡੀ 53 ਕਿਲੋ ਵਿੱਚ ਲੰਬੀ ਨੇ ਪਹਿਲਾ ਤੇ ਖੋਸਾ ਕੋਟਲਾ ਨੇ ਦੂਸਰਾ ਤੇ 42 ਕਿਲੋ ਵਰਗ ਵਿੱਚ ਪਿੰਡ ਅਗਰਾਹਾਂ ਦੀ ਟੀਮ ਨੇ ਪਹਿਲਾ ਤੇ ਪਿੰਡ ਮੱਲ ਕੇ ਦੀ ਟੀਮ ਨੇ ਦੂਸਰਾ ਸਥਾਨ ਹਾਸਲ ਕੀਤਾ। ਇਸ ਵਾਰ ਕਬੱਡੀ ਦੇ ਕਰਵਾਏ ਗਏ ਮੁਕਾਬਲਿਆਂ ਤੋਂ ਇਲਾਵਾ ਇਸ ਟੂਰਨਾਮੈਂਟ ਵਿੱਚ ਇੱਕ ਨਵੀਂ ਖੇਡ 'ਪੈਰਾਂ ਭਾਰ ਬੈਠਣ' ਦੀ ਵੀ ਕਰਵਾਈ ਗਈ ਜਿਸ ਵਿੱਚ ਜੇਤੂ ਰਹਿਣ ਵਾਲੇ ਤਿੰਨ ਵਿਅਕਤੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਟੂਰਨਾਮੈਂਟ ਵਿੱਚ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਟੂਰਨਾਮੈਂਟ ਦੀ ਸਮਾਪਤੀ 'ਤੇ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਤੇ ਸਮੁੱਚੇ ਟੂਰਨਾਮੈਂਟ ਪ੍ਰਬੰਧਕਾਂ ਨੇ ਜੇਤੂ ਖਿਡਾਰੀਆਂ ਨੂੰ ਨਗਦ ਇਨਾਮਾਂ ਦੇ ਟਰਾਫੀਆਂ ਨਾਲ ਸਨਮਾਨਤ ਕੀਤਾ।ਇਸ ਟੂਰਨਾਮੈਂਟ ਵਿੱਚ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਸਾਬਕਾ ਚੇਅਰਮੈਨ ਬਰਜਿੰਦਰ ਸਿੰਘ ਮੱਖਣ ਬਰਾੜ, ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਬਾਬਾ ਹਰਚੰਦ ਸਿੰਘ, ਪ੍ਰਧਾਨ ਨਿਰਮਲ ਸਿੰਘ ਕਲੇਰ, ਡਾ. ਕੁਲਵੰਤ ਸਿੰਘ ਮੁੱਦਕੀ ਵਾਲੇ, ਅੰਗਰੇਜ਼ ਸਿੰਘ, ਸਤਨਾਮ ਸਿੰਘ ਆੜ੍ਹਤੀਆ, ਦਵਿੰਦਰ ਸਿੰਘ ਮੰਦਰ, ਗੁਰਸੇਵਕ ਸਿੰਘ ਸਰਪੰਚ, ਰਮਨਦੀਪ ਸਿੰਘ ਰਿਪੀ ਸਰਪੰਚ ਖੋਸਾ ਰਣਧੀਰ, ਆੜ੍ਹਤੀਆ ਨੇਕ ਸਿੰਘ ਤੂਰ, ਕਮਲਪ੍ਰੀਤ ਸਿੰਘ, ਰਾਜਵਿੰਦਰ ਸਿੰਘ ਰਾਜੂ, ਬਲਤੇਜ ਸਿੰਘ, ਗੁਰਪਾਲ ਸਿੰਘ, ਗੁਰਜੰਟ ਸਿੰਘ, ਜਗਦੀਪ ਸਿੰਘ ਗੋਰਾ। ਜਗਸੀਰ ਸਿੰਘ, ਗੁਰਦੀਪ ਸਿੰਘ ਸਾਬਕਾ ਮੈਂਬਰ ਹਾਜ਼ਰ ਸਨ।

# ਵਿਧਾਇਕ ਅਮਰਪਾਲ ਸਿੰਘ ਦੀ ਸੁਪਤਨੀ ਡਾ. ਸੁਮੀਤੀ ਥਾਪਾ ਨੇ ਅਮੋਨੰਗਲ ਦੀ ਪੰਚਾਇਤ ਨੂੰ ਪੰਜ ਲੱਖ ਰੁਪਏ ਦਾ ਚੈਕ ਸੌਂਪਿਆ

ਸ੍ਰੀ ਹਰਿਗੋਬਿੰਦਪੁਰ ਸਾਹਿਬ/ ਘੁਮਾਣ, 27 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਵਿਧਾਇਕ ਸ੍ਰੀ ਹਰਿਗੋਬਿੰਦਪੁਰ ਸਾਹਿਬ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਦੇ ਸੁਪਤਨੀ ਡਾ. ਸੁਮੀਤੀ ਥਾਪਾ ਵੱਲੋਂ ਪੰਚਾਇਤੀ ਚੋਣਾਂ ਦੌਰਾਨ ਸਰਬਸੰਮਤੀ ਨਾਲ ਚੁਣੀ ਗਈ ਗ੍ਰਾਮ ਪੰਚਾਇਤ ਪੱਤੀ ਰੂੜ ਚੰਦ ਨੰਗਲ (ਅਮੋਨੰਗਲ) ਦੇ ਸਰਪੰਚ ਗੁਰਮੀਤ ਸਿੰਘ ਸਮੂਹ ਗ੍ਰਾਮ ਪੰਚਾਇਤ ਨੂੰ ਪਿੰਡ ਦੇ ਵਿਕਾਸ ਕਾਰਜਾਂ ਲਈ ਪੰਜ ਲੱਖ ਰੁਪਏ ਦਾ ਚੈਕ ਸੌਂਪਿਆ। ਇਸ ਮੌਕੇ ਡਾ. ਸੁਮੀਤੀ ਥਾਪਾ ਨੇ ਆਖਿਆ ਕਿ ਪਿੰਡ ਪੱਤੀ ਰੂੜ ਚੰਦ ਨੰਗਲ (ਅਮੋਨੰਗਲ) ਵੱਲੋਂ ਸਰਬਸੰਮਤੀ ਨਾਲ ਪੜ੍ਹੇ ਲਿਖੇ ਅਗਾਂਹਵਧੂ ਨੌਜਵਾਨ ਗੁਰਮੀਤ ਸਿੰਘ ਨੂੰ ਸਰਪੰਚ ਬਣਾਇਆ ਤੇ ਸਮੁੱਚੀ ਗ੍ਰਾਮ ਪੰਚਾਇਤ ਦੀ ਸਰਬਸੰਮਤੀ ਨਾਲ ਚੋਣ ਕੀਤੀ ਗਈ ਹੈ। ਇਸ ਨਾਲ ਜਿਥੇ ਸਮੂਹ ਗ੍ਰਾਮ ਪੰਚਾਇਤ ਵਧਾਈ ਦੀ ਪਾਤਰ ਹੈ, ਉਥੇ ਸਮੁੱਚੇ ਪਿੰਡ ਪੱਤੀ ਰੂੜ ਚੰਦ ਨੰਗਲ (ਅਮੋਨੰਗਲ) ਦੇ ਮੋਹਤਬਰ ਸਮੂਹ ਪਿੰਡ



ਵਾਸੀ ਵਧਾਈ ਦੇ ਪਾਤਰ ਹਨ। ਉਨ੍ਹਾਂ ਆਖਿਆ ਕਿ ਸਰਕਾਰ ਵੱਲੋਂ ਸਰਬਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ ਪੰਜ ਲੱਖ ਰੁਪਏ ਦੀ ਪ੍ਰਦਾਨ ਕੀਤੀ ਜਾਂਦੀ ਹੈ। ਜੋ ਕਿ ਅੱਜ ਪੱਤੀ ਰੂੜ ਚੰਦ ਨੰਗਲ (ਅਮੋਨੰਗਲ) ਗ੍ਰਾਮ ਦੀ ਪੰਚਾਇਤ ਇਹ ਪੰਜ ਲੱਖ ਰੁਪਏ ਦਾ ਚੈਕ ਸੌਂਪਿਆ ਗਿਆ ਹੈ। ਇਸ ਮੌਕੇ ਸਰਪੰਚ ਗੁਰਮੀਤ ਸਿੰਘ ਤੇ ਸਮੂਹ ਗ੍ਰਾਮ ਪੰਚਾਇਤ ਦੇ ਮੈਂਬਰਾਂ ਵੱਲੋਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਤੇ ਉਨ੍ਹਾਂ ਦੀ ਪਤਨੀ ਡਾ. ਸੁਮੀਤੀ ਥਾਪਾ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਪੀ.ਏ. ਸੁਖਦੇਵ ਸਿੰਘ ਰੋਮੀ, ਪੀ.ਏ. ਨਵ ਭਿੰਡਰ, ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਪ੍ਰਧਾਨ ਹਰਜਿੰਦਰ ਸਿੰਘ ਜਾਦਪੁਰ, ਸਰਪੰਚ ਗੁਰਮੀਤ ਸਿੰਘ ਲਾਲਕਾ, ਪੰਚ ਸੁਖਵਿੰਦਰ ਸਿੰਘ ਬਿੱਟੂ, ਪੰਚ ਸਤਪਾਲ ਸਿੰਘ, ਪੰਚ ਸਰਵਣ ਸਿੰਘ, ਪੰਚ ਦਲਬੀਰ ਸਿੰਘ, ਪੰਚ ਭਜਨ ਕੌਰ, ਚਰਨ ਸਿੰਘ, ਕਰਨੈਲ ਸਿੰਘ, ਜਗੀਰ ਸਿੰਘ, ਮੇਜਰ ਸਿੰਘ, ਬਲਵਿੰਦਰ ਸਿੰਘ ਪੱਪੀ, ਜੋਗਿੰਦਰ ਸਿੰਘ, ਕੁਲਵੰਤ ਸਿੰਘ, ਭਜਨ ਸਿੰਘ, ਮੁਖਤਾਰ ਸਿੰਘ ਬਲਵਿੰਦਰ ਸਿੰਘ ਆਦਿ ਨਗਰ ਨਿਵਾਸੀ ਹਾਜ਼ਰ ਸਨ।

# ਵਿਧਾਇਕ ਜਿੰਪਾ ਨੇ ਆਰਐਮਸੀ ਗਲੀਆਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ



ਹੁਸ਼ਿਆਰਪੁਰ, 27 ਫਰਵਰੀ (ਦੀਪਕ ਅਗਨੀਹੋਤਰੀ): ਹੁਸ਼ਿਆਰਪੁਰ ਦੇ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਵਾਰਡ ਨੰਬਰ 3 ਵਿੱਚ 19 ਲੱਖ ਰੁਪਏ ਦੀ ਲਾਗਤ ਨਾਲ ਆਰਐਮਸੀ (ਰੈਡੀ ਮਿਕਸ ਕੰਕਰੀਟ) ਨਾਲ ਬਣਨ ਵਾਲੀਆਂ ਗਲੀਆਂ ਦੇ ਨਿਰਮਾਣ ਕਾਰਜ ਦੀ ਰਸਮੀ ਸ਼ੁਰੂਆਤ ਕਰਵਾਈ। ਇਸ ਮੌਕੇ ਸਥਾਨਕ ਨਿਵਾਸੀਆਂ ਨੇ ਵਿਧਾਇਕ ਦਾ ਸਵਾਗਤ ਕੀਤਾ ਤੇ ਇਲਾਕੇ ਵਿੱਚ ਵਿਕਾਸ ਕਾਰਜਾਂ ਲਈ ਧੰਨਵਾਦ ਕੀਤਾ।ਵਿਧਾਇਕ ਜਿੰਪਾ ਨੇ ਕਿਹਾ ਕਿ ਵਾਰਡ ਨੰਬਰ 3 ਵਿੱਚ ਕੰਕਰੀਟ ਦੀਆਂ ਸੜਕਾਂ ਦੀ ਮੁਰੰਮਤ ਤੇ ਨਿਰਮਾਣ ਦੀ ਲੰਬੇ ਸਮੇਂ ਤੋਂ ਮੰਗ ਸੀ, ਜਿਸ ਨੂੰ ਹੁਣ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਆਰ.ਐਮ.ਸੀ. ਤੋਂ ਬਣੀਆਂ ਗਲੀਆਂ ਟਿਕਾਊ, ਮਜ਼ਬੂਤ ਤੇ ਲੰਬੇ ਸਮੇਂ ਤੱਕ ਚੱਲਣ ਵਾਲੀਆਂ ਹੋਣਗੀਆਂ, ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪਰਵੀਨ ਸੈਣੀ, ਕ੍ਰਿਸ਼ਨ ਸਿੰਘ ਸੈਣੀ, ਵਿਕਾਸ ਮੱਟੂ, ਬ੍ਰਿਜ ਮੱਟੂ, ਜੋਗਿੰਦਰ ਰਾਜਾ, ਮਨੀ ਗੋਗੀਆ, ਖੁਸ਼ੀ ਰਾਮ ਧੀਮਾਨ, ਬਲਵਿੰਦਰ ਰਾਣਾ ਤੇ ਵਰਿੰਦਰ ਵੈਦ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

# ਪੰਜਾਬ ਦੇ ਲੋਕਾਂ ਦੇ ਹਿੱਤਾਂ ਤੇ ਹੱਕਾਂ ਲਈ ਫੈਸਲੇ ਲੈ ਰਹੀ ਹੈ ਪੰਜਾਬ ਦੀ ਮਾਨ ਸਰਕਾਰ: ਆਲੋਵਾਲ

ਗੁਰਦਾਸਪੁਰ, 27 ਫਰਵਰੀ (ਜਸਵਿੰਦਰ ਸਿੰਘ): ਪੰਜਾਬ ਵਿੱਚ ਲੋਕਾਂ ਵੱਲੋਂ ਲੋਕਾਂ ਦੁਆਰਾ ਚੁਣੀ ਗਈ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਲਈ ਫੈਸਲੇ ਲੈ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਮੁਖਦੇਵ ਸਿੰਘ ਆਲੋਵਾਲ ਜ਼ਿਲ੍ਹਾ ਮੀਡੀਆ ਇੰਚਾਰਜ ਗੁਰਦਾਸਪੁਰ ਨੇ ਦੱਸਿਆ ਕਿ ਹੁਣ ਤੱਕ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਿੰਨੇ ਵੀ ਸਰਕਾਰ ਨੇ ਫੈਸਲੇ ਕੀਤੇ ਹਨ। ਇਹ ਸਾਰੇ ਲੋਕਾਂ ਦੇ ਹੱਕਾਂ ਤੇ ਹਿੱਤਾਂ ਲਈ ਹਨ, ਨਹਿਰੀ ਪਾਣੀ, ਸਿੱਖਿਆ ਹੈਲਥ ਬਿਜਲੀ ਸੜਕਾਂ ਗਰਾਊਂਡ ਲਾਇਬ੍ਰੇਰੀਆਂ ਸਕੂਲ ਹਸਪਤਾਲ ਮੁਹੱਲਾ ਕਲੀਨਿਕ ਗਰੀਬ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਦਾ ਫੈਸਲਾ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10



ਲੱਖ ਰੁਪਏ ਦਾ ਮੁਫਤ ਇਲਾਜ ਆਦਿ ਵੱਡੇ ਫੈਸਲੇ ਹਨ। ਉਨ੍ਹਾਂ ਵਿਰੋਧੀ ਪਾਰਟੀਆਂ 'ਤੇ ਨਿਸ਼ਾਨਾ ਸਾਧਿਆ ਕਿ ਉਨ੍ਹਾਂ ਆਪਣੇ ਨਿੱਜੀ ਹਿੱਤਾਂ ਦੀ ਰਾਜਨੀਤੀ ਕੀਤੀ ਹੈ, ਜਿਸ ਨੂੰ ਲੋਕ ਕਦੇ ਪ੍ਰਵਾਨ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਇੱਕੋ ਇੱਕ ਮਕਸਦ ਹੈ ਕਿ ਪੰਜਾਬ ਦੇ ਗਰੀਬ ਤੇ ਆਰਥਿਕ ਪੱਖੋਂ ਕਮਜ਼ੋਰ ਲੋਕਾਂ ਨੂੰ ਬੇਹਤਰੀਨ ਸਹੂਲਤਾਂ ਪ੍ਰਦਾਨ ਕੀਤੀਆਂ ਜਾਣ।

# ਕੈਬਨਿਟ ਮੰਤਰੀ ਨੇ ਨਵ-ਨਿਯੁਕਤ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਸਹੁੰ ਚੁਕਾਈ

ਹੁਸ਼ਿਆਰਪੁਰ, 27 ਫਰਵਰੀ (ਦੀਪਕ ਅਗਨੀਹੋਤਰੀ): ਹੁਸ਼ਿਆਰਪੁਰ ਵਿੱਚ ਅੱਜ ਸਥਾਨਕ ਸਿਟੀ ਸੈਂਟਰ ਵਿਖੇ ਦਸੰਬਰ 2025 ਵਿੱਚ ਹੋਈਆਂ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਦੌਰਾਨ ਚੁਣੇ ਗਏ ਮੈਂਬਰਾਂ ਦਾ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ ਸਨਮਾਨਜਨਕ ਮਾਹੌਲ ਵਿੱਚ ਪੂਰਾ ਹੋਇਆ। ਸਮਾਗਮ ਦੇ ਮੁੱਖ ਮਹਿਮਾਨ ਕੈਬਨਿਟ ਮੰਤਰੀ ਪੰਜਾਬ ਡਾ. ਰਵਜੋਤ ਸਿੰਘ ਨੇ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਪ੍ਰੋਗਰਾਮ ਵਿੱਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ, ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ, ਵਿਧਾਇਕ ਕਰਮਬੀਰ ਸਿੰਘ ਘੁੰਮਣ ਤੇ ਵਿਧਾਇਕ ਡਾ. ਈਸ਼ਾਂਕ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜ਼ਿਲ੍ਹਾ



ਪ੍ਰੀਸ਼ਦ ਤੇ ਪੰਚਾਇਤ ਸੰਮਤੀਆਂ ਲੋਕਤੰਤਰ ਦੀ ਮਜ਼ਬੂਤ ਨੀਂਹ ਹਨ ਤੇ ਇਹ ਸੰਸਥਾਵਾਂ ਪਿੰਡਾਂ ਦੇ ਸਰਵਪੱਖੀ ਵਿਕਾਸ ਦਾ ਅਸਲ ਧੁਰਾ ਹਨ। ਉਨ੍ਹਾਂ ਕਿਹਾ ਕਿ ਜਨਤਾ ਨੇ ਤੁਹਾਡੇ ਸਾਰਿਆਂ ਵਿੱਚ ਜੋ ਵਿਸ਼ਵਾਸ ਜਤਾਇਆ ਹੈ, ਉਹ ਨਾ ਸਿਰਫ਼ ਇੱਕ ਸਨਮਾਨ ਹੈ, ਸਗੋਂ ਇੱਕ ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਨਵੇਂ ਚੁਣੇ ਗਏ ਮੈਂਬਰਾਂ ਨੂੰ ਪਾਰਦਰਸ਼ਤਾ, ਇਮਾਨਦਾਰੀ ਤੇ ਜਵਾਬਦੇਹੀ ਨੂੰ ਆਪਣੀ ਕਾਰਜਸ਼ੈਲੀ ਦਾ ਆਧਾਰ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਾਨੂੰ ਰਾਜਨੀਤੀ ਦੀ ਬਜਾਏ ਸੇਵਾ ਦੀ ਭਾਵਨਾ ਨਾਲ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬੁਨਿਆਦੀ ਢਾਂਚੇ ਦਾ ਵਿਕਾਸ, ਸਿੱਖਿਆ, ਸਿਹਤ, ਸੈਨੀਟੇਸ਼ਨ, ਨਸ਼ਾ ਮੁਕਤ ਵਾਤਾਵਰਨ ਤੇ ਪਿੰਡਾਂ ਵਿੱਚ ਰੁਜ਼ਗਾਰ ਪੈਦਾ ਕਰਨਾ ਸਾਡੀ ਤਰਜੀਹ ਹੋਣੀ ਚਾਹੀਦੀ ਹੈ।ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀਆਂ ਪਿੰਡਾਂ ਦੀ ਆਵਾਜ਼ ਹਨ ਤੇ ਅਸਲ ਵਿਕਾਸ ਇਨ੍ਹਾਂ ਸੰਸਥਾਵਾਂ ਰਾਹੀਂ ਹੀ ਸੰਭਵ ਹੈ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਕਰਮਜੀਤ ਕੌਰ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਗੁਰਵਿੰਦਰ ਸਿੰਘ ਪਾਬਲਾ, ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ, ਮਾਰਕੀਟ ਕਮੇਟੀ ਦਸੂਹਾ ਦੇ ਚੇਅਰਮੈਨ ਕੇ.ਪੀ. ਸੰਧੂ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ, ਡਿਪਟੀ ਸੀਈਓ ਜ਼ਿਲ੍ਹਾ ਪ੍ਰੀਸ਼ਦ ਧਾਰਾ ਕੱਕੜ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਸੰਦੀਪ ਸਿੰਘ ਤੇ ਹੋਰ ਪਤਵੰਤੇ ਵੀ ਮੌਜੂਦ ਸਨ।

# ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



ਘੁਮਾਣ/ਸ੍ਰੀ ਹਰਿਗੋਬਿੰਦਪੁਰ ਸਾਹਿਬ, 27 ਫਰਵਰੀ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਚਲਾਈ ਜਾ ਰਹੀ ਸੰਸਥਾ ਬਾਬਾ ਨਾਮਦੇਵ ਯੂਨੀਵਰਸਿਟੀ ਕਾਲਜ ਕਿਸ਼ਨਕੋਟ ਦੇ ਵਿਦਿਆਰਥੀਆਂ ਨੇ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਲੁਧਿਆਣਾ ਦੁਆਰਾ ਕਰਵਾਏ ਗਏ ਨੈਤਿਕ ਸਿੱਖਿਆ ਇਮਤਿਹਾਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਜ਼ਿਕਰਯੋਗ ਹੈ ਕਿ ਇਹ ਇਮਤਿਹਾਨ 17 ਅਕਤੂਬਰ 2025 ਨੂੰ ਕਾਲਜ ਪ੍ਰਿੰਸੀਪਲ ਡਾ. ਵੀ.ਕੇ ਸਿੰਘ ਦੀ ਰਹਿਨੁਮਾਈ ਹੇਠ ਤੇ ਪ੍ਰੋ. ਕਰਮਜੀਤ ਕੌਰ ਦੇ ਸਹਿਯੋਗ ਨਾਲ ਸਟੱਡੀ ਸਰਕਲ ਲੁਧਿਆਣਾ ਦੀ ਨਿਗਰਾਨੀ ਵਿੱਚ ਕਰਵਾਇਆ ਗਿਆ ਸੀ, ਜਿਸ ਵਿੱਚ 130 ਵਿਦਿਆਰਥੀਆਂ ਨੇ ਹਿੱਸਾ ਲਿਆ। ਪਿਛਲੇ ਦਿਨੀਂ ਸੰਸਥਾ ਦੁਆਰਾ ਐਲਾਨੇ ਗਏ ਨਤੀਜਿਆਂ ਵਿੱਚ (ਗੁਰਦਾਸਪੁਰ-ਪਠਾਨਕੋਟ ਜ਼ੋਨ) ਹਰਪ੍ਰੀਤ ਕੌਰ ਬੀ.ਐਸ.ਸੀ ਪੰਜਵਾਂ ਸਮੈਸਟਰ ਨੇ ਪਹਿਲਾ, ਤਰਨਦੀਪ ਕੌਰ ਐਮ.ਏ ਸਮੈਸਟਰ ਪਹਿਲਾ ਨੇ ਦੂਸਰਾ ਸਥਾਨ ਤੇ ਰਮਨਦੀਪ ਕੌਰ ਬੀ.ਏ ਤੇ ਅਨਮੋਲ ਕੌਰ ਬੀ.ਐਸ.ਸੀ ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੋਸ਼ਨ ਕੀਤਾ ਤੇ ਇਨਾਮ ਪ੍ਰਾਪਤ ਕੀਤੇ। ਇਸ ਦੇ ਨਾਲ ਹੀ ਹਰਮਨਪ੍ਰੀਤ ਕੌਰ ਬੀਕਾਮ ਕਲਾਸ, ਰਿਤਿਕਾ ਬੀ.ਏ ਤੀਜਾ ਸਮੈਸਟਰ, ਸੁਨੈਨਾ ਬੀ.ਐਸ.ਸੀ ਤੀਜਾ ਸਮੈਸਟਰ, ਅਨਮੋਲ ਕੌਰ ਬੀ.ਐਸ.ਸੀ ਤੀਜਾ ਸਮੈਸਟਰ, ਅਮਨਦੀਪ ਕੌਰ ਤੇ ਸੰਦੀਪ ਕੌਰ ਬੀ.ਐਸ.ਸੀ ਪੰਜਵਾਂ ਸਮੈਸਟਰ ਨੇ ਮੈਡਲ ਹਾਸਲ ਕੀਤੇ ਤੇ ਸਾਰੇ ਹੀ ਭਾਗੀਦਾਰ ਵਿਦਿਆਰਥੀਆਂ ਨੂੰ ਹਰਇਕਬਾਲ ਸਿੰਘ (ਓ.ਐਸ.ਡੀ ਵਾਈਸ ਚਾਂਸਲਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ) ਤੇ ਡਾ. ਬਲਜੀਤ ਕੌਰ ਰਿਆੜ ਦੁਆਰਾ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦਿੱਤੇ ਗਏ। ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਵਿਦਿਆਰਥੀਆਂ ਵਧਾਈ ਦਿੱਤੀ ਤੇ ਭਵਿੱਖ ਵਿੱਚ ਹੋਰ ਵੀ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਮੂਹ ਸਟਾਫ ਮੈਂਬਰ ਹਾਜ਼ਰ ਰਹੇ।

# ਸਰਕਾਰੀ ਪ੍ਰਾਇਮਰੀ ਸਕੂਲ ਗੌਂਸਪੁਰਾ ਵਿਖੇ ਮਦਰ ਵਰਕਸ਼ਾਪ ਕਰਵਾਈ



ਗੁਰਦਾਸਪੁਰ, 27 ਫਰਵਰੀ (ਸੰਧੂ/ ਬਸਰਾ): ਸਰਕਾਰੀ ਪ੍ਰਾਇਮਰੀ ਸਕੂਲ ਗੌਂਸਪੁਰਾ (ਬਲਾਕ ਬਟਾਲਾ-1) ਵਿਖੇ ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤੇ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਮਦਰ ਵਰਕਸ਼ਾਪ ਦਾ ਸਫਲ ਆਯੋਜਨ ਕੀਤਾ ਗਿਆ, ਜਿਸ ਵਿੱਚ ਵਿਦਿਆਰਥੀਆਂ ਦੀਆਂ ਮਾਵਾਂ ਨੇ ਬੜੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਦੌਰਾਨ ਪ੍ਰਥਮ ਕੋਆਰਡੀਨੇਟਰ ਮੈਡਮ ਪੂਜਾ, ਸੈਂਟਰ ਮੁੱਖ ਅਧਿਆਪਕ ਅਮਨਦੀਪ ਕੌਰ ਤੇ ਸਕੂਲ ਮੁਖੀ ਮੈਡਮ ਪ੍ਰਿਯੰਕਾ ਵੱਲੋਂ ਮਾਵਾਂ ਨੂੰ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਪ੍ਰੇਰਿਤ ਕਰਦਿਆਂ ਬਾਲ ਮਨੋਵਿਗਿਆਨ, ਸਿਹਤ ਤੇ ਪੋਸ਼ਣ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ ਤੇ ਹੈਂਡਮੇਡ ਮਟੀਰੀਅਲ ਰਾਹੀਂ ਖੇਡ-ਖੇਡ ਵਿੱਚ ਪੜ੍ਹਾਉਣ ਦੇ ਤਰੀਕੇ ਸਾਂਝੇ ਕੀਤੇ ਗਏ। ਵਰਕਸ਼ਾਪ ਵਿੱਚ ਮਾਵਾਂ ਲਈ ਵਿਸ਼ੇਸ਼ ਗਤੀਵਿਧੀਆਂ ਤੇ ਖੇਡਾਂ ਵੀ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਜੇਤੂ ਰਹੀਆਂ ਮਾਵਾਂ ਨੂੰ ਸਨਮਾਨਤ ਕੀਤਾ ਗਿਆ ਤੇ ਮਾਤਾਵਾਂ ਨੂੰ ਸਕੂਲ ਦੀ ਤਰੱਕੀ ਵਿੱਚ ਯੋਗਦਾਨ ਪਾਉਣ ਲਈ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।

# ਪਿੰਡ ਰਘਵਾਲ ਵਿਖੇ ਅੱਖਾਂ ਦਾ ਕੈਂਪ 11 ਨੂੰ

ਗੜ੍ਹਦੀਵਾਲਾ, 27 ਫਰਵਰੀ (ਗੌਰਵ): ਸਿੱਖ ਵੈਲਫੇਅਰ ਸੁਸਾਇਟੀ ਲੰਡਨ ਵੱਲੋਂ ਮੁਫਤ ਅੱਖਾਂ ਦਾ ਵਿਸ਼ਾਲ ਕੈਂਪ ਲਗਾਇਆ ਜਾ ਰਿਹਾ। ਇਸ ਮੌਕੇ 'ਤੇ ਕਲੱਬ ਦੇ ਮੈਂਬਰਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ 11 ਮਾਰਚ ਦਿਨ ਬੁੱਧਵਾਰ ਨੂੰ ਸ਼ਿਵਾਲਿਕ ਹਿਲਜ ਪਬਲਿਕ ਹਾਈ ਸਕੂਲ, ਪਿੰਡ ਰਘਵਾਲ ਵਿਖੇ 9 ਵਜੇ ਤੋਂ 3 ਵਜੇ ਤੱਕ ਲਗਾਇਆ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ। ਇਸ ਵਿਸ਼ਾਲ ਕੈਂਪ ਵਿੱਚ ਹਰ ਤਰ੍ਹਾਂ ਦੀਆਂ ਅੱਖਾਂ ਦੀਆਂ ਬਿਮਾਰੀਆਂ ਦਾ ਇਲਾਜ ਮਾਹਿਰ ਡਾ. ਬਲਬੀਰ ਸਿੰਘ ਭੌਰਾ ਅਕਾਲ ਆਈ ਹਸਪਤਾਲ, ਜਲੰਧਰ ਤੇ ਉਨ੍ਹਾਂ ਦੀ ਟੀਮ ਵੱਲੋਂ ਕੀਤਾ ਜਾਵੇਗਾ ਤੇ ਹਰ ਤਰ੍ਹਾਂ ਦੇ ਲੈਨਜ਼ ਮੁਫਤ ਪਾਏ ਜਾਣਗੇ ਦਵਾਈਆਂ ਤੇ ਐਨਕਾਂ ਮੁਫਤ ਦਿੱਤੀਆਂ ਜਾਗੀਆਂ।

# ਗੁ. ਬੋਹੜ ਸਾਹਿਬ ਕਾਦਰਾਬਾਦ ਜਾਂਗਲਾ ਦੀ ਸੰਗਤ ਵੱਲੋਂ ਹੋਲੇ-ਮਹੱਲੇ 'ਤੇ ਗੁਰੂ ਕੇ ਲੰਗਰ ਆਰੰਭ



ਬਟਾਲਾ, 27 ਫਰਵਰੀ (ਸੁਖਦੇਵ ਸਿੰਘ ਰੰਧਾਵਾ/ਬਲਬੀਰ ਸੋਹਲ): ਹਰ ਸਾਲ ਦੀ ਤਰ੍ਹਾਂ ਸਿੱਖਾਂ ਦੇ ਕੌਮੀ ਤਿਉਹਾਰ ਹੋਲੇ-ਮਹੱਲੇ ਨੂੰ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਂਦਾ ਹੈ। ਇਸੇ ਸਬੰਧ ਵਿੱਚ ਹਰ ਸਾਲ ਦੀ ਤਰ੍ਹਾਂ ਪਿੰਡ ਨਾਨਕ ਚੱਕ ਦੇ ਬੱਸ ਸਟੈਂਡ 'ਤੇ ਬਾਬਾ ਸੁਖਵਿੰਦਰ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਬੋਹੜ ਸਾਹਿਬ ਕਾਦਰਬਾਦ ਜਾਂਗਲਾ ਵਾਲੇ ਤੇ ਸਮੂਹ ਇਲਾਕੇ ਦੀ ਸੰਗਤ ਵੱਲੋਂ 28 ਫਰਵਰੀ ਤੋਂ 4 ਮਾਰਚ ਤੱਕ ਗੁਰੂ ਕੇ ਲੰਗਰ ਚਲਾਏ ਜਾਂਦੇ ਹਨ, ਜਿਨ੍ਹਾਂ ਦੀ ਆਰੰਭਤਾ ਅੱਜ ਹੋ ਚੁੱਕੀ ਹੈ। ਜਿਸ ਵਿੱਚ ਅਨ ਪ੍ਰਕਾਰ ਦੇ ਲੰਗਰ ਹੋਲੇ ਮਹੱਲੇ ਦੇ ਦਰਸ਼ਨਾਂ ਲਈ ਜਾ ਰਹੀ ਸੰਗਤ ਨੂੰ ਵਰਤਾਏ ਜਾਣਗੇ।ਇਸ ਮੌਕੇ ਬਾਬਾ ਸੁਖਵਿੰਦਰ ਸਿੰਘ ਗੁਰਦੁਆਰਾ ਬੋਹੜ ਸਾਹਿਬ ਕਾਦਰਾਬਾਦ ਜਾਂਗਲਾ ਵਾਲੇ, ਗੁਰਪ੍ਰੀਤ ਸਿੰਘ ਗਿੱਲ ਸਰਪੰਚ, ਜਰਨੈਲ ਸਿੰਘ ਪ੍ਰਧਾਨ ਜਗਦੀਪ ਸਿੰਘ ਨਿਰਮਲ ਸਿੰਘ ਜੋਗਿੰਦਰ ਸਿੰਘ ਕਰਨੈਲ ਸਿੰਘ ਮੇਜਰ ਸਿੰਘ ਦਿਲਰਾਜ ਸਿੰਘ ਹਰਬਿਲਾਸ ਸਿੰਘ ਅਮਰਜੀਤ ਸਿੰਘ ਹਰਪਾਲ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।

# ਵਿਧਾਇਕ ਬੱਗਾ ਨੇ ਨਾਨਕ ਨਗਰ 'ਚ ਵਿਕਾਸ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ



ਲੁਧਿਆਣਾ, 27 ਫਰਵਰੀ (ਵਿਸ਼ਾਲ ਸ਼ਰਮਾ): ਸੀਵਰੇਜ ਸਪਲਾਈ ਦੀ ਸੁਚਾਰੂ ਵਿਵਸਥਾ ਅਤੇ ਸੜਕੀ ਬੁਨਿਆਦੀ ਢਾਂਚੇ ਨੂੰ ਕਾਇਮ ਰੱਖਣ ਦੇ ਮੰਤਵ ਨਾਲ ਵਿਧਾਨ ਸਭਾ ਹਲਕਾ ਲੁਧਿਆਣਾ ਉੱਤਰੀ ਤੋਂ ਵਿਧਾਇਕ ਚੌਧਰੀ ਮਦਨ ਲਾਲ ਬੱਗਾ ਵੱਲੋਂ ਵਾਰਡ ਨੰਬਰ 87 ਅਧੀਨ ਨਾਨਕ ਨਗਰ ਵਿਖੇ ਕਰੀਬ 1.41 ਕਰੋੜ ਰੁਪਏ ਦੀ ਲਾਗਤ ਵਾਲੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਗਿਆ। ਵਿਧਾਇਕ ਬੱਗਾ ਨੇ ਦੱਸਿਆ ਕਿ ਇਸ ਖੇਤਰ ਵਿੱਚ ਦਹਾਕਿਆਂ ਪੁਰਾਣੀ ਸੀਵਰ ਲਾਈਨ ਲੋਡ ਚੁੱਕਣ ਦੇ ਯੋਗ ਨਹੀਂ ਹੈ ਅਤੇ ਇਲਾਕੇ ਦੇ ਵਸਨੀਕਾਂ ਵੱਲੋਂ ਅਕਸਰ ਸੀਵਰੇਜ ਜਾਮ ਦੀ ਸਮੱਸਿਆ ਸਬੰਧੀ ਸ਼ਿਕਾਇਤਾਂ ਕੀਤੀਆਂ ਜਾਂਦੀਆਂ ਸਨ। ਇਨ੍ਹਾਂ ਮੁਸ਼ਕਿਲਾਂ ਨੂੰ ਧਿਆਨ ਵਿੱਚ ਰੱਖਦਿਆਂ ਕਰੀਬ 60.81 ਲੱਖ ਰੁਪਏ ਦੀ ਲਾਗਤ ਨਾਲ ਨਵੀਆਂ ਪਾਈਪਾਂ ਵਿਛਾਈਆਂ ਜਾ ਰਹੀਆਂ ਹਨ, ਤਾਂ ਜੋ ਓਵਰਫਲੋਅ ਅਤੇ ਬੰਦ ਸੀਵਰਲਾਈਨ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕੇ। ਇਸ ਤੋਂ ਇਲਾਵਾ ਵਿਧਾਇਕ ਬੱਗਾ ਵੱਲੋਂ ਸੜਕ ਨਿਰਮਾਣ ਕਾਰਜ਼ਾਂ ਦਾ ਵੀ ਉਦਘਾਟਨ ਕੀਤਾ ਅਤੇ ਇਸ ਪ੍ਰੋਜੈਕਟ ਤਹਿਤ ਕਰੀਬ 80 ਲੱਖ ਰੁਪਏ ਖਰਚ ਕੀਤੇ ਜਾਣੇ ਹਨ। ਵਿਧਾਇਕ ਬੱਗਾ ਵੱਲੋਂ ਅਧਿਕਾਰੀਆਂ ਨੂੰ ਇਹ ਨਿਰਦੇਸ਼ ਜਾਰੀ ਕੀਤੇ ਗਏ ਕਿ ਇਨ੍ਹਾਂ ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਿਆ ਜਾਵੇ ਤਾਂ ਜੋ ਵਸਨੀਕਾਂ ਨੂੰ ਲਾਭ ਮਿਲ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਇੱਥੇ ਕੰਮ ਕਰਨ ਵਾਲੀ ਏਜੰਸੀ ਦੇ ਕੰਮਕਾਜ 'ਤੇ ਤਿੱਖੀ ਨਜ਼ਰ ਰੱਖਣ ਤਾਂ ਜੋ ਕੰਮ ਦੀ ਗੁਣਵੱਤਾ ਦੇ ਮਿਆਰ ਵਿੱਚ ਕਮੀ ਨਾ ਆਵੇ। ਉਨ੍ਹਾਂ ਕਿਹਾ ਕਿ ਨਗਰ ਨਿਗਮ ਲੁਧਿਆਣਾ ਵੱਲੋਂ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਕਰੋੜਾਂ ਰੁਪਏ ਦੇ ਪ੍ਰੋਜੈਕਟ ਉਲੀਕੇ ਗਏ ਹਨ ਅਤੇ ਸ਼ਹਿਰ ਵਾਸੀਆਂ ਨੂੰ ਲਾਭ ਪਹੁੰਚਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਵਿਧਾਇਕ ਚੌਧਰੀ ਮਦਨ ਲਾਲ ਬੱਗਾ ਨੇ ਕਿਹਾ ਕਿ ਸੂਬੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ ਅਤੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।

# ਪੁਲਿਸ ਵੱਲੋਂ ਚੰਦ ਘੰਟਿਆਂ ਅੰਦਰ ਹੀ ਟ੍ਰੇਸ ਕੀਤਾ ਚੋਰੀ ਦਾ ਕੇਸ

## ਵਾਰਦਾਤ ਵਿੱਚ ਸ਼ਾਮਿਲ ਸਕੇ ਭਰਾ ਚੋਰੀ ਕੀਤੀ ਗੱਡੀ ਅਤੇ ਸੋਨੇ ਦੇ ਗਹਿਣਿਆਂ ਸਮੇਤ ਕੀਤੇ ਕਾਬੂ

ਫਰੀਦਕੋਟ, 27 ਫਰਵਰੀ (ਅਵਤਾਰ ਸਿੰਘ ਮੱਲਾ): ਡਾ. ਪ੍ਰਗਿਆ ਜੈਨ, ਆਈ.ਪੀ.ਐਸ, ਐਸ.ਐਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਜ਼ਿਲ੍ਹੇ ਨੂੰ ਸੁਰੱਖਿਅਤ ਅਤੇ ਅਪਰਾਧ-ਮੁਕਤ ਬਣਾਈ ਰੱਖਣ ਲਈ ਮਾੜੇ ਅਨਸਰਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਲਗਾਤਾਰ ਚਲਾਈ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਸ਼੍ਰੀ ਜੋਗੇਸ਼ਵਰ ਸਿੰਘ ਗੋਰਾਇਆ, ਐਸ.ਪੀ. (ਇੰਨਵੈਸਟੀਗੇਸ਼ਨ) ਦੀ ਰਹਿਨੁਮਾਈ ਹੇਠ ਫਰੀਦਕੋਟ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਚੋਰੀ ਦੀ ਵਾਰਦਾਤ ਵਿੱਚ ਸ਼ਾਮਿਲ ਦੋ ਸਕੇ ਭਰਾਵਾਂ ਨੂੰ ਮਹਿਜ਼ ਕੁਝ ਘੰਟਿਆਂ ਅੰਦਰ ਗ੍ਰਿਫਤਾਰ ਕਰਕੇ ਇੱਕ ਹੋਰ ਵੱਡੀ ਸਫਲਤਾ ਹਾਸਲ ਕੀਤੀ ਹੈ। ਇਹ ਜਾਣਕਾਰੀ ਸ਼੍ਰੀ ਸੰਜੀਵ ਕੁਮਾਰ, ਡੀ.ਐਸ.ਪੀ. (ਸਬ-ਡਵੀਜ਼ਨ) ਕੋਟਕਪੂਰਾ ਵੱਲੋਂ ਪ੍ਰੈਸ ਕਾਨਫਰੰਸ ਦੌਰਾਨ ਸਾਂਝੀ ਕੀਤੀ ਗਈ।ਗ੍ਰਿਫਤਾਰ ਕੀਤੇ ਦੋਸ਼ੀਆਂ ਦੀ ਪਛਾਣ ਸੁਭਾਸ਼ ਸਿੰਘ ਉਰਫ਼ ਬਾਸਾ ਅਤੇ ਮਨਪ੍ਰੀਤ ਸਿੰਘ ਉਰਫ਼ ਮੰਗਾ ਵਜੋਂ ਹੋਈ ਹੈ, ਜੋ ਕਿ ਸ਼੍ਰੀ ਮੁਕਤਸਰ ਸਾਹਿਬ ਦੇ ਪਿੰਡ ਮੱਲਣ ਦੇ ਰਿਹਾਇਸ਼ੀ ਹਨ। ਪੁਲਿਸ ਪਾਰਟੀ ਵੱਲੋਂ ਦੋਸ਼ੀਆਂ ਪਾਸੋਂ ਚੋਰੀ ਕੀਤੀ ਮਹਿੰਦਰਾ ਬਲੈਰੋ ਗੱਡੀ ਅਤੇ ਲੱਗਭੱਗ 10 ਲੱਖ ਰੁਪਏ ਕੀਮਤ ਦੇ ਸੋਨੇ ਦੇ ਗਹਿਣੇ ਵੀ ਬਰਾਮਦ ਕੀਤੇ ਗਏ ਹਨ।ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਉਹਨਾਂ ਦੱਸਿਆ ਕਿ ਮਿਤੀ 26 ਫਰਵਰੀ ਨੂੰ ਕੋਟਕਪੂਰਾ ਵਿਖੇ ਸਥਿਤ ਸੇਤੀਆ ਪੈਲੇਸ ਵਿੱਚ ਵਿਆਹ ਸਮਾਗਮ ਦੌਰਾਨ ਇੱਕ ਪਰਿਵਾਰ ਵੱਲੋਂ ਆਪਣੀ ਗੱਡੀ ਪਾਰਕਿੰਗ ਵਿੱਚ ਖੜ੍ਹੀ ਕੀਤੀ ਗਈ ਸੀ। ਗੱਡੀ ਦੇ ਡੈਸ਼ਬੋਰਡ ਵਿੱਚ ਰੱਖਿਆ ਇੱਕ ਸੋਨੇ ਦਾ ਹਾਰ ਅਤੇ ਕੰਨਾਂ ਦੇ ਕਾਟਿਆਂ ਦਾ ਜੋੜਾ, ਜਿਸ ਦੀ ਕੁੱਲ ਕੀਮਤ ਕਰੀਬ 10 ਲੱਖ ਰੁਪਏ ਸੀ, ਗੱਡੀ ਸਮੇਤ ਚੋਰੀ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਫਰੀਦਕੋਟ ਪੁਲਿਸ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਦੋਸ਼ੀਆਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ।ਜਿਸ ਦੌਰਾਨ ਪੁਲਿਸ ਟੀਮਾਂ ਨੇ ਦੋਹਾ ਦੋਸ਼ੀਆਂ ਨੂੰ ਕੋਟਕਪੂਰਾ-ਮੁਕਤਸਰ ਰੋਡ ਤੋਂ ਚੋਰੀ ਕੀਤੀ ਬਲੈਰੋ ਕਾਰ ਸਮੇਤ ਕਾਬੂ ਕਰ ਲਿਆ ਅਤੇ ਗੱਡੀ ਦੀ ਤਲਾਸ਼ੀ ਦੌਰਾਨ ਚੋਰੀ ਕੀਤੇ ਗਹਿਣੇ ਵੀ ਬਰਾਮਦ ਕਰ ਲਏ ਗਏ। .ਐਸ.ਪੀ ਸ਼੍ਰੀ ਸੰਜੀਵ ਕੁਮਾਰ ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਦੌਰਾਨ ਸਾਹਮਣੇ ਆਇਆ ਹੈ ਕਿ ਦੋਸ਼ੀ ਚੋਰੀ ਕੀਤੀਆਂ ਕਾਰਾਂ ਦੇ ਟਾਇਰ ਉਤਾਰ ਕੇ ਉਹਨਾਂ ਨੂੰ ਅੱਗੇ ਵੇਚ ਦਿੰਦੇ ਸਨ। ਸ਼ੁਰੂਆਤੀ ਜਾਂਚ ਵਿੱਚ ਇਹ ਵੀ ਖੁਲਾਸਾ ਹੋਇਆ ਹੈ ਕਿ ਦੋਸ਼ੀ ਵੱਖ-ਵੱਖ ਜ਼ਿਲ੍ਹਿਆਂ ਵਿੱਚ ਚੋਰੀ ਦੀਆਂ ਵਾਰਦਾਤਾਂ ਕਰ ਚੁੱਕੇ ਹਨ ਅਤੇ ਉਨ੍ਹਾਂ ਦੇ ਖ਼ਿਲਾਫ਼ ਮੋਗਾ, ਫਰੀਦਕੋਟ, ਬਠਿੰਡਾ ਅਤੇ ਸ਼੍ਰੀ ਮੁਕਤਸਰ ਸਾਹਿਬ ਵਿੱਚ ਚੋਰੀ, ਨਸ਼ਾ ਤਸਕਰੀ ਅਤੇ ਹੋਰ ਸੰਗੀਨ ਧਾਰਾਵਾਂ ਤਹਿਤ ਕੁੱਲ 08 ਮੁਕੱਦਮੇ ਦਰਜ ਹਨ। ਦੋਸ਼ੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ। ਰਿਮਾਂਡ ਦੌਰਾਨ ਹੋਰ ਪੁੱਛਗਿੱਛ ਕਰਕੇ ਇਹ ਪਤਾ ਲਗਾਇਆ ਜਾਵੇਗਾ ਕਿ ਇਹਨਾਂ ਨਾਲ ਚੋਰੀ ਦੀਆਂ ਵਾਰਦਾਤਾਂ ਵਿੱਚ ਹੋਰ ਕੌਣ-ਕੌਣ ਸ਼ਾਮਲ ਸੀ ਅਤੇ ਚੋਰੀ ਕੀਤਾ ਸਮਾਨ ਕਿੱਥੇ ਵੇਚਿਆ ਜਾਂਦਾ ਸੀ।ਇਸ ਸਬੰਧੀ ਥਾਣਾ ਸਿਟੀ ਕੋਟਕਪੂਰਾ ਵਿਖੇ ਮੁਕੱਦਮਾ ਨੰਬਰ 42 ਮਿਤੀ 27.02.2026 ਅਧੀਨ ਧਾਰਾ 303(2) ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ।ਫਰੀਦਕੋਟ ਪੁਲਿਸ ਵੱਲੋਂ ਮਾੜੇ ਅਨਸਰਾਂ ਖ਼ਿਲਾਫ਼ ਲਗਾਤਾਰ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜ਼ਿਲ੍ਹੇ ਦੇ ਨਾਗਰਿਕਾਂ ਦੀ ਸੁਰੱਖਿਆ ਨੂੰ ਸਭ ਤੋਂ ਵੱਡੀ ਪ੍ਰਾਥਮਿਕਤਾ ਦਿੱਤੀ ਜਾ ਰਹੀ ਹੈ। ਪੁਲਿਸ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਮੁਸਤੈਦੀ ਅਤੇ ਦ੍ਰਿੜ ਨਿਸ਼ਚੇ ਨਾਲ ਨਿਭਾਉਂਦੀ ਹੋਈ ਅਪਰਾਧੀਆਂ ਖ਼ਿਲਾਫ਼ ਅਜਿਹੀ ਕਾਰਵਾਈ ਅੱਗੇ ਵੀ ਜਾਰੀ ਰੱਖੇਗੀ।

# ਐਸ.ਕੇ.ਐਮ. ਗ਼ੈਰ ਸਿਆਸੀ ਵੱਲੋਂ ਸ਼ਹੀਦ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ



ਲੁਧਿਆਣਾ, 27 ਫਰਵਰੀ (ਰਵਿੰਦਰ ਸਿੰਘ ਨਿੱਝਰ): ਐਸਕੇਐਮ ਗੈਰ ਸਿਆਸੀ ਭਾਰਤ ਦੇ ਕਿਸਾਨ ਆਗੂ ਇੰਦਰਜੀਤ ਸਿੰਘ ਕੋਟਬੁੱਢਾ, ਸੁਖਜੀਤ ਸਿੰਘ ਹਰਦੋਝੰਡੇ, ਲਖਵਿੰਦਰ ਸਿੰਘ ਔਲਖ, ਗੁਰਿੰਦਰ ਸਿੰਘ ਭੰਗੂ, ਮੰਗਲ ਸਿੰਘ ਸੰਧੂ ਅਤੇ ਹੀਰਾ ਸਿੰਘ ਗੁਰਦਿੱਤੀਵਾਲਾ ਨੇ ਕਿਸਾਨ ਅੰਦੋਲਨ ਭਾਗ-2 ਦੌਰਾਨ ਖਨੌਰੀ ਬਾਰਡਰ ਤੇ 21 ਫਰਵਰੀ, 2024 ਨੂੰ ਹਰਿਆਣਾ ਸਰਕਾਰ ਦੀਆਂ ਗੋਲੀਆਂ ਨਾਲ ਸ਼ਹੀਦ ਹੋਏ ਸਰਦਾਰ ਸ਼ੁਭਕਰਨ ਸਿੰਘ ਨੂੰ ਬੱਲੋਂ ਪਿੰਡ ਵਿੱਚ ਸ਼ਰਧਾਂਜਲੀ ਭੇਟ ਕੀਤੀ। ਉਹ ਉਨ੍ਹਾਂ ਦੇ ਘਰ ਵੀ ਗਏ ਅਤੇ ਉਨ੍ਹਾਂ ਦੇ ਪਿਤਾ ਚਰਨਜੀਤ ਸਿੰਘ, ਦਾਦੀ ਸੁਰਜੀਤ ਕੌਰ ਅਤੇ ਭੂਆ ਪਰਮਜੀਤ ਕੌਰ ਨੂੰ ਵੀ ਮਿਲੇ । ਔਲਖ ਨੇ ਦੱਸਿਆ ਕਿ ਉਹ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਮੰਗਾਂ (ਐਮਐਸਪੀ ਖਰੀਦ ਗਰੰਟੀ ਕਾਨੂੰਨ, ਸਵਾਮੀਨਾਥਨ ਕਮਿਸ਼ਨ ਦੀ ਸਿਫ਼ਾਰਸ਼ ਅਨੁਸਾਰ ਫ਼ਸਲਾਂ ਦੇ ਭਾਅ ਸੀ2+50% ਤੈਅ ਕਰਨ, ਕਿਸਾਨਾਂ ਅਤੇ ਮਜ਼ਦੂਰਾਂ ਦੀ ਪੂਰੀ ਕਰਜ਼ਾ ਮੁਆਫ਼ੀ, ਅਤੇ ਕਿਸਾਨ ਅੰਦੋਲਨ ਭਾਗ-1 ਦੀਆਂ ਬਕਾਇਆ ਮੰਗਾਂ ਸਮੇਤ) ਨੂੰ ਲਾਗੂ ਕਰਵਾਉਣ ਲਈ ਦਿੱਲੀ ਜਾ ਰਹੇ ਸਨ। ਉਨ੍ਹਾਂ ਨੂੰ ਸ਼ੰਭੂ, ਖਨੌਰੀ ਅਤੇ ਰਤਨਪੁਰ ਬਾਰਡਰਾਂ ਤੇ ਰੋਕਿਆ ਗਿਆ। ਹਰਿਆਣਾ ਦੀ ਭਾਜਪਾ ਸਰਕਾਰ ਨੇ ਬੇਰਹਿਮੀ ਦੀਆਂ ਸਾਰੀਆਂ ਹੱਦਾਂ ਪਾਰ ਕਰਦੇ ਹੋਏ ਅੱਥਰੂ ਗੈਸ ਦੇ ਗੋਲੇ, ਜ਼ਹਿਰੀਲੀਆਂ ਕੈਮੀਕਲ ਗੈਸਾਂ, ਮੋਰਟਾਰ ਇੰਜੈਕਟਰ ਅਤੇ ਸਿੱਧੀ ਗੋਲੀਬਾਰੀ ਕੀਤੀ। ਕਿਸਾਨਾਂ 'ਤੇ ਹੋਏ ਇਸ ਹਮਲੇ ਵਿੱਚ ਬਹੁਤ ਸਾਰੇ ਕਿਸਾਨਾਂ ਦੀਆਂ ਅੱਖਾਂ ਚਲੀਆਂ ਗਈਆਂ ਅਤੇ ਕਈ ਕਿਸਾਨ ਗੰਭੀਰ ਜ਼ਖਮੀ ਵੀ ਹੋਏ। ਹਰਿਆਣਾ ਸਰਕਾਰ ਦੀ ਸਿੱਧੀ ਗੋਲੀ ਨਾਲ ਖਨੌਰੀ ਬਾਰਡਰ 'ਤੇ ਸ਼ੁਭ ਕਰਨ ਸਿੰਘ ਵੀ ਸ਼ਹੀਦ ਹੋਇਆ। 401 ਦਿਨਾਂ ਦੇ ਕਿਸਾਨ ਅੰਦੋਲਨ ਭਾਗ-2 ਦੌਰਾਨ 47 ਕਿਸਾਨਾਂ ਨੇ ਆਪਣੀਆਂ ਜਾਨਾਂ ਗੁਆ ਦਿੱਤੀਆਂ ਅਤੇ ਲੱਗਭੱਗ 450 ਜ਼ਖਮੀ ਹੋ ਗਏ। ਕਿਸਾਨ ਆਗੂਆਂ ਨੇ ਦੱਸਿਆ ਕਿ ਕਿਸਾਨ ਅੰਦੋਲਨ ਵਿੱਚ ਸ਼ਹੀਦ ਹੋਏ ਸ਼ੁਭਕਰਨ ਸਿੰਘ ਸਮੇਤ ਕਿਸਾਨਾਂ ਦੀਆਂ ਕੁਰਬਾਨੀਆਂ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਦੇ ਅਧੂਰੇ ਸੁਪਨਿਆਂ ਅਤੇ ਮੰਗਾਂ ਨੂੰ ਪੂਰਾ ਕਰਵਾਉਣ ਲਈ ਸੰਘਰਸ਼ ਜਾਰੀ ਰਹੇਗਾ। ਇਹੀ ਉਨ੍ਹਾਂ ਸ਼ਹੀਦਾਂ ਨੂੰ ਸੱਚੀ ਸ਼ਰਧਾਂਜਲੀ ਹੋਵੇਗੀ। ਕਿਸਾਨ ਆਗੂਆਂ ਨੇ ਕਿਹਾ ਕਿ ਭਾਜਪਾ ਦੀ ਬੀ ਟੀਮ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਆਪਣੀਆਂ ਮੰਗਾਂ ਲਈ ਸ਼ਾਂਤੀਪੂਰਨ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਅਤੇ ਮਜ਼ਦੂਰਾਂ 'ਤੇ ਰੋਜ਼ਾਨਾ ਅੱਤਿਆਚਾਰ ਕੀਤੇ ਜਾ ਰਹੇ ਹਨ। ਸ਼ੰਭੂ ਅਤੇ ਖਨੌਰੀ ਮੋਰਚਿਆਂ 'ਤੇ ਉਨ੍ਹਾਂ ਨੂੰ ਖਿੰਡਾਉਣ ਲਈ ਤਾਕਤ ਦੀ ਵਰਤੋਂ ਕੀਤੀ ਗਈ। ਪੁਲਿਸ ਨੇ ਕਿਸਾਨਾਂ ਦਾ ਸਾਮਾਨ ਚੋਰੀ ਕਰ ਲਿਆ, ਜਿਸ ਵਿੱਚ ਟਰਾਲੀਆਂ ਵੀ ਸ਼ਾਮਲ ਸਨ। ਇਸ ਮੌਕੇ ਹਾਜ਼ਰ ਆਗੂ ਸਾਹਿਬਾਨ ਸੁੱਚਾ ਸਿੰਘ ਲੱਦੂ ਮੁਖਤਾਰ ਸਿੰਘ, ਅੰਗਰੇਜ਼ ਸਿੰਘ, ਗੁਰਵਿੰਦਰ ਸਿੰਘ, ਵਿਕਰਮਜੀਤ ਸਿੰਘ, ਜਗਜੀਤ ਸਿੰਘ ਸੋਹੀ, ਨਿਸ਼ਾਂਤ ਸਿੰਘ ਭੁੱਲਰ ਅਤੇ ਰਣਜੀਤ ਸਿੰਘ ਭੁੱਲਰ ਮੌਜੂਦ ਸਨ। ਮੁਖਤਾਰ ਸਿੰਘ, ਅੰਗਰੇਜ਼ ਸਿੰਘ, ਗੁਰਵਿੰਦਰ ਸਿੰਘ, ਵਿਕਰਮਜੀਤ ਸਿੰਘ, ਜਗਜੀਤ ਸਿੰਘ ਸੋਹੀ, ਨਿਸ਼ਾਂਤ ਸਿੰਘ ਭੁੱਲਰ ਅਤੇ ਰਣਜੀਤ ਸਿੰਘ ਭੁੱਲਰ ਮੌਜੂਦ ਸਨ।

# ਕੁਲਵੰਤ ਧਾਲੀਵਾਲ ਵਿਰੁੱਧ ਕਾਰਵਾਈ ਲਈ ਪੁਲਿਸ ਕਮਿਸ਼ਨਰ ਨੂੰ ਹੌਬੀ ਦੀ ਅਗਵਾਈ ਹੇਠ ਮੰਗ ਪੱਤਰ ਦਿੱਤਾ



ਲੁਧਿਆਣਾ, 27 ਫਰਵਰੀ (ਰਵਿੰਦਰ ਸਿੰਘ ਨਿੱਝਰ): ਭਾਜਪਾ ਪੰਜਾਬ ਦੇ ਸੀਨੀਅਰ ਆਗੂ ਅਤੇ ਸਟੂਡੈਂਟਸ ਡੈਮੋਕਰੇਟਿਕ ਫੈਡਰੇਸ਼ਨ ਐਸਡੀਐਫ ਦੇ ਕੌਮੀ ਪ੍ਰਧਾਨ ਜਸਪ੍ਰੀਤ ਸਿੰਘ ਹੌਬੀ ਵੱਲੋਂ ਜੋ ਪਿਛਲੇ ਕੁਝ ਹਫਤਿਆਂ ਪਹਿਲਾਂ ਪੰਜਾਬ ਦੇ ਐਨਆਰਆਈ ਡਾ. ਕੁਲਵੰਤ ਸਿੰਘ ਧਾਲੀਵਾਲ ਵੱਲੋਂ ਗੁਰਦੁਆਰਾ ਸਾਹਿਬਾਨਾਂ ਉੱਪਰ ਟਿੱਪਣੀ ਕਰਨ ਅਤੇ ਮਰਿਆਦਾ ਭੰਗ ਕਰਨ ਸਬੰਧੀ ਸਾਥੀਆਂ ਸਮੇਤ ਲੁਧਿਆਣਾ ਪੁਲਿਸ ਕਮਿਸ਼ਨਰ ਨੂੰ ਦਰਖਾਸਤ ਦਿੱਤੀ ਗਈ ਸੀ, ਉਸ ਸਬੰਧੀ ਅੱਜ ਸ. ਹੌਬੀ ਵੱਲੋਂ ਆਪਣੇ ਕੁਝ ਵਿਸ਼ੇਸ਼ ਸਾਥੀਆਂ ਨਾਲ ਪੁਲਿਸ ਕਮਿਸ਼ਨਰ ਲੁਧਿਆਣਾ ਸਵਪਨ ਸ਼ਰਮਾ ਨੂੰ ਮਿਲ ਧਾਲੀਵਾਲ ਉੱਪਰ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕਰਵਾਉਣ ਲਈ ਮੰਗ ਕੀਤੀ ਗਈ। ਇਸ ਮੌਕੇ ਹੌਬੀ ਨੇ ਕਿਹਾ ਕਿ ਕਿਸੇ ਵੀ ਧਰਮ ਦੇ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਧਰਮ ਉੱਪਰ ਕਿਸੇ ਤਰ੍ਹਾਂ ਦੀ ਕੋਈ ਟਿੱਪਣੀ ਕਰਨ ਦਾ ਅਧਿਕਾਰ ਨਹੀਂ ਹੈ, ਪਰੰਤੂ ਡਾ. ਧਾਲੀਵਾਲ ਪਿਛਲੇ ਕੁਝ ਸਮੇਂ ਤੋਂ ਲਗਾਤਾਰ ਗੁਰਦੁਆਰਾ ਸਾਹਿਬਾਨਾਂ ਅਤੇ ਸਿੱਖ ਧਰਮ ਉੱਪਰ ਇਹੋ ਜਿਹੀਆਂ ਬੇਲੋੜੀਆਂ ਅਤੇ ਬੇਤੁਕੀਆਂ ਟਿੱਪਣੀਆਂ ਕਰਦੇ ਆ ਰਹੇ ਹਨ, ਜੋ ਪਿਛਲੇ ਦਿਨੀਂ ਗੁਰਦੁਆਰਾ ਸਾਹਿਬਾਨਾਂ ਦੀ ਮਰਿਆਦਾ ਅਤੇ ਅਹਿਮੀਅਤ ਨੂੰ ਭੰਗ ਕਰਨ ਸਬੰਧੀ ਦਿੱਤੇ ਗਏ ਬਿਆਨ ਕਿ ਹਰ ਪਿੰਡ ਵਿੱਚ ਚਾਰ ਗੁਰਦੁਆਰੇ ਹਨ, ਹਸਪਤਾਲ ਨਹੀਂ, ਜੇਕਰ ਮਰੀਜ਼ ਨੂੰ ਹਾਰਟ ਅਟੈਕ ਆਉਂਦਾ ਹੈ, ਤਾਂ ਹਸਪਤਾਲ ਨਹੀਂ ਗੁਰਦੁਆਰਿਆਂ ਵਿੱਚ ਲੈ ਕੇ ਜਾਓ, ਸਬੰਧੀ ਗੰਭੀਰਤਾ ਲੈਂਦੇ ਹੋਏ ਸਾਡੀ ਟੀਮ ਵੱਲੋਂ ਜੋ ਦਰਖਾਸਤ ਦਿੱਤੀ ਗਈ ਸੀ, ਉਸ ਉੱਪਰ ਮਾਨਯੋਗ ਪੁਲਿਸ ਕਮਿਸ਼ਨਰ ਸਾਹਿਬ ਲੁਧਿਆਣਾ ਸ਼੍ਰੀ ਸਵਪਨ ਸ਼ਰਮਾ ਜੀ ਨੂੰ ਮਿਲ ਕੇ ਜਲਦ ਕਾਰਵਾਈ ਕਰਵਾਉਣ ਲਈ ਮੰਗ ਕੀਤੀ ਗਈ ਅਤੇ ਕਮਿਸ਼ਨਰ ਸਾਹਿਬ ਵੱਲੋਂ ਏਡੀਸੀਪੀ ਇਨਵੈਸਟੀਗੇਸ਼ਨ ਸਾਹਿਬ, ਸ਼੍ਰੀ ਅਮਨਦੀਪ ਬਰਾੜ ਨੂੰ ਇਸ ਮਸਲੇ ਨੂੰ ਗੰਭੀਰਤਾ ਨਾਲ ਲੈਣ ਅਤੇ ਬਣਦੀ ਕਾਰਵਾਈ ਲਈ ਨਿਰਦੇਸ਼ ਦਿੱਤੇ ਹਨ, ਜਿਸ ਤੋਂ ਸਾਡੀ ਸਮੁੱਚੀ ਟੀਮ ਨੂੰ ਬਹੁਤ ਸੰਤੁਸ਼ਟੀ ਮਿਲੀ ਅਤੇ ਸ਼੍ਰੀ ਸਵਪਨ ਸ਼ਰਮਾ ਵੱਲੋਂ ਕਾਰਵਾਈ ਕਰਵਾਉਣ ਸਬੰਧੀ ਗੰਭੀਰਤਾ ਲੈਣ ਲਈ ਸਮੁੱਚੀ ਟੀਮ ਵੱਲੋਂ ਉਹਨਾਂ ਦਾ ਧੰਨਵਾਦ ਵੀ ਕੀਤਾ ਗਿਆ।ਇਸ ਮੌਕੇ ਹੌਬੀ ਤੋਂ ਇਲਾਵਾ ਟੀਮ ਦੇ ਕੁੱਝ ਵਿਸ਼ੇਸ਼ ਅਤੇ ਸੀਨੀਅਰ ਸਾਥੀ ਵੀ ਹਾਜ਼ਰ ਸਨ।

# ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਮਹਿਲਾ ਦਿਵਸ ਦੀਆਂ ਤਿਆਰੀਆਂ ਜ਼ੋਰਾਂ 'ਤੇ : ਗੋਗਾ



ਲੁਧਿਆਣਾ, 27 ਫਰਵਰੀ ( ਰਵਿੰਦਰ ਸਿੰਘ ਨਿੱਝਰ): ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਸਾਂਝੇ ਤੌਰ 'ਤੇ ਮਨਾਇਆ ਜਾਵੇਗਾ। ਮਹਿਲਾ ਦਿਵਸ ਜੰਜ ਘਰ ਪ੍ਰਤਾਪ ਨਗਰ ਗਲੀ ਨੰਬਰ ਇੱਕ ਸ਼ਾਮ ਨੂੰ 3 ਵਜੇ ਸੋਹਣ ਸਿੰਘ ਗੋਗਾ ਦੀ ਅਗਵਾਈ ਵਿੱਚ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਪੰਜ ਸਖਸ਼ੀਅਤਾਂ ਨੂੰ ਸਨਮਾਨ ਸਰਬੋਤਮ ਮਹਿਲਾ ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ। ਮਨੀਸ਼ਾ ਕਪੂਰ ਜ਼ਿਲ੍ਹਾ ਪ੍ਰਧਾਨ ਸੀ ਡੀ ਪੀ ਓ ਦਵਿੰਦਰ ਕੌਰ ਪ੍ਰਿੰਸ ਸਤਵੰਤ ਕੌਰ ਐਸ ਐਚ ਓ ਅਵਨੀਤ ਕੌਰ ਬੀ ਪੀ ਈ ਓ ਹਰਪ੍ਰੀਤ ਕੌਰ ਮੁੱਖ ਮਹਿਮਾਨ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ, ਕੁਲਵੰਤ ਸਿੰਘ ਸਿੱਧੂ, ਟਹਿਲ ਸਿੰਘ ਬਰਾੜ, ਬੀਬੀ ਕਮਲਜੀਤ ਕੌਰ ਬਰਾੜ, ਰਵੀਨਾ ਅਸਟ੍ਰੇਲੀਆ ਹੋਣਗੇ। ਕਲਚਰਲ ਪ੍ਰੋਗਰਾਮ ਵੀ ਕਰਵਾਏ ਜਾਣਗੇ। ਵਿਦੇਸ਼ ਵਾਲਿਆਂ ਨੂੰ ਵਸ਼ੇਸ਼ ਸੱਦਾ ਪੱਤਰ ਦਿੱਤਾ ਗਿਆ। ਭੁਪਿੰਦਰ ਸਿੰਘ ਰਾਜੜ ਆਕਾਸ਼ ਵਰਮਾ ਸਾਗਰ ਤੁਲੀ ਕਰਮਜੀਤ ਪੁਖਰਾਜ ਵੀ ਹਾਜ਼ਰ ਸਨ।ਬਰਾੜ ਪਰਿਵਾਰ ਕੈਨੇਡਾ ਮੇਲਾ ਵਿੱਚ ਪੂਰਾ ਯੋਗਦਾਨ ਪਾਉਂਦਾ ਹੈ, ਜੋ ਪੰਜਾਬੀ ਬੱਚਿਆਂ ਦੀ ਨੌਕਰੀ ਲਈ ਵੱਧ ਤੋਂ ਵੱਧ ਮੱਦਦ ਕਰਦਾ ਹੈ,ਇਸ ਕਰਕੇ ਅੱਜ ਸਨਮਾਨ ਕੀਤਾ ਗਿਆ। ਬੀਬੀ ਕੁਲਵਿੰਦਰ ਕੌਰ, ਬਲਜੀਤ ਕੌਰ, ਅਵਨੀਤ ਕੌਰ, ਪ੍ਰੀਤੀ, ਆਕਾਸ਼ ਵਰਮਾ, ਸਾਗਰ ਤੁੱਲੀ, ਗੌਵੀ ਬਿਰਦੀ ਅਤੇ ਹਰਜੀਤ ਕੌਰ ਵੱਲੋਂ ਵਿਸ਼ੇਸ਼ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ।

# ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਕੇਂਦਰੀ, ਬੋਰਸਟਲ ਤੇ ਜਨਾਨਾ ਜੇਲ੍ਹਾਂ ਦੀ ਅਚਨਚੇਤ ਚੈਕਿੰਗ



ਲੁਧਿਆਣਾ, 27 ਫਰਵਰੀ (ਵਿਸ਼ਾਲ ਸ਼ਰਮਾ): ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਸ੍ਰੀਮਤੀ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਕੇਂਦਰੀ ਜੇਲ੍ਹ, ਲੁਧਿਆਣਾ, ਬੋਰਸਟਲ ਜੇਲ੍ਹ, ਲੁਧਿਆਣਾ ਅਤੇ ਜਨਾਨਾ ਜੇਲ੍ਹ, ਲੁਧਿਆਣਾ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਸਾਹਿਬ ਵੱਲੋਂ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦੇ ਸੁਪਰਡੰਟ ਸਹਿਬਾਨਾਂ ਦੀ ਦੇਖ ਰੇਖ ਹੇਠ ਵੱਖ-ਵੱਖ ਬੈਰਕਾਂ ਦੀ ਚੈਕਿੰਗ ਕੀਤੀ ਗਈ ਅਤੇ ਉੱਥੇ ਹਵਾਲਾਤੀਆਂ ਅਤੇ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ ਗਿਆ ਅਤੇ ਮੌਕੇ ਤੇ ਹੀ ਜੇਲ੍ਹ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਤੁਰੰਤ ਕਰਨ ਦੇ ਹੁਕਮ ਜਾਰੀ ਕੀਤੇ ਗਏ। ਚੈਕਿੰਗ ਦੌਰਾਨ ਉਨ੍ਹਾਂ ਬੋਰਸਟਲ ਜੇਲ੍ਹ ਦੇ ਲੰਗਰ ਹਾਲ ਦਾ ਨਿਰੀਖਣ ਕੀਤਾ ਗਿਆ ਅਤੇ ਉੱਥੇ ਬਣ ਰਹੇ ਖਾਣੇ ਜਿਸ ਵਿੱਚ ਰੋਟੀ ਅਤੇ ਮਸਰ ਦੀ ਦਾਲ, ਆਲੂ ਗਾਜ਼ਰ ਦੀ ਸਬਜ਼ੀ ਸ਼ਾਮਲ ਸਨ, ਨੂੰ ਚੈੱਕ ਕੀਤਾ ਗਿਆ। ਇਸ ਉਪਰੰਤ ਜਨਾਨਾ ਜੇਲ੍ਹ ਦਾ ਵੀ ਨਿਰੀਖਣ ਕੀਤਾ ਗਿਆ ਅਤੇ ਉੱਥੋਂ ਦੀਆਂ ਬੰਦੀ ਔਰਤਾਂ/ਕੈਦੀਆਂ ਨਾਲ ਗੱਲਬਾਤ ਕਰਦਿਆਂ ਜੇਲ੍ਹ ਅਧਿਕਾਰੀਆਂ ਨੂੰ ਜੇਲ੍ਹ ਦੀਆਂ ਬੰਦੀ ਔਰਤਾਂ ਦੀਆਂ ਸਮੱਸਿਆਵਾਂ ਦਾ ਹੱਲ ਛੇਤੀ ਤੋਂ ਛੇਤੀ ਕਰਨ ਦੇ ਹੁਕਮ ਦਿੱਤੇ ਗਏ। ਇਸ ਤੋਂ ਬਾਅਦ ਕੇਂਦਰੀ ਜੇਲ੍ਹ ਦਾ ਦੌਰਾ ਵੀ ਕੀਤਾ ਗਿਆ। ਉਨ੍ਹਾਂ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦੇ ਸੁਪਰਡੰਟ ਨੂੰ ਜੇਲ੍ਹ ਵਿੱਚ ਪਾਈਆਂ ਗਈਆਂ ਕਮੀਆਂ ਬਾਬਤ ਦਿਸ਼ਾ—ਨਿਰਦੇਸ਼ ਜਾਰੀ ਕੀਤੇ ਅਤੇ ਹਦਾਇਤ ਕੀਤੀ ਗਈ ਕਿ ਪਾਈਆਂ ਗਈਆਂ ਕਮੀਆਂ 'ਤੇ ਤੁਰੰਤ ਅਮਲ ਸਬੰਧੀ ਰਿਪੋਰਟ ਪੇਸ਼ ਕੀਤੀ ਜਾਵੇ। ਇਸ ਮੌਕੇ ਜਿਲ੍ਹਾ ਤੇ ਸੈਸ਼ਨ ਜੱਜ ਰੰਧਾਵਾ ਨਾਲ ਡੇਜ਼ੀ ਬਾਂਗੜ, ਮਾਨਯੋਗ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ-ਕਮ-ਇੰਚਾਰਜ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਅਤੇ ਵਰਿੰਦਰਜੀਤ ਸਿੰਘ ਰੰਧਾਵਾ, ਚੀਫ ਲੀਗਲ ਏਡ ਡਿਫੈਂਸ ਕੌਂਸਲ, ਮਨਪ੍ਰੀਤ (ਐਮ.ਪੀ) ਸਿੰਘ, ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਲ, ਲੁਧਿਆਣਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸਕੂਲ ਵੱਲੋਂ ਪੰਜਵੀਂ ਦੇ ਵਿਦਿਆਰਥੀਆਂ ਲਈ ਪ੍ਰੀਤੀ-ਭੋਜ ਦਾ ਆਯੋਜਨ



ਜਗਰਾਓਂ, 27 ਫਰਵਰੀ (ਵਿਸ਼ਾਲ ਅੱਤਰੇ ਆਰੀਅਨ ਅੱਤਰੇ):ਸ਼ਿਵਾਲਿਕ ਮਾਡਲ ਸਕੂਲ ਵਿੱਚ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਲਈ ਪ੍ਰੀਤੀ-ਭੋਜ ਦਾ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਪਾਰਟੀ ਦਾ ਮੁੱਖ ਉਦੇਸ਼ ਪੰਜਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਛੇਵੀਂ ਕਲਾਸ ਵਿੱਚ ਪ੍ਰਵੇਸ਼ ਕਰਨ ਲਈ ਅੱਗੇ ਵਧਾਉਣਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਸੱਭਿਆਚਾਰਕ ਪੇਸ਼ਕਾਰੀਆਂ ਨਾਲ ਕੀਤੀ ਗਈ। ਵਿਦਿਆਰਥੀਆਂ ਨੇ ਕਵਿਤਾਵਾਂ ਰਾਹੀਂ ਆਪਣੇ ਮਨ ਦੇ ਭਾਵ ਸਾਰਿਆਂ ਸਾਹਮਣੇ ਰੱਖੇ। ਸਟੇਜ ਦਾ ਸੰਚਾਲਨ ਮੀਤ ਵਰਮਾ ਅਤੇ ਅਰਮਾਨ ਦੁਆਰਾ ਬਹੁਤ ਵਧੀਆ ਢੰਗ ਨਾਲ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸੋਲੋ ਡਾਂਸ ਕੋਰੀਓਗ੍ਰਾਫੀ ਪ੍ਰਾਚੀ ਅਤੇ ਸ੍ਰਿਸ਼ਟੀ ਦੁਆਰਾ ਭਾਵਪੂਰਨ ਭਾਸ਼ਣ ਅਤੇ ਅੰਮ੍ਰਿਤ ਵੀਰ ਦੁਆਰਾ ਕਵਿਤਾ ਗਾ ਕੇ ਸਾਰਿਆਂ ਨੂੰ ਭਾਵੁਕ ਕਰ ਦਿੱਤਾ ਗਿਆ। ਰੋਮਾਂਚਕ ਖੇਡ-ਪ੍ਰਤੀਯੋਗਿਤਾ ਵਿੱਚ ਵਿਦਿਆਰਥੀਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ। ਸ਼ਖਸੀਅਤ ਨਾਲ ਸਬੰਧਤ ਉਪਰੋਕਤ ਸਿਰਲੇਖਾਂ ਦੁਆਰਾ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਆਪਣੇ ਪ੍ਰੀ ਪ੍ਰਾਇਮਰੀ ਤੋਂ ਲੈ ਕੇ ਪੰਜਵੀਂ ਕਲਾਸ ਤੱਕ ਦੇ ਅਨੁਭਵ, ਗਿਆਨ ਅਤੇ ਖ਼ੂਬਸੂਰਤ ਪਲਾਂ ਰਾਹੀਂ ਆਪਣੇ ਮਨ ਦੇ ਭਾਵ ਅਧਿਆਪਕਾਂ ਸਾਹਮਣੇ ਰੱਖੇ। ਇਨ੍ਹਾਂ ਖ਼ੂਬਸੂਰਤ ਪਲਾਂ ਵਿੱਚ ਅਧਿਆਪਕਾਂ ਅਤੇ ਵਿਦਿਆਰਥੀਆਂ ਦੀਆਂ ਅੱਖਾਂ ਵਿੱਚ ਨਮੀ ਦੇ ਨਾਲ-ਨਾਲ ਬੱਚਿਆਂ ਦੀ ਅਗਲੀ ਕਲਾਸ ਵਿੱਚ ਜਾਣ ਦੀ ਖੁਸ਼ੀ ਵੀ ਸੀ। ਸਕੂਲ ਦੀ ਪ੍ਰਿੰਸੀਪਲ ਮੈਡਮ ਨੀਲਮ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਦਿਆਰਥੀ ਸਾਡੇ ਦੇਸ਼ ਦੀ ਅਨਮੋਲ ਵਿਰਾਸਤ ਹਨ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਉਨ੍ਹਾਂ ਨੂੰ ਆਸ਼ੀਰਵਾਦ ਦਿੱਤਾ। ਉਪ ਪ੍ਰਧਾਨ ਇਸ਼ਿਤਾ ਗੁਪਤਾ ਨੇ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਨ ਅਤੇ ਜ਼ਿੰਦਗੀ ਵਿੱਚ ਨਿਰੰਤਰ ਕੋਸ਼ਿਸ਼ ਕਰਦੇ ਹੋਏ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪ੍ਰੀਤੀ ਭੋਜ ਦਾ ਖੂਬ ਆਨੰਦ ਲਿਆ ਅਤੇ ਪ੍ਰੋਗਰਾਮ ਦੀ ਸਮਾਪਤੀ ਬਹੁਤ ਖੁਸ਼ੀ ਨਾਲ ਕੀਤੀ ਗਈ।

# ਵਿਧਾਇਕ ਸੰਗੋਵਾਲ ਨੇ ਨਵੇਂ ਚੁਣੇ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਮੈਂਬਰਾਂ ਨੂੰ ਚੁਕਾਈ ਸਹੁੰ



ਲੁਧਿਆਣਾ, 27 ਫਰਵਰੀ (ਵਿਸ਼ਾਲ ਸ਼ਰਮਾ/ਸੰਜੀਵ ਲਹਿਲ) : ਵਿਧਾਇਕ ਜੀਵਨ ਸਿੰਘ ਸੰਗੋਵਾਲ ਨੇ ਸ਼ੁੱਕਰਵਾਰ ਨੂੰ ਜ਼ਿਲ੍ਹਾ ਪ੍ਰੀਸ਼ਦ ਅਤੇ ਜ਼ਿਲ੍ਹੇ ਦੀਆਂ 12 ਪੰਚਾਇਤੀ ਸੰਮਤੀਆਂ ਦੇ 260 ਨਵੇਂ ਚੁਣੇ ਗਏ ਮੈਂਬਰਾਂ ਨੂੰ ਪਿੰਡਾਂ ਦੇ ਵਿਆਪਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਨਾਲ ਮਿਲ ਕੇ ਕੰਮ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਫਿਰਕੂ ਸਦਭਾਵਨਾ, ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਵੀ ਉਤਸ਼ਾਹਿਤ ਕੀਤਾ ਜਾਵੇ। ਗੁਰੂ ਨਾਨਕ ਦੇਵ ਭਵਨ ਲੁਧਿਆਣਾ ਵਿਖੇ ਜੀਵਨ ਸਿੰਘ ਸੰਗੋਵਾਲ ਨੇ ਜ਼ਿਲ੍ਹਾ ਪ੍ਰੀਸ਼ਦ ਅਤੇ 12 ਪੰਚਾਇਤੀ ਸੰਮਤੀਆਂ ਦੇ ਨਵੇਂ ਚੁਣੇ ਗਏ ਮੈਂਬਰਾਂ ਨੂੰ ਪ੍ਰਸ਼ਾਸਨ ਵੱਲੋਂ ਸਹੁੰ ਚੁਕਾਉਣ ਤੋਂ ਬਾਅਦ ਪੇਂਡੂ ਖੁਸ਼ਹਾਲੀ ਨੂੰ ਉਤਸ਼ਾਹਿਤ ਕਰਨ, ਜਨਤਕ ਇੱਛਾਵਾਂ ਨੂੰ ਪੂਰਾ ਕਰਨ ਅਤੇ ਵਸਨੀਕਾਂ ਨੂੰ ਲਾਭ ਪਹੁੰਚਾਉਣ ਲਈ ਤੁਰੰਤ ਕੰਮ ਸ਼ੁਰੂ ਕਰਨ ਦੀ ਆਪਣੀ ਜ਼ਿੰਮੇਵਾਰੀ 'ਤੇ ਜ਼ੋਰ ਦਿੱਤਾ। ਵਿਧਾਇਕ ਸੰਗੋਵਾਲ ਨੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਆਪਣਾ ਪੂਰਾ ਸਮਰਥਨ ਦੇਣ ਦਾ ਵਾਅਦਾ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਦੀਆਂ ਉੱਚ-ਵਿਕਾਸ ਵਾਲੀਆਂ ਪਹਿਲਕਦਮੀਆਂ ਸਥਾਨਕ ਪ੍ਰਤੀਨਿਧੀਆਂ ਦੇ ਸਰਗਰਮ ਯੋਗਦਾਨ ਨਾਲ ਹੀ ਸਫਲ ਹੋਣਗੀਆਂ। ਉਨ੍ਹਾਂ ਨੇ ਜ਼ਿਆਦਾਤਰ ਚੋਣ ਵਾਅਦਿਆਂ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਦੀ ਪ੍ਰਸ਼ੰਸਾ ਕੀਤੀ। ਜਿਸ ਵਿੱਚ ਸਿੱਖਿਆ ਅਤੇ ਸਿਹਤ ਖੇਤਰਾਂ ਵਿੱਚ ਵੱਡੇ ਸੁਧਾਰ ਸ਼ਾਮਲ ਹਨ। ਜਿਵੇਂ ਕਿ ਸਰਕਾਰੀ ਸਕੂਲਾਂ ਅਤੇ ਹਸਪਤਾਲਾਂ ਵਿੱਚ ਗੁਣਵੱਤਾ ਵਾਲੀਆਂ ਸੇਵਾਵਾਂ ਪ੍ਰਦਾਨ ਕਰਨ ਲਈ ਅਤਿ-ਆਧੁਨਿਕ ਬੁਨਿਆਦੀ ਢਾਂਚਾ ਸਥਾਪਤ ਕਰਨਾ ਸ਼ਾਮਲ ਹੈ। ਉਨ੍ਹਾਂ ਨੇ ਨੌਜਵਾਨਾਂ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਖੇਡਾਂ ਵਤਨ ਪੰਜਾਬ ਦੀਆਂ ਪ੍ਰੋਗਰਾਮ ਅਤੇ ਪਾਰਦਰਸ਼ੀ ਭਰਤੀ ਪ੍ਰਕਿਰਿਆ ਦਾ ਵੀ ਜ਼ਿਕਰ ਕੀਤਾ, ਜਿਸ ਵਿੱਚ 'ਆਪ' ਦੀ ਸਰਕਾਰ ਬਣਨ ਤੋਂ ਬਾਅਦ 63,000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਡਾ. ਨਰਿੰਦਰ ਸਿੰਘ ਧਾਲੀਵਾਲ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ ਕਰਦਿਆਂ ਕਿਹਾ ਕਿ ਨਵੇਂ ਮੈਂਬਰਾਂ ਨੂੰ ਪਿੰਡਾਂ ਦੇ ਸੰਪੂਰਨ ਵਿਕਾਸ ਲਈ ਆਪਣੇ ਆਪ ਨੂੰ ਸਮਰਪਿਤ ਕਰਨ ਲਈ ਉਤਸ਼ਾਹਿਤ ਕੀਤਾ।

# ਅਮਰੀਕਾ ਨਾਲ ਵਪਾਰ ਸਮਝੌਤੇ ਵਿਰੁੱਧ ਮੋਦੀ ਅਤੇ ਟਰੰਪ ਦਾ ਪੁਤਲਾ ਫੂਕਿਆ



ਲੁਧਿਆਣਾ, 27 ਫਰਵਰੀ (ਰਵਿੰਦਰ ਸਿੰਘ ਨਿੱਝਰ): ਭਾਰਤੀ ਕਿਸਾਨ ਯੂਨੀਅਨ ਚੜੂਨੀ ਵੱਲੋਂ ਭਾਰਤ ਦੇ ਬਹੁਤ ਸਾਰੇ ਸੂਬਿਆ ਵਿੱਚ ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪੁਤਲੇ ਫੂਕੇ ਗਏ। ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਕੌਮੀ ਪ੍ਰਧਾਨ ਸਰਦਾਰ ਗੁਰਨਾਮ ਸਿੰਘ ਚੜੂਨੀ ਅਤੇ ਪੰਜਾਬ ਪ੍ਰਧਾਨ ਸਰਦਾਰ ਅਮਰਿੰਦਰ ਸਿੰਘ ਹੈਪੀ, ਸੀਨੀਅਰ ਮੀਤ ਪ੍ਰਧਾਨ ਜਸਮੇਲ ਸਿੰਘ ਗਿੱਲ ਹਦਾਇਤ ਅਨੁਸਾਰ ਹਰੇਕ ਸ਼ਹਿਰੀ ਅਤੇ ਦਿਹਾਤੀ ਹਲਕੇ ਵਿੱਚ ਅਮਰੀਕੀ ਰਾਸ਼ਟਰਪਤੀ ਅਤੇ ਭਾਰਤ ਦੇ ਪ੍ਰਧਾਨ ਮੰਤਰੀ ਦੇ ਪੁਤਲੇ ਫੂਕਣ ਦੀ ਆਖਿਆ ਗਿਆ ਸੀ, ਉਸੇ ਤਹਿਤ ਅੱਜ ਰਾਹੁਲ ਰੋਡ ਲੁਧਿਆਣਾ ਵਿਖੇ ਭਾਰਤੀ ਕਿਸਾਨ ਯੂਨੀਅਨ ਚੜੂਨੀ ਦੇ ਮੀਤ ਪ੍ਰਧਾਨ ਪੰਜਾਬ ਸਰਦਾਰ ਰੋਸ਼ਨ ਸਿੰਘ ਸਾਗਰ,ਜਨਰਲ ਸਕੱਤਰ ਪੰਜਾਬ ਸਰਦਾਰ ਜਗਜੀਤ ਸਿੰਘ ਅਰੋੜਾ, ਦੀ ਅਗਵਾਈ ਹੇਠ ਜ਼ੋਰਦਾਰ ਰੋਸ਼ ਪ੍ਰਦਰਸ਼ਨ ਕੀਤਾ ਗਿਆ ਅਤੇ ਪ੍ਰਧਾਨ ਮੰਤਰੀ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਪੁਤਲੇ ਫੂਕੇ ਗਏ ਅਤੇ ਇਹਨਾਂ ਦਾ ਪਿੱਟ ਸਿਆਪਾ ਕੀਤਾ ਗਿਆ।ਇਸ ਮੌਕੇ 'ਤੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਭਾਰਤ ਅਤੇ ਅਮਰੀਕਾ ਵਿਚਾਲੇ ਹੋਏ ਅੰਤਰਿਮ ਵਪਾਰ ਸਮਝੌਤੇ ਨੂੰ ਦੇਸ਼ ਦੇ ਕਿਸਾਨਾਂ ਨਾਲ ਧੋਖਾ ਕਰ ਦਿੱਤਾ ਅਤੇ ਦੇਸ਼ ਨਾਲ ਵਿਸ਼ਵਾਸ਼ਘਾਤ ਹੋਣ ਦਾ ਦੋਸ ਲਾਇਆ ਗਿਆ। ਅਤੇ ਝੂਠ ਬੋਲ ਕੇ ਭਾਰਤ ਦੇ ਲੋਕਾਂ ਨੂੰ ਗੁੰਮਰਾਹ ਕਰਨ ਲਤਾ ਕੀਤਾ ਹੈ। ਉਸ ਵਿੱਚ ਤੁਸੀ ਦੇਸ਼ ਨੂੰ ਵੇਚ ਦਿੱਤਾ ਹੈ, ਇਹ ਕਿੱਡੀ ਸ਼ਰਮ ਦੀ ਗੱਲ ਹੈ ਸਾਡੇ ਦੇਸ਼ ਦਾ ਡਾਟਾ ਦੇ ਦਿੱਤਾ ਗਿਆ ਹੈ। ਕਿਸਾਨਾਂ ਨੂੰ ਖਤਮ ਕਰ ਦਿੱਤਾ। ਕੱਪੜਾ ਉਦਯੋਗ ਨੂੰ ਬਰਵਾਦ ਕਰ ਦਿੱਤਾ ਹੈ।ਆਗੂਆਂ ਨੇਕਿਹਾ ਕਿ ਭਾਰਤ ਦੇਸ਼ ਦਾ ਕਿਸਾਨ ਅਮਰੀਕਾ ਵਿੱਚ ਹੋ ਰਹੀ ਵੱਡੇ ਪੱਧਰ ਦੀ ਖੇਤੀ ਦਾ ਮੁਕਾਬਲਾ ਕਦੇ ਵੀ ਨਹੀਂ ਕਰ ਸਕੇਗਾ, ਕਿਉਂਕਿ ਅਮਰੀਕਾ ਵਰਗੇ ਦੇਸ਼ ਆਪਣੇ ਕਿਸਾਨਾਂ ਨੂੰ ਵੱਡੀ ਸਬਸਿਡੀ ਦੀ ਰਾਹਤ ਦੇ ਕੇ ਖੇਤੀ ਕਰਵਾਉਂਦੇ ਹਨ।ਇਸ ਮੌਕੇ ਰੋਸ਼ਨ ਸਿੰਘ ਸਾਗਰ ਮੀਤ ਪ੍ਰਧਾਨ ਪੰਜਾਬ, ਜਗਜੀਤ ਸਿੰਘ ਅਰੋੜਾ ਜਨਰਲ ਸਕੱਤਰ ਪੰਜਾਬ, ਹਰਦੀਪ ਸਿੰਘ ਢੇਰੀ ਮੀਤ ਪ੍ਰਧਾਨ ਪੰਜਾਬ, ਚੇਅਰਮੈਨ ਪ੍ਰਹਿਲਾਦ ਸਿੰਘ, ਕੈਪਟਨ ਕੁਲਵੰਤ ਸਿੰਘ ਮੀਤ ਪ੍ਰਧਾਨ ਪੰਜਾਬ, ਸੁਲੱਖਣ ਸਿੰਘ ਮੰਡ ਪ੍ਰਧਾਨ ਲੁਧਿਆਣਾ ,ਸੁਖਦੇਵ ਸਿੰਘ ਕਨੀਜ਼ਾਂ ਜਨਰਲ ਸਕੱਤਰ ਜਿਲਾ ਲੁਧਿਆਣਾ, ਕੈਪਟਨ ਮਲਕੀਤ ਸਿੰਘ ਵਾਲੀਆ ਸੀਨੀਅਰ ਮੀਤ ਪ੍ਰਧਾਨ ਲੁਧਿਆਣਾ, ਕੁਲਵਿੰਦਰ ਸਿੰਘ ਮੀਡੀਆ ਇੰਚਾਰਜ ਪੰਜਾਬ, ਗੁਰਮੇਜ ਸਿੰਘ ਸੈਕਟਰੀ, ਕਰਮਜੀਤ ਸਿੰਘ ਸੰਧੂ ਪ੍ਰਧਾਨ ਹਲਕਾ ਸਾਹਨੇਵਾਲ, ਨਰਿੰਦਰ ਸਿੰਘ ਗਿੱਲਾ ਪ੍ਰਧਾਨ, ਬਲਵਿੰਦਰ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

# 'ਮਨਰੇਗਾ ਬਚਾਓ' ਰੈਲੀ ਵਿੱਚ ਹਿੱਸਾ ਲੈਣ ਲਈ ਹਲਕਾ ਦੱਖਣੀ ਦੇ ਕਾਂਗਰਸੀਆਂ ਵਿੱਚ ਭਾਰੀ ਉਤਸ਼ਾਹ



ਲੁਧਿਆਣਾ, 27 ਫਰਵਰੀ (ਰਵਿੰਦਰ ਸਿੰਘ ਨਿੱਝਰ): ਹਲਕਾ ਦੱਖਣੀ ਲੁਧਿਆਣਾ ਵਿਖੇ ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਏ.ਆਈ.ਸੀ.ਸੀ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਦੀ ਸਰਪ੍ਰਸਤੀ ਹੇਠ ਕਾਂਗਰਸੀ ਵਰਕਰਾਂ ਦੀ ਭਰਵੀਂ ਮੀਟਿੰਗ ਹੋਈ, ਜਿਸ ਵਿੱਚ ਬਰਨਾਲਾ ਰੈਲੀ ਲਈ ਸਟਿਕਰ ਜਾਰੀ ਕੀਤਾ ਗਿਆ। ਇਸ ਸਮੇਂ ਗੁਰਨਾਮ ਸਿੰਘ ਕਲੇਰ, ਜ਼ਿਲ੍ਹਾ ਕਾਂਗਰਸ (ਓ.ਬੀ.ਸੀ) ਦੇ ਪ੍ਰਧਾਨ ਵਰਿੰਦਰ ਭੱਲਾ, ਰਤਨੇਸ਼ ਕੁਮਾਰ, ਰਾਕੇਸ਼ ਗੋਇਲ, ਮਾਸਟਰ ਹਰੀਦੇਵ ਬਾਵਾ, ਮਨਜੀਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਸਮੇਂ ਸ਼੍ਰੀ ਬਾਵਾ ਨੇ ਕਿਹਾ ਕਿ 'ਮਨਰੇਗਾ ਬਚਾਓ' ਬਰਨਾਲਾ ਰੈਲੀ ਵਿੱਚ ਹਿੱਸਾ ਲੈਣ ਲਈ ਹਲਕਾ ਦੱਖਣੀ ਦੇ ਕਾਂਗਰਸੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਉਹਨਾਂ ਕਿਹਾ ਕਿ ਭਾਰਤ ਦਾ ਭਵਿੱਖ ਰਾਹੁਲ ਗਾਂਧੀ ਦੀ ਸੋਚ, ਸੱਚਾਈ, ਸਪੱਸ਼ਟਤਾ ਅਤੇ ਦੇਸ਼ ਸੇਵਾ ਪ੍ਰਤੀ ਦ੍ਰਿੜਤਾ ਇੱਕ ਦਿਨ ਰੰਗ ਲਿਆਏਗੀ। ਉਹਨਾਂ ਕਿਹਾ ਕਿ ਮੋਦੀ ਸਰਕਾਰ ਜੋ ਅਮਰੀਕਾ ਨਾਲ ਵਿਉਪਾਰਿਕ ਸਮਝੌਤਾ ਕਰ ਰਹੀ ਹੈ, ਜਿਸ ਨਾਲ ਖੇਤੀ ਅਤੇ ਟੈਕਸਟਾਈਲ ਵਿੱਚ ਭਾਰਤ ਦੇ ਲੋਕਾਂ ਦਾ ਵੱਡਾ ਨੁਕਸਾਨ ਹੋਵੇਗਾ। ਉਹਨਾਂ ਕਿਹਾ ਕਿ ਭਾਜਪਾ ਵਿੱਚ ਕਾਂਗਰਸ ਪਾਰਟੀ ਛੱਡ ਕੇ ਗਏ ਕਈ ਨੇਤਾ ਰਾਜ ਸਭਾ ਦੀ ਸੀਟ ਹਾਸਲ ਕਰਨ ਲਈ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਪ੍ਰਵਾਹ ਨਾ ਕਰਦੇ ਹੋਏ ਭਾਜਪਾ ਨੇਤਾਵਾਂ ਦੇ ਕਸੀਦੇ ਪੜ੍ਹ ਰਹੇ ਹਨ, ਜੋ ਪੰਜਾਬ ਦੇ ਕਿਸਾਨਾਂ ਨਾਲ ਧੋਖਾ ਹੈ।ਉਹਨਾਂ ਕਿਹਾ ਕਿ ਬਰਨਾਲਾ ਰੈਲੀ ਲਈ ਦੀ ਕਾਮਯਾਬੀ ਲਈ ਰਾਜਾ ਵੜਿੰਗ ਅਤੇ ਅੰਮ੍ਰਿਤਾ ਵੜਿੰਗ ਲੁਧਿਆਣਾ ਵਿੱਚ ਦਿਨ ਰਾਤ ਮਿਹਨਤ ਕਰ ਰਹੇ ਹਨ ਇਸ ਸਮੇਂ ਮਮਤਾ ਰਾਣੀ, ਸ਼ਰਨਜੀਤ ਵਰਮਾ, ਲਲਿਤਾ ਦੇਵੀ, ਕਿਰਨ ਕਪੂਰ, ਵੀਨਾ ਰਾਣੀ, ਰੇਖਾ ਰਾਣੀ, ਨਿਮਰਤਾ, ਜਸਵਿੰਦਰ ਕੌਰ, ਪ੍ਰਵੇਸ਼ ਕੁਮਾਰ, ਮੁਕੇਸ਼ ਕੁਮਾਰ, ਪੁਸ਼ਪਾ ਦੇਵੀ, ਸੰਗੀਤਾ ਬਾਂਸਲ, ਸੁਦੇਸ਼ ਤਿਆਗੀ, ਰੇਨੂ, ਰਿੰਕਾ, ਦਿਲਾਵਰ ਸਿੰਘ, ਪ੍ਰਿੰਸ, ਅਵਰੀਨ ਕੌਰ ਆਦਿ ਹਾਜ਼ਰ ਸਨ।


SOUTH INDIAN Bank

ਦੀ ਸਾਊਥ ਇੰਡੀਅਨ ਬੈਂਕ ਲਿਮਿਟਿਡ
ਖੇਤਰੀ ਦਫਤਰ - ਦਿੱਲੀ, ਤੀਜੀ ਮੰਜ਼ਿਲ, ਪਲਾਟ ਨੰ. 21, 21/1, ਪੂਸਾ ਰੋਡ, ਕਰੋਲ ਬਾਗ, ਨਵੀਂ ਦਿੱਲੀ - 110005
ਫੋਨ : 011 4233 1664/011 4512 866/7982865660
ਈਮੇਲ : ro1008@sib.co.in

ਹਵਾਲਾ: DEL/CRD/SAR/74/2025-26 ਮਿਤੀ: 26-02-2026

**ਈ - ਨਿਲਾਮੀ ਵਿਕਰੀ ਨੋਟਿਸ**

ਸੁਰੱਖਿਆ ਵਿਆਜ (ਲਾਗੂਕਰਨ) ਨਿਯਮ, 2002 ਦੇ ਨਿਯਮ 8(6) ਅਤੇ 9(1) ਦੇ ਪ੍ਰਾਵਧਾਨ ਨਾਲ ਪੜ੍ਹਿਆ ਗਿਆ, ਵਿੱਤੀ ਸੰਪਤੀਆਂ ਦੀ ਸੁਰੱਖਿਆ ਅਤੇ ਪੁਨਰਗਠਨ ਅਤੇ ਸੁਰੱਖਿਆ ਵਿਆਜ ਐਕਟ, 2002 ਦੇ ਤਹਿਤ ਅਚੱਲ ਸੰਪਤੀਆਂ ਦੀ ਵਿਕਰੀ ਲਈ ਈ-ਨਿਲਾਮੀ ਵਿਕਰੀ ਨੋਟਿਸ।
(1) ਸ਼੍ਰੀਮਤੀ ਹਰਜੀਤ ਕੌਰ ਪਤਨੀ ਸ਼੍ਰੀ ਉੱਤਮ ਸਿੰਘ ਸੱਚਰ, ਪ੍ਰੋਪਰਾਈਟਰ ਮੈਸਰਜ਼ ਲੇਵੋ ਐਕਸਪੋਰਟਸ ਅਤੇ ਵਾਸੀ ਐਸਸੀਓ 4, ਗਿਆਨ ਸਿੰਘ ਰਾੜੇਵਾਲਾ ਮਾਰਕੀਟ, ਦੂਜੀ ਮੰਜ਼ਿਲ, ਲੁਧਿਆਣਾ, ਪੰਜਾਬ 141002 ਅਤੇ ਜ਼ਾਮਨਾਂ ਦੇ ਨਾਮ
(2) ਸ਼੍ਰੀ ਜਸਮੀਤ ਸਿੰਘ ਸੱਚਰ ਵਾਸੀ 2177, ਫੇਜ਼ 2, ਦੁਗਰੀ, ਅਰਬਨ ਅਸਟੇਟ, ਦੁੱਗਰੀ ਰੋਡ, ਲੁਧਿਆਣਾ, ਮਾਡਲ ਟਾਊਨ ਪੰਜਾਬ 141002,
(3) ਸ਼੍ਰੀਮਤੀ ਗੁਰਿੰਦਰ ਕੌਰ ਵਾਸੀ 2177, ਫੇਜ਼ 2, ਦੁਗਰੀ, ਅਰਬਨ ਅਸਟੇਟ, ਦੁੱਗਰੀ ਰੋਡ, ਲੁਧਿਆਣਾ, ਮਾਡਲ ਟਾਊਨ ਪੰਜਾਬ 141002,
(4) ਸ਼੍ਰੀ ਬਲਮੀਤ ਸਿੰਘ ਸੱਚਰ ਵਾਸੀ 2177, ਫੇਜ਼ 2, ਦੁਗਰੀ, ਅਰਬਨ ਅਸਟੇਟ, ਦੁੱਗਰੀ ਰੋਡ, ਲੁਧਿਆਣਾ, ਮਾਡਲ ਟਾਊਨ ਪੰਜਾਬ 141002,
(5) ਸ਼੍ਰੀ ਉੱਤਮ ਸਿੰਘ ਸੱਚਰ ਵਾਸੀ 2177, ਫੇਜ਼ 2, ਦੁਗਰੀ, ਅਰਬਨ ਅਸਟੇਟ, ਦੁੱਗਰੀ ਰੋਡ, ਲੁਧਿਆਣਾ, ਮਾਡਲ ਟਾਊਨ, ਪੰਜਾਬ 141002
ਇਸ ਦੁਆਰਾ ਆਮ ਜਨਤਾ ਨੂੰ ਅਤੇ ਖਾਸ ਕਰਕੇ ਕਰਜ਼ਦਾਰ/ਜ਼ਾਮਨ/ਕਾਨੂੰਨੀ ਵਾਰਸਾਂ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਹੇਠਾਂ ਦੱਸੇ ਗਏ ਅਚੱਲ ਜਾਇਦਾਦਾਂ ਜੋ ਸਾਊਥ ਇੰਡੀਅਨ ਬੈਂਕ ਲਿਮਿਟਿਡ, ਬ੍ਰਾਂਚ ਲੁਧਿਆਣਾ (ਸੁਰੱਖਿਅਤ ਕਰਜ਼ਦਾਤਾ) ਨੂੰ ਗਿਰਵੀ ਰੱਖੀਆਂ ਗਈਆਂ ਹਨ, ਜਿਨ੍ਹਾਂ ਦਾ ਕਬਜ਼ਾ ਦ ਸਾਊਥ ਇੰਡੀਅਨ ਬੈਂਕ ਲਿਮਿਟਿਡ (ਸੁਰੱਖਿਅਤ ਕਰਜ਼ਦਾਤਾ) ਦੇ ਅਧਿਕਾਰਤ ਅਧਿਕਾਰੀ ਦੁਆਰਾ ਲਿਆ ਗਿਆ ਹੈ, ਨੂੰ 17-03-2026 ਨੂੰ **"ਜਿਵੇਂ ਹੈ ਜਿੱਥੇ ਹੈ" ਦੇ ਆਧਾਰ 'ਤੇ, "ਜਿਵੇਂ ਹੈ ਜੋ ਹੈ" ਅਤੇ "ਜੋ ਕੁਝ ਵੀ ਹੈ"** ਦੀ ਸ਼ਰਤ 'ਤੇ 11,14,67,511/- ਰੁਪਏ (ਰੁ. ਗਿਆਰਾਂ ਕਰੋੜ ਚੌਦਾਂ ਲੱਖ ਸਤਾਹਠ ਹਜ਼ਾਰ ਪੰਜ ਸੌ ਗਿਆਰਾਂ ਕੇਵਲ) 18.01.2025 ਨੂੰ ਭਵਿੱਖੀ ਵਿਆਜ, ਲਾਗਤਾਂ ਅਤੇ ਖਰਚਿਆਂ ਆਦਿ ਉਪਰੋਕਤ ਕਰਜ਼ਦਾਰ(ਾਂ) ਅਤੇ ਜ਼ਾਮਨ(ਾਂ) ਤੋਂ ਦ ਸਾਊਥ ਇੰਡੀਅਨ ਬੈਂਕ ਲਿਮਿਟਿਡ, ਬ੍ਰਾਂਚ ਲੁਧਿਆਣਾ (ਸੁਰੱਖਿਅਤ ਕਰਜ਼ਦਾਤਾ) ਦੇ ਨਾਲ ਰਕਮ ਦੀ ਵਸੂਲੀ ਲਈ ਵੇਚੀਆਂ ਜਾਣਗੀਆਂ।

| | |
|---|---|
| | **ਆਈਟਮ ਨੰ.1** |
| ਸੰਪੱਤੀਮਾਲਕ ਦਾਨਾਮ | ਸ੍ਰੀ ਉਤਮ ਸਿੰਘ ਸੱਚਰ ਅਤੇ ਸ੍ਰੀਮਤੀ ਹਰਜੀਤ ਕੌਰ ਸੱਚਰ |
| ਸੰਪੱਤੀ ਦੇ ਵੇਰਵੇ | 630 ਵਰਗ ਗਜ਼ ਮਾਪ ਐਮ.ਸੀ. ਨੰ. ਬੀ-XXIX-1768/4 ਵਾਲੀ ਜਾਇਦਾਦ/ਫੈਕਟਰੀ ਦੀ ਜ਼ਮੀਨ ਅਤੇ ਇਮਾਰਤ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਖਸਰਾ ਨੰ. 8366/824/3/4, 8363/824/3/1, ਖਾਤਾ ਨੰ.946/1424/1429 ਸਾਲ 1985-86 ਲਈ ਜਮਾਂਬੰਦੀ ਅਨੁਸਾਰ, ਗਿੱਲ ਨੰ.2, ਗਲੀ ਨੰ: 8 ਵਜੋਂ ਜਾਣਿਆ ਜਾਂਦਾ ਇਲਾਕਾ, ਮੁਹੱਲਾ ਸ਼ਿਮਲਾਪੁਰੀ,ਲੁਧਿਆਣਾ ਵਿਖੇ ਸਥਿਤ ਸ੍ਰੀ ਉੱਤਮ ਸਿੰਘ ਸੱਚਰ ਪੁੱਤਰ ਸ੍ਰੀ ਦੁਰਲਭ ਸਿੰਘ ਅਤੇ ਸ੍ਰੀਮਤੀ ਹਰਜੀਤ ਕੌਰ ਸੱਚਰ ਪਤਨੀ ਸ੍ਰੀ ਉਤਮ ਸਿੰਘ ਦੇ ਸਾਂਝੇ ਨਾਮ 'ਤੇ ਐਸਆਰਓ ਲੁਧਿਆਣਾ ਦੀ ਵਿਕਰੀ ਡੀਡ ਨੰ. 1136 ਮਿਤੀ 02.05.1990 ਅਤੇ ਵਿਕਰੀ ਡੀਡ ਨੰ. 6898 ਮਿਤੀ 20/06/1990 ਦੇ ਤਹਿਤ ਵਿਸ਼ੇਸ਼ ਤੌਰ 'ਤੇ ਵਰਣਨ ਕੀਤਾ ਹੈ ਅਤੇ ਹੱਦਬੰਦੀ ਇਸ ਪ੍ਰਕਾਰ ਹੈ:- ਉੱਤਰ ਵੱਲ ਸਾਜਨ ਬੇਕਰੀ ਦੁਆਰਾ, ਦੱਖਣ ਵੱਲ ਗਲੀ 18' ਚੌੜੀ, ਪੂਰਬ ਵੱਲ ਗਲੀ 18' ਚੌੜੀ, ਪੱਛਮ ਵੱਲ ਭਗਤ ਸਿੰਘ |
| ਕਬਜ਼ੇ ਦਾ ਸਰੂਪ (ਆਈਟਮ ਨੰ.1) | ਸੰਕੇਤਕ ਕਬਜ਼ਾ |
| | **ਆਈਟਮ ਨੰ.2** |
| ਸੰਪੱਤੀਮਾਲਕ ਦਾਨਾਮ | ਸ੍ਰੀ ਜਸਮੀਤ ਸਿੰਘ |
| ਸੰਪੱਤੀ ਦੇ ਵੇਰਵੇ | 170-1/2 ਵਰਗ ਗਜ਼ ਦੀ ਮਾਪ ਵਾਲੀ ਐਮਸੀ ਨੰ. ਬੀ-XXII-2724/3 ਵਾਲੀ ਇਮਾਰਤ ਸਮੇਤ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਖਸਰਾ ਨੰ. 3531/258, 3532/258, 6161/259/1, 6161/259/3/1,259/2, 6161/259/2, ਖਾਤਾ ਨੰ.1408/1926 ਵਿਚ ਸ਼ਾਮਲ, ਸਾਲ 2010-11 ਦੀ ਜਮਾਂਬੰਦੀ ਦੇ ਅਨੁਸਾਰ ਗਲੀ ਨੰਬਰ 1, ਚੇਤ ਸਿੰਘ ਨਗਰ ਵਜੋਂ ਜਾਣਿਆ ਜਾਂਦਾ ਇਲਾਕਾ, ਗਿੱਲ ਰੋਡ, ਲੁਧਿਆਣਾ ਵਿਖੇ ਜਸਮੀਤ ਸਿੰਘ ਪੁੱਤਰ ਸ੍ਰੀ ਉਤਮ ਸਿੰਘ ਦੇ ਨਾਮ 'ਤੇ ਵਿਸ਼ੇਸ਼ ਤੌਰ 'ਤੇ ਐਸਆਰਓ ਲੁਧਿਆਣਾ ਦੀ ਵਿਕਰੀ ਡੀਡ ਨੰ. 5471 ਮਿਤੀ 08/10/2015 ਦੇ ਤਹਿਤ ਵਰਣਨ ਕੀਤਾ ਗਿਆ ਹੈ ਅਤੇ ਹੱਦਬੰਦੀ ਇਸ ਪ੍ਰਕਾਰ ਹੈ:- ਉੱਤਰ ਵੱਲ ਸੜਕ ਦੁਆਰਾ, ਦੱਖਣ ਵੱਲ ਹਰਨਾਮ ਕੌਰ, ਪੂਰਬ ਵੱਲ ਏਸ਼ੀਅਨ ਸਾਈਕਲ ਅਤੇ ਪੱਛਮ ਵੱਲ: ਸ਼ੈਲਰ |
| ਕਬਜ਼ੇ ਦਾ ਸਰੂਪ (ਆਈਟਮ ਨੰ.2) | ਸੰਕੇਤਕ ਕਬਜ਼ਾ |
| | **ਆਈਟਮ ਨੰ.3** |
| ਸੰਪੱਤੀਮਾਲਕ ਦਾਨਾਮ | ਸ੍ਰੀ ਬਲਮੀਤ ਸਿੰਘ ਸੱਚਰ |
| ਸੰਪੱਤੀ ਦੇ ਵੇਰਵੇ | 155 ਵਰਗ ਗਜ਼ ਮਾਪ ਵਾਲੀ ਨੰ. ਜੀ-121 ਵਾਲੀ ਜਾਇਦਾਦ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਓਇਸਟਰ ਗਾਰਡਨ (ਨੇੜੇ ਫਿਰੋਜ਼ਪੁਰ ਗੇਟ), ਆਈਆਰਈਓ ਵਾਟਰਫਰੰਟ, ਫਿਰੋਜ਼ਪੁਰ ਰੋਡ, ਮੁੱਲਾਂਪੁਰ ਦਾਖਾ, ਲੁਧਿਆਣਾ ਵਿਖੇ ਸਥਿਤ ਕਿਸੇ ਵੀ ਇਮਾਰਤ ਦੇ ਨਾਲ ਸ਼੍ਰੀ ਬਲਮੀਤ ਸਿੰਘ ਸੱਚਰ ਪੁੱਤਰ ਸ੍ਰੀ ਉੱਤਮ ਸਿੰਘ ਦੇ ਨਾਮ 'ਤੇ ਵਿਸ਼ੇਸ਼ ਤੌਰ 'ਤੇ ਵਿਕਰੀ ਡੀਡ ਨੰ. 660 ਮਿਤੀ 05/08/2016 ਦੁਆਰਾ ਸੰਯੁਕਤ ਐਸਆਰਓ ਮੁੱਲਾਂਪੁਰ ਦਾਖਾ ਦੇ ਤਹਿਤ ਵਰਣਨ ਕੀਤਾ ਹੈ ਅਤੇ ਹੱਦਬੰਦੀ ਇਸ ਪ੍ਰਕਾਰ ਹੈ:- ਉੱਤਰ ਵੱਲ ਗ੍ਰੀਨ ਏਰੀਆ, ਦੱਖਣ ਵੱਲ ਸੜਕ, ਪੂਰਬ ਵੱਲ ਸੜਕ ਅਤੇ ਪੱਛਮ ਵੱਲ ਪਲਾਟ ਨੰ.ਜੀ-122 |
| ਕਬਜ਼ੇ ਦਾ ਸਰੂਪ (ਆਈਟਮ ਨੰ.3) | ਭੌਤਿਕ ਕਬਜ਼ਾ |
| ਰਾਖਵੀਂ ਕੀਮਤ (ਆਈਟਮ ਨੰ.1) | 1,72,66,000.00 ਰੁਪਏ (ਰੁਪਏ ਇੱਕ ਕਰੋੜ ਬਹੱਤਰ ਲੱਖ ਅਤੇ ਛਿਆਹਠ ਹਜ਼ਾਰ ਕੇਵਲ) |
| ਬਿਆਨਾ ਰਕਮ ਜਮ੍ਹਾਂ (ਈਐਮਡੀ) (ਆਈਟਮ ਨੰ.1) | 17,26,600.00 ਰੁਪਏ (ਸਤਾਰਾਂ ਲੱਖ ਛੱਬੀ ਹਜ਼ਾਰ ਛੇ ਸੌ ਸਿਰਫ਼) EMD 16.03.2026 ਨੂੰ ਜਾਂ ਇਸ ਤੋਂ ਪਹਿਲਾਂ ਦੁਪਹਿਰ 02.00 ਵਜੇ ਤੱਕ ਜਮ੍ਹਾ ਕੀਤਾ ਜਾਵੇਗਾ |
| ਰਾਖਵੀਂ ਕੀਮਤ (ਆਈਟਮ ਨੰ.2) | ਰੁ. 52,60,000.00 ਰੁਪਏ (ਸਿਰਫ ਬਵੰਜਾ ਲੱਖ ਸੱਠ ਹਜ਼ਾਰ ਰੁਪਏ) |
| ਬਿਆਨਾ ਰਕਮ ਜਮ੍ਹਾਂ (ਈਐਮਡੀ) (ਆਈਟਮ ਨੰ.2) | ਰੁ.5,26,000.00 (ਪੰਜ ਲੱਖ ਛੱਬੀ ਹਜ਼ਾਰ ਰੁਪਏ) EMD 16.03.2026 ਨੂੰ ਜਾਂ ਇਸ ਤੋਂ ਪਹਿਲਾਂ ਦੁਪਹਿਰ 02.00 ਵਜੇ ਤੱਕ ਜਮ੍ਹਾ ਕੀਤਾ ਜਾਵੇਗਾ |
| ਰਾਖਵੀਂ ਕੀਮਤ (ਆਈਟਮ ਨੰ.3) | ਰੁ. 54,26,000.00 (ਰੁਪਏ ਚੁਰੰਜਾ ਲੱਖ ਛੱਬੀ ਹਜ਼ਾਰ ਸਿਰਫ਼) |
| ਬਿਆਨਾ ਰਕਮ ਜਮ੍ਹਾਂ (ਈਐਮਡੀ) (ਆਈਟਮ ਨੰ.3) | ਰੁ. 5,42,600.00 (ਰੁਪਏ ਪੰਜ ਲੱਖ ਬਿਆਲੀ ਹਜ਼ਾਰ ਛੇ ਸੌ ਸਿਰਫ਼) EMD 16.03.2026 ਨੂੰ ਜਾਂ ਇਸ ਤੋਂ ਪਹਿਲਾਂ ਦੁਪਹਿਰ 02.00 ਵਜੇ ਤੱਕ ਜਮ੍ਹਾ ਕੀਤਾ ਜਾਵੇਗਾ |
| ਬੋਲੀ ਵਾਧਾ ਰਕਮ ਆਈਟਮ ਨੰ.1 | ਰੁ. 50,000/- (ਰੁਪਏ ਸਿਰਫ਼ ਪੰਜਾਹ ਹਜ਼ਾਰ) |
| ਬੋਲੀ ਵਾਧਾ ਰਕਮ ਆਈਟਮ ਨੰ.2 | ਰੁ. 50,000/- (ਰੁਪਏ ਸਿਰਫ਼ ਪੰਜਾਹ ਹਜ਼ਾਰ) |
| ਬੋਲੀ ਵਾਧਾ ਰਕਮ ਆਈਟਮ ਨੰ.3 | ਰੁ. 50,000/- (ਰੁਪਏ ਸਿਰਫ਼ ਪੰਜਾਹ ਹਜ਼ਾਰ) |
| ਈ-ਨਿਲਾਮੀ ਦੀ ਮਿਤੀ ਅਤੇ ਸਮਾਂ ਆਈਟਮ ਨੰ.1 | 17.03.2026 11.00 AM ਤੋਂ 11:30 AM ਤੱਕ (ਵਿਕਰੀ ਖਤਮ ਹੋਣ ਤੱਕ 5 ਮਿੰਟ ਅਸੀਮਤ ਆਟੋ ਐਕਸਟੈਂਸ਼ਨਾਂ ਦੇ ਨਾਲ) |
| ਈ-ਨਿਲਾਮੀ ਦੀ ਮਿਤੀ ਅਤੇ ਸਮਾਂ ਆਈਟਮ ਨੰ.2 | 17.03.2026 12.30 PM ਤੋਂ 01:00 PM ਤੱਕ (ਵਿਕਰੀ ਖਤਮ ਹੋਣ ਤੱਕ 5 ਮਿੰਟ ਅਸੀਮਤ ਆਟੋ ਐਕਸਟੈਂਸ਼ਨਾਂ ਦੇ ਨਾਲ) |
| ਈ-ਨਿਲਾਮੀ ਦੀ ਮਿਤੀ ਅਤੇ ਸਮਾਂ ਆਈਟਮ ਨੰ.3 | 17.03.2026 02.00 PM ਤੋਂ 02:30 PM ਤੱਕ (ਵਿਕਰੀ ਖਤਮ ਹੋਣ ਤੱਕ 5 ਮਿੰਟ ਅਸੀਮਤ ਆਟੋ ਐਕਸਟੈਂਸ਼ਨਾਂ ਦੇ ਨਾਲ) |

ਵਿਕਰੀ ਦੇ ਵਿਸਤ੍ਰਿਤ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਸਾਊਥ ਇੰਡੀਅਨ ਬੈਂਕ ਲਿਮਿਟਿਡ, (ਸੁਰੱਖਿਅਤ ਕਰਜ਼ਦਾਤਾ) ਦੀ ਵੈੱਬਸਾਈਟ www. southindianbank.com ਦੇ ਵੈੱਬ ਪੋਰਟਲ ਵਿੱਚ ਦਿੱਤੇ ਗਏ ਲਿੰਕ ਨੂੰ ਵੇਖੋ। ਵੇਰਵੇ https://bankauctions.in 'ਤੇ ਵੀ ਉਪਲਬਧ ਹਨ। ਜਾਇਦਾਦ ਦੇ ਨਿਰੀਖਣ, ਈ-ਨਿਲਾਮੀ ਦੇ ਨਿਯਮਾਂ ਅਤੇ ਸ਼ਰਤਾਂ ਜਾਂ ਬੋਲੀ ਜਮ੍ਹਾਂ ਕਰਨ ਦੇ ਸੰਬੰਧ ਵਿੱਚ ਕਿਸੇ ਵੀ ਹੋਰ ਸਪਸ਼ਟੀਕਰਨ ਲਈ, ਕਿਰਪਾ ਕਰਕੇ ਸਾਊਥ ਇੰਡੀਅਨ ਬੈਂਕ ਲਿਮਿਟਿਡ ਨਾਲ 7738-602-229/7309-655-552/9007-046-006 (ਸੰਪਰਕ ਨੰਬਰ) 'ਤੇ ਸੰਪਰਕ ਕਰੋ।

ਸਹੀ/-ਅਧਿਕਾਰਤ ਅਧਿਕਾਰੀ

# ਸਿੱਖ ਵਿਦਵਾਨ ਭਾਈ ਹਰਸਿਮਰਨ ਸਿੰਘ ਦੇ ਅਕਾਲ ਚਲਾਣੇ ’ਤੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਦੁੱਖ ਪ੍ਰਗਟ

ਅੰਮ੍ਰਿਤਸਰ, 27 ਫਰਵਰੀ (ਗੁਰਦਿਆਲ ਸਿੰਘ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸਿੱਖ ਵਿਦਵਾਨ ਭਾਈ ਹਰਸਿਮਰਨ ਸਿੰਘ ਦੇ ਅਕਾਲ ਚਲਾਣਾ ਕਰ ਜਾਣ ’ਤੇ ਗਹਿਰੇ ਦੁੱਖ ਦਾ ਇਜ਼ਹਾਰ ਕੀਤਾ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਭਾਈ ਹਰਸਿਮਰਨ ਸਿੰਘ ਨੇ ਸਿੱਖੀ ਪ੍ਰਚਾਰ ਲਈ ਸ਼ਲਾਘਾਯੋਗ ਕਾਰਜ ਕੀਤੇ ਹਨ।ਉਨ੍ਹਾਂ ਵੱਲੋਂ ਜਿਥੇ ਵਿਦਿਆਰਥੀਆਂ ਨੂੰ ਗੁਰਮਤਿ ਦੀ ਸਿੱਖਿਆ ਦਿੱਤੀ ਗਈ, ਉਥੇ ਹੀ ਆਪਣੀਆਂ ਲਿਖਤਾਂ ਰਾਹੀਂ ਵੀ ਸਿੱਖੀ ਦੇ ਪ੍ਰਚਾਰ ਪ੍ਰਸਾਰ ਦੀ ਸੇਵਾ ਕੀਤੀ। ਉਨ੍ਹਾਂ ਕਿਹਾ ਕਿ ਭਾਈ ਹਰਸਿਮਰਨ ਸਿੰਘ ਦਾ ਅਕਾਲ ਚਲਾਣਾ ਪਰਿਵਾਰ ਅਤੇ ਸਿੱਖ ਸਮਾਜ ਲਈ ਵੱਡਾ ਘਾਟਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਭਾਈ ਹਰਸਿਮਰਨ ਸਿੰਘ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਉਹ ਵਿਛੜੀ ਰੂਹ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰਨ।

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਟੀਵੀਐਸ ਕੰਪਨੀ ਵੱਲੋਂ 4 ਦੋ ਪਹੀਆ ਵਾਹਨ ਭੇਟ



ਅੰਮ੍ਰਿਤਸਰ, 27 ਫ਼ਰਵਰੀ (ਗੁਰਦਿਆਲ ਸਿੰਘ) : ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਅੱਜ ਟੀਵੀਐਸ ਕੰਪਨੀ ਵੱਲੋਂ ਚਾਰ ਦੋ ਵਾਹੀਆ ਵਾਹਨ ਭੇਟ ਕੀਤੇ ਗਏ। ਇਸ ਵਿਚ 1 ਅਪਾਚੇ ਆਰਟੀਐਕਸ ਮੋਟਰਸਾਈਕਲ, 1 ਟੀਵੀਐਸ ਜੂਪੀਟਰ, 1 ਟੀਵੀਐਸ ਐਨ ਟੋਰਕ ਅਤੇ 1 ਬੈਟਰੀ ਵਾਲੀ ਆਰਬਿਟ ਸਕੂਟੀ ਸ਼ਾਮਲ ਹੈ। ਇਨ੍ਹਾਂ ਵਾਹਨਾਂ ਦੀਆਂ ਚਾਬੀਆਂ ਟੀਵੀਐਸ ਕੰਪਨੀ ਦੇ ਅਧਿਕਾਰੀਆਂ ਵੱਲੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ ਅਤੇ ਸ੍ਰੀ ਦਰਬਾਰ ਸਾਹਿਬ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੂੰ ਸੌਂਪੀਆਂ ਗਈਆਂ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ ਨੇ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਿਥੇ ਸ਼ਰਧਾਲੂਆਂ ਵੱਲੋਂ ਵੱਖ-ਵੱਖ ਸੇਵਾਵਾਂ ਵਿਚ ਹਿੱਸਾ ਪਾਇਆ ਜਾਂਦਾ ਹੈ, ਉਥੇ ਹੀ ਬਹੁਤ ਸਾਰੀਆਂ ਕੰਪਨੀਆਂ ਵੀ ਆਪਣੇ ਨਵੇਂ ਵਾਹੀਕਲ ਭੇਟ ਕਰਕੇ ਸ਼ਰਧਾ ਪ੍ਰਗਟਾਉਂਦੀਆਂ ਹਨ। ਇਸੇ ਤਹਿਤ ਹੀ ਅੱਜ ਟੀਵੀਐਸ ਕੰਪਨੀ ਵੱਲੋਂ ਚਾਰ ਦੋ ਪਹੀਆ ਵਾਹਨ ਭੇਟਾ ਕਰਕੇ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਗਿਆ ਹੈ। ਇਸ ਦੌਰਾਨ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਨੇ ਟੀਵੀਐਸ ਕੰਪਨੀ ਅਤੇ ਅੰਮ੍ਰਿਤਸਰ ਵਿਚਲੇ ਵਿਕਰੇਤਾ ਨਾਵਲਟੀ ਟੀਵੀਐਸ, ਪ੍ਰਭਾਵ ਟੀਵੀਐਸ ਅਤੇ ਬਾਲਾ ਜੀ ਟੀਵੀਐਸ ਵੱਲੋਂ ਪੁੱਜੇ ਸ. ਲਵਤੇਜ ਸਿੰਘ ਸਚਦੇਵਾ, ਸ੍ਰੀ ਵਿਮਲ ਸੁੰਬਲੀ, ਸ੍ਰੀ ਸ਼ਿਵ ਸਵਰੂਪ ਜੌਹਰੀ, ਸ੍ਰੀ ਵਿਕਾਸ ਸਿੱਕਾ ਅਤੇ ਸ੍ਰੀ ਅਯੂਸ ਜੈਨ ਤੇ ਹੋਰ ਅਧਿਕਾਰੀਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਰਿਆੜ, ਸ. ਰਾਜਿੰਦਰ ਸਿੰਘ ਰੂਬੀ, ਸ. ਜਸਪਾਲ ਸਿੰਘ ਢੱਡੇ, ਵਧੀਕ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ ਵੀ ਮੌਜੂਦ ਸਨ।

# ਖ਼ਾਲਸਾ ਕਾਲਜ ਨਰਸਿੰਗ ਵਿਖੇ ਕਾਸਮੈਟੋਲੋਜੀ ਵਿਸ਼ੇ ’ਤੇ ਵਿਸ਼ੇਸ਼ ਸੈਮੀਨਾਰ ਕਰਵਾਇਆ



ਅੰਮ੍ਰਿਤਸਰ, 27 ਫ਼ਰਵਰੀ (ਗੁਰਦਿਆਲ ਸਿੰਘ/ਬਬਲੂ ਮਹਾਜਨ) :ਖਾਲਸਾ ਕਾਲਜ ਆਫ਼ ਨਰਸਿੰਗ ਵਿਖੇ ਕਾਸਮੈਟੋਲੋਜੀ ਵਿਸ਼ੇ ’ਤੇ ਸੈਮੀਨਾਰ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ’ਤੇ ਕਰਵਾਏ ਗਏ ਉਕਤ ਸੈਮੀਨਾਰ ’ਚ ਮੁੱਖ ਵਕਤਾ ਵਜੋਂ ਪ੍ਰਸਿੱਧ ਕਾਸਮੈਟੋਲੋਜਿਸਟ ਡਾ. ਸ਼ਿਖਾ ਬਾਗੀ (ਬੀ. ਡੀ. ਐੱਸ., ਐੱਮ. ਡੀ. ਐੱਸ.) ਸੰਸਥਾਪਕ ਅਤੇ ਪ੍ਰਬੰਧ ਨਿਰਦੇਸ਼ਕ, ਟਾਈਮਲੈੱਸ ਐਸਥੈਟਿਕਸ ਅਤੇ ਸੰਸਥਾਪਕ, ਟਾਈਮਲੈੱਸ ਪ੍ਰੌਮਿਸ ਫਾਊਂਡੇਸ਼ਨ ਨੇ ਸ਼ਿਰਕਤ ਕੀਤੀ।ਇਸ ਸਬੰਧੀ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਸੈਮੀਨਾਰ ਅਸਿਸਟੈਂਟ ਪ੍ਰੋਫੈਸਰ ਹਰਲੀਨ ਕੌਰ ਵੱਲੋਂ ਕਰਵਾਇਆ ਗਿਆ, ਜਿਸ ’ਚ ਨਰਸਿੰਗ ਵਿਦਿਆਰਥੀਆਂ ਨੇ ਵੱਡੀ ਗਿਣਤੀ ’ਚ ਹਿੱਸਾ ਲਿਆ। ਇਸ ਮੌਕੇ ਡਾ. ਬਾਗੀ ਨੇ ਵਿਦਿਆਰਥੀਆਂ ਨੂੰ ਆਧੁਨਿਕ ਕਾਸਮੈਟੋਲੋਜੀ, ਸਕਿੰਨ ਕੇਅਰ, ਲੇਜ਼ਰ ਟ੍ਰੀਟਮੈਂਟ ਅਤੇ ਐਸਥੈਟਿਕ ਪ੍ਰੋਸੀਜਰਜ਼ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਇਸ ਖੇਤਰ ’ਚ ਉਭਰ ਰਹੀਆਂ ਨਵੀਆਂ ਤਕਨੀਕਾਂ ਅਤੇ ਕਰੀਅਰ ਮੌਕਿਆਂ ਬਾਰੇ ਵੀ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਕਿਹਾ ਕਿ ਸੈਮੀਨਾਰ ਦੌਰਾਨ ਸਵਾਲ-ਜਵਾਬ ਸੈਸ਼ਨ ਵੀ ਕਰਵਾਇਆ ਗਿਆ, ਜਿਸ ’ਚ ਡਾ. ਬਾਗੀ ਤੇ ਉਨ੍ਹਾਂ ਨਾਲ ਆਏ ਮੈਂਬਰਾਂ ਨੇ ਵਿਦਿਆਰਥੀਆਂ ਦੁਆਰਾ ਪੁੱਛੇ ਗਏ ਸਵਾਲਾਂ ਦੇ ਵਿਸਥਾਰਪੂਰਵਕ ਜਵਾਬ ਦਿੱਤੇ। ਉਨ੍ਹਾਂ ਉਮੀਦ ਜਾਹਿਰ ਕਰਦਿਆਂ ਕਿਹਾ ਕਿ ਉਕਤ ਸੈਮੀਨਾਰ ਵਿਦਿਆਰਥੀਆਂ ਲਈ ਭਵਿੱਖ ’ਚ ਬਹੁਤ ਹੀ ਸਹਾਈ ਅਤੇ ਗਿਆਨਵਰਧਕ ਸਾਬਤ ਹੋਵੇਗਾ। ਇਸ ਮੌਕੇ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਡਾ. ਬਾਗੀ ਦਾ ਧੰਨਵਾਦ ਕਰਦਿਆਂ ਭਵਿੱਖ ’ਚ ਵੀ ਅਜਿਹੇ ਸਿੱਖਿਆਤਮਕ ਕਾਰਜਕ੍ਰਮ ਜਾਰੀ ਰੱਖਣ ਦੀ ਗੱਲ ਕਹੀ।

# ਚੰਦਰ ਸ਼ੇਖਰ ਆਜ਼ਾਦ ਦਾ ਸ਼ਹੀਦੀ ਦਿਹਾੜਾ ਮਨਾਇਆ




ਦੀਨਾਨਗਰ ,27 ਫਰਵਰੀ (ਡਾ ਰਮੇਸ਼ ਸਰੰਗਲ ) : ਸ਼ਹੀਦ ਭਗਤ ਸਿੰਘ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਰਮੇਸ਼ ਪਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅੱਜ ਸ਼ਹੀਦ ਚੰਦਰਸ਼ੇਖਰ ਆਜ਼ਾਦ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸੁਸਾਇਟੀ ਦੇ ਦਫਤਰ ਪਿੰਡ ਦਬੁਰਜੀ ਸ਼ਾਮ ਸਿੰਘ ਵਿਖੇ ਸੁਸਾਇਟੀ ਵੱਲੋਂ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਰਿਟਾਇਰਡ ਐਸ ਐਚ ਓ ਜਗਦੀਸ਼ ਰਾਜ ਮੁੱਖ ਮਹਿਮਾਨ ਅਤੇ ਮਾਸਟਰ ਕਰਨੈਲ ਸਿੰਘ ਵਿਸ਼ੇਸ਼ ਮਹਿਮਾਨ ਵਾਜੋਂ ਹਾਜ਼ਰ ਹੋਏ। ਇਸ ਮੌਕੇ ਸੀਨੀਅਰ ਵਾਈਸ ਪ੍ਰਧਾਨ ਭਗਵਾਨ ਦਾਸ, ਜਨਰਲ ਸਕੱਤਰ ਕਿਰਪਾਲ ਸਿੰਘ, ਵਾਈਸ ਪ੍ਰਧਾਨ ਭੁਪਿੰਦਰ ਸਿੰਘ,ਖਜ਼ਾਨਚੀ ਹਰਜਿੰਦਰ ਕੁਮਾਰ, ਬੀ ਪੀ ਈ ਓ ਨੰਦ ਲਾਲ, ਐਸ ਐਚ ਓ ਜਗਦੀਸ਼ ਰਾਜ,ਰਿਟਾਇਰਡ ਐਸ ਡੀ ਓ ਹੇਮ ਰਾਜ,ਗੁਲਜਾਰੀ ਲਾਲ, ਮਾਸਟਰ ਕਰਨੈਲ ਸਿੰਘ ਸੈਣੀ,ਜੋਧ ਰਾਜ ,ਓਮ ਪ੍ਰਕਾਸ਼, ਸੁਰਿੰਦਰ ਸਿੰਘ,ਸੁਭਾਸ਼ ਕੁਮਾਰ, ਪਰਮਜੀਤ, ਡਾਕਟਰ ਸੁਭਾਸ,ਸੁਨੀਲ ਕੁਮਾਰ ,ਦਲਵੀਰ ਚੰਦ,ਠਾਕੁਰ ਸੁਭਾਸ ਸਿੰਘ,ਤੀਰਥ ਰਾਜ, ਸੁਰਿੰਦਰ ਸਿੰਘ,ਕਾਕਾ,ਰਵੀ ਕੁਮਾਰ,ਸੁੱਚਾ ਸਿੰਘ ਆਦਿ ਹਾਜ਼ਰ ਸਨ। ਜਿਸ ਵਿੱਚ ਸ਼ਹੀਦਾਂ ਦੇ ਜੀਵਨ,ਉਹਨਾਂ ਦੀਆਂ ਆਜ਼ਾਦੀ ਸੰਗਰਾਮ ਵਿੱਚ ਕੀਤੀਆਂ ਗਈਆਂ ਕੁਰਬਾਨੀਆਂ ਅਤੇ ਉਹਨਾਂ ਦੀ ਸਮਾਜਵਾਦੀ ਸੋਚ ਨੂੰ ਯਾਦ ਕੀਤਾ ਗਿਆ।ਇਸ ਮੌਕੇ ਸੋਸਾਇਟੀ ਦੇ ਜਨਰਲ ਸਕੱਤਰ ਸ਼੍ਰੀ ਕਿਰਪਾਲ ਸਿੰਘ ,ਸੀਨੀਅਰ ਵਾਈਸ ਪ੍ਰਧਾਨ ਸ਼੍ਰੀ ਭਗਵਾਨ ਦਾਸ, ਮੀਤ ਪ੍ਰਧਾਨ ਭੁਪਿੰਦਰ ਸਿੰਘ ,ਸ਼੍ਰੀ ਹੇਮਰਾਜ ,ਸ਼੍ਰੀ ਜਗਦੀਸ਼ ਰਾਜ ਅਤੇ ਆਏ ਵਿਸ਼ੇਸ਼ ਬੁਲਾਰਿਆਂ ਨੇ ਸ਼ਹੀਦਾਂ ਦੀਆਂ ਜੀਵਨੀਆਂ ਤੋਂ ਪ੍ਰੇਰਨਾ ਲੈ ਕੇ ਸਮਾਜ ਭਲਾਈ ਦੇ ਕੰਮ ਕਰਦੇ ਰਹਿਣ ਦਾ ਭਰੋਸਾ ਦਿਵਾਇਆ।ਪ੍ਰੋਗਰਾਮ ਦੇ ਅੰਤ ਵਿੱਚ ਚੰਦਰਸ਼ੇਖਰ ਆਜ਼ਾਦ ਜੀ ਨੂੰ ਸ਼ਰਧਾਂਜਲੀ ਉਪਰੰਤ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਨੂੰ ਸੁਸਾਇਟੀ ਦੇ ਆਗੂਆਂ ਵੱਲੋਂ ਸਮ੍ਰਿਤੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।

## ਚੀਫ਼ ਖ਼ਾਲਸਾ ਦੀਵਾਨ ਦੀ ਵਿੱਦਿਅਕ ਨਵੀਨਤਾ ਨੂੰ ਵਿਸ਼ਵ ਪੱਧਰੀ ਪਛਾਣ

# ਜਪਨੂਰ ਸਿੰਘ ਨੇ ਸਮਾਰਟ ਜਿਓਮੈਟਰੀ ਪੈੱਨ ਦੀ ਕਾਢ ਨਾਲ ਰੱਚਿਆ ਇਤਿਹਾਸ ਅਤੇ ਹਾਸਲ ਕੀਤਾ ਸਰਕਾਰੀ ਪੇਟੈਂਟ



ਅੰਮ੍ਰਿਤਸਰ, 27 ਫਰਵਰੀ (ਬਬਲੂ ਮਹਾਜਨ): ਚੀਫ਼ ਖ਼ਾਲਸਾ ਦੀਵਾਨ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਬਸੰਤ ਐਵੀਨਿਊ ਦੇ ਛੇਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਜਪਨੂਰ ਸਿੰਘ ਨੇ ਕਲਾਸਰੂਮ ਵਿੱਚ ਆਉਂਦੀ ਇਕ ਸਧਾਰਨ ਸਮੱਸਿਆ ਨੂੰ ਨਵੀਨ ਸੋਚ ਨਾਲ ਹੱਲ ਕਰਦਿਆਂ 5—ਇਨ—1 ਸਮਾਰਟ ਜਿਓਮੈਟਰੀ ਪੈਨ ਤਿਆਰ ਕੀਤਾ ਹੈ, ਜਿਸ ਲਈ ਉਸਨੂੰ ਭਾਰਤ ਸਰਕਾਰ ਵੱਲੋਂ ਡਿਜ਼ਾਇਨ ਪੇਟੈਂਟ ਪ੍ਰਾਪਤ ਹੋਇਆ ਹੈ। ਇਸ ਵਿਲੱਖਣ ਕਾਢ ਨੇ ਰਵਾਇਤੀ ਭਾਰੀ ਜਿਓਮੈਟਰੀ ਬਾਕਸ ਦੀ ਥਾਂ ਇੱਕ ਛੋਟਾ, ਸਰਲ, ਹਲਕਾ ਅਤੇ ਬਹੁ—ਉਦੇਸ਼ੀ ਵਿਕਲਪ ਪੇਸ਼ ਕੀਤਾ ਹੈ।ਹੋਣਹਾਰ ਵਿਦਿਆਰਥੀ ਜਪਨੂਰ ਸਿੰਘ ਦੀ ਇਸ ਮਹਾਨ ਉਪਲੱਬਧੀ ਤੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਅਤੇ ਸਮੁੱਚੀ ਮੈਨੇਜਮੈਂਟ ਵੱਲੋਂ ਜਪਨੂਰ ਸਿੰਘ ਨੂੰ ਵਿਸ਼ੇਸ਼ ਸਨਮਾਨ ਦਿੰਦਿਆ ਉਸਦੇ ਪਿਤਾ ਡਾ.ਪ੍ਰਭਦੀਪ ਸਿੰਘ, ਮਾਤਾ ਸਰਵਜੀਤ ਕੌਰ ਅਤੇ ਅਧਿਆਪਕ ਭਵਿਆ ਸਰੀਨ ਨੂੰ ਵੀ ਸਨਮਾਨਿਤ ਕੀਤਾ ਗਿਆ।ਸਕੂਲ ਦੇ ਮੈਂਬਰ ਇੰਚਾਰਜ ਸ੍ਰ.ਰਣਦੀਪ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ 5—ਇਨ—1 ਸਮਾਰਟ ਜਿਓਮੈਟਰੀ ਪੈਨ ਦੀਆਂ ਵਿਸ਼ੇਸ਼ਤਾਵਾਂ ਇਸ ਨਵੀਨ ਪੈਨ ਵਿਚ ਇਕੋ ਸੰਧ ਵਿਚ ਸ਼ਾਮਲ ਹਨ ਜਿਵੇਂ ਲਿਖਣ ਵਾਲਾ ਪੈੱਨ, ਪੈਨਸਿਲ, ਈਰੇਜ਼ਰ (ਰਬੜ), ਛੋਟਾ ਸਕੇਲ (ਫੁੱਟਾ), ਕੰਪਾਸ (ਚੱਕਰ ਬਣਾਉਣ ਲਈ)। ਉਹਨਾਂ ਨੇ ਦੱਸਿਆ ਕਿ ਇਹ ਪੈੱਨ ਵਿਦਿਆਰਥੀਆਂ ਲਈ ਰੋਜ਼ਾਨਾ ਵਰਤੋਂ ਵਿਚ ਆਸਾਨ, ਹਲਕਾ ਅਤੇ ਬਹੁਤ ਹੀ ਵਿਹਾਰਕ ਹੱਲ ਸਾਬਤ ਹੁੰਦਾ ਹੈ। ਇਸ ਪ੍ਰੋਜੈਕਟ ਨੂੰ ਅੰਤਿਮ ਰੂਪ ਦੇਣ ਵਿਚ ਜਪਨੂਰ ਸਿੰਘ ਨੂੰ ਪ੍ਰਿੰਸੀਪਲ ਸ੍ਰੀਮਤੀ ਨਿਰਮਲ ਕੌਰ ਦੀ ਅਗਵਾਈ ਹੇਠ ਉਸਦੀ ਅਧਿਆਪਕਾ ਭਵਿਆ ਸਰੀਨ ਵੱਲੋਂ ਸੰਪੂਰਨ ਮਾਰਗਦਰਸ਼ਨ ਮਿਲਿਆ ਅਤੇ ਡਾ.ਪ੍ਰਭਦੀਪ ਸਿੰਘ ਅਤੇ ਗ੍ਰਾਫਿਕ ਐਰਾ ਯੂਨੀਵਰਸਿਟੀ ਦੇ ਤਕਨੀਕੀ ਸਹਿਯੋਗ ਨੇ ਇਸ ਡਿਜ਼ਾਈਨ ਨੂੰ ਅੰਤਰ—ਰਾਸ਼ਟਰੀ ਪੱਧਰ ਤੇ ਮਾਨਤਾ ਦਿਵਾਉਣ ਵਿਚ ਮਦਦ ਕੀਤੀ।

ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਸ੍ਰ.ਰਮਨੀਕ ਸਿੰਘ ਨੇ ਵਧਾਈ ਦਿੰਦਿਆਂ ਖੁਸ਼ੀ ਜਾਹਿਰ ਕੀਤੀ ਅਤੇ ਕਿਹਾ ਕਿ ਜਪਨੂਰ ਸਿੰਘ ਦੀ ਇਹ ਕਾਮਯਾਬੀ ਸਿਰਫ਼ ਇਕ ਵਿਦਿਆਰਥੀ ਦੀ ਜਿੱਤ ਨਹੀਂ, ਸਗੋਂ ਚੀਫ਼ ਖ਼ਾਲਸਾ ਦੀਵਾਨ ਦੀ ਉੱਚ ਪੱਧਰੀ ਖੋਜ਼ ਕੇਂਦਰਿਤ ਸਿੱਖਿਆ ਪ੍ਰਣਾਲੀ ਦੀ ਵੀ ਜਿੱਤ ਹੈ। ਦੀਵਾਨ ਸਕੂਲਾਂ ਵਿਚ ਬੱਚਿਆਂ ਨੂੰ ਕਿਤਾਬੀ ਗਿਆਨ ਦੇ ਨਾਲ—ਨਾਲ ਨਵੀਨਤਾ, ਖੋਜ਼ ਅਤੇ ਰਚਨਾਤਮਕਤਾ ਵੱਲ ਪ੍ਰੇਰਿਤ ਕਰਨ ਦੇ ਵਿਸ਼ੇਸ਼ ਯਤਨ ਕੀਤੇ ਜਾਂਦੇ ਹਨ। ਜਪਨੂਰ ਸਿੰਘ ਨੇ ਸਾਬਤ ਕਰ ਦਿੱਤਾ ਹੈ ਕਿ ਸਹੀ ਮਾਰਗਦਰਸ਼ਨ ਤੇ ਉਤਸ਼ਾਹ ਮਿਲੇ ਤਾਂ ਸਾਡੇ ਬੱਚੇ ਵਿਸ਼ਵ ਪੱਧਰ ਤੇ ਆਪਣੀ ਪਛਾਣ ਬਣਾ ਸਕਦੇ ਹਨ। ਇਹ ਪ੍ਰਾਪਤੀ ਨਾ ਕੇਵਲ ਚੀਫ਼ ਖ਼ਾਲਸਾ ਦੀਵਾਨ, ਸਕੂਲ ਅਤੇ ਮਾਪਿਆਂ ਲਈ ਹੀ ਨਹੀਂ ਸਗੋਂ ਸਮੁੱਚੇ ਪੰਜਾਬ ਅਤੇ ਦੇਸ਼ ਲਈ ਵੀ ਮਾਣ ਦਾ ਵਿਸ਼ਾ ਹੈ।ਸਨਮਾਨ ਸਮੇਂ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ, ਆਨਰੇਰੀ ਸਕੱਤਰ ਰਮਨੀਕ ਸਿੰਘ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਸਕੂਲ ਮੈਂਬਰ ਇੰਚਾਰਜ ਰਣਦੀਪ ਸਿੰਘ, ਸੀ.ਕੇ.ਡੀ ਮੈਂਬਰ ਏ.ਪੀ.ਐਸ. ਮਾਨ ਤਰਲੋਚਨ ਸਿੰਘ, ਗੁਰਭੇਜ ਸਿੰਘ ਆਦਿ ਮੈਂਬਰਜ਼ ਹਾਜ਼ਰ ਸਨ।

# ਖ਼ਾਲਸਾ ਕਾਲਜ ਵਿਖੇ ਬੀ. ਏ. ਆਰ. ਸੀ. ਆਊਟਰੀਚ ਪ੍ਰੋਗਰਾਮ ਕਰਵਾਇਆ

ਅੰਮ੍ਰਿਤਸਰ, 27 ਫਰਵਰੀ (ਗੁਰਦਿਆਲ ਸਿੰਘ) :ਖ਼ਾਲਸਾ ਕਾਲਜ ਦੇ ਭੌਤਿਕ ਵਿਗਿਆਨ ਵਿਭਾਗ ਵੱਲੋਂ ਵਿਦਿਆਰਥੀਆਂ ਲਈ ਇਕ ਬੀ. ਏ. ਆਰ. ਸੀ. (ਭਾਭਾ ਪਰਮਾਣੂ ਖੋਜ ਕੇਂਦਰ) ਆਊਟਰੀਚ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ ’ਤੇ ਕਰਵਾਏ ਗਏ ਉਕਤ



ਪ੍ਰੋਗਰਾਮ ਮੌਕੇ ਬੀ. ਏ. ਆਰ. ਸੀ., ਮੁੰਬਈ ਦੇ ਵਿਗਿਆਨੀ ਡਾ. ਮਨੀਸ਼ ਚੋਪੜਾ ਨੇ ਸਰੋਤ ਵਿਅਕਤੀ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਡਾ. ਚੋਪੜਾ ਦਾ ਸਵਾਗਤ ਕਰਨ ਉਪਰੰਤ ਵਿਦਿਆਰਥੀਆਂ ਨੂੰ ਕਰੀਅਰ ਪ੍ਰਤੀ ਸੁਚੇਤ ਰਹਿਣ, ਵਿਗਿਆਨ ਗ੍ਰੈਜੂਏਟਾਂ ਲਈ ਉਪਲਬਧ ਮੌਕਿਆਂ ਦੀ ਪੜਚੋਲ ਕਰਨ ਸਬੰਧੀ ਪ੍ਰੇਰਿਤ ਕਰਦਿਆਂ ਭੌਤਿਕ ਵਿਗਿਆਨ ਵਿਭਾਗ ਨੂੰ ਅਜਿਹੇ ਕਰੀਅਰ-ਮੁਖੀ ਸਮਾਗਮਾਂ ਦੀ ਮੇਜ਼ਬਾਨੀ ਕਰਨ ਲਈ ਵਧਾਈ ਦਿੱਤੀ।ਇਸ ਮੌਕੇ ਡਾ. ਚੋਪੜਾ ਨੇ ਭਾਰਤ ਸਰਕਾਰ ਦੇ ਪ੍ਰਮਾਣੂ ਊਰਜਾ ਵਿਭਾਗ (ਡੀ. ਏ. ਈ.) ਅਧੀਨ ਸੰਸਥਾਵਾਂ ਦਾ ਡੂੰਘਾਈ ਨਾਲ ਸੰਖੇਪ ਜਾਣਕਾਰੀ ਪ੍ਰਦਾਨ ਕੀਤੀ, ਜਿਸ ’ਚ ਬੀ. ਏ. ਆਰ. ਸੀ. ’ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ। ਉਨ੍ਹਾਂ ਨੇ ਬੀ. ਏ. ਆਰ. ਸੀ. ਵਿਖੇ ਵੱਖ-ਵੱਖ ਅਹੁੱਦਿਆਂ, ਅਰਜ਼ੀ ਪ੍ਰਕ੍ਰਿਆ, ਜਿਸ ’ਚ ਟੈਸਟ ਅਤੇ ਇੰਟਰਵਿਊ ਸ਼ਾਮਿਲ ਹਨ, ਨੂੰ ਉਜਾਗਰ ਕੀਤਾ ਅਤੇ ਇਨ੍ਹਾਂ ਮੌਕਿਆਂ ’ਚ ਉੱਤਰੀ ਭਾਰਤ, ਖਾਸ ਕਰਕੇ ਪੰਜਾਬ ਦੇ ਵਿਦਿਆਰਥੀਆਂ ਦੀ ਘੱਟ ਪ੍ਰਤੀਨਿਧਤਾ ਨੂੰ ਨੋਟ ਕੀਤਾ। ਉਨ੍ਹਾਂ ਨੇ ਪ੍ਰਮਾਣੂ ਅਤੇ ਪਰਮਾਣੂ ਊਰਜਾ ਖੇਤਰਾਂ ’ਚ ਖੋਜ ਦੇ ਨਾਲ-ਨਾਲ ਭਾਰਤ ਭਰ ’ਚ ਪਾਵਰ ਪਲਾਂਟਾਂ ਦੀ ਸਥਾਪਨਾ ਰਾਹੀਂ ਰਾਸ਼ਟਰ ਨਿਰਮਾਣ ’ਚ ਬੀ. ਏ. ਆਰ. ਸੀ. ਦੇ ਮਹੱਤਵਪੂਰਨ ਯੋਗਦਾਨਾਂ ਸਬੰਧੀ ਜਾਣਕਾਰੀ ਪ੍ਰਦਾਨ ਕੀਤੀ। ਇਸ ਮੌਕੇ ਅਕਾਦਮਿਕ ਮਾਮਲਿਆਂ ਦੇ ਡੀਨ ਅਤੇ ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਡਾ. ਤਮਿੰਦਰ ਸਿੰਘ ਨੇ ਡਾ. ਚੋਪੜਾ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਵਿਗਿਆਨ ਅਤੇ ਤਕਨਾਲੋਜੀ ’ਚ ਕਰੀਅਰ ਦੀਆਂ ਸੰਭਾਵਨਾਵਾਂ ਨੂੰ ਸਰਗਰਮੀ ਨਾਲ ਅਗਾਂਹ ਵਧਾਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਡਾ: ਹਰਵਿੰਦਰ ਕੌਰ, ਡਾ: ਗੁਰਸ਼ਰਨ ਕੌਰ, ਡਾ: ਇਕਬਾਲ ਸਿੰਘ, ਡਾ: ਗੁਰਪ੍ਰਤਾਪ ਸਿੰਘ, ਡਾ: ਸਜੀਤ ਅੰਮ੍ਰਿਤਾ, ਡਾ: ਮੋਹਨ ਸਿੰਘ, ਡਾ: ਜੋਗਾ ਸਿੰਘ, ਡਾ: ਗੁਰਿੰਦਰਪਾਲ ਸਿੰਘ, ਡਾ: ਪਰਵਿੰਦਰ ਕੌਰ ਅਤੇ ਡਾ: ਪਰਮਿੰਦਰ ਸਿੰਘ ਵੀ ਹਾਜ਼ਰ ਸਨ।

**ਪੰਜਾਬ ਸਰਕਾਰ**

**ਪੰਜਾਬ ਸ਼ਹਿਰੀ ਯੋਜਨਾਬੰਦੀ ਅਤੇ ਵਿਕਾਸ ਅਥਾਰਟੀ**

**ਪੁੱਡਾ ਕੰਪਲੈਕਸ, ਅਰਬਨ ਅਸਟੇਟ ਫੇਜ਼-2, ਪਟਿਆਲਾ**

PATIALA

ਈ-ਟੈਂਡਰ ਨੰ. 53/ਪੀਡੀਏ/ਡੀਈ (ਈ)/2026/4937-4943 ਮਿਤੀ 27.02.2026

ਮੰਡਲ ਇੰਜੀਨੀਅਰ (ਈ) ਪੀਡੀਏ, ਪਟਿਆਲਾ ਵੱਲੋਂ ਨਿਮਨਲਿਖਤ ਕੰਮਾਂ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ:-

1. ਪੀਡੀਏ ਦੇ ਅਧਿਕਾਰ ਖੇਤਰ ਅਧੀਨ ਸਟਰੀਟ ਲਾਈਟ ਸਿਸਟਮ ਦੇ ਸਲਾਨਾ ਸੰਚਾਲਨ ਅਤੇ ਰੱਖ ਰਖਾਅ ਲਈ ਲੋੜੀਂਦੀ ਮਨੁੱਖੀ ਸ਼ਕਤੀ ਅਤੇ ਮਸ਼ੀਨਰੀ ਨੂੰ ਨਿਯੁਕਤ ਕਰਨਾ (ਵਿੱਤੀ ਸਾਲ 2026-27 ਦੇ ਲਈ) (ਡੀਐਨਆਈਟੀ ਰਕਮ : ਰੁ. 16.01 ਲੱਖ)

2. ਪਟਿਆਲਾ ਵਿਖੇ ਪੁੱਡਾ ਦਫਤਰ ਕੰਪਲੈਕਸ, ਅਰਬਨ ਅਸਟੇਟ, ਫੇਜ਼-2 ਵਿਚ ਬਿਜਲਈ ਸੇਵਾਵਾਂ ਦੇ ਰੱਖ ਰਖਾਅ ਲਈ ਮਾਹਰ ਇਲੈਕਟ੍ਰੀਸ਼ਨ ਅਤੇ ਅਰਧ-ਮਾਹਰ ਇਲੈਕਟ੍ਰੀਸ਼ਨ ਦੀ ਸਪਲਾਈ (ਵਿੱਤੀ ਸਾਲ 2026-27 ਦੇ ਲਈ) (ਡੀਐਨਆਈਟੀ ਰਕਮ : ਰੁ. 7.41 ਲੱਖ)

ਬੰਦ ਹੋਣ ਦੀ ਮਿਤੀ ਅਤੇ ਸਮਾਂ : 11.03.2026 ਨੂੰ ਬਾ.ਦੁ. 01.00 ਵਜੇ

ਵੇਰਵਿਆਂ ਲਈ ਲਾਗ ਆਨ ਕਰੋ: **https://eproc.punjab.gov.in**

ਨੋਟ : ਟੈਂਡਰ ਸੂਚਨਾ ਸਬੰਧੀ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ ’ਤੇ ਹੀ ਪਾਈ ਜਾਵੇਗੀ।

RO No. PR Advt No.1319/12/2025-26/8908/Dated CHD : 27/02/2026

**ਪੰਜਾਬ ਸਰਕਾਰ**

ਟੈਂਡਰ ਹਵਾਲਾ ਨੰਬਰ: ਐਮਸੀ ਪਠਾਨਕੋਟ/217/ਸੀਈ/2025-26

ਨਗਰ ਨਿਗਮ ਪਠਾਨਕੋਟ ਦੇ ਵਿਭਾਗ ਵੱਲੋਂ ਵਿਕਾਸ ਕਾਰਜਾਂ ਲਈ ਆਨਲਾਈਨ ਬੋਲੀਆਂ ਦੀ ਮੰਗ ਕੀਤੀ ਜਾਂਦੀ ਹੈ :

ਬੰਦ ਹੋਣ ਦੀ ਮਿਤੀ ਅਤੇ ਸਮਾਂ : 09.03.2026 (ਸ਼ਾਮ 05.00 ਵਜੇ)

ਵੇਰਵਿਆਂ ਲਈ ਲਾਗ ਆਨ ਕਰੋ : https://eproc.punjab.gov.in

ਨੋਟ : ਟੈਂਡਰ/ਆਰਐਫਪੀ ਸੂਚਨਾ ਵਿਚ ਕੋਈ ਵੀ ਸੋਧ (ਾਂ) ਕੇਵਲ ਉਕਤ ਵੈਬਸਾਈਟ ’ਤੇ ਹੀ ਪਾਈ ਜਾਵੇਗੀ।

ਸਹੀ/-
ਨਿਗਮ ਇੰਜੀਨੀਅਰ,
ਨਗਰ ਨਿਗਮ, ਪਠਾਨਕੋਟ

RO No. PR Advt No. 3184/12/2025-26/8872/Dated CHD : 27/02/2026

**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਐਫ.ਐਮ. ਉੱਤਰ ਰੇਲੇ, ਅੰਬਾਲਾ ਮੰਡਲ ਆਈਆਰਈਪੀਐਸ ਵੇਬਸਾਈਟ ਉਤੇ ਈ-ਨੀਲਾਮੀ ਲੀਜ਼ਿੰਗ ਦੇ ਦੁਆਰਾ ਤੋਜ ਅੰਬਾਲਾ ਮੰਡਲ ਦੇ ਅੰਤਰਗਤ ਵੱਖ ਮੇਲ/ਐਕਸਪ੍ਰੈਸ ਟ੍ਰੇਨਾਂ ਵਿਚ ਬ੍ਰੇਕ ਦੇ ਐਸ.ਐਲ.ਆਰ./ਐਸ.ਐਲ.ਆਰ ਡੀ. ਡਿਬਿਆਂ ਵਿਚ ਪਾਰਸਲ ਸਪੇਸ (4/3.9 ਟਨ) ਦੇ ਲੀਜ਼ ਅਨੁਬੰਧ ਲਈ ਟੈਂਡਰਾ ਮੰਗ ਕਰਦੇ ਹਨ। ਹੇਠਾ ਲਿਖੇ ਵੇਰਵੇ ਅਨੁਸਾਰ, ਟੈਂਡਰ ਮੰਗ ਕੀਤੀ ਜਾਂਦੀ ਹੈ :-

| ਲ. | ਨੀਲਾਮੀ ਕੈਟਲਾਗ ਨੰ: | ਨੀਲਾਮੀ ਸ਼ੁਰੂ ਹੋਣ ਦੀ ਮਿਤੀ ਅਤੇ ਸਮਾਂ | ਨੀਲਾਮੀ ਸਮਾਪਤ ਹੋਣ ਦੀ ਮਿਤੀ ਅਤੇ ਸਮਾਂ |
|---|---|---|---|
| 1 | UMB-SLR-04-2026 (07 ਲਾਟ) | 13.03.2026 / 12:00 | 13.03.2026 / 13:30 |
| **ਲ.** | **ਟ੍ਰੇਨ ਨੰ:** | **ਤੋਂ - ਤਕ** | **ਕੰਮਪਾਰਟਮੈਂਟ** |
| 1 | 14218 | CDG-PYGS | RSLR-I |
| 2 | 22686 | CDG-YPR | FSLR-I |
| 3 | 14522 | UMB-DLI | FSLR-I |
| 4 | 14524 | UMB-BJU | RSLR-I |
| 5 | 19308 | UHL-INDB | FSLR-I |
| 6 | 22456 | KLK-SNSI | FSLR-I |
| 7 | 20990 | CDG-UDZ | FSLR-I |

ਈ-ਨੀਲਾਮੀ ਵਿਚ ਭਾਗ ਲੈਣਾ ਜਾਂ ਈ-ਨੀਲਾਮੀ ਪ੍ਰਕ੍ਰਿਆ ਤੋਂ ਸਬੰਧਿਤ ਕਿਸੀ ਵੀ ਹੋਰ ਜਾਣਕਾਰੀ ਦੇ ਲਈ ਇਛੁਕ ਬੋਲੀਦਾਤਾਵਾਂ ਨੂੰ www.ireps.gov.in ਵੇਬਸਾਈਟ ਉਤੇ ਜਾਣ ਦੀ ਸਲਾਹ ਦਿਤੀ ਜਾਂਦੀ ਹੈ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 668/26

**ਭਾਰਤੀਯ ਰੇਲ**

**ਪਟਿਆਲਾ ਲੋਕੋਮੋਟਿਵ ਵਰਕਸ**

ਪਟਿਆਲਾ—147003, ਭਾਰਤ

ਫੋਨ : 2396000, 2396001, ਫੈਕਸ: 91-0175-2306413

**TENDER NOTICE NO. PLW/MED/MA/08/OGP/CAMC Date 23.02.2026**

ਪ੍ਰਿੰਸੀਪਲ ਚੀਫ ਮੈਡੀਕਲ ਅਫਸਰ/ ਪਟਿਆਲਾ ਰੇਲਇੰਜਨ ਵਰਕਸ ਪਟਿਆਲਾ ਭਾਰਤ ਦੇ ਰਾਸ਼ਟਰਪਤੀ ਦੇ ਤਰਫੋਂ ਅਤੇ ਲਈ ਹੇਠਾਂ ਲਿਖਤ ਕੰਮ ਨਿਰਧਾਰਿਤ ਫਾਰਮ ਤੇ ਟੈਂਡਰ ਮੰਗਵਾਉਂਦਾ ਹੈ।

| SN | Tender no. & Name of work | Approx. value (Rs.) | Completion period | Earnest Money (Rs) | Date of closing |
|---|---|---|---|---|---|
| 1 | ਪੀਐਲਡਬਲਯੂ ਰੇਲਵੇ ਹਸਪਤਾਲ ਪਟਿਆਲਾ ਦੇ ਪੀਐਸਏ ਮੈਡੀਕਲ ਆਕਸੀਜਨ ਜਨਰੇਟਰ ਅਤੇ ਏਅਰ ਕੰਪ੍ਰੇਸਰ ਦਾ ਏਐਮਸੀ/ਸੀਏਐਮਸੀ ਦੋ ਸਾਲਾਂ ਦੇ ਲਈ। ਪੀਐਸਏ ਪਲਾਂਟ 500 ਐਲਪੀਐਮ ਮੈਡੀਕਲ ਆਕਸੀਜਨ ਜਨਰੇਸ਼ਨ ਪੈਕੇਜ ਏਅਰ ਸਿਸਟਮ (ਰੋਟਰੀ ਸਕਰੂ ਏਅਰ ਕੰਪ੍ਰੈਸਰ/ਰੈਫ੍ਰਿਜਰੇਸ਼ਨ ਡ੍ਰਾਇਅਰ, ਏਅਰ ਰਿਸੀਵਰ) ਦੇ ਨਾਲ ਹੇਠ ਲਿਖੇ ਸ਼ਾਮਲ ਹਨ: ਏ. ਆਕਸੀਜਨ ਜਨਰੇਟਰ - 1 ਯੂਨਿਟ ਬੀ. ਏਅਰ ਕੰਪ੍ਰੈਸਰ - 1 ਯੂਨਿਟ ਸੀ. ਰਿਫਰਿਜੈਂਟ ਡ੍ਰਾਇਅਰ - 1 ਯੂਨਿਟ ਡੀ. ਫਿਲਟਰੇਸ਼ਨ ਸਿਸਟਮ - 1 ਯੂਨਿਟ ਈ. ਏਅਰ ਰਿਸੀਵਰ - 1 ਯੂਨਿਟ ਐਫ. ਆਕਸੀਜਨ ਰਿਸੀਵਰ - 1 ਯੂਨਿਟ ਜੀ. ਇੰਟਰ ਕਨੈਕਟਿੰਗ ਪਾਈਪਲਾਈਨਾਂ ਆਦਿ (ਆਕਸੀਜਨ ਟੈਂਕ ਤਕ) | 3,98,840/- (Inclusive GST) | ਦੋ ਸਾਲ | 8000/- | 16.03.2026 ਸਮਾਂ ਦੁਪਹਿਰ 12.30 ਵਜੇ ਤਕ |

1. ਸੌਦਾਗਰਾਂ ਨੇ ਉਪਰ ਦਸੇ ਅਨੁਸਾਰ ਸਾਰੇ ਲੋੜੀਂਦੇ ਹਸਤਾਖਰ ਕੀਤੇ ਅਤੇ ਈਐਮਡੀ ਦੇ ਨਾਲ ਪੂਰੀ ਤਰ੍ਹਾਂ ਅਪਲੋਡ ਕਰਨੇ ਹਨ. ਨੋਟਿਸ, ਦਸਤਾਵੇਜ, ਨਿਯਮ ਅਤੇ ਸ਼ਰਤਾਂ ਵੈਬਸਾਈਟ: www.ireps.gov.in ਤੋਂ ਡਾਊਨਲੋਡ ਕੀਤੀਆਂ ਜਾ ਸਕਦੀਆਂ ਹਨ, ਨਿਯਮ ਅਤੇ ਸ਼ਰਤਾਂ ਦੇ ਨਾਲ ਸੰਪੂਰਨ ਦਸਤਾਵੇਜ, ਟੈਂਡਰ ਫਾਰਮ ਨਾਲ ਜੁੜੇ ਅਰਜੀ ਦੇ ਨਾਲ ਅਪਲੋਡ ਕੀਤੇ ਜਾਣੇ ਚਾਹੀਦੇ ਹਨ, ਇਹ ਸ਼ਰਤਾਂ ਟੈਂਡਰ ਦਸਤਾਵੇਜ ਦਾ ਇਕ ਹਿਸਾ ਹਨ ਅਤੇ ਜੇ ਇਹ ਦਸਤਾਵੇਜ, ਨਿਯਮ ਅਤੇ ਸ਼ਰਤਾਂ ਨਾਲ ਜੁੜੇ ਅਤੇ ਹਸਤਾਖਰ ਨਹੀਂ ਕੀਤੇ ਜਾਂ ਅਪਲੋਡ ਨਹੀਂ ਕੀਤੇ ਗਏ ਹਨ, ਤਾਂ ਟੈਂਡਰ ਰਦ ਕਰ ਦਿਤਾ ਜਾਵੇਗਾ। 652/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਗੰਨੇ ਦੀ ਪੰਜ ਕਰੋੜ ਕਿਸਾਨ ਦੀ ਰਾਸ਼ੀ ਨਹੀਂ ਹੋਈ ਜਾਰੀ : ਚੌਹਾਨ

ਟਾਂਡਾ ਉੜਮੁੜ, 27 ਫਰਵਰੀ (ਅਰਜੁਨ ਜੈਨ):ਦੋਆਬਾ ਕਿਸਾਨ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜੰਗਵੀਰ ਸਿੰਘ ਚੌਹਾਨ ਨੇ ਇਕ ਪ੍ਰੈੱਸ ਬਿਆਨ ਰਾਹੀਂ ਦੱਸਿਆ ਕਿ ਪੰਜਾਬ ਸਰਕਾਰ ਦੇ ਅਧਿਕਾਰੀ ਐੱਸ.ਡੀ.ਐੱਮ. ਤੇ ਡੀ.ਐੱਸ.ਪੀ.ਮੁਕੇਰੀਆਂ ਨਾਲ ਇਕ ਮੀਟਿੰਗ 10 ਫਰਵਰੀ ਨੂੰ ਹੋਈ, ਜਿਸ ਦੌਰਾਨ ਦੋਨੋਂ ਅਧਿਕਾਰੀਆ ਨੇ ਜੋ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਗੰਨੇ ਦੀ ਪਿਛਲੇ ਸਾਲ ਦੀ ਸਬਸਿਡੀ ਰਾਸ਼ੀ ਮੁਕੇਰੀਆ ਮਿੱਲ ਦੀ ਪੰਜ ਕਰੋੜ ਰੁਪਏ ਜਾਰੀ ਨਹੀਂ ਹੋਈ ਉਹ ਦੋ ਹਫਤਿਆ ’ਚ ਕਿਸਾਨਾਂ ਦੇ ਖਾਤਿਆਂ ਚ ਆ ਜਾਵੇਗੀ ਪਰ ਅੱਜ ਦੋ ਹਫ਼ਤੇ ਬਾਅਦ ਵੀ ਪੇਮੈਂਟ ਪੰਜਾਬ ਸਰਕਾਰ ਵੱਲੋਂ ਜਾਰੀ ਨਹੀਂ ਹੋਈ ਜੋ ਕਿ ਪਿਸਲੇ ਸਾਲ ਸੀਜ਼ਨ 2024-25 ਦੇ ਪੰਜਾਬ ਸਰਕਾਰ ਵੱਲੋਂ 61 ਰੁਪਏ ਦੀ ਬਕਾਇਆ ਰਾਸ਼ੀ ਹਾਲੇ ਤੱਕ ਕਿਸਾਨਾਂ ਦੇ ਖਾਤਿਆਂ ਚ ਨਹੀਂ ਪਾਈ।ਇਕ ਪਾਸੇ ਸਰਕਾਰ ਵੱਲੋਂ ਫਸਲੀ ਵਿਭਿੰਨਤਾ ਸਬੰਧੀ ਬਿਆਨਬਾਜ਼ੀਕਰ ਕੇ ਝੋਨੇ ਵਾਲੇ ਕਿਸਾਨਾਂ ਤੇ ਅੱਗ ਦੇ ਕੇਸ ਦਰਜ ਕੀਤੇ ਜਾਦੇ ਹਨ ਦੂਜੇ ਪਾਸੇ ਗੰਨਾ ਕਾਸ਼ਤਕਾਰਾਂ ਪਹਿਲਾਂ ਹੀ ਡਾਇਵਰਸੀਫਾਈ ਹਨ।

# ਬਾਬਾ ਕੁੰਦਨ ਸਿੰਘ ਸੰਗਤ ਨਿਵਾਸ ਵਿਖੇ ਨਾਮ ਸਿਮਰਨ ਤੇ ਗੁਰਬਾਣੀ ਕੀਰਤਨ ਨਾਲ ਗੁਰਪ੍ਰੀਤ ਕੌਰ ਨੂੰ ਸ਼ਰਧਾਂਜਲੀ



ਅੰਮ੍ਰਿਤਸਰ, 27 ਫਰਵਰੀ (ਬਬਲੂ ਮਹਾਜਨ) : ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਬਾਬਾ ਕੁੰਦਨ ਸਿੰਘ ਸੰਗਤ ਨਿਵਾਸ ਵਿਖੇ ਭਾਈ ਗੁਰਇਕਬਾਲ ਸਿੰਘ ਜੀ ਦੀ ਬੇਟੀ ਗੁਰਪ੍ਰੀਤ ਕੌਰ ਦੀ ਮਿੱਠੀ ਯਾਦ ਨੂੰ ਸਮਰਪਿਤ ਅੰਮ੍ਰਿਤ ਵੇਲੇ ਦਾ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਸਮਾਗਮ ਦੌਰਾਨ ਭਾਈ ਸਾਹਿਬ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਸਾਹਿਬ ਭਾਈ ਹਰਵਿੰਦਰ ਪਾਲ ਸਿੰਘ ‘ਲਿਟਲ ਵੀਰ’ ਪਰਮਜੀਤ ਕੌਰ ਪੰਮਾ ਭੈਣ ਦੀ ਅਤੇ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕਰਕੇ ਸੰਗਤਾਂ ਨੂੰ ਨਾਮ ਸਿਮਰਨ ਨਾਲ ਜੋੜਿਆ ਗਿਆ ਅਤੇ ਗੁਰਪ੍ਰੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਉਨ੍ਹਾਂ ਨੇ ਕਿਹਾ ਕਿ ਅੰਮ੍ਰਿਤ ਵੇਲੇ ਦਾ ਸਿਮਰਨ ਮਨੁੱਖੀ ਜੀਵਨ ਲਈ ਆਤਮਿਕ ਸ਼ਾਂਤੀ ਦਾ ਸਰੋਤ ਹੈ ਅਤੇ ਗੁਰਬਾਣੀ ਨਾਲ ਜੁੜ ਕੇ ਹੀ ਅਸਲ ਸੁੱਖ ਪ੍ਰਾਪਤ ਹੁੰਦਾ ਹੈ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਅਰਦਾਸ ਵਿੱਚ ਸ਼ਮੂਲੀਅਤ ਕੀਤੀ। ਅੰਤ ਵਿੱਚ ਸਾਰਿਆਂ ਨੇ ਗੁਰਪ੍ਰੀਤ ਕੌਰ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ । ਸਮਾਗਮ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ

# ਪੰਜਾਬ ਸਰਕਾਰ ਪੱਤਰਕਾਰ ਭਾਈਚਾਰੇ ਦੇ ਹੱਕਾਂ ਅਤੇ ਸਹੂਲਤਾਂ ਦੀ ਰਾਖੀ ਲਈ ਵਚਨਬੱਧ :ਈ.ਟੀ.ਓ.



ਜੰਡਿਆਲਾ ਗੁਰੂ ,27 ਫਰਵਰੀ (ਰਾਮ ਸ਼ਰਨਜੀਤ ਸਿੰਘ,ਮੰਗਲਦੀਪ ਸਿੰਘ ) : ਸੂਬੇ ਦੇ ਲੋਕ ਨਿਰਮਾਣ ਮੰਤਰੀ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਸ. ਹਰਭਜਨ ਸਿੰਘ ਈਟੀਓ ਨੇ ਜੰਡਿਆਲਾ ਗੁਰੂ ਇਲਾਕੇ ਦੇ ਪੱਤਰਕਾਰਾਂ ਨੂੰ ਵੱਡਾ ਤੋਹਫ਼ਾ ਦਿੰਦਿਆਂ ਅੱਜ ਜੰਡਿਆਲਾ ਗੁਰੂ ਵਿਖੇ 1.25 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਪ੍ਰੈੱਸ ਕਲੱਬ ਦੀ ਇਮਾਰਤ ਦਾ ਨੀਂਹ ਪੱਥਰ ਰੱਖਿਆ। ਉਨ੍ਹਾਂ ਕਿਹਾ ਕਿ ਪ੍ਰੈੱਸ ਲੋਕਤੰਤਰ ਦਾ ਚੌਥਾ ਥੰਮ ਹੈ ਅਤੇ ਪੰਜਾਬ ਸਰਕਾਰ ਪੱਤਰਕਾਰ ਭਾਈਚਾਰੇ ਦੇ ਹੱਕਾਂ ਦੀ ਰਾਖੀ ਅਤੇ ਸਹੂਲਤਾਂ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਹਲਕੇ ਦੇ ਪੱਤਰਕਾਰਾਂ ਵੱਲੋਂ ਇਹ ਲੰਮੇ ਸਮੇਂ ਤੋਂ ਮੰਗ ਕੀਤੀ ਜਾ ਰਹੀ ਸੀ ਕਿ ਜੰਡਿਆਲਾ ਗੁਰੂ ਵਿਖੇ ਪ੍ਰੈੱਸ ਕਲੱਬ ਦੀ ਇਮਾਰਤ ਬਣਾਈ ਜਾਵੇ। ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਉਨ੍ਹਾਂ ਨੇ ਪੱਤਰਕਾਰਾਂ ਦੀ ਇਸ ਮੰਗ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਧਿਆਨ ਵਿੱਚ ਲਿਆਂਦਾ ਸੀ ਅਤੇ ਮੁੱਖ ਮੰਤਰੀ ਨੇ ਪ੍ਰੈੱਸ ਕਲੱਬ ਜੰਡਿਆਲਾ ਗੁਰੂ ਦੀ ਇਮਾਰਤ ਲਈ 1.25 ਕਰੋੜ ਰੁਪਏ ਮਨਜ਼ੂਰ ਕਰ ਦਿੱਤੇ ਹਨ।ਪ੍ਰੈੱਸ ਕਲੱਬ ਜੰਡਿਆਲਾ ਗੁਰੂ ਦੀ ਬਿਲਡਿੰਗ ਦਾ ਨੀਂਹ ਪੱਥਰ ਰੱਖਣ ਮੌਕੇ ਗੱਲ ਕਰਦਿਆਂ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਇਹ ਪ੍ਰੈੱਸ ਕਲੱਬ ਪੱਤਰਕਾਰਾਂ ਲਈ ਵੱਡੀ ਸਹੂਲਤ ਸਾਬਤ ਹੋਵੇਗਾ। ਉਨ੍ਹਾਂ ਕਿਹਾ ਕਿ ਪ੍ਰੈੱਸ ਕਲੱਬ ਦੀ ਇਮਾਰਤ ਵਿੱਚ ਸਾਰੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਪੱਤਰਕਾਰ ਇੱਥੇ ਆਪਣੀਆਂ ਮੀਟਿੰਗਾਂ, ਪ੍ਰੈੱਸ ਕਾਨਫ਼ਰੰਸਾਂ ਅਤੇ ਵੱਖ-ਵੱਖ ਜਾਣਕਾਰੀ ਸੰਬੰਧੀ ਗਤੀਵਿਧੀਆਂ ਸੁਚਾਰੂ ਢੰਗ ਨਾਲ ਚਲਾ ਸਕਣਗੇ। ਉਨ੍ਹਾਂ ਨੇ ਭਰੋਸਾ ਦਿੱਤਾ ਕਿ ਪ੍ਰੈੱਸ ਕਲੱਬ ਦਾ ਨਿਰਮਾਣ ਕੰਮ ਉੱਚ ਗੁਣਵੱਤਾ ਅਤੇ ਨਿਰਧਾਰਿਤ ਸਮੇਂ ਅੰਦਰ ਪੂਰਾ ਕੀਤਾ ਜਾਵੇਗਾ, ਤਾਂ ਜੋ ਇਸਦਾ ਲਾਭ ਜਲਦੀ ਤੋਂ ਜਲਦੀ ਪੱਤਰਕਾਰ ਭਾਈਚਾਰੇ ਨੂੰ ਮਿਲ ਸਕੇ।ਇਸੇ ਦੌਰਾਨ ਪ੍ਰੈੱਸ ਸੰਗਰਸ਼ ਜਰਨਲਿਸਟ ਐਸੋਸੀਏਸ਼ਨ ਜੰਡਿਆਲਾ ਗੁਰੂ ਦੇ ਪ੍ਰਧਾਨ ਰਾਮ ਸ਼ਰਨਜੀਤ ਸਿੰਘ, ਕੁਲਵੰਤ ਸਿੰਘ ਵਿਰਦੀ, ਗੁਰਦੇਵ ਸਿੰਘ ਮੱਲ੍ਹੀ, ਕਰਮਜੀਤ ਸਿੰਘ, ਗੁਰਦੇਵ ਮਨਜੋਤਰਾਂ, ਕੰਵਲਜੀਤ ਸਿੰਘ ਲਾਡੀ, ਸੁਖਜਿੰਦਰ ਸਿੰਘ ਸੋਨੂੰ ਅਤੇ ਸਮੂਹ ਪੱਤਰਕਾਰ ਭਾਈਚਾਰੇ ਨੇ ਪ੍ਰੈੱਸ ਕਲੱਬ ਦੀ ਇਮਾਰਤ ਬਣਾਉਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਦਾ ਧੰਨਵਾਦ ਕੀਤਾ ਹੈ।

**ਨਗਰ ਨਿਗਮ ਚੰਡੀਗੜ੍ਹ**

**ਈ-ਟੈਂਡਰ ਸੂਚਨਾ**

| ਲ. ਨੰ. | ਕੰਮ ਦਾ ਨਾਮ | ਬੋਲੀ ਜਮ੍ਹਾਂ ਸੂਚੀ (ਆਨਲਾਈਨ) | ਤਕਨੀਕੀ ਬੋਲੀ ਦਾ ਖੁੱਲ੍ਹਣਾ (ਆਨਲਾਈਨ) |
|---|---|---|---|
| | ਕਾਰਜਕਾਰੀ ਇੰਜੀਨੀਅਰ - ਸੜਕ ਮੰਡਲ ਨੰ. 2 | | |
| 1. | ਉਦਯੋਗਿਕ ਖੇਤਰ ਫੇਜ਼-1, ਚੰਡੀਗੜ੍ਹ ਵਿਚ ਪਲਾਟ ਨੰ. 181/26 ਤੋਂ 181/31 ਦੇ ਸਾਹਮਣੇ ਪਾਰਕਿੰਗ ਦਾ ਨਿਰਮਾਣ। ਅਨੁਮਾਨਤ ਲਾਗਤ: 26.43 ਲੱਖ; ਬਿਆਨਾ ਰਕਮ: ਰੁ. 52,859/-; ਸਮਾਂ ਹੱਦ: 03 ਮਹੀਨੇ | 27.02.2026 To 06.03.2026 upto 12.00 noon | 06.03.2026 at 12.00 noon |

ਨੋਟ:- ਸਾਰੇ ਹੋਰ ਨਿਯਮ ਅਤੇ ਸ਼ਰਤਾਂ ਅਤੇ ਮੁਕੰਮਲ ਡੀਐਨਆਈਟੀ ਵੈੱਬਸਾਈਟ: https://etenders.chd.nic.in ’ਤੇ ਅੱਪਲੋਡ ਕੀਤੇ ਗਏ ਹਨ।

ਕਾਰਜਕਾਰੀ ਇੰਜੀਨੀਅਰ
ਸੜਕ ਮੰਡਲ ਨੰ.2, ਕਮਰਾ ਨੰਬਰ 304, ਐਮ.ਸੀ. ਚੰਡੀਗੜ੍ਹ

**ਉੱਤਰ ਰੇਲਵੇ**

**ਖੁਲ੍ਹੀ ਨਿਵਿਦਾ ਸੂਚਨਾ ਨੰਬਰETrU-T-14-2025-26**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ਕ.ਵਿ./ ਉਤਰ ਰੇਲਵੇ, ਅੰਬਾਲਾ ਛਾਉਣੀ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਕੰਮਾਂ ਦੇ ਲਈ ਈ-ਟੈਂਡਰਿੰਗ ਦੇ ਮਾਧਿਅਮ ਨਾਲ ਟੈਂਡਰਾਂ ਦੀ ਮੰਗ ਕਰਦੇ ਹਨ। ਇਨਾਂ ਟੈਂਡਰਾਂ ਨੂੰ ਹਰੇਕ ਕੰਮ ਦੇ ਅਗੇ ਦਰਸਾਈ ਗਈ ਮਿਤੀ ਨੂੰ 15:00 ਵਜੇ ਤਕ www.ireps.gov.in ਤੇ ਅਪਲੋਡ ਕੀਤਾ ਜਾ ਸਕਦਾ ਹੈ। ਇਨਾਂ ਨੂੰ 15:00 ਵਜੇ ਦੇ ਉਪਰੰਤ ਤੁਰੰਤ ਖੋਹਲਿਆ ਜਾਵੇਗਾ।

| ਲ. ਨੰ. | ਟੈਂਡਰ ਨੰਬਰ | ਕੰਮ ਦਾ ਵੇਰਵਾ | ਟੈਂਡਰ ਬੰਦ/ ਖੁਲਣ ਦੀ ਮਿਤੀ | ਲਗਭਗ ਲਾਗਤ | ਬਿਆਨਾ ਰਾਸ਼ੀ | ਕੰਮ ਪੂਰਾ ਕਰਨ ਦਾ ਸਮਾਂ | ਵੈਲਿਡ ਸਮਾਂ | ਟੈਂਡਰ ਫਾਰਮ ਦੀ ਕੀਮਤ |
|---|---|---|---|---|---|---|---|---|
| 1. | ETrU-T-14-2025-26 | 25 ਕੇਵੀ ਏਸੀ 50 ਹਟ੍ਜ਼ ਓਐਚਈ ਦਾ ਡਿਜਾਇਨ, ਸਪਲਾਈ, ਪ੍ਰੀਖਸ਼ਣ ਅਤੇ ਕਮਿਸ਼ਨਿੰਗ ਦੇ ਸਬੰਧ ਵਿਚ ਕੀਰਤਪੁਰ ਸਾਹਿਬ ਰੇਲਵੇ ਸਟੇਸ਼ਨ ਉਤੇ ਲਾਈਨ ਨੰਬਰ 1 ਨੂੰ ਨੰਗਲ ਡੈਮ ਪਾਸੇ ਦੇ ਵਲ ਵਧਾ ਕੇ ਪੂਰੀ ਲੰਬਾਈ ਦੇ ਸ਼ੰਟਿੰਗ ਨੇਕ ਦਾ ਇੰਤਜਾਮ ਲਈ ਕੰਮ। | 23.03.2026 | ₹ 54,34,359.44/- | ₹ 1,08,700/- | 06 ਮਹੀਨੇ | 60 ਦਿਨ | Downloading through IREPS portal-NIL (₹ 5,000/- Sr. DEE/TRD/UMB ਆਫਿਸ ਤੋਂ ਹਾਰਡ ਕਾਪੀ ਦੇ ਲਈ) |

1. ਟੈਂਡਰਕਾਰ ਨੂੰ ਸਾਰੀਆਂ ਜਰੂਰੀ ਯੋਗਤਾ ਦਸਤਾਵੇਜ ਅਤੇ PAN/GSTIN ਦੀ Scanned Copies IRESP ਪੋਰਟਲ ਤੇ ਅਪਲੋਡ ਕਰਨੀ ਹੈ। 2. ਟੈਂਡਰਕਾਰ ਦੇ ਕੋਲ ਈ-ਟੈਂਡਰ ਵਿਚ ਭਾਗ ਲੈਣ ਦੇ ਲਈ Class-III Digital Signature Certificate ਹੋਣੀ ਚਾਹੀਦੀ। 3. ਕੰਮ ਵਿਚ GST, BOCWW, Income Tax ਅਤੇ ਨਿਯਮ ਅਨੁਸਾਰ ਜਰੂਰੀ ਟੈਕਸ ਲਾਗੂ ਹੋਣਗੇ। 4. ਕੰਮ ਵਿਚ ਸਿਮਿਲਰ ਨੇਚਰ ਕੰਡੀਸ਼ਨ ਲਾਗੂ ਹੈ ਅਤੇ ਇਸ ਪ੍ਰਕਾਰ ਹੈ, ``Design, Drawing, supply, testing and commissioning of 50 Hz, Single 25 KV AC OHE 5. ਟੈਂਡਰ ਡਾਕੂਮੈਂਟ ਅਤੇ ਟੈਂਡਰ ਸੂਚਨਾ ਦੀ ਵਿਸਤ੍ਰਿਤ ਜਾਣਕਾਰੀ ਦੇ ਲਈ ਰੇਲਵੇ ਦੀ ਵੈਬਸਾਈਟ www.ireps.gov.in ਤੇ ਜਾਓ।

ਨੰਬਰ : ETrU-T-14-2025-26 ਤਾਰੀਕ 27.02.2026 683/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

**ਈ ਨਿਵਿਦਾ**

**ਖੁਲ੍ਹੀ ਨਿਵਿਦਾ ਨੰਬਰ-56-ਅੰਬਾਲਾ/2025-26 ਮਿਤੀ 28.02.2026**

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ/ਅੰਬਾਲਾ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ ਨਿਵਿਦਾ ਦੇ ਮਾਧਿਅਮ ਨਾਲ ਇਛੁਕ ਠੇਕੇਦਾਰਾਂ ਤੋਂ ਹੇਠਾਂ ਲਿਖਤ ਕੰਮਾਂ ਲਈ ਖੁਲ੍ਹੀਆਂ ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ ਜੋ ਕਿ ਉਨ੍ਹਾਂ ਕੰਮਾਂ ਦੇ ਸਾਹਮਣੇ ਦਿਤੀ ਗਈ ਮਿਤੀ ਨੂੰ 15.00 ਵਜੇ ਖੁਲ੍ਹੇ ਰਹਿਣਗੇ ਅਤੇ ਉਸ ਦੇ ਬਾਅਦ ਖੋਹਲੇ ਜਾਣਗੇ।

| ਲ. ਨ. | ਕੰਮ ਦਾ ਨਾਮ | ਅੰਦਾਜਨ ਲਾਗਤ (ਰੁ.) | ਅਗਾਊਂ ਰਾਸ਼ੀ (ਰੁ.) | ਕੰਮ ਸਮਾਪਤੀ ਦਾ ਸਮਾਂ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|---|
| 1 | ਕੇਐਨਐਨ ਸਟੇਸ਼ਨ ਉਤੇ ਪੀਐਫ ਸਤਹਾ ਵਿਚ ਸੁਧਾਰ, ਸਰਕੁਲੇਟਿੰਗ ਏਰੀਆ ਦਾ ਅਪਗ੍ਰੇਡੇਸ਼ਨ ਅਤੇ ਯਾਤਰੀ ਸੁਵਿਧਾਵਾਂ ਵਿਚ ਸੁਧਾਰ ਦਾ ਕੰਮ ਕੀਤਾ ਜਾ ਰਿਹਾ ਹੈ। | 3,02,19,212/- | 3,01,100 | 08 ਮਹੀਨੇ | 23.03.2026 |
| 2 | ਮੰਡੀ ਗੋਬਿੰਦਗੜ੍ਹ (ਜੀਵੀਜੀ) ਸਟੇਸ਼ਨ ਉਤੇ ਪੀਐਫ ਸਤਹਾ ਵਿਚ ਸੁਧਾਰ ਪਰਿਸੰਚਾਰ ਖੇਤਰ ਦਾ ਅਪਗ੍ਰੇਡੇਸ਼ਨ, ਮੇਨ ਗੇਟ ਐਂਟਰੀ ਦਰਵਾਜਾ, ਵੀਡੀਸੀ ਫਰਸ਼ ਅਤੇ ਯਾਤਰੀ ਸਹੂਲਤਾਂ ਦਾ ਅਪਗ੍ਰੇਡੇਸ਼ਨ। | 1,17,41,924/- | 2,08,700/- | 08 ਮਹੀਨੇ | 23.03.2026 |
| 3 | ਅੰਬਾਲਾ ਡਵੀਜਨ (ਐਲਸੀ ਨੰ. 1ਸੀ, 35ਸੀ, 50ਏ ਅਤੇ 52ਸੀ ਐਸਆਈਆਰ-ਡੀਐਪੀਸੀ ਸੈਕਸ਼ਨ) ਦੇ ਇੰਟਰਲਾਕਡ ਲੇਵਲ ਕ੍ਰਾਸਿੰਗ ਗੇਟਾਂ ਤੇ ਬਾਕੀ ਮੈਕੇਨਿਕਲ ਲਿਫਟਿੰਗ ਬੈਰਿਯਰ ਦੇ ਸਥਾਨ ਤੇ ਇਲੈਕਟ੍ਰਿਕ ਲਿਫਟਿੰਗ ਬੈਰਿਯਰ ਦਾ ਪ੍ਰਾਵਧਾਨ ਅਤੇ ਸੜਕ ਸੰਕੇਤਾਂ ਦਾ ਪ੍ਰਾਵਧਾਨ ਸਮੇਤ ਸਿਵਿਲ ਕੰਮ।। | 1,26,75,341/- | 2,13,400/- | 08 ਮਹੀਨੇ | 23.03.2026 |

ਨੋਟ:- 1. ਠੇਕੇਦਾਰ ਨੂੰ ਸ਼ਰਤਾਂ ਦੇ ਅਨੁਸਾਰ ਟੈਂਡਰ ਯੋਗਤਾ ਪੂਰੀ ਕਰਨ ਲਈ ਸਾਰੇ ਜਰੂਰੀ ਸਬੰਧਤ ਡਾਕੂਮੈਂਟਾਂ ਦੀ ਸਕੈਨਿੰਗ ਕਾਪੀ ਨੂੰ ਰੇਲਵੇ ਵੈਬਸਾਈਟ IREPS ਤੇ ਅਪਲੋਡ ਕਰਨੀ ਜਰੂਰੀ ਹੈ। 2. ਅਗਾਊਂ ਰਾਸ਼ੀ ਆਨ ਲਾਈਨ ਪੇਮੇਂਟ ਨੈਟ ਬੈਕਿੰਗ/ਗੇਟਵੇ ਪੇਮੇਂਟ ਦੇ ਦੁਆਰਾ ਹੀ ਸਵੀਕਾਰ ਹੋਣਗੇ। 3.ਟੈਂਡਰ ਦੀ ਵਿਸਤ੍ਰਿਤ ਜਾਣਕਾਰੀ ਲਈ ਰੇਲਵੇ ਵੈਬਸਾਈਟ www.ireps.gov.in ਤੇ ਲਾਗ ਆਨ ਕਰੋ। 4.ਠੇਕੇਦਾਰ ਨੂੰ ਈ-ਟੈਂਡਰ ਵਿਚ ਭਾਗੀਦਾਰੀ ਲਈ (ਕਲਾਸ-III) ਡਿਜੀਟਲ ਸਿਗਨੇਚਰ ਸਰਟੀਫਿਕੇਟ ਦੁਆਰਾ ਲਾਗ-ਆਨ ਕਰਨਾ ਹੋਵੇਗਾ। 5. ਜੀ.ਐਸ.ਟੀ. ਐਕਟ 2017 ਦੇ ਅਨੁਸਾਰ ਲਾਗੂ ਹੋਵੇਗਾ। 665/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ, ਸੀਨੀਅਰ ਮੰਡਲ ਵਾਨਿਜ ਪ੍ਰਬੰਧਕ, ਉਤਰ ਰੇਲਵੇ, ਅੰਬਾਲਾ ਮੰਡਲ, ਅੰਬਾਲਾ ਮੰਡਲ ਦੀ ਵੈਬਸਾਈਟ www.ireps.gov.in ਦੇ ਮਾਧਿਅਮ ਨਾਲ 13.03.2026 ਨੂੰ ਦੁਪਹਿਰ 15:00 ਵਜੇ ਤਕ ਵਿਅਕਤੀਗਤ ਸੰਸਥਾਵਾਂ /ਸਾਝੇਦਾਰੀ ਫਰਮਾਂ/ਕੰਪਨੀਆਂ/ਸਹਕਾਰੀ ਸਵੈ ਸਹਾਇਤਾ ਸਮੂਹਾਂ/ ਸਹਕਾਰੀ ਸਮਿਤੀਆਂ ਆਦਿ ਅਤੇ ਜਨਰਲ ਸ਼੍ਰੇਣੀਆਂ ਵਿਚ ਅੰਬਾਲਾ ਮੰਡਲ ਵਿਚ ਪੰਜ ਸਾਲ ਦੇ ਸਮੇਂ ਦੇ ਲਈ ਖਾਨਪਾਨ ਸਟਾਲ ਜੀਐਮਯੂ (ਜਨਰਲ ਲਘੂ ਇਕਾਈ) ਦੇ ਸੰਚਾਲਨ ਲਈ ਈ-ਨਿਵਿਦਾ ਮੰਗ ਕਰਦਾ ਹੈ। ਨਿਵਿਦਾ ਦਾ ਵੇਰਵਾ ਹੇਠਾਂ ਲਿਖਤ ਹੈ:

| ਲ. ਨੰ. | ਟੈਂਡਰ ਨੰਬਰ | ਸਟੇਸ਼ਨ ਦਾ ਨਾਮ | ਸਟੇਸ਼ਨ ਕੈਟੇਗਰੀ | ਸਟਾਲ ਨੰ. | ਸਥਾਨ | ਟੈਂਡਰ ਡਾਕੂਮੈਂਟਸ ਦਾ ਮੁਲ + 18%@ ਪ੍ਰਤੀ ਟੈਂਡਰ GST (ਰੁਪੈ ਵਿਚ) | ਪਹਿਲੇ ਸਾਲ ਦੇ ਲਈ ਰੀਜ਼ਰਵ ਮੁੱਲ (ਰੁਪੈ ਵਿਚ) | ਬਿਆਨਾ ਰਾਸ਼ੀ (ਰੁਪੈ ਵਿਚ) | ਰੀਜ਼ਰਵ ਵਰਗ |
|---|---|---|---|---|---|---|---|---|---|
| 1 | UMB-CTG-RPJ-GMU-01-26 | ਰਾਜਪੁਰਾ | ਐਨਐਸਜੀ—4 | RPJ-01 | ਪਲੇਟਫਾਰਮ ਨੰ. 01 | 2,950 | 3,39,950/- | 1,76,800/- | ਜਨਰਲ |
| 2 | UMB-CTG-BTI-GMU-01-26 | ਬਠਿੰਡਾ | ਐਨਐਸਜੀ—3 | BTI-02 | ਸਰਕੁਲੇਟਿੰਗ ਏਰੀਆ | 2,950 | 3,76,560/- | 1,95,900/- | ਜਨਰਲ |

ਨੋਟ: ਈ-ਨਿਵਿਦਾ ਅਤੇ ਦਸਤਾਵੇਜ 13.03.2026 ਨੂੰ ਦੁਪਹਿਰ 15:00 ਵਜੇ ਤਕ www.ireps.gov.in ਤੇ ਉਪਲਬਧ ਰਹਿਣਗੇ। ਰੇਲਵੇ ਪ੍ਰਸ਼ਾਸਨ ਬਿਨਾ ਕਿਸੇ ਕਾਰਨ ਦਸੇ ਕਿਸੇ ਵੀ ਜਾਂ ਸਾਰੇ ਈ-ਨਿਵਿਦਾਵਾਂ ਨੂੰ ਸਥਗਿਤ/ਸੰਸ਼ੋਧਿਤ ਕਰਨ ਜਾਂ ਰੱਦ ਕਰਨ ਦਾ ਅਧਿਕਾਰ ਸੁਰੱਖਿਅਤ ਰਖਦਾ ਹੈ। No: NR-UMB0COML(CG)/4/2023

Dated: 23 February, 2026 663/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਦਿੜ੍ਹਬਾ ਤੋਂ ਰੋਜ਼ਾਨਾ ਚੜ੍ਹਦੀਕਲਾ ਦੇ ਸੀਨੀਅਰ ਪੱਤਰਕਾਰ ਸ੍ਰੀ ਪ੍ਰਵੇਸ਼ ਹੈਪੀ ਦਾ ਜਨਮ ਦਿਨ ਅਦਾਰਾ ਚੜ੍ਹਦੀਕਲਾ ਵਿਖੇ ਮਨਾਇਆ ਗਿਆ। ਇਸ ਮੌਕੇ 'ਪਦਮ ਸ੍ਰੀ' ਡਾ. ਜਗਜੀਤ ਸਿੰਘ ਦਰਦੀ ਅਤੇ ਡਾਇਰੈਕਟਰ ਸ੍ਰ. ਹਰਪ੍ਰੀਤ ਸਿੰਘ ਦਰਦੀ, ਸੀਨੀਅਰ ਮੈਨੇਜਰ ਪਰਮਜੀਤ ਸਿੰਘ ਤੇ ਸਮੂਹ ਸਟਾਫ ਵੱਲੋਂ ਉਹਨਾਂ ਦਾ ਸਨਮਾਨ ਕੀਤਾ ਗਿਆ ਅਤੇ ਨਾਲ ਹੀ ਜਨਮ ਦਿਨ ਵਿਖੇ ਇਕ ਸੈਰਾਮਨੀ ਵੀ ਕੀਤੀ ਗਈ।

# ਗੁਰਮਤਿ ਸਮਾਗਮ ਭਲਕੇ ਤੇ ਮਹਾਨ ਨਗਰ ਕੀਰਤਨ ਅੱਜ

ਪਟਿਆਲਾ, 27 ਫਰਵਰੀ (ਗੁਰਦੀਪ ਢਿੱਲੋਂ) : 28 ਫਰਵਰੀ ਦਿਨ ਸ਼ਨੀਵਾਰ ਨੂੰ ਮਹਾਨ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਬਹਾਦਰਗੜ੍ਹ ਤੋਂ ਆਰੰਭ ਹੋ ਕੇ ਮੇਨ ਬਾਜ਼ਾਰ ਵਿਚੋਂ ਹੁੰਦਾ ਹੋਇਆ ਗੁਰਦੁਆਰਾ ਸੱਚਖੰਡ ਦਰਬਾਰ, ਸੱਚਖੰਡ ਐਨਕਲੇਵ, ਗਿਆਨ ਕਲੋਨੀ ਅਤੇ ਪਿੰਡ ਭੱਠਲਾਂ ਵਿਖੇ ਸਮਾਪਤ ਹੋਵੇਗਾ। ਇਸੇ ਸੰਦਰਭ ਵਿਚ ਚੜ੍ਹਦੀਕਲਾ ਟਾਈਮ ਟੀ.ਵੀ., ਰੋਜ਼ਾਨਾ ਚੜ੍ਹਦੀਕਲਾ ਅਤੇ ਸ੍ਰੀ ਗੁਰੂਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਹਿਯੋਗ ਨਾਲ ਬਹਾਦਰਗੜ੍ਹ-ਰਾਇਪੁਰ ਰੋਡ ਪਿੰਡ ਭੱਠਲਾਂ ਵਿਖੇ ਬੱਚਿਆਂ ਦੀ ਰਿਹਾਇਸ਼ ਅਤੇ ਅਕੈਡਮੀ ਲਈ ਬਣਨ ਵਾਲੀ ਨਵੀਂ ਇਮਾਰਤ ਦੀ ਉਸਾਰੀ ਦੀ ਖ਼ੁਸ਼ੀ ਵਿਚ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ 1 ਅਤੇ 2 ਮਾਰਚ 2026 ਦਿਨ ਐਤਵਾਰ ਅਤੇ ਸੋਮਵਾਰ ਨੂੰ ਸਵੇਰੇ 10.00 ਤੋਂ 2.00 ਵਜੇ ਤਕ ਮਹਾਨ ਗੁਰਮਤਿ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸ ਮੌਕੇ ਪੰਥ ਦੇ ਪ੍ਰਸਿੱਧ ਰਾਗੀ ਭਾਈ ਜਸਕਰਨ ਸਿੰਘ, ਭਾਈ ਸੁਰਿੰਦਰ ਸਿੰਘ ਜੀ, ਭਾਈ ਨਛੱਤਰ ਸਿੰਘ ਜੀ ਦੋਵੇਂ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ, ਹੈਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿਆਨੀ ਪ੍ਰਣਾਮ ਸਿੰਘ, ਸਿੰਘ ਸਾਹਿਬ ਗਿਆਨੀ ਪ੍ਰਿਤਪਾਲ ਸਿੰਘ ਜੀ ਹੈਡ ਗ੍ਰੰਥੀ ਗੁਰਦੁਆਰਾ ਦੂਖ ਨਿਵਾਰਨ ਸਾਹਿਬ, ਗਿਆਨੀ ਅਵਤਾਰ ਸਿੰਘ ਹੈਡ ਗ੍ਰੰਥੀ ਗੁਰਦੁਆਰਾ ਬਹਾਦਰਗੜ੍ਹ ਸਾਹਿਬ, ਸਿੰਘ ਸਾਹਿਬ ਗਿਆਨੀ ਹਰਵਿੰਦਰ ਸਿੰਘ ਜੀ, ਹੈਡ ਗ੍ਰੰਥੀ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਉਚੇਚੇ ਤੌਰ 'ਤੇ ਪਹੁੰਚਣਗੇ। ਬੇਨਤੀ ਕਰਤਾ ਭਾਈ ਲਖਵਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਡਾ. ਜਗਜੀਤ ਸਿੰਘ ਦਰਦੀ ਪਦਮ ਸ੍ਰੀ ਐਵਾਰਡੀ ਚੇਅਰਮੈਨ ਚੜ੍ਹਦੀਕਲਾ ਗਰੁੱਪ, ਭਾਈ ਜੋਗਿੰਦਰ ਸਿੰਘ ਅਕੈਡਮੀ ਇੰਚਾਰਜ ਸ੍ਰੀ ਗੁਰੂ ਗੋਬਿੰਦ ਸਿੰਘ ਪਰਿਵਾਰ ਨੇ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਸਮਾਗਮਾਂ ਵਿਚ ਪਹੁੰਚ ਕੇ ਲਾਹਾ ਲੈਣ ਦੀ ਅਪੀਲ ਕੀਤੀ ਹੈ। ਜ਼ਿਕਰਯੋਗ ਹੈ ਕਿ ਭਾਈ ਲਖਵਿੰਦਰ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਉਦਮ ਸਦਕਾ ਚੱਲ ਰਹੀ ਸ੍ਰੀ ਗੁਰੂ ਗੋਬਿੰਦ ਸਿੰਘ ਪਰਿਵਾਰ ਵਿੱਚ ਪਿਛਲੇ 8 ਸਾਲਾਂ ਤੋਂ ਗੁਰਮਤਿ ਸੰਗੀਤ ਅਕੈਡਮੀ ਗੁਰਦੁਆਰਾ ਭਾਈ ਰਾਮ ਕਿਸ਼ਨ ਜੀ ਸ਼ੇਰਾਂ ਵਾਲਾ ਗੇਟ ਪਟਿਆਲਾ ਵਿਖੇ ਚੱਲ ਰਹੀ ਹੈ। ਜਿੱਥੇ ਹੁਣ ਤਕ 250 ਦੇ ਕਰੀਬ ਲੋੜਵੰਦ ਸੂਰਮੇ ਬੱਚੇ ਕੀਰਤਨ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ।



ਸਮਾਣਾ ਤੋਂ ਰੋਜ਼ਾਨਾ ਚੜਦੀਕਲਾ ਦੇ ਪੱਤਰਕਾਰ ਸ੍ਰੀ ਵਿਜੈ ਗਰਗ, ਉਹਨਾਂ ਦੀ ਧਰਮ ਸੁਪਤਨੀ ਸ੍ਰੀਮਤੀ ਹੈਪੀ ਗਰਗ ਤੇ ਸਪੁੱਤਰ ਸ੍ਰੀ ਨਿਖਿਲ ਗਰਗ ਦਾ ਅਦਾਰਾ ਚੜਦੀਕਲਾ ਦਫਤਰ ਵਿਖੇ ਪੁੱਜਣ 'ਤੇ ਡਾਇਰੈਕਟਰ ਸ੍ਰ. ਹਰਪ੍ਰੀਤ ਸਿੰਘ ਦਰਦੀ ਪ੍ਰੇਮ ਭੇਟਾ ਦਿੰਦੇ ਹੋਏ।

# ਗੁੰਮਸ਼ੁਦਾ

## ਪ੍ਰੋਫੈਸਰ ਮਨਦੀਪ ਸਿੰਘ ਜੀ (ਮੈਂਡੀ)



ਜੋ ਕਿ ਆਪਣੇ ਘਰੋਂ 26 ਦਸੰਬਰ 2025 ਨੂੰ ਸਵੇਰੇ 8.00 ਵਜੇ ਨਿਕਲੇ ਸੀ ਪਰ ਹੁਣ ਤੱਕ ਘਰ ਵਾਪਸ ਨਹੀਂ ਪਹੁੰਚੇ। ਆਪ ਜੀ ਦੀ ਗੱਡੀ ਨਾਭਾ ਰੋਡ ਪਟਿਆਲਾ ਤੋਂ ਮਿਲੀ ਹੈ। ਜੇਕਰ ਕਿਸੇ ਨੂੰ ਵੀ ਇਨ੍ਹਾਂ ਬਾਰੇ ਕਿਸੇ ਤਰ੍ਹਾਂ ਦੀ ਸੂਚਨਾ ਜਾਂ ਜਾਣਕਾਰੀ ਮਿਲਦੀ ਹੈ ਸੋ ਕਿਰਪਾ ਕਰਕੇ ਹੇਠ ਲਿਖੇ ਨੰਬਰਾਂ 'ਤੇ ਸੰਪਰਕ ਕਰੋ ਜੀ।

7060334108
9988014149

# ਜਨਗਣਨਾ 2027-ਪੜਾਅ-9 'ਤੇ ਰਾਜ ਪੱਧਰੀ ਕਾਨਫਰੰਸ



ਚੰਡੀਗੜ੍ਹ, 27 ਫਰਵਰੀ (ਚ.ਨ.ਸ.) : ਜਨਗਣਨਾ 2027 – ਪੜਾਅ 9 (ਘਰ ਸੂਚੀਕਰਨ ਕਾਰਜ) @ਤੇ ਜ਼ਿਲ੍ਹਾ ਕਮਿਸ਼ਨਰਾਂ ਅਤੇ ਨਗਰ ਨਿਗਮ ਕਮਿਸ਼ਨਰਾਂ ਲਈ ਇੱਕ-ਰੋਜ਼ਾ ਰਾਜ ਪੱਧਰੀ ਕਾਨਫਰੰਸ 27.02.2026 ਨੂੰ ਹੋਟਲ ਮਾਊਂਟ ਵਿਊ, ਚੰਡੀਗੜ੍ਹ ਵਿਖੇ ਸਫਲਤਾਪੂਰਵਕ ਆਯੋਜਿਤ ਕੀਤੀ ਗਈ। ਇਹ ਕਾਨਫਰੰਸ ਸਥਾਨਕ ਸਰਕਾਰਾਂ ਵਿਭਾਗ ਪੰਜਾਬ ਅਤੇ ਜਨਗਣਨਾ ਕਾਰਜ ਡਾਇਰੈਕਟੋਰੇਟ, ਪੰਜਾਬ ਦੁਆਰਾ ਸਾਂਝੇ ਤੌਰ @ਤੇ ਆਯੋਜਿਤ ਕੀਤੀ ਗਈ ਸੀ ਅਤੇ ਸ੍ਰੀ ਕੇ.ਏ.ਪੀ. ਸਿਨਹਾ, ਮੁੱਖ ਸਕੱਤਰ, ਪੰਜਾਬ ਦੀ ਪ੍ਰਧਾਨਗੀ ਹੇਠ ਆਯੋਜਿਤ ਕੀਤੀ ਗਈ ਸੀ। ਇਸ ਸਮਾਗਮ ਵਿੱਚ ਸਕੱਤਰ, ਸਥਾਨਕ ਸਰਕਾਰਾਂ ਪੰਜਾਬ ਸ੍ਰੀ ਮਨਜੀਤ ਸਿੰਘ ਬਰਾੜ ਆਈ.ਏ.ਐਸ., ਡਾਇਰੈਕਟਰ ਜਨਗਣਨਾ ਕਾਰਜ ਪੰਜਾਬ ਡਾ. ਨਵਜੋਤ ਖੋਸਾ ਆਈ.ਏ.ਐਸ., ਡਾਇਰੈਕਟਰ ਸਥਾਨਕ ਸਰਕਾਰਾਂ ਪੰਜਾਬ ਸ੍ਰੀ ਕੁਲਵੰਤ ਸਿੰਘ ਆਈ.ਏ.ਐਸ., ਡਵੀਜ਼ਨਲ ਕਮਿਸ਼ਨਰ, ਸਾਰੇ ਡਿਪਟੀ ਕਮਿਸ਼ਨਰ ਅਤੇ ਪੰਜਾਬ ਦੇ ਨਗਰ ਨਿਗਮ ਕਮਿਸ਼ਨਰ ਸ਼ਾਮਲ ਹੋਏ। ਇਸ ਕਾਨਫਰੰਸ ਨੇ ਰਾਜ ਵਿੱਚ ਜਨਗਣਨਾ 2027 ਦੀਆਂ ਤਿਆਰੀਆਂ ਦੀ ਸ਼ੁਰੂਆਤ ਨੂੰ ਰਸਮੀ ਤੌਰ @ਤੇ ਦਰਸਾਇਆ ਅਤੇ ਪਹਿਲੇ ਪੜਾਅ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਪ੍ਰਸ਼ਾਸਕੀ ਤਿਆਰੀ, ਤਕਨੀਕੀ ਏਕੀਕਰਨ, ਤਾਲਮੇਲ ਵਿਧੀਆਂ ਅਤੇ ਸਮਾਂ-ਸੀਮਾਵਾਂ ਦੀ ਸਮੀਖਿਆ ਕਰਨ ਲਈ ਇੱਕ ਵਿਆਪਕ ਪਲੇਟਫਾਰਮ ਪ੍ਰਦਾਨ ਕੀਤਾ।

ਆਪਣੇ ਉਦਘਾਟਨੀ ਭਾਸ਼ਣ ਵਿੱਚ, ਮੁੱਖ ਸਕੱਤਰ ਨੇ ਜਨਗਣਨਾ ਦੇ ਰਾਸ਼ਟਰੀ ਮਹੱਤਵ ਨੂੰ ਸਬੂਤ-ਅਧਾਰਤ ਸ਼ਾਸਨ, ਭਲਾਈ ਯੋਜਨਾਬੰਦੀ ਅਤੇ ਸਮਾਨ ਸਰੋਤ ਵੰਡ ਦੇ ਅਧਾਰ ਵਜੋਂ ਦਰਸਾਇਆ। ਪਾਰਦਰਸ਼ਤਾ, ਡੇਟਾ ਗੁਣਵੱਤਾ ਅਤੇ ਸਮਾਂ-ਸੀਮਾਵਾਂ ਦੀ ਸਖ਼ਤੀ ਨਾਲ ਪਾਲਣਾ @ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਨੇ ਸਾਰੇ ਅਧਿਕਾਰੀਆਂ ਨੂੰ ਸੁਚੱਜੀ ਯੋਜਨਾਬੰਦੀ ਅਤੇ ਨਿਰਵਿਘਨ ਅੰਤਰ-ਵਿਭਾਗੀ ਤਾਲਮੇਲ ਨੂੰ ਯਕੀਨੀ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਨਗਣਨਾ 2027 ਨੂੰ ਸ਼ੁੱਧਤਾ, ਡਿਜੀਟਲ ਐਗਜ਼ੀਕਿਊਸ਼ਨ ਅਤੇ ਪ੍ਰਸ਼ਾਸਕੀ ਅਨੁਸ਼ਾਸਨ ਵਿੱਚ ਨਵੇਂ ਮਾਪਦੰਡ ਸਥਾਪਤ ਕਰਨੇ ਚਾਹੀਦੇ ਹਨ।

# ਅਮੂਲ ਡੇਅਰੀ ਦੇ ਆਧੁਨਿਕ ਉਤਪਾਦਨ ਅਤੇ ਸਹਿਕਾਰੀ ਮਾਡਲ ਦਾ ਮੀਡੀਆ ਟੀਮ ਵੱਲੋਂ ਨਿਰੀਖਣ



ਵਡੋਦਰਾ, 27 ਫਰਵਰੀ (ਚ.ਨ.ਸ.): ਪ੍ਰੈਸ ਇਨਫਰਮੇਸ਼ਨ ਬਿਊਰੋ ਵੱਲੋਂ ਕਰਵਾਏ ਗਏ ਇੱਕ ਵਿਸ਼ੇਸ਼ ਮੀਡੀਆ ਟੂਰ ਦੇ ਤਹਿਤ ਪੱਤਰਕਾਰਾਂ ਅਤੇ ਮੀਡੀਆ ਪ੍ਰਤੀਨਿਧਾਂ ਦੀ ਇੱਕ ਟੀਮ ਨੇ ਗੁਜਰਾਤ ਦੇ ਆਣੰਦ ਸਥਿਤ ਵਿਸ਼ਵ ਪ੍ਰਸਿੱਧ ਅਮੂਲ ਡੇਅਰੀ ਦਾ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਡੇਅਰੀ ਉਦਯੋਗ ਦੀ ਕਾਰਜਪ੍ਰਣਾਲੀ, ਇਸ ਦੇ ਵਿਲੱਖਣ ਸਹਿਕਾਰੀ ਢਾਂਚੇ ਅਤੇ ਅਤਿ-ਆਧੁਨਿਕ ਉਤਪਾਦਨ ਪ੍ਰਕਿਰਿਆਵਾਂ ਬਾਰੇ ਡੂੰਘੀ ਜਾਣਕਾਰੀ ਪ੍ਰਾਪਤ ਕਰਨਾ ਸੀ। ਇਸ ਦੌਰਾਨ ਮੀਡੀਆ ਪ੍ਰਤੀਨਿਧਾਂ ਨੂੰ ਡੇਅਰੀ ਦੀਆਂ ਆਧੁਨਿਕ ਉਤਪਾਦਨ ਇਕਾਈਆਂ ਵਿੱਚ ਲਿਜਾਇਆ ਗਿਆ, ਜਿੱਥੇ ਉਨ੍ਹਾਂ ਨੇ ਦੁੱਧ ਦੇ ਇਕੱਤਰੀਕਰਨ ਤੋਂ ਲੈ ਕੇ ਪਾਸਚਰਾਈਜ਼ੇਸ਼ਨ ਅਤੇ ਅੰਤਿਮ ਪੈਕੇਜਿੰਗ ਤੱਕ ਦੀ ਸਾਰੀ ਪ੍ਰਕਿਰਿਆ ਦਾ ਪ੍ਰਤੱਖ ਨਿਰੀਖਣ ਕੀਤਾ। ਸੰਸਥਾ ਦੇ ਸੀਨੀਅਰ ਅਧਿਕਾਰੀਆਂ ਨੇ ਦੱਸਿਆ ਕਿ ਕਿਵੇਂ ਅਮੂਲ ਨੇ ਦਹਾਕਿਆਂ ਤੋਂ ਸਫਾਈ ਅਤੇ ਗੁਣਵੱਤਾ ਦੇ ਉੱਚਤਮ ਵਿਸ਼ਵ ਪੱਧਰੀ ਮਾਪਦੰਡਾਂ ਨੂੰ ਬਰਕਰਾਰ ਰੱਖਿਆ ਹੈ, ਜਿਸ ਕਾਰਨ ਇਹ ਕਰੋੜਾਂ ਖਪਤਕਾਰਾਂ ਦਾ ਭਰੋਸੇਯੋਗ ਬ੍ਰਾਂਡ ਬਣਿਆ ਹੋਇਆ ਹੈ। ਦੌਰੇ ਦੌਰਾਨ ਵਿਸ਼ੇਸ਼ ਤੌਰ @ਤੇ ਅਮੂਲ ਦੇ ਤਿੰਨ-ਪੱਧਰੀ ਸਹਿਕਾਰੀ ਮਾਡਲ @ਤੇ ਚਰਚਾ ਕੀਤੀ ਗਈ, ਜੋ ਭਾਰਤ ਦੀ ਪੇਂਡੂ ਆਰਥਿਕਤਾ ਦਾ ਅਧਾਰ ਮੰਨਿਆ ਜਾਂਦਾ ਹੈ। ਮੀਡੀਆ ਟੀਮ ਨੂੰ ਜਾਣਕਾਰੀ ਦਿੱਤੀ ਗਈ ਕਿ ਕਿਵੇਂ ਇਹ ਮਾਡਲ ਵਿਚੋਲਿਆਂ ਨੂੰ ਖ਼ਤਮ ਕਰਕੇ ਸਿੱਧਾ ਕਿਸਾਨਾਂ ਨੂੰ ਲਾਭ ਪਹੁੰਚਾਉਂਦਾ ਹੈ ਅਤੇ ਉਨ੍ਹਾਂ ਨੂੰ ਉਨ੍ਹਾਂ ਦੀ ਮਿਹਨਤ ਦਾ ਸਹੀ ਮੁੱਲ ਪ੍ਰਦਾਨ ਕਰਦਾ ਹੈ। ਅਧਿਕਾਰੀਆਂ ਨੇ ਇਸ ਗੱਲ @ਤੇ ਜ਼ੋਰ ਦਿੱਤਾ ਕਿ ਅਮੂਲ ਸਿਰਫ ਇੱਕ ਦੁੱਧ ਉਤਪਾਦਕ ਸੰਸਥਾ ਨਹੀਂ ਹੈ, ਸਗੋਂ ਇਹ ਮਹਿਲਾ ਸਸ਼ਕਤੀਕਰਨ ਅਤੇ ਪੇਂਡੂ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦਾ ਇੱਕ ਸ਼ਕਤੀਸ਼ਾਲੀ ਸਾਧਨ ਹੈ।

# ਭਾਰਤ ਦੀ ਊਰਜਾ ਤਕਦੀਰ ਬਦਲ ਰਹੀ ਹੈ ਇੰਡੀਅਨ ਆਇਲ ਦੀ ਗੁਜਰਾਤ ਰਿਫਾਈਨਰੀ 24,000 ਕਰੋੜ ਦੇ ਨਿਵੇਸ਼ ਨਾਲ ਬਣ ਰਹੀ ਹੈ ਗਲੋਬਲ ਪੈਟਰੋਕੈਮਿਕਲ ਹੱਬ



ਵਡੋਦਰਾ, 27 ਫਰਵਰੀ (ਚ.ਨ.ਸ.) : ਪ੍ਰੈਸ ਇਨਫਰਮੇਸ਼ਨ ਬਿਊਰੋ (♦92) ਜਲੰਧਰ ਅਤੇ ਅਹਿਮਦਾਬਾਦ ਦੇ ਸਹਿਯੋਗ ਨਾਲ ਆਯੋਜਿਤ ਇੱਕ ਵਿਸ਼ੇਸ਼ ਪ੍ਰੈਸ ਦੌਰੇ ਤਹਿਤ ਪੰਜਾਬ ਅਤੇ ਚੰਡੀਗੜ੍ਹ ਦੇ ਪ੍ਰਮੁੱਖ ਪੱਤਰਕਾਰ ਇਸ ਸਮੇਂ ਗੁਜਰਾਤ ਦੀਆਂ ਉਦਯੋਗਿਕ ਪ੍ਰਾਪਤੀਆਂ ਦਾ ਜਾਇਜ਼ਾ ਲੈ ਰਹੇ ਹਨ। ਇਸੇ ਕੜੀ ਤਹਿਤ, ਪ੍ਰਧਾਨ ਮੰਤਰੀ ਦੇ @ਆਤਮਨਿਰਭਰ ਭਾਰਤ@ ਦੇ ਵਿਜ਼ਨ ਨੂੰ ਸਾਕਾਰ ਕਰਦਿਆਂ, ਇੰਡੀਅਨ ਆਇਲ ਦੀ ਗੁਜਰਾਤ ਰਿਫਾਈਨਰੀ ਅੱਜ ਦੇਸ਼ ਦੇ ਉਦਯੋਗਿਕ ਵਿਕਾਸ ਦਾ ਮੁੱਖ ਕੇਂਦਰ ਬਣ ਕੇ ਉੱਭਰੀ ਹੈ। ਰਿਫਾਈਨਰੀ ਵੱਲੋਂ ਕੀਤੇ ਜਾ ਰਹੇ ?24,000 ਕਰੋੜ ਦੇ ਵਿਸ਼ਾਲ ਨਿਵੇਸ਼ ਨਾਲ ਨਾ ਸਿਰਫ਼ ਉਤਪਾਦਨ ਸਮਰੱਥਾ ਵਿੱਚ ਵਾਧਾ ਹੋਇਆ ਹੈ, ਸਗੋਂ ਭਾਰਤ ਹੁਣ ਕਈ ਮਹੱਤਵਪੂਰਨ ਖੇਤਰਾਂ ਵਿੱਚ ਆਯਾਤਕ ਤੋਂ ਨਿਰਯਾਤਕ ਬਣ ਗਿਆ ਹੈ। ਰਿਫਾਈਨਰੀ ਦੇ ਕਾਰਜਕਾਰੀ ਨਿਰਦੇਸ਼ਕ ਸ੍ਰੀ ਬਿਪਲਬ ਬਿਸਵਾਸ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 17,825 ਕਰੋੜ ਦੀ ਲਾਗਤ ਵਾਲੇ ਪੈਟਰੋਕੈਮਿਕਲ ਅਤੇ ਲਿਊਬ ਇੰਟੀਗ੍ਰੇਸ਼ਨ ਪ੍ਰੋਜੈਕਟ ਰਾਹੀਂ ਰਿਫਾਈਨਰੀ ਦੀ ਸਾਲਾਨਾ ਸਮਰੱਥਾ AC.G MMTPA ਤੋਂ ਵਧ ਕੇ 18 MMTPA ਹੋ ਗਈ ਹੈ। ਇਸ ਪ੍ਰੋਜੈਕਟ ਵਿੱਚ ਇੰਡਮੈਕਸ ਅਤੇ ਲਿਊਬ ਆਇਲ ਬਲਾਕ ਵਰਗੀਆਂ ਆਧੁਨਿਕ ਇਕਾਈਆਂ ਸ਼ਾਮਲ ਹਨ।

ਨਾਲ ਹੀ, 5,894 ਕਰੋੜ ਦੇ ਐਕ੍ਰਿਲਿਕਸ ਪ੍ਰੋਜੈਕਟ ਰਾਹੀਂ ਬਿਊਟਿਲ ਐਕ੍ਰਿਲੇਟ ਦਾ ਉਤਪਾਦਨ ਸ਼ੁਰੂ ਹੋਣ ਨਾਲ ਪੇਂਟ ਅਤੇ ਟੈਕਸਟਾਈਲ ਉਦਯੋਗ ਵਿੱਚ ਵਿਦੇਸ਼ੀ ਨਿਰਭਰਤਾ ਖ਼ਤਮ ਹੋਈ ਹੈ। ਗੁਜਰਾਤ ਰਿਫਾਈਨਰੀ ਦੇਸ਼ ਦੀ ਪਹਿਲੀ ਅਜਿਹੀ ਰਿਫਾਈਨਰੀ ਬਣ ਗਈ ਹੈ ਜਿਸ ਨੇ AVGAS ਦਾ ਉਤਪਾਦਨ ਕਰਕੇ ਇਸ ਦਾ ਨਿਰਯਾਤ ਇੰਡੋਨੇਸ਼ੀਆ ਅਤੇ ਸ੍ਰੀਲੰਕਾ ਵਰਗੇ ਦੇਸ਼ਾਂ ਨੂੰ ਕੀਤਾ ਹੈ। ਨੈੱਟ ਜ਼ੀਰੋ 2046 ਦੇ ਟੀਚੇ ਅਤੇ 695 ਲੱਖ ਦੇ CSR ਬਜਟ ਰਾਹੀਂ ਰਿਫਾਈਨਰੀ ਵਾਤਾਵਰਣ ਅਤੇ ਸਮਾਜਿਕ ਭਲਾਈ ਲਈ ਵੀ ਵਚਨਬੱਧ ਹੈ।

# ਚੰਡੀਗੜ੍ਹ ਪ੍ਰਸ਼ਾਸਨ ਦੀ ਟਿਕਾਊ ਆਵਾਜਾਈ ਅਤੇ ਊਰਜਾ ਸੰਭਾਲ ਬਾਰੇ ਵਰਕਸ਼ਾਪ

ਚੰਡੀਗੜ੍ਹ, 27 ਫਰਵਰੀ (ਚ.ਨ.ਸ.) : ਊਰਜਾ ਪ੍ਰਬੰਧਨ ਸੈੱਲ ਰਾਜ ਮਨੋਨੀਤ ਏਜੰਸੀ, ਇੰਜੀਨੀਅਰਿੰਗ ਵਿਭਾਗ, ਯੂਟੀ ਚੰਡੀਗੜ੍ਹ ਨੇ ਹੋਟਲ ਸ਼ਿਵਾਲਿਕ-ਵਿਊ, ਸੈਕਟਰ 17 ਵਿਖੇ ਆਵਾਜਾਈ ਖੇਤਰ ਵਿੱਚ ਊਰਜਾ ਸੰਭਾਲ ਅਤੇ ਬਾਲਣ ਕੁਸ਼ਲਤਾ ਬਾਰੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ। ਵਰਕਸ਼ਾਪ ਦਾ ਉਦਘਾਟਨ ਮੁੱਖ ਇੰਜੀਨੀਅਰ ਸੀ.ਬੀ. ਓਝਾ ਨੇ ਕੀਤਾ। ਉਨ੍ਹਾਂ ਨੇ ਜੈਵਿਕ ਇੰਧਨ @ਤੇ ਨਿਰਭਰਤਾ ਘਟਾਉਣ ਅਤੇ ਨਵੀਆਂ ਤਕਨਾਲੋਜੀਆਂ ਨੂੰ ਅਪਣਾਉਣ ਦੀ ਜ਼ਰੂਰਤ @ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਚੰਡੀਗੜ੍ਹ ਪ੍ਰਸ਼ਾਸਨ ਦਾ ਉਦੇਸ਼ 2047 ਤੱਕ ਸ਼ਹਿਰ ਨੂੰ ਕਾਰਬਨ-ਨਿਰਪੱਖ ਅਤੇ ਸ਼ੁੱਧ-ਜ਼ੀਰੋ ਬਣਾਉਣਾ ਹੈ, ਜਿਸ ਵਿੱਚ ਊਰਜਾ ਪ੍ਰਬੰਧਨ ਸੈੱਲ ਮੁੱਖ ਭੂਮਿਕਾ ਨਿਭਾ ਰਿਹਾ ਹੈ।

ਤਕਨੀਕੀ ਸੈਸ਼ਨ ਦਾ ਸੰਚਾਲਨ ਡਾ. ਬੀ. ਆਦਿਨਾਰਾਇਣ, ਸਹਾਇਕ ਪ੍ਰੋਫੈਸਰ, ਪੰਜਾਬ ਇੰਜੀਨੀਅਰਿੰਗ ਕਾਲਜ ਦੁਆਰਾ ਕੀਤਾ ਗਿਆ, ਅਤੇ ਬੁੱਧੀਮਾਨ ਆਵਾਜਾਈ ਪ੍ਰਣਾਲੀਆਂ, ਸ਼ਹਿਰੀ ਆਵਾਜਾਈ ਪ੍ਰਬੰਧਨ ਅਤੇ ਆਵਾਜਾਈ ਖੇਤਰ ਦੇ ਵਾਤਾਵਰਣ ਪ੍ਰਭਾਵਾਂ @ਤੇ ਚਰਚਾ ਕੀਤੀ। ਉਨ੍ਹਾਂ ਨੇ ਬਾਲਣ ਕੁਸ਼ਲਤਾ ਵਧਾਉਣ, ਗ੍ਰੀਨਹਾਊਸ ਗੈਸਾਂ ਦੇ ਨਿਕਾਸ ਨੂੰ ਘਟਾਉਣ ਅਤੇ ਸ਼ਹਿਰੀ ਯੋਜਨਾਬੰਦੀ ਵਿੱਚ ਸਮਾਰਟ ਗਤੀਸ਼ੀਲਤਾ ਹੱਲਾਂ ਨੂੰ ਸ਼ਾਮਲ ਕਰਨ ਲਈ ਵਿਹਾਰਕ ਹੱਲਾਂ ਦੀ ਰੂਪਰੇਖਾ ਤਿਆਰ ਕੀਤੀ। ਹੋਰ ਸੈਸ਼ਨਾਂ ਵਿੱਚ ਵਾਤਾਵਰਣ-ਅਨੁਕੂਲ ਡਰਾਈਵਿੰਗ, ਇਲੈਕਟ੍ਰਿਕ ਗਤੀਸ਼ੀਲਤਾ, ਅਤੇ ਸਟਾਰ-ਰੇਟਿਡ ਟਾਇਰਾਂ ਬਾਰੇ ਜਾਣਕਾਰੀ ਸ਼ਾਮਲ ਸੀ। ਚੰਡੀਗੜ੍ਹ ਨਵਿਆਉਣਯੋਗ ਊਰਜਾ ਅਤੇ ਵਿਗਿਆਨ ਅਤੇ ਤਕਨਾਲੋਜੀ ਪ੍ਰਮੋਸ਼ਨ ਸੋਸਾਇਟੀ (CREST) ਦੇ ਅਧਿਕਾਰੀਆਂ ਨੇ ਚੰਡੀਗੜ੍ਹ ਦੀ 5੭ ਨੀਤੀ ਅਤੇ ਉਪਲਬਧ ਪ੍ਰੋਤਸਾਹਨਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ।

## ਜਨਮ ਦਿਨ ਮੁਬਾਰਕ



ਨਦਰ ਮਾਣ



ਜਪਨੂਰ ਕੌਰ



ਪਰਮਜੀਤ ਸੰਧੂ ਤੇ ਨਵਦੀਪ ਕੌਰ ਨੂੰ ਵਿਆਹ ਦੀ ਵਰ੍ਹੇਗੰਢ ਮੁਬਾਰਕ



ਸਤਨਾਮ ਸਿੰਘ ਤੇ ਰਾਜਵਿੰਦਰ ਨੂੰ ਵਿਆਹ ਦੀ ਵਰ੍ਹੇਗੰਢ ਮੁਬਾਰਕ







# ਭਾਰਤ ਦੌਰੇ ਤੋਂ ਪਹਿਲਾਂ ਓਟਾਵਾ ’ਚ ਮਾਰਕ ਕਾਰਨੀ ਖ਼ਿਲਾਫ਼ ਨਾਅਰੇਬਾਜ਼ੀ




ਓਟਾਵਾ, 27 ਫਰਵਰੀ (ਚ.ਨ.ਸ): ਕੈਨੇਡਾ ਦੀ ਰਾਜਧਾਨੀ ਓਟਾਵਾ ਵਿੱਚ ਹੋਈ ਖ਼ਾਲਿਸਤਾਨ ਹਮਾਇਤੀ ਰੈਲੀ ਦੌਰਾਨ ਪ੍ਰਦਰਸ਼ਨਕਾਰੀਆਂ ਵੱਲੋਂ ਮਾਰਕ ਕਾਰਨੀ ਖ਼ਿਲਾਫ਼ ਤਿੱਖੀ ਨਾਅਰੇਬਾਜ਼ੀ ਕੀਤੀ ਗਈ। ਰੈਲੀ ਵਿੱਚ ਕਈ ਪ੍ਰਦਰਸ਼ਨਕਾਰੀਆਂ ਦੇ ਹੱਥਾਂ ਵਿੱਚ ਕਾਰਨੀ ਖ਼ਿਲਾਫ ਬੋਰਡ ਫੜੇ ਹੋਏ ਸਨ, ਜਿਨ੍ਹਾਂ ’ਤੇ Remove Mark Carney or be removed by voters ਲਿਖਿਆ ਹੋਇਆ ਸੀ। ਇਹ ਰੈਲੀ ਸਿੱਖਸ ਫਾਰ ਜਸਟਿਸ ਦੇ ਸੱਦੇ ’ਤੇ ਉਸ ਸਮੇਂ ਹੋਈ, ਜਦੋਂ ਮਾਰਕ ਕਾਰਨੀ ਦਾ ਭਾਰਤ ਦੌਰਾ ਚਰਚਾ ਵਿੱਚ ਹੈ, ਜਿਸ ਕਾਰਨ ਪ੍ਰਦਰਸ਼ਨ ਨੂੰ ਰਾਜਨੀਤਿਕ ਤੌਰ ’ਤੇ ਅਹਿਮ ਮੰਨਿਆ ਜਾ ਰਿਹਾ ਹੈ।ਜ਼ਿਕਰਯੋਗ ਹੈ ਕਿ ਰੈਲੀ ਵਿੱਚ ਖਾਲਿਸਤਾਨ ਸਿੱਖ ਭਾਈ ਹਰਦੀਪ ਸਿੰਘ ਨਿੱਝਰ ਦੇ ਕਤਲ ਕੇਸ ਵਿੱਚ ਅਦਾਲਤ ਵਿੱਚ ਭਾਰਤ-ਕੈਨੇਡਾ ਸਬੰਧਾਂ ਨੂੰ ਲੈ ਕੇ ਸਬੂਤ ਜਨਤਕ ਨਾ ਕਰਨ ਦੀ ਅਪੀਲ ਵਿਚਾਰ ਅਧੀਨ ਦੱਸੀ ਜਾ ਰਹੀ ਹੈ।

# ਸ਼ਰਾਬ ਪੀ ਕੇ ਗੱਡੀ ਚਲਾਉਣ ’ਤੇ ਰੱਦ ਹੋਵੇਗਾ ਡਰਾਈਵਿੰਗ ਲਾਇਸੈਂਸ

ਨਵੀਂ ਦਿੱਲੀ, 27 ਫਰਵਰੀ (ਚ.ਨ.ਸ): ਕੇਂਦਰੀ ਸੜਕ ਆਵਾਜਾਈ ਤੇ ਰਾਜਮਾਰਗ ਮੰਤਰੀ ਨਿਤਿਨ ਗਡਕਰੀ ਨੇ ਸੜਕ ਹਾਦਸਿਆਂ ’ਚ ਹਰ ਸਾਲ ਹੋਣ ਵਾਲੀਆਂ ਲੱਖਾਂ ਮੌਤਾਂ ਨੂੰ ਰੋਕਣ ਲਈ ਸਰਕਾਰ ਦੀ ਨਵੀਂ ਰਣਨੀਤੀ ਦਾ ਖੁਲਾਸਾ ਕੀਤਾ ਹੈ। ਸੀਆਈਆਈ (ਭਾਰਤੀ ਉਦਯੋਗ ਸੰਘ) ਵੱਲੋਂ ਆਯੋਜਿਤ ਨੈਸ਼ਨਲ ਕਨਕਲੇਵ ਆਫ ਰੋਡ ਸੇਫਟੀ ’ਚ ਬੋਲਦਿਆਂ ਉਨ੍ਹਾਂ ਕਿਹਾ ਕਿ ਸੜਕ ਇੰਜੀਨੀਅਰਿੰਗ, ਆਟੋਮੋਬਾਈਲ ਇੰਜੀਨੀਅਰਿੰਗ ਤੇ ਸਖਤ ਕਾਨੂੰਨੀ ਨਿਯਮਾਂ ਰਾਹੀਂ ਲੋਕਾਂ ਦੀਆਂ ਜਾਨਾਂ ਬਚਾਉਣਾ ਸਰਕਾਰ ਦੀ ਸਰਵਉਚ ਤਰਜੀਹ ਹੈ। **12 ਗਲਤੀਆਂ ’ਤੇ ਲਾਇਸੈਂਸ ਹੋਵੇਗਾ ਰੱਦ:** ਸੜਕ ਸੁਰੱਖਿਆ ਨਿਯਮਾਂ ਨੂੰ ਸਖਤੀ ਨਾਲ ਲਾਗੂ ਕਰਨ ਲਈ ਹੁਣ ਡਰਾਈਵਿੰਗ ਲਾਇਸੈਂਸ ਲਈ ਗ੍ਰੇਡ ਪੁਆਇੰਟ ਸਿਸਟਮ ਲਿਆਂਦਾ ਜਾ ਰਿਹਾ ਹੈ। ਇਸ ਪ੍ਰਣਾਲੀ ਤਹਿਤ ਜਿਵੇਂ ਹੀ ਕੋਈ ਡਰਾਈਵਰ ਵਾਰ-ਵਾਰ ਗਲਤੀ ਕਰਕੇ 12 ਗ੍ਰੇਡ ਪੁਆਇੰਟਾਂ ’ਤੇ ਪਹੁੰਚੇਗਾ, ਉਸ ਦਾ ਲਾਇਸੈਂਸ ਮੁਅੱਤਲ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਸ਼ਰਾਬ ਪੀ ਕੇ ਗੱਡੀ ਚਲਾਉਣ ਵਾਲਿਆਂ ਵਿਰੁੱਧ ਸਖ਼ਤ ਰੁਖ ਅਪਣਾਉਂਦੇ ਹੋਏ, ਵਾਰ-ਵਾਰ ਅਜਿਹਾ ਕਰਨ ’ਤੇ ਲਾਇਸੈਂਸ ਪੱਕੇ ਤੌਰ ’ਤੇ ਰੱਦ ਕਰ ਦਿੱਤਾ ਜਾਵੇਗਾ। ਗਡਕਰੀ ਨੇ ਦੱਸਿਆ ਕਿ ਦੇਸ਼ ’ਚ ਹਰ ਸਾਲ ਲਗਭਗ 5 ਲੱਖ ਸੜਕ ਹਾਦਸੇ ਹੁੰਦੇ ਹਨ, ਜਿਨ੍ਹਾਂ ’ਚ 1.80 ਲੱਖ ਲੋਕਾਂ ਦੀ ਮੌਤ ਹੋ ਜਾਂਦੀ ਹੈ। ਚਿੰਤਾ ਵਾਲੀ ਗੱਲ ਇਹ ਹੈ ਕਿ ਇਨ੍ਹਾਂ ’ਚੋਂ 72 ਫੀਸਦੀ ਨੌਜਵਾਨ (18 ਤੋਂ 45 ਸਾਲ) ਹੁੰਦੇ ਹਨ। ਹਾਦਸਿਆਂ ਦੇ ਮੁੱਖ ਕਾਰਨਾਂ ’ਚ ਤੇਜ਼ ਰਫਤਾਰ (1.2 ਲੱਖ ਮੌਤਾਂ), ਹੈਲਮੇਟ ਨਾ ਪਹਿਨਣਾ (54,122 ਮੌਤਾਂ) ਤੇ ਸੀਟ ਬੈਲਟ ਦੀ ਵਰਤੋਂ ਨਾ ਕਰਨਾ (14,466 ਮੌਤਾਂ) ਸ਼ਾਮਲ ਹਨ। **ਰਾਹਵੀਰ ਯੋਜਨਾ:** ਹਾਦਸੇ ਦੇ ਸ਼ਿਕਾਰ ਵਿਅਕਤੀ ਨੂੰ ਹਸਪਤਾਲ ਪਹੁੰਚਾਉਣ ਵਾਲੇ ਵਿਅਕਤੀ ਨੂੰ 25,000 ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਅਜਿਹੇ ਵਿਅਕਤੀ ਨੂੰ ਕਿਸੇ ਵੀ ਕਾਨੂੰਨੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।ਗਡਕਰੀ ਅਨੁਸਾਰ ਹੁਣ ਕਿਫਾਇਤੀ ਕਾਰਾਂ ’ਚ ਵੀ 6 ਏਅਰਬੈਗ ਲਾਜ਼ਮੀ ਕੀਤੇ ਗਏ ਹਨ ਤੇ ਟਰੱਕ ਡਰਾਈਵਰਾਂ ਲਈ ਏਸੀ ਕੈਬਿਨ ਜ਼ਰੂਰੀ ਕਰ ਦਿੱਤੇ ਗਏ ਹਨ।



### ਪੋਸਕੋ ਕੇਸ ’ਚ ਫਸੇ ਸ਼ੰਕਰਾਚਾਰੀਆ ਦਾ ਵੱਡਾ ਦਾਅਵਾ

# ‘ਐਪਸਟੀਨ ਫਾਈਲਜ਼’ ਤੋਂ ਧਿਆਨ ਭਟਕਾਉਣ ਦੀ ਸਾਜਿਸ਼

ਵਾਰਾਨਸੀ, 27 ਫਰਵਰੀ (ਚ.ਨ.ਸ): ਸ਼ੰਕਰਾਚਾਰੀਆ ਸੁਆਮੀ ਅਵਿਮੁਕਤੇਸ਼ਵਰਾਨੰਦ ਖ਼ਿਲਾਫ ਜਿਨਸੀ ਸ਼ੋਸ਼ਣ ਮਾਮਲੇ ’ਚ ਬੱਚਿਆਂ ਦੀ ਮੈਡੀਕਲ ਰਿਪੋਰਟ ’ਚ ਜਿਨਸੀ ਸ਼ੋਸ਼ਣ ਦੀ ਪੁਸ਼ਟੀ ਹੋਈ ਹੈ। ਪੁਲਿਸ ਸੂਤਰਾਂ ਅਨੁਸਾਰ ਪੀੜਤ ਨਾਬਾਲਗਾਂ ਦਾ ਮੈਡੀਕਲ ਟੈਸਟ ਪ੍ਰਯਾਗਰਾਜ ਦੇ ਸਰਕਾਰੀ ਹਸਪਤਾਲ ’ਚ 2 ਡਾਕਟਰਾਂ ਦੇ ਪੈਨਲ ਵੱਲੋਂ ਕਰਵਾਇਆ ਗਿਆ। ਰਿਪੋਰਟ ਬੰਦ ਲਿਫ਼ਾਫ਼ੇ ’ਚ ਜਾਂਚ ਅਧਿਕਾਰੀ ਨੂੰ ਸੌਂਪ ਦਿੱਤੀ ਗਈ ਹੈ ਤੇ ਇਸ ਨੂੰ ਸ਼ੁੱਕਰਵਾਰ ਨੂੰ ਕੋਰਟ ’ਚ ਪੇਸ਼ ਕੀਤਾ ਜਾਵੇਗਾ।ਇੱਕ ਪੀੜਤ ਨਾਬਾਲਗ ਨੇ ਮੀਡੀਆ ਨੂੰ ਦੱਸਿਆ ਕਿ ਅਧਿਐਨ ਲਈ ਜਾਣ ’ਤੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਗਿਆ ਤੇ ਉਨ੍ਹਾਂ ਦੇ ਨਾਲ ਹੋਰ ਬੱਚਿਆਂ ਨਾਲ ਵੀ ਅਜਿਹਾ ਹੀ ਹੋਇਆ। ਉਨ੍ਹਾਂ ਦੋਸ਼ ਲਗਾਇਆ ਕਿ ਅਵਿਮੁਕਤੇਸ਼ਵਰਾਨੰਦ ਤੇ ਉਨ੍ਹਾਂ ਦੇ ਚੇਲੇ ਮੁਕੁੰਦਾਨੰਦ ਨੇ 16 ਜਨਵਰੀ ਨੂੰ ਮਾਘ ਮੇਲੇ ਦੌਰਾਨ ਬੱਚਿਆਂ ਦਾ ਸ਼ੋਸ਼ਣ ਕੀਤਾ। ਚੇਲੇ ਪ੍ਰਕਾਸ਼ ਤੇ ਅਰਵਿੰਦ ਬੱਚਿਆਂ ਨੂੰ ਬਾਹਰੋਂ ਲਿਆ ਕੇ ਸ਼ੋਸ਼ਣ ਕਰਵਾਉਂਦੇ ਸਨ। ਅਵਿਮੁਕਤੇਸ਼ਵਰਾਨੰਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਾਅਵਾ ਕੀਤਾ ਕਿ ਉਨ੍ਹਾਂ ਵਿਰੁੱਧ ਦਰਜ ਕੀਤਾ ਗਿਆ ਪੋਸਕੋ ਕੇਸ ਪੂਰੀ ਤਰ੍ਹਾਂ ਝੂਠਾ ਹੈ ਤੇ ਇਹ ਸਿਰਫ ਭਾਰਤ ’ਚ ਐਪਸਟੀਨ ਫਾਈਲਜ਼ ’ਤੇ ਚੱਲ ਰਹੀ ਵਿਸ਼ਵਵਿਆਪੀ ਚਰਚਾ ਤੋਂ ਜਨਤਾ ਦਾ ਧਿਆਨ ਭਟਕਾਉਣ ਲਈ ਕੀਤਾ ਗਿਆ ਹੈ। ਸ਼ੰਕਰਾਚਾਰੀਆ ਦੇ ਵਕੀਲ ਨੂੰ ਜਾਨੋਂ ਮਾਰਨ ਦੀ ਮਿਲੀ ਧਮਕੀ: ਸ਼ੰਕਰਾਚਾਰੀਆ ਦੇ ਵਕੀਲ ਨੂੰ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਉਨ੍ਹਾਂ ਦੇ ਮੋਬਾਈਲ ’ਤੇ ਬੁੱਧਵਾਰ ਦੇਰ ਰਾਤ ਮੈਸੇਜ ਆਇਆ, ਜਿਸ ’ਚ ਵਾਰਾਨਸੀ ਦੀ ਕਚਹਿਰੀ ਨੂੰ ਬੰਬ ਨਾਲ ਉਡਾ ਦੇਣ ਦੀ ਚਿਤਾਵਨੀ ਦਿੱਤੀ ਗਈ। ਪ੍ਰਯਾਗਰਾਜ ਪੁਲਿਸ ਫਿਲਹਾਲ ਵਾਰਾਨਸੀ ’ਚ ਤਾਇਨਾਤ ਹੈ। ਸ਼ੰਕਰਾਚਾਰੀਆ ਨੇ ਇਲਾਹਾਬਾਦ ਹਾਈ ਕੋਰਟ ’ਚ ਅਗਾਊਂ ਜ਼ਮਾਨਤ ਪਟੀਸ਼ਨ ਲਗਾਉਂਦੇ ਹੋਏ ਜੇਲ੍ਹ ’ਚ ਸੰਭਾਵੀ ਖਤਰੇ ਦਾ ਹਵਾਲਾ ਦਿੱਤਾ ਤੇ ਮੱਠ ਦੀ ਸੁਰੱਖਿਆ ਦਾ ਜ਼ਿਕਰ ਕੀਤਾ।



# ਜੇਕਰ ਪਿੰਡ ਰੰਗਲੇ ਬਣਨਗੇ ਤਾਂ ਹੀ ਬਣੇਗਾ ਸੂਬਾ ਰੰਗਲਾ ਪੰਜਾਬ: ਵਿਧਾਇਕ ਰਾਏ

### ☛ ਪਿਛਲੇ 50 ਸਾਲਾਂ ਤੋਂ ਲਟਕਿਆ ਰਸਤੇ ਦਾ ਕੰਮ ਪੂਰਾ ਹੋਇਆ

ਸ੍ਰੀ ਫਤਹਿਗੜ੍ਹ ਸਾਹਿਬ, 27 ਫਰਵਰੀ (ਨਰਿੰਦਰ ਸਿੰਘ): ਹਲਕਾ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਵੱਲੋਂ ਬਲਾਕ ਖੇੜਾ ਦੇ ਅਧੀਨ ਆਉਂਦੇ ਪਿੰਡ ਕੋਟਲਾ ਭਾਈ ਕਾ ਵਿਖੇ ਇੱਕ ਨਵੇਂ ਬਣੇ ਰਸਤੇ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਵਿਧਾਇਕ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਕਿ ਉਕਤ ਰਸਤਾ ਪਿਛਲੇ 50 ਸਾਲਾਂ ਤੋਂ ਨਹੀਂ ਬਣਿਆ ਸੀ, ਜਿਸ ਕਾਰਨ ਪਿੰਡ ਵਾਸੀਆਂ ਨੂੰ ਵੱਡੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਸੀ। ਨਵੀਂ ਬਣੀ ਗ੍ਰਾਮ ਪੰਚਾਇਤ ਵੱਲੋਂ ਉਕਤ ਰਸਤੇ ਦਾ ਕੰਮ ਪੂਰਾ ਕਰਵਾਇਆ ਗਿਆ ਹੈ, ਜਿਸ ਦੇ ਨਾਲ ਪਿੰਡ ਵਾਸੀਆਂ ਨੂੰ ਸੌਖ ਹੋਵੇਗੀ। ਇਸ ਪਾਸੇ ਸਕੂਲ, ਕਮਿਊਨਿਟੀ ਹਾਲ ਤੇ ਪਾਰਕ ਬਣੀ ਹੋਈ ਹੈ, ਉਥੇ ਵੀ ਆਉਣਾ ਜਾਣਾ ਸੌਖਾ ਹੋਵੇਗਾ। ਅਨੁਸੂਚਿਤ ਜਾਤੀ ਭਾਈਚਾਰਾ ਵੀ ਇਸ ਪਾਸੇ ਹੀ ਰਹਿੰਦਾ ਹੈ, ਉਨ੍ਹਾਂ ਨੂੰ ਵੀ ਆਉਣ ਜਾਣ ਦੇ ਵਿੱਚ ਆਸਾਨੀ ਹੋਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਦੇ ਵਿੱਚ ਹਲਕਾ ਫਤਹਿਗੜ੍ਹ ਸਾਹਿਬ ਦੇ ਵਿੱਚ ਵਿਕਾਸ ਕਾਰਜ ਨਿਰੰਤਰ ਜਾਰੀ ਹਨ। ਜਿੱਥੇ ਪਿੰਡਾਂ ਦੇ ਸਰਪੱਖੀ ਵਿਕਾਸ ਦੇ ਲਈ ਕਾਰਜ ਕਰਵਾਏ ਜਾ ਰਹੇ ਹਨ, ਉਥੇ ਹੀ ਸ਼ਹਿਰਾਂ ਦੇ ਨਾਲ ਸਬੰਧਤ ਬੁਨਿਆਦੀ ਸਹੂਲਤਾਂ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਜਦੋਂ ਸਾਡੇ ਪਿੰਡ ਰੰਗਲੇ ਬਣ ਜਾਣਗੇ ਉਦੋਂ ਹੀ ਸੂਬਾ ਰੰਗਲਾ ਪੰਜਾਬ ਬਣੇਗਾ। ਇਸ ਮੁਹਿੰਮ ਦੇ ਵਿੱਚ ਸਾਨੂੰ ਸਾਰਿਆਂ ਨੂੰ ਵੱਧ ਚੜ੍ਹ ਕੇ ਯੋਗਦਾਨ ਪਾਉਣਾ ਚਾਹੀਦਾ ਹੈ ਤਾਂ ਜੋ ਅਸੀਂ ਸੂਬੇ ਦੀ ਬਿਹਤਰੀ ਲਈ ਕੰਮ ਕਰ ਸਕੀਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਮੇਸ਼ ਪੂਨੀਆ, ਸਤੀਸ਼ ਲੁਟੌਰ, ਸਰਪੰਚ ਚਰਨਜੀਤ ਕੌਰ, ਨੰਬਰਦਾਰ ਰਾਜਦੀਪ ਸਿੰਘ, ਪੁਸ਼ਪਰਾਜ ਸਿੰਘ, ਰਮਨਦੀਪ ਸਿੰਘ, ਸਿਮਰਜੋਤ ਕੌਰ ਪੰਚ, ਸਵਰਨ ਸਿੰਘ ਪੰਚ, ਜੰਗ ਸਿੰਘ ਪੰਚ, ਰਜਿੰਦਰ ਸਿੰਘ ਪੰਚ, ਗੁਰਜੰਟ ਸਿੰਘ, ਸੁਰਿੰਦਰ ਸਿੰਘ ਆਦਿ ਵੀ ਹਾਜ਼ਰ ਸਨ।



### ਸਿਵਲ ਹਸਪਤਾਲ ’ਚ ਵੱਡੀ ਅਣਗਹਿਲੀ

# ਫਰੀਜ਼ਰ ’ਚ ਰੱਖੀ ਔਰਤ ਦੀ ਲਾਸ਼ ਹੋਈ ਖਰਾਬ

ਗੁਰਦਾਸਪੁਰ, 27 ਫਰਵਰੀ (ਚ.ਨ.ਸ): ਗੁਰਦਾਸਪੁਰ ਦੇ ਅਧੀਨ ਪੈਂਦੇ ਪਿੰਡ ਕੋਟ ਦੇ ਇੱਕ ਪਰਿਵਾਰ ਨਾਲ ਉਸ ਵੇਲੇ ਦੁੱਖਦਾਈ ਘਟਨਾ ਵਾਪਰੀ ਜਦੋਂ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਫਰੀਜ਼ਰ ਨਾ ਚੱਲਣ ਕਾਰਨ ਇੱਕ ਔਰਤ ਦੀ ਲਾਸ਼ ਖਰਾਬ ਹੋ ਗਈ। ਪਰਿਵਾਰ ਵੱਲੋਂ ਦੋ ਦਿਨ ਪਹਿਲਾਂ ਲਾਸ਼ ਫਰੀਜ਼ਰ ਵਿੱਚ ਇਸ ਲਈ ਰੱਖਵਾਈ ਗਈ ਸੀ ਕਿਉਂਕਿ ਬੱਚੇ ਵਿਦੇਸ਼ ਵਿੱਚ ਰਹਿੰਦੇ ਹਨ ਤੇ ਉਨ੍ਹਾਂ ਦੇ ਆਉਣ ਦੀ ਉਡੀਕ ਕੀਤੀ ਜਾ ਰਹੀ ਸੀ। ਮ੍ਰਿਤਕਾ ਦੇ ਪਤੀ ਗੁਰਮੁੱਖ ਸਿੰਘ ਵਾਸੀ ਪਿੰਡ ਕੋਟ ਨੇ ਦੱਸਿਆ ਕਿ ਉਸ ਦੀ ਪਤਨੀ ਦਾ ਦੇਹਾਂਤ ਹੋ ਗਿਆ ਸੀ। ਬੱਚੇ ਵਿਦੇਸ਼ ਵਿੱਚ ਹੋਣ ਕਰਕੇ ਉਨ੍ਹਾਂ ਨੇ ਲਾਸ਼ ਨੂੰ ਸਿਵਲ ਹਸਪਤਾਲ ਗੁਰਦਾਸਪੁਰ ਦੇ ਮੁਰਦਾਘਰ ਵਿੱਚ ਫਰੀਜ਼ਰ ’ਚ ਰੱਖਵਾ ਦਿੱਤਾ ਸੀ। ਉਨ੍ਹਾਂ ਅਨੁਸਾਰ ਜਦੋਂ ਅੱਜ ਦੋ ਦਿਨ ਬਾਅਦ ਪਰਿਵਾਰ ਲਾਸ਼ ਲੈਣ ਲਈ ਹਸਪਤਾਲ ਪਹੁੰਚਿਆ ਤਾਂ ਪਤਾ ਲੱਗਾ ਕਿ ਫਰੀਜ਼ਰ ਠੀਕ ਤਰ੍ਹਾਂ ਕੰਮ ਨਹੀਂ ਕਰ ਰਿਹਾ ਸੀ ਤੇ ਲਾਸ਼ ਖਰਾਬ ਹੋ ਚੁੱਕੀ ਸੀ। ਸੂਤਰਾਂ ਮੁਤਾਬਿਕ ਪੰਜਾਬ ਪੁਲਿਸ ਵੱਲੋਂ ਐਨਕਾਊਂਟਰ ਕੀਤੇ ਰਣਜੀਤ ਸਿੰਘ ਦੀ ਲਾਸ਼ ਵੀ ਉਸੇ ਫਰੀਜ਼ ਦੇ ਅੰਦਰ ਸੀ, ਪਰ ਡੈਡ ਬਾਡੀ ਨੂੰ ਅਜੇ ਇੱਕ ਦਿਨ ਹੀ ਹੋਇਆ ਸੀ, ਜਿਸ ਕਾਰਨ ਰਣਜੀਤ ਦੀ ਡੈਡ ਬਾਡੀ ਨੂੰ ਕੁਝ ਨਹੀਂ ਹੋਇਆ। ਇਸ ’ਤੇ ਮਹਿਲਾ ਦੇ ਪਰਿਵਾਰ ਨੇ ਰੋਸ ਪ੍ਰਗਟ ਕੀਤਾ ਤੇ ਹਸਪਤਾਲ ਪ੍ਰਸ਼ਾਸਨ ਦੀ ਅਣਗਹਿਲੀ ਦੱਸਦਿਆਂ ਕਾਰਵਾਈ ਦੀ ਮੰਗ ਕੀਤੀ। ਗੁਰਮੁੱਖ ਸਿੰਘ ਨੇ ਇਹ ਵੀ ਦੱਸਿਆ ਕਿ ਜਦੋਂ ਲਾਸ਼ ਫਰੀਜ਼ਰ ਵਿੱਚ ਰੱਖੀ ਗਈ ਸੀ ਤਾਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੇ ਭਰੋਸਾ ਦਿੱਤਾ ਸੀ ਕਿ ਫਰੀਜ਼ਰ ਬਿਲਕੁਲ ਠੀਕ ਹੈ। ਪਰ ਹੁਣ ਸਾਹਮਣੇ ਆਇਆ ਹੈ ਕਿ ਟੈਕਨੀਕਲ ਖਰਾਬੀ ਕਾਰਨ ਕੂਲਿੰਗ ਨਹੀਂ ਹੋਈ, ਜਿਸ ਨਾਲ ਲਾਸ਼ ਖਰਾਬ ਹੋ ਗਈ। ਇਸ ਮਾਮਲੇ ਸਬੰਧੀ ਮੌਕੇ ’ਤੇ ਪਹੁੰਚੇ ਡਾ. ਸੁਖਦੀਪ ਸਿੰਘ ਨੇ ਦੱਸਿਆ ਕਿ ਫਰੀਜ਼ਰ ਵਿੱਚ ਟੈਕਨੀਕਲ ਖਰਾਬੀ ਆ ਗਈ ਸੀ। ਬਾਹਰੋਂ ਮਸ਼ੀਨ ਚਾਲੂ ਦਿਖਾਈ ਦੇ ਰਹੀ ਸੀ, ਪਰ ਅੰਦਰੂਨੀ ਤਕਨੀਕੀ ਖਰਾਬੀ ਕਾਰਨ ਠੰਡਕ ਨਹੀਂ ਬਣ ਸਕੀ। ਉਨ੍ਹਾਂ ਕਿਹਾ ਕਿ ਜੇਕਰ ਜਾਂਚ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਸਾਹਮਣੇ ਆਉਂਦੀ ਹੈ ਤਾਂ ਸਬੰਧਤ ਵਿਅਕਤੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ। ਫਿਲਹਾਲ ਪਰਿਵਾਰ ਇਨਸਾਫ਼ ਦੀ ਮੰਗ ਕਰ ਰਿਹਾ ਹੈ ਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।



# ਪੰਜ ਪਿਸਤੌਲਾਂ ਸਮੇਤ ਦੋ ਦੋਸ਼ੀ ਕਾਬੂ



ਮੋਗਾ, 27 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਮੋਗਾ ਪੁਲਿਸ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਦੋ ਦੋਸ਼ੀ ਜੋ ਕਿ ਤਰਨਤਾਰਨ ਦੇ ਰਹਿਣ ਵਾਲੇ ਸਨ, ਜਿਨ੍ਹਾਂ ਦਾ ਨਾਮ ਲਖਵਿੰਦਰ ਸਿੰਘ ਤੇ ਨਿਸ਼ਾਨ ਸਿੰਘ ਹੈ। ਇਹ ਆਪ੍ਰੇਸ਼ਨ ਸੀਆਈਏ ਸਟਾਫ ਦੀ ਮਦਦ ਨਾਲ ਕੀਤਾ ਗਿਆ, ਇਨ੍ਹਾਂ ਦੋਸ਼ੀਆਂ ਦੇ ਕੋਲੋਂ ਪੰਜ ਰਿਵਾਲਵਰ ਬ੍ਰਾਮਦ ਕੀਤੇ ਗਏ, ਪ੍ਰੈਸ ਨਾਲ ਗੱਲਬਾਤ ਕਰਦਿਆਂ ਮੋਗਾ ਦੇ ਐਸਐਸਪੀ ਅਜੇ ਗਾਂਧੀ ਨੇ ਦੱਸਿਆ ਕਿ ਇਨ੍ਹਾਂ ਬੰਦਿਆਂ ਦੇ ਲਿੰਕ ਪਾਕਿਸਤਾਨ ਨਾਲ ਜੁੜੇ ਹੋਏ ਹਨ। ਇਹ ਪਾਕਿਸਤਾਨ ਤੋਂ ਹਥਿਆਰ ਲੈ ਕੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਵਿੱਚ ਸਪਲਾਈ ਕਰਦੇ ਆ ਰਹੇ ਹਨ, ਇਸ ਤੋਂ ਪਹਿਲਾਂ ਇਨ੍ਹਾਂ ਨੇ ਤਿੰਨ ਤੋਂ ਚਾਰ ਵਾਰ ਹਥਿਆਰ ਸਪਲਾਈ ਕਰ ਚੁੱਕੇ ਹਨ, ਇਹ ਲੋਕ ਪਾਕਿਸਤਾਨ ਤੋਂ ਡਰੋਨ ਰਾਹੀਂ ਹਥਿਆਰ ਮੰਗਵਾਉਂਦੇ ਹਨ ਤੇ ਅੱਗੇ ਸਪਲਾਈ ਕਰਦੇ ਹਨ। ਅੱਜ ਵੀ ਇਹ ਮੋਗਾ ਜਲੰਧਰ ਬਾਈਪਾਸ ਉੱਤੇ ਹਥਿਆਰ ਸਪਲਾਈ ਕਰਨ ਆਏ ਸਨ ਪਰ ਸਾਡੀ ਸੀਆਈਏ ਸਟਾਫ ਨੂੰ ਪਤਾ ਲੱਗਾ ਕਿ ਇਹ ਲੋਕ ਹਥਿਆਰ ਸਪਲਾਈ ਕਰਨ ਆਏ ਹਨ ਤਾਂ ਸਾਡੇ ਮੁਲਾਜ਼ਮਾਂ ਨੇ ਇਨ੍ਹਾਂ ਨੂੰ ਫੜਿਆ ਤੇ ਇਨ੍ਹਾਂ ਕੋਲੋਂ ਪੰਜ ਰਿਵਾਲਵਰ ਬ੍ਰਾਮਦ ਕੀਤੇ ਗਏ। ਅੱਜ ਮਾਣਯੋਗ ਅਦਾਲਤ ਵਿੱਚ ਇਨ੍ਹਾਂ ਦਾ ਰਿਮਾਂਡ ਲਿਆ ਜਾਵੇਗਾ ਤੇ ਪੁੱਛਗਿੱਛ ਕੀਤੀ ਜਾਵੇਗੀ ਕਿ ਪਾਕਿਸਤਾਨ ਵਿੱਚ ਕਿਸ ਨਾਲ ਇਨ੍ਹਾਂ ਦੇ ਸਬੰਧ ਹਨ ਤੇ ਹੋਰ ਵੀ ਬਹੁਤ ਕੁਝ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਨੇ ਜਲ ਅਰਪਣ ਦਿਵਸ ਮਨਾਇਆ



ਫਾਜ਼ਿਲਕਾ, 27 ਫਰਵਰੀ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪਿੰਡ ਕਿੱਕਰ ਵਾਲਾ ਰੂਪਾ, ਬਲਾਕ ਤੇ ਜ਼ਿਲ੍ਹਾ ਫਾਜ਼ਿਲਕਾ ਵਿੱਚ ਜਲ ਅਰਪਣ ਦਿਵਸ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਐਕਸੀਅਨ ਸੁਰਮੁਖ ਸਿੰਘ ਵੱਲੋਂ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੀਣ ਵਾਲੇ ਪਾਣੀ ਦੀ ਸੰਭਾਲ ਤੇ ਬੱਚਤ ਅੱਜ ਦੇ ਸਮੇਂ ਦੀ ਵੱਡੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਸਲਾਹ ਦਿੱਤੀ ਕਿ ਪਾਣੀ ਦੀ ਬੇਕਾਰ ਬਰਬਾਦੀ ਰੋਕੀ ਜਾਵੇ ਤੇ ਸਿਹਤਮੰਦ ਜੀਵਨ ਲਈ ਸ਼ੁੱਧ ਪਾਣੀ ਦੀ ਮਹੱਤਤਾ ਨੂੰ ਸਮਝਿਆ ਜਾਵੇ। ਪਿੰਡ ਵਾਸੀਆਂ ਨੂੰ ਪਾਣੀ ਦੀ ਬੱਚਤ, ਸਹੀ ਵਰਤੋਂ ਤੇ ਸੰਭਾਲ ਬਾਰੇ ਜਾਗਰੂਕ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਤੇ ਜੀਪੀਡਬਲਿਊਐਸਸੀ ਵੱਲੋਂ ਯੋਜਨਾ ਦੇ ਸੰਖੇਪ ’ਤੇ ਚਰਚਾ ਕੀਤੀ ਗਈ।ਮਨੀਸ਼ ਕੁਮਾਰ ਐਸਡੀਈ, ਪੂਨਮ ਆਈਈਸੀ ਸਪੈਸ਼ਲਿਸਟ ਤੇ ਸ਼ਿਮਲਾ ਰਾਣੀ, ਮਨਜੀਤ ਸਿੰਘ ਤੇ ਸੋਹਣ ਸਿੰਘ ਸਾਰੇ ਬੀਆਰਸੀਜ਼ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ। ਜੀਪੀਡਬਲਿਊਐਸਸੀ ਪਿੰਡ ਕਿੱਕਰ ਵਾਲਾ ਰੂਪਾ ਦੇ ਚੇਅਰਮੈਨ, ਜੀਪੀਡਬਲਿਊਐਸਸੀ ਮੈਂਬਰ ਤੇ ਪਿੰਡ ਦੀ ਗ੍ਰਾਮ ਪੰਚਾਇਤ ਵੀ ਜਲ ਅਰਪਣ ਦਿਵਸ ਸਮਾਗਮ ਵਿੱਚ ਮੌਜੂਦ ਸਨ।

# ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਚਨਾਰਥਲ ਵੱਲੋਂ ਨਵੇਂ ਹਲਕਾ ਇੰਚਾਰਜ ਬਲਜੀਤ ਭੁੱਟਾ ਦੀ ਸਿਫਾਰਿਸ਼ ’ਤੇ ਸਰਕਲ ਪ੍ਰਧਾਨਾਂ ਦੀ ਲਿਸਟ ਜਾਰੀ

ਸ੍ਰੀ ਫ਼ਤਹਿਗੜ੍ਹ ਸਾਹਿਬ, 27 ਫਰਵਰੀ (ਹਰਪ੍ਰੀਤ ਕੌਰ ਟਿਵਾਣਾ): ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਹੋਰ ਮਜ਼ਬੂਤ ਕਰਨ ਦੇ ਇਰਾਦੇ ਨਾਲ ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਨੇ ਨਵ-ਨਿਯੁਕਤ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਦੀ ਸਿਫਾਰਿਸ਼ ’ਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨਾਂ ਦੀ ਲਿਸਟ ਜਾਰੀ ਕੀਤੀ ਹੈ। ਸਰਕਲ ਪ੍ਰਧਾਨਾਂ ਦੀ ਜਾਰੀ ਕੀਤੀ ਲਿਸਟ ਮੁਤਾਬਕ ਸਰਕਲ ਬਡਾਲੀ ਆਲਾ ਸਿੰਘ ਤੋਂ ਸਰਵਜੀਤ ਸਿੰਘ ਡੰਘੇੜੀਆਂ, ਸਰਕਲ ਨਬੀਪੁਰ ਲਈ ਪਲਵਿੰਦਰ ਸਿੰਘ ਨਬੀਪੁਰ, ਖੇੜਾ ਸਰਕਲ ਤੋਂ ਸੁਖਵਿੰਦਰ ਸਿੰਘ ਬਰਾਸ, ਫਿਰੋਜ਼ਪੁਰ ਸਰਕਲ ਤੋਂ ਹਰਜਿੰਦਰ ਸਿੰਘ ਜੰਡਾਲੀ, ਹੱਲੋਤਾਲੀ ਸਰਕਲ ਤੋਂ ਜਗਤਾਰ ਸਿੰਘ ਗੁਣੀਆਂ ਮਾਜਰਾ, ਮੰਡੋਫਲ ਸਰਕਲ ਤੋਂ ਨਵਰੀਤ ਸਿੰਘ ਕੋਟਲਾ ਭਾਈ ਕਾ, ਬਧੋਛੀ ਕਲਾਂ ਸਰਕਲ ਤੋਂ ਜਗਦੀਪ ਸਿੰਘ ਹੁਸੈਨਪੁਰਾ, ਚਨਾਰਥਲ ਕਲਾਂ ਸਰਕਲ ਤੋਂ ਲਖਵੀਰ ਸਿੰਘ ਸਰਾਣਾ, ਭਮਾਰਸੀ ਸਰਕਲ ਤੋਂ ਰਵਿੰਦਰ ਸਿੰਘ ਜੱਲਾ, ਮੂਲੇਪੁਰ ਸਰਕਲ ਤੋਂ ਸੁਖਦੀਪ ਸਿੰਘ ਬਹਿਲੋਲਪੁਰ ਨੂੰ ਸਰਕਲ ਪ੍ਰਧਾਨ ਲਗਾਇਆ ਗਿਆ ਹੈ। ਇਸ ਸਬੰਧੀ ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ ਤੇ ਹਲਕਾ ਇੰਚਾਰਜ ਬਲਜੀਤ ਸਿੰਘ ਭੁੱਟਾ ਨੇ ਕਿਹਾ ਕਿ ਨਵੇਂ ਚੁਣੇ ਸਰਕਲ ਪ੍ਰਧਾਨ ਪਾਰਟੀ ਦਾ ਏਜੰਡਾ ਘਰ-ਘਰ ਲੈ ਕੇ ਜਾਣਗੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਹੇਠਲੇ ਪੱਧਰ ਤੱਕ ਲੋਕਾਂ ਨੂੰ ਜਾ ਕੇ ਦੱਸਣਗੇ।ਇਸ ਮੌਕੇ ਦਵਿੰਦਰ ਸਿੰਘ ਬਹਿਲੋਲਪੁਰ ਸਾਬਕਾ ਚੇਅਰਮੈਨ ਬਲਾਕ ਸੰਮਤੀ ਸਰਹਿੰਦ ਬਲਜਿੰਦਰ ਸਿੰਘ ਬਰਾਸ ਮੈਂਬਰ ਬਲਾਕ ਸੰਮਤੀ ਕਰਮਜੀਤ ਸਿੰਘ ਜੱਲਾ ਗੁਰਜੀਤ ਸਿੰਘ ਸਾਨੀਪੁਰ ਐਡਵੋਕੇਟ ਅਮਨਦੀਪ ਸਿੰਘ ਚੀਮਾ ਜਰਨੈਲ ਸਿੰਘ ਸਾਨੀਪੁਰ ਬਾਬਾ ਲਖਵਿੰਦਰ ਸਿੰਘ ਜਲਵੇੜੀ ਧੂੰਮੀ ਰਮਨ ਖਰੌਡ ਨਾਲੀਨਾ ਹਰਕੋਮਲ ਹੁੰਦਲ ਹਰਿੰਦਰ ਸਿੰਘ ਨੰਬਰਦਾਰ ਦੁਵਾਲੀ ਬਲਵਿੰਦਰ ਸਿੰਘ ਬਰਾਸ ਅਵਤਾਰ ਸਿੰਘ ਬਰਾਸ ਹਰਪ੍ਰੀਤ ਸਿੰਘ ਗੁਣੀਆ ਮਾਜਰਾ ਮਨਪ੍ਰੀਤ ਸਿੰਘ ਸ਼ਾਹਪੁਰ ਮਨਜੀਤ ਸਿੰਘ ਮਾਨ ਖਾਨਪੁਰ ਹਾਜ਼ਰ ਸਨ।



# ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ 14 ਮਾਰਚ ਨੂੰ ਹੋਣ ਵਾਲੀ ਰੈਲੀ ਇਤਿਹਾਸਕ ਹੋਵੇਗੀ: ਰਾਹੁਲ ਗਰਗ

ਮੋਗਾ, 27 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): 14 ਮਾਰਚ ਨੂੰ ਮੋਗਾ ਜ਼ਿਲ੍ਹੇ ਦੇ ਪਿੰਡ ਕਿਲੀ ਚਾਹਲਾ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਵਿੱਚ ਹੋਣ ਵਾਲੀ ਭਾਜਪਾ ਦੀ ਰੈਲੀ ਇਤਿਹਾਸਕ ਹੋਵੇਗੀ। ਭਾਜਪਾ ਵਰਕਰਾਂ ਤੇ ਪਾਰਟੀ ਵਰਕਰਾਂ ਵਿੱਚ ਰੈਲੀ ਲਈ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਭਾਜਪਾ ਦੇ ਜਨਰਲ ਸਕੱਤਰ ਰਾਹੁਲ ਗਰਗ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਦਾ ਉਦੇਸ਼ ਸਿਰਫ਼ ਇੱਕ ਰਾਜਨੀਤਿਕ ਰੈਲੀ ਕਰਨਾ ਨਹੀਂ ਹੈ, ਸਗੋਂ ਪੰਜਾਬ ਦੀਆਂ ਗੰਭੀਰ ਸਮੱਸਿਆਵਾਂ ਦੇ ਹੱਲ ਲਈ ਇੱਕ ਸਪੱਸ਼ਟ ਰੋਡਮੈਪ ਪੇਸ਼ ਕਰਨਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਮੰਨਣਾ ਹੈ ਕਿ ਮਜ਼ਬੂਤ ਲੀਡਰਸ਼ਿਪ ਤੇ ਸਪੱਸ਼ਟ ਨੀਤੀਆਂ ਰਾਹੀਂ ਹੀ ਸੂਬੇ ਨੂੰ ਨਸ਼ਾ ਮੁਕਤ, ਅਪਰਾਧ ਮੁਕਤ ਤੇ ਵਿਕਾਸ ਵੱਲ ਵਧਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਜਿਨ੍ਹਾਂ ਸੂਬਿਆਂ ਵਿੱਚ ਭਾਜਪਾ ਦੀਆਂ ਸਰਕਾਰਾਂ ਸੱਤਾ ਵਿੱਚ ਹਨ, ਉੱਥੇ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਈ ਹੈ, ਬੁਨਿਆਦੀ ਢਾਂਚੇ ਦਾ ਵਿਸਥਾਰ ਹੋਇਆ ਹੈ, ਨਿਵੇਸ਼ ਵਧਿਆ ਹੈ ਤੇ ਕਾਨੂੰਨ ਵਿਵਸਥਾ ਵਿੱਚ ਸੁਧਾਰ ਹੋਇਆ ਹੈ। ਇਸ ਦੇ ਉਲਟ, ਦੂਜੀਆਂ ਪਾਰਟੀਆਂ ਦੁਆਰਾ ਸ਼ਾਸਿਤ ਸੂਬਿਆਂ ਵਿੱਚ ਅਪਰਾਧ, ਕਰਜ਼ਾ ਤੇ ਹਫੜਾ-ਦਫੜੀ ਫੈਲੀ ਹੋਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਇਸ ਸਮੇਂ ਕਈ ਗੰਭੀਰ ਸਮੱਸਿਆਵਾਂ ਨਾਲ ਜੂਝ ਰਿਹਾ ਹੈ। ਸੂਬੇ ਵਿੱਚ ਨਸ਼ਾਖੋਰੀ, ਗੈਂਗਸਟਰਵਾਦ ਤੇ ਬੇਰੁਜ਼ਗਾਰੀ ਫੈਲੀ ਹੋਈ ਹੈ, ਜਦੋਂ ਕਿ ਕਿਸਾਨ ਆਰਥਿਕ ਸੰਕਟ ਤੇ ਕਰਜ਼ੇ ਵਿੱਚ ਫਸੇ ਹੋਏ ਹਨ। ਕਾਨੂੰਨ ਵਿਵਸਥਾ ਦੀ ਸਥਿਤੀ ਚਿੰਤਾਜਨਕ ਹੈ। ਉਨ੍ਹਾਂ ਇਹ ਕਹਿ ਕੇ ਸਮਾਪਤ ਕੀਤਾ ਕਿ ਮੋਗਾ ਦੇ ਪਿੰਡ ਕਿਲੀ ਚਾਹਲਾ ਵਿੱਚ ਭਾਜਪਾ ਦੀ ਰੈਲੀ ਸਿਰਫ਼ ਇੱਕ ਰਾਜਨੀਤਿਕ ਸਮਾਗਮ ਨਹੀਂ ਹੋਵੇਗੀ, ਸਗੋਂ ਪੰਜਾਬ ਦੇ ਭਵਿੱਖ ਲਈ ਵਧੀਆ ਸਾਬਤ ਹੋਵੇਗੀ।



# ਸਰਕਾਰੀ ਕਾਲਜ ਮਹੈਣ ਵਿਖੇ ਜਾਗਰੂਕ ਸੈਮੀਨਾਰ ਕਰਵਾਇਆ

ਸ੍ਰੀ ਅਨੰਦਪੁਰ ਸਾਹਿਬ, 27 ਫਰਵਰੀ (ਹਰਪ੍ਰੀਤ ਸਿੰਘ/ਤਰਲੋਚਨ ਸਿੰਘ): ਇੱਥੋਂ ਦੇ ਨੇੜਲੇ ਪਿੰਡ ਮਹੈਣ ਵਿਖੇ ਚੱਲ ਰਹੇ ਸਰਕਾਰੀ ਕਾਲਜ ਦੇ ਪ੍ਰਿੰਸੀਪਲ ਵਿਨੀਤਾ ਅਨੰਦ ਦੀ ਅਗਵਾਈ ਅਧੀਨ ਪੰਜਾਬ ਸਰਕਾਰ ਦੀ ਨੈਸ਼ਨਲ ਟਾਸਕ ਫੋਰਸ ਮੁਹਿੰਮ ਤਹਿਤ ਆਤਮ ਹੱਤਿਆ ਦੀ ਵੱਧਦੀ ਹੋਈ ਪ੍ਰਵਿਰਤੀ ਵਿਰੁੱਧ ਜਾਗਰੂਕ ਸੈਮੀਨਾਰ ਕਰਵਾਇਆ ਗਿਆ। ਪ੍ਰੋ. ਵਿਪਨ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਸੈਮੀਨਾਰ ਵਿਚ ਪਹਿਲੇ ਸਥਾਨ ’ਤੇ ਆਉਣ ਵਾਲੀ ਬੀ.ਏ ਭਾਗ ਤੀਜਾ ਦੀ ਨਾਜੀਆ ਤੇ ਜੋਤੀ ਨੇ ਕਿਹਾ ਕਿ ਆਤਮ ਹੱਤਿਆ ਦਾ ਕਲੰਕ ਮਾਨਵੀ ਸਮਾਜ ਦਾ ਸਭ ਤੋਂ ਭਿਆਨਕ ਦੁੱਖ ਹੈ। ਦੇਸ਼ ਭਰ ਵਿੱਚ ਤੰਦਰੁਸਤ ਮਾਨਸਿਕ ਸਿਹਤ ਦੀ ਘਾਟ ਕਾਰਨ ਪ੍ਰਤੀ ਸਾਲ 13892 ਵਿਦਿਆਰਥੀ ਤੇ 28 ਕਿਸਾਨ ਆਤਮ ਹੱਤਿਆ ਕਰ ਰਹੇ ਹਨ। ਸੰਨ 1995 ਤੋਂ ਲੈ ਕੇ 2019 ਤੱਕ 1.7 ਲੱਖ ਵਿਦਿਆਰਥੀਆਂ ਨੇ, ਸੰਨ 1995 ਤੋਂ 2023 ਤੱਕ 3.9 ਲੱਖ ਕਿਸਾਨਾਂ ਨੇ ਤੇ ਪਿਛਲੇ ਪੰਜ ਸਾਲਾਂ ਵਿੱਚ 819 ਸੁਰੱਖਿਆ ਬਲਾਂ ਦੇ ਜਵਾਨਾਂ ਨੇ ਆਤਮ ਹੱਤਿਆ ਕੀਤੀ ਹੈ। ਰਾਸ਼ਟਰੀ ਅਪਰਾਧ ਰਿਕਾਰਡ ਬਿਊਰੋ ਅਨੁਸਾਰ ਦੇਸ਼ ਭਰ ’ਚ ਸਾਲਾਨਾ 1 ਲੱਖ ਤੋਂ ਵੱਧ ਮਰਦ ਤੇ 45 ਹਜ਼ਾਰ ਤੋਂ ਵੱਧ ਔਰਤਾਂ ਆਤਮ ਹੱਤਿਆ ਕਰ ਲੈਂਦੇ ਹਨ। ਦੂਜੇ ਨੰਬਰ ’ਤੇ ਆਉਣ ਵਾਲੀ ਵਾਲੀ ਬੀ.ਏ ਭਾਗ ਦੂਜਾ ਦੀ ਸਿਖਾ ਰਾਣੀ ਤੇ ਅਨੂੰ ਦੇਵੀ ਨੇ ਕਿਹਾ ਕਿ ਆਤਮ ਹੱਤਿਆ ਜੀਵਨ ਦੀਆਂ ਸਮੱਸਿਆਵਾਂ ਦਾ ਕੋਈ ਹੱਲ ਨਹੀਂ ਹੈ। ਆਤਮ ਹੱਤਿਆ ਕਰਨ ਵਾਲੇ ਦੇ ਪਰਿਵਾਰ ਨੂੰ ਉਸ ਤੋਂ ਬਾਅਦ ਉਸ ਦੀਆਂ ਸਮੱਸਿਆਵਾਂ ਨਾਲੋਂ 100 ਗੁਣਾ ਵੱਧ ਸਾਹਮਣਾ ਕਰਨਾ ਪੈਂਦਾ ਹੈ ਤੇ ਜੀਵਨ ਭਰ ਉਸਦੀ ਆਤਮਾ ਹੱਤਿਆ ਦੇ ਕਲੰਕ ਦੇ ਦੁੱਖ ਨੂੰ ਸਹਿਣ ਕਰਨਾ ਪੈਂਦਾ ਹੈ। ਮਾਨਵੀ ਜੀਵਨ ਬਹੁਕੀਮਤੀ ਹੈ, ਜੀਵਨ ਦੀਆਂ ਸਮੱਸਿਆਵਾਂ, ਦੁੱਖ ਤੇ ਤਣਾਅ ਜੀਵਨ ਤੋਂ ਕਦੇ ਵੀ ਵੱਡੇ ਨਹੀਂ ਹੋ ਸਕਦੇ ਤੇ ਤੰਦਰੁਸਤ ਮਾਨਸਿਕ ਸਿਹਤ, ਸਧਾਰਨ ਜੀਵਨ ਤੇ ਉਚੀ ਸੋਚ ਰੱਖਦੇ ਹੋਏ ਤੇ ਉਚੀਆਂ ਇੱਛਾਵਾਂ ’ਤੇ ਕਾਬੂ ਰੱਖ ਕੇ ਜੀਵਨ ਨੂੰ ਖੂਬਸੂਰਤ ਬਣਾਇਆ ਜਾ ਸਕਦਾ ਹੈ। ਇਸ ਮੌਕੇ ਪ੍ਰੋ. ਸਰਨਦੀਪ ਨੇ ਕਿਹਾ ਕਿ ਆਤਮ ਹੱਤਿਆ ਇੱਕ ਗੰਭੀਰ ਬੁਰਾਈ ਹੈ ਤੇ ਆਤਮ ਹੱਤਿਆ ਦੀ ਸੋਚ ਦੀ ਬੁਰਾਈ ਨੂੰ ਖਤਮ ਕਰਨ ਲਈ ਅੱਜ ਸਮਾਜ ਦੇ ਹਰ ਨਾਗਰਿਕ ਨੂੰ ਅੱਗੇ ਆਉਣ ਦੀ ਮੌਲਿਕ ਲੋੜ ਹੈ।



# ਸਰਕਾਰੀ ਸਕੂਲਾਂ ਦੀਆਂ 217 ਲੜਕੀਆਂ ਨੂੰ ਟਰੈਕ ਸੂਟ ਤੇ ਬੂਟ ਵੰਡੇ



ਫਿਰੋਜ਼ਪੁਰ, 27 ਫਰਵਰੀ (ਤਿਵਾੜੀ): ਸਰਕਾਰੀ ਸਕੂਲਾਂ ਵਿੱਚ ਖੇਡਾਂ ਨੂੰ ਉਤਸ਼ਾਹਿਤ ਕਰਨ ਸਬੰਧੀ ਪ੍ਰੋਗਰਾਮ ਤਹਿਤ ਅੱਜ ਸਰਕਾਰੀ ਹਾਈ ਸਕੂਲ ਝੋਕ ਹਰੀ ਹਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਂਦੇ ਹਾਸ਼ਮ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਗੇ ਕੇ ਪਿੱਪਲ ਵਿੱਚ ਇੰਡੀਅਨ ਰੇਲਵੇ ਫਾਇਨਾਂਸ ਕਾਰਪੋਰੇਸ਼ਨ ਦੇ ਸੀਐਸਆਰ ਉਪਰਾਲੇ ਤੇ ਵੀਰ ਇੰਦਰਾ ਸੋਸ਼ਲ ਗਰੁੱਪ ਸੁਸਾਇਟੀ ਦੇ ਸਹਿਯੋਗ ਨਾਲ ਤਿੰਨਾਂ ਸਕੂਲਾਂ ਦੀਆਂ ਲੜਕੀਆਂ ਦੀਆਂ 217 ਲੜਕੀਆਂ ਨੂੰ ਟਰੈਕ ਸੂਟ ਤੇ ਬੂਟ ਵੰਡੇ ਗਏ। ਇਸ ਉਪਰਾਲੇ ਤਹਿਤ ਫਿਊਚਰ ਓਨ ਟਰੈਕ ਮੁਹਿੰਮ ਅਧੀਨ ਲੜਕੀਆਂ ਲਈ ਟਰੈਕ ਸੂਟ, ਟੀ-ਸ਼ਰਟਾਂ ਤੇ ਬੂਟ ਵੰਡੇ ਗਏ। ਇਹ ਉਪਰਾਲਾ ਫਿੱਟ ਗਰਲ ਫਿੱਟ ਇੰਡੀਆ ਦੇ ਸੰਦੇਸ਼ ਨੂੰ ਅੱਗੇ ਵਧਾਉਣ ਲਈ ਕੀਤਾ ਗਿਆ। ਇਸ ਮੌਕੇ ’ਤੇ ਡੀ.ਈ.ਓ (ਸੈਕੰਡਰੀ ਐਜੂਕੇਸ਼ਨ) ਮੁਨੀਲਾ ਅਰੋੜਾ ਤੇ ਡਿਪਟੀ ਡੀ.ਈ.ਓ (ਸੈਕੰਡਰੀ ਐਜੂਕੇਸ਼ਨ) ਡਾ. ਸਤਿੰਦਰ ਸਿੰਘ ਇੰਡੀਅਨ ਰੇਲਵੇ ਫਾਇਨਾਂਸ ਕਾਰਪੋਰੇਸ਼ਨ ਦੇ ਅਧਿਕਾਰੀ ਉਤਪਲ ਮਜੂਮਦਾਰ ਨਾਲ ਤਿੰਨੋਂ ਸਕੂਲਾਂ ਵਿੱਚ ਗਏ ਤੇ ਬੱਚਿਆਂ ਨੂੰ ਖੇਡਾਂ ਨਾਲ ਜੁੜਨ ਤੇ ਆਪਣੇ ਆਪ ਨੂੰ ਸਿਹਤਮੰਦ ਰੱਖਣ ਲਈ ਉਤਸ਼ਾਹਿਤ ਕੀਤਾ। ਉਤਪਲ ਮਜੂਮਦਾਰ ਜੋ ਕਿ ਇੰਡੀਅਨ ਰੇਲਵੇ ਫਾਇਨਾਂਸ ਕਾਰਪੋਰੇਸ਼ਨ ਨਾਲ ਸਬੰਧਤ ਹਨ ਨੇ ਕਿਹਾ ਕਿ ਸੰਸਥਾ ਦਾ ਮੁੱਖ ਉਦੇਸ਼ ਦੇਸ਼ ਦੀਆਂ ਬੇਟੀਆਂ ਨੂੰ ਸਿਹਤਮੰਦ ਤੇ ਆਤਮਨਿਰਭਰ ਬਣਾਉਣਾ ਹੈ ਤੇ ਖੇਡਾਂ ਰਾਹੀਂ ਉਨ੍ਹਾਂ ਨੂੰ ਅੱਗੇ ਵਧਣ ਦਾ ਮੌਕਾ ਦੇਣਾ ਹੈ। ਇਸ ਸਮਾਗਮ ਵਿੱਚ ਐਨਜੀਓ ਸਾਥੀ ਵੀਰ ਇੰਦਰਾ ਸੋਸ਼ਲ ਗਰੁੱਪ ਸੁਸਾਇਟੀ ਦੀ ਭੂਮਿਕਾ ਵੀ ਮਹੱਤਵਪੂਰਨ ਰਹੀ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਪ੍ਰੋਗਰਾਮ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ।ਅੰਤ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ ਮੁਨੀਲਾ ਅਰੋੜਾ ਨੇ ਇੰਡੀਅਨ ਰੇਲਵੇ ਫਾਇਨਾਂਸ ਕਾਰਪੋਰੇਸ਼ਨ ਦਾ ਧੰਨਵਾਦ ਕੀਤਾ। ਇਹ ਸਮਾਗਮ ਵਿਦਿਆਰਥਣਾਂ ਲਈ ਪ੍ਰੇਰਨਾਦਾਇਕ ਸਾਬਤ ਹੋਇਆ ਤੇ ਸਰਕਾਰੀ ਹਾਈ ਸਕੂਲ ਝੋਕ ਹਰੀਹਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਾਂਦੇ ਹਾਸ਼ਮ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੱਗੇ ਕੇ ਪਿੱਪਲ ਦੇ ਸਕੂਲ ਮੁਖੀਆਂ ਤੇ ਸਮੂਹ ਸਟਾਫ ਮੈਂਬਰਾਂ ਵੱਲੋਂ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਗਈ।

# ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦਾ ਟਰੱਕ ਆਪਰੇਟਰ ਯੂਨੀਅਨ ਵੱਲੋਂ ਸਨਮਾਨ



ਮੋਗਾ, 27 ਫਰਵਰੀ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਟਰੱਕ ਆਪਰੇਟਰ ਯੂਨੀਅਨ ਮੋਗਾ ਵੱਲੋਂ ਸਰਬੱਤ ਦੇ ਭਲੇ ਲਈ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ੍ਰੀ ਅਖੰਡ ਪਾਠ ਕਰਵਾ ਕੇ ਉਨ੍ਹਾਂ ਦੇ ਭੋਗ ਪਾਏ ਗਏ। ਇਸ ਮੌਕੇ ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਸਮੂਹ ਟਰੱਕ ਆਪਰੇਟਰਾਂ ਦੀ ਸਿਹਤ ਦੀ ਕਾਮਨਾ ਕਰਦਿਆਂ ਕਿਹਾ ਕਿ ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ। ਮੋਗਾ ਦੇ ਸਮੂਹ ਟਰੱਕ ਆਪਰੇਟਰ ਆਪਣਾ ਬਿਜ਼ਨਸ ਅਮਨ-ਸ਼ਾਂਤੀ ਦੇ ਨਾਲ ਕਰ ਰਹੇ ਹਨ ਤੇ ਅੱਜ ਟਰੱਕ ਯੂਨੀਅਨ ਮੋਗਾ ਦੀ ਅਗਵਾਈ ਬਹੁਤ ਹੀ ਸੂਝਵਾਨ ਨੌਜਵਾਨ ਆਗੂ ਆਗਿਆਪਾਲ ਕਰ ਰਹੇ ਹਨ ਤੇ ਆਮ ਆਦਮੀ ਪਾਰਟੀ ਦੇ ਦਰਵਾਜ਼ੇ ਹਮੇਸ਼ਾ ਟਰੱਕ ਆਪਰੇਟਰਾਂ ਦੇ ਲਈ ਖੁੱਲ੍ਹੇ ਹਨ। ਇਸ ਮੌਕੇ ਪ੍ਰਧਾਨ ਆਗਿਆਪਾਲ ਸਿੰਘ, ਸੁਨੀਲ ਕੁਮਾਰ, ਜਸਵਿੰਦਰ ਸਿੰਘ, ਪ੍ਰੀਤਮ ਸਿੰਘ, ਗੁਰਮੀਤ ਸਿੰਘ, ਵਰਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਟਰੱਕ ਆਪਰੇਟਰ ਹਾਜ਼ਰ ਸਨ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੀ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੂੰ ਟਰੱਕ ਆਪਰੇਟਰ ਯੂਨੀਅਨ ਵੱਲੋਂ ਪ੍ਰਧਾਨ ਆਗਿਆਪਾਲ ਸਿੰਘ ਦੀ ਅਗਵਾਈ ਵਿੱਚ ਸਨਮਾਨਤ ਕੀਤਾ ਗਿਆ। ਅਖੀਰ ਵਿੱਚ ਪ੍ਰਧਾਨ ਆਗਿਆਪਾਲ ਸਿੰਘ ਨੇ ਸਮੂਹ ਟਰੱਕ ਆਪਰੇਟਰਾਂ ਤੇ ਸਮੂਹ ਸੰਗਤ ਦਾ ਧੰਨਵਾਦ ਕੀਤਾ।

# ਡਾਇਟ ਵਿਖੇ ਅਕੈਡਮਿਕ ਸਪੋਰਟ ਗਰੁੱਪ ਪ੍ਰਾਇਮਰੀ ਤੇ ਅਪਰ ਪ੍ਰਾਇਮਰੀ ਦੀ ਮਿਸ਼ਨ ਸਮਰੱਥ ਤਹਿਤ ਵਰਕਸ਼ਾਪ ਕਰਵਾਈ



ਮੰਡੀ ਗੋਬਿੰਦਗੜ੍ਹ, 27 ਫਰਵਰੀ (ਰੂਪਲ ਸੂਦ): ਜ਼ਿਲ੍ਹਾ ਸਿੱਖਿਆ ਅਫਸਰ ਰਵਿੰਦਰ ਕੌਰ ਤੇ ਡਾਇਟ ਪ੍ਰਿੰਸੀਪਲ ਅਨੰਦ ਗੁਪਤਾ ਦੀ ਅਗਵਾਈ ਹੇਠ ਡਾਇਟ ਫਤਹਿਗੜ੍ਹ ਸਾਹਿਬ ਵਿਖੇ ਅਕੈਡਮਿਕ ਸਪੋਰਟ ਗਰੁੱਪ ਪ੍ਰਾਇਮਰੀ ਤੇ ਅਪਰ ਪ੍ਰਾਇਮਰੀ ਦੀ ਮਿਸ਼ਨ ਸਮਰੱਥ 4.0 ਤਹਿਤ ਵਰਕਸ਼ਾਪ ਲਗਾਈ ਗਈ। ਇਸ ਦਾ ਏਜੰਡਾ ਨਵੇਂ ਸੈਸ਼ਨ 2026-27 ਵਿੱਚ ਮਿਸ਼ਨ ਸਮਰੱਥ ਨੂੰ ਜ਼ਿਲ੍ਹੇ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਵਧੀਆ ਢੰਗ ਨਾਲ ਚਲਾਉਣ ਸਬੰਧੀ ਸੀ, ਜਿਸ ਤਹਿਤ ਡੀਆਰਸੀ ਹਰਿੰਦਰਜੀਤ ਸਿੰਘ ਤੇ ਜਗਤਾਰ ਸਿੰਘ ਮਨੈਲਾ ਵੱਲੋਂ ਟ੍ਰੇਨਿੰਗ ਦਿੱਤੀ ਗਈ। ਉਪ-ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਦੀਦਾਰ ਸਿੰਘ ਮਾਂਗਟ ਤੇ ਉਪ-ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ ਕਮਲਜੀਤ ਕੌਰ ਨੇ ਸਮੂਹ ਬੀਆਰਸੀ ਤੇ ਡੀਆਰਸੀ ਨੂੰ ਐਸਸੀਈਆਰਟੀ ਮੋਹਾਲੀ ਦੀਆਂ ਹਦਾਇਤਾਂ ਅਨੁਸਾਰ ਮਿਸ਼ਨ ਸਮਰੱਥ ਪੈਡਾਗੋਜੀ ਨੂੰ ਸਕੂਲ ਪੱਧਰ ਤੱਕ ਲਿਜਾਉਣ ਲਈ ਮੋਟੀਵੇਟ ਕੀਤਾ।

# ਸਿੱਖਿਆ ਕੋਆਰਡੀਨੇਟਰ ਨੌਰੰਗ ਸਿੰਘ ਨੇ ਵੱਖੋ-ਵੱਖਰੇ ਸਕੂਲਾਂ ਦਾ ਕੀਤਾ ਦੌਰਾ

ਮੰਡੀ ਗੋਬਿੰਦਗੜ੍ਹ, 27 ਫਰਵਰੀ (ਰੂਪਲ ਸੂਦ): ਹਲਕਾ ਫਤਹਿਗੜ੍ਹ ਸਾਹਿਬ ਦੇ ਸਿੱਖਿਆ ਕੋਆਰਡੀਨੇਟਰ ਸਟੇਟ ਐਵਾਰਡੀ ਨੌਰੰਗ ਸਿੰਘ ਨੇ ਮਾਤਾ ਗੁਜਰੀ ਐਸਓਈ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੇੜਾ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਕੰਨਿਆ) ਸਰਹੰਦ ਮੰਡੀ, ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕੋਟੜਾ ਬਜਵਾੜਾ, ਸਰਕਾਰੀ ਹਾਈ ਸਕੂਲ ਰਜਿੰਦਰਗੜ੍ਹ ਤੇ ਮਾਤਾ ਸੁੰਦਰੀ ਸੀਨੀਅਰ ਸੈਕੰਡਰੀ ਸਕੂਲ ਅੱਤੇਵਾਲੀ ਆਦਿ ਦਾ ਦੌਰਾ ਕੀਤਾ ਤੇ ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਕੂਲਾਂ ਵਿੱਚ ਸਿੱਖਿਆ ਦੇ ਮਿਆਰ ਨੂੰ ਉਚਾ ਚੁੱਕਣ ਲਈ ਸਕੂਲ ਮੁਖੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਪ੍ਰਾਇਮਰੀ ਸਕੂਲ ਬਡਾਲੀ ਆਲਾ ਸਿੰਘ, ਹਿੰਦੂਪੁਰ ਤੇ ਡੰਗੇੜੀਆਂ ਦਾ ਦੌਰਾ ਵੀ ਕੀਤਾ। ਇਸ ਮੌਕੇ ਪਤਵੰਤਿਆਂ ਵੱਲੋਂ ਉਨ੍ਹਾਂ ਦੇ ਸਕੂਲਾਂ ਵਿੱਚੋਂ ਗਏ ਸੀਨੀਅਰ ਅਧਿਆਪਕਾਂ ਨੂੰ ਮੁੜ ਉਨ੍ਹਾਂ ਦੇ ਪਿਤਰੀ ਸਕੂਲਾਂ ਵਿੱਚ ਵਾਪਸ ਭੇਜਣ ਦੀ ਮੰਗ ਕੀਤੀ ਤਾਂ ਕਿ ਉਹ ਆਪਣੇ ਪਿਤਰੀ ਸਕੂਲ ਵਿੱਚ ਦਾਖਲਾ ਵਧਾ ਸਕਣ। ਡੰਗੇੜੀਆਂ ਪਿੰਡ ਦੇ ਸਰਪੰਚ ਨੇ ਉਨ੍ਹਾਂ ਦੇ ਪ੍ਰਾਇਮਰੀ ਸਕੂਲ ਵਿੱਚੋਂ ਡੈਪੂਟੇਸ਼ਨ ’ਤੇ ਗਏ ਅਧਿਆਪਕ ਨੂੰ ਵਾਪਸ ਭੇਜਣ ਦੀ ਹਲਕਾ ਵਿਧਾਇਕ ਲਖਬੀਰ ਸਿੰਘ ਤੋਂ ਮੰਗ ਕੀਤੀ। ਨੌਰੰਗ ਸਿੰਘ ਨੇ ਇਸ ਮਸਲੇ ਦਾ ਜਲਦ ਹੱਲ ਕਰਨ ਲਈ ਕਿਹਾ।ਇਸ ਮੌਕੇ ਪ੍ਰਿੰਸੀਪਲ ਗੀਤਾ ਰਾਣੀ, ਪ੍ਰਿੰਸੀਪਲ ਰਵਿੰਦਰ ਕੁਮਾਰ, ਮੁੱਖ-ਅਧਿਆਪਕਾ ਅਰਚਨਾ ਬਾਂਦਾ, ਪ੍ਰਿੰਸੀਪਲ ਗੁਰਮੀਤ ਕੌਰ, ਪ੍ਰਿੰਸੀਪਲ ਮਨਿੰਦਰਜੀਤ ਕੌਰ, ਪ੍ਰਿੰਸੀਪਲ ਗੁਰਦੀਪ ਕੌਰ, ਸੁਨੀਲ ਕੁਮਾਰ, ਮਨਜੀਤ ਸਿੰਘ ਲੋਹੇਖੇੜੀ ਤੇ ਗੁਰਵਿੰਦਰ ਸਿੰਘ ਮੌਜੂਦ ਸਨ।



# ਹਾਰਮੋਨੀ ਆਯੁਰਵੈਦਿਕ ਹਸਪਤਾਲ ’ਚ ਫ੍ਰੀ ਸ਼ੂਗਰ ਚੈਕਅੱਪ ਕੈਂਪ ਲਗਾਇਆ



ਫਿਰੋਜ਼ਪੁਰ, 27 ਫਰਵਰੀ (ਤਿਵਾੜੀ): ਸੀਨੀਅਰ ਸਿਟੀਜ਼ਨ ਫੋਰਮ ਫ਼ਿਰੋਜ਼ਪੁਰ ਵੱਲੋਂ ਹਾਰਮੋਨੀ ਆਯੁਰਵੈਦਿਕ ਹਸਪਤਾਲ ਫਿਰੋਜ਼ਪੁਰ ਵਿਖੇ 25 ਤੇ 26 ਫਰਵਰੀ ਨੂੰ ਲਗਾਏ ਫ੍ਰੀ ਸ਼ੂਗਰ ਚੈਕਅੱਪ ਕੈਂਪ ਵਿੱਚ ਸ਼ਮੂਲੀਅਤ ਕੀਤੀ। ਇਸ ਸਮੇਂ ਫੋਰਮ ਦੇ ਮੈਂਬਰ ਸਾਹਿਬਾਨ ਵੱਲੋਂ ਸ਼ੂਗਰ ਤੇ ਬਲੱਡ ਪ੍ਰੈਸ਼ਰ ਚੈਕਅੱਪ ਕਰਵਾਇਆ ਤੇ ਲੋੜੀਂਦੀਆਂ ਦਵਾਈਆਂ ਪ੍ਰਾਪਤ ਕੀਤੀਆਂ। ਇਸ ਸਮੇਂ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਧਰਮਪਾਲ ਬਾਂਸਲ, ਡਾ. ਸ਼ਾਹੀ ਗੁਲੇਰੀਆ, ਡਾ. ਅਨੂਜਾ, ਡਾ. ਸੁਮਨ ਲਤਾ, ਡਾ. ਸਾਹਿਲ ਨੇ ਕਿਹਾ ਕਿ ਇਸ ਹਸਪਤਾਲ ਦੀ ਕੋਸ਼ਿਸ਼ ਹੈ, ਮਰੀਜ਼ਾਂ ਨੂੰ ਸਸਤੇ ਤੋਂ ਸਸਤਾ ਇਲਾਜ ਸਮੇਂ ਸਿਰ ਮਿਲ ਸਕੇ।ਇਸੇ ਕਾਰਨ ਇਸ ਹਸਪਤਾਲ ਵਿੱਚ ਦੋ ਦਿਨ ਦਾ ਫ੍ਰੀ ਸ਼ੂਗਰ ਚੈਕਅੱਪ ਕੈਂਪ ਲਗਾਇਆ ਗਿਆ।ਇਸ ਦੇ ਇਲਾਵਾ ਪੰਜ ਤੰਤਰ ਰਾਹੀਂ ਵੱਖ-ਵੱਖ ਬਿਮਾਰੀਆਂ ਦਾ ਇਲਾਜ ਵੀ ਕੀਤਾ ਜਾਂਦਾ ਹੈ।ਇਸ ਸਮੇਂ ਫੋਰਮ ਦੇ ਪ੍ਰਧਾਨ ਪਰਦੀਪ ਧਵਨ ਨੇ ਹਾਰਮੋਨੀ ਆਯੁਰਵੈਦਿਕ ਹਸਪਤਾਲ ਵੱਲੋਂ ਲਗਾਏ ਗਏ ਫ੍ਰੀ ਸ਼ੂਗਰ ਚੈਕਅੱਪ ਕੈਂਪ ਲਈ ਪ੍ਰਬੰਧਕਾਂ ਤੇ ਸਟਾਫ਼ ਦਾ ਧੰਨਵਾਦ ਕੀਤਾ।ਇਸ ਮੌਕੇ ਦੇਸ਼ ਬੰਧੂ ਤੁਲੀ ਪੈਟਰਨ, ਸਤੀਸ਼ ਪੂਰੀ ਸੀਨੀਅਰ ਮੀਤ ਪ੍ਰਧਾਨ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਯੋਗਿੰਦਰ ਨਾਥ ਕੱਕੜ, ਅਵਤਾਰ ਸਿੰਘ ਭੋਲਾ, ਸੁਰਿੰਦਰ ਬੇਰੀ, ਸ਼ਾਮ ਲਾਲ ਗੱਖੜ, ਸੁਰਿੰਦਰ ਵਿੱਜ, ਪਰਵੀਨ ਧਵਨ ਪ੍ਰੋਫੈਸਰ ਗੁਰਦੇਵ ਸਿੰਘ, ਡਾ. ਸੁਰਿੰਦਰ ਸਿੰਘ, ਅਸ਼ੋਕ ਕੁਮਾਰ ਕੱਕੜ, ਬਲਦੇਵ ਸੱਚਦੇਵਾ, ਏਕੇ ਸੇਠੀ ਪ੍ਰੋਫੈਸਰ, ਹਰੀਸ਼ ਮੋਗਾ, ਪਰਦੀਪ ਰਾਣਾ ਆਦਿ ਹਾਜ਼ਰ ਸਨ। ਧਰਮਪਾਲ ਬਾਂਸਲ ਤੇ ਯੋਗੇਸ਼ ਬਾਂਸਲ ਵੱਲੋਂ ਸੀਨੀਅਰ ਸਿਟੀਜ਼ਨ ਫੋਰਮ ਦੇ ਸਮੂਹ ਮੈਂਬਰਾਂ ਦਾ ਸਵਾਗਤ ਤੇ ਧੰਨਵਾਦ ਕੀਤਾ।

# ਬਠਿੰਡਾ ਨਗਰ ਨਿਗਮ ਦਾ 208 ਕਰੋੜ ਦਾ ਬਜਟ ਪਾਸ; ਚੋਣਾਂ ਤੋਂ ਪਹਿਲਾਂ ਮੇਅਰ ਨੇ ਖੋਲ੍ਹੇ ਵਿਕਾਸ ਦੇ ਪਿਟਾਰੇ

ਬਠਿੰਡਾ, 27 ਫਰਵਰੀ (ਦੀਪਕ ਸ਼ਰਮਾ): ਨਗਰ ਨਿਗਮ ਬਠਿੰਡਾ ਦੇ ਮੇਅਰ ਪਦਮਜੀਤ ਸਿੰਘ ਮਹਿਤਾ ਨੇ ਆਪਣੇ ਮੌਜੂਦਾ ਕਾਰਜਕਾਲ ਦਾ ਆਖਰੀ ਬਜਟ ਸ਼ੁੱਕਰਵਾਰ ਨੂੰ ਪੇਸ਼ ਕੀਤਾ। ਚੁਣਾਵੀ ਮਾਹੌਲ ਦੇ ਰੰਗ ਵਿੱਚ ਰੰਗੀ ਇਸ ਜਨਰਲ ਹਾਊਸ ਦੀ ਬੈਠਕ ਦੌਰਾਨ ਸਾਲ 2026-27 ਲਈ ਲਗਭਗ 208.23 ਕਰੋੜ ਰੁਪਏ ਦਾ ਬਜਟ ਬਿਨਾਂ ਕਿਸੇ ਵਿਰੋਧ ਜਾਂ ਹੰਗਾਮੇ ਦੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। 50 ਮੈਂਬਰੀ ਹਾਊਸ ਵਿੱਚੋਂ 34 ਪਾਰਸ਼ਦ ਸ਼ਾਮਲ ਹੋਏ, ਜਦਕਿ ਵਿਰੋਧੀ ਧਿਰ ਨਦਾਰਦ ਰਹੀ। ਮੇਅਰ ਮਹਿਤਾ ਨੇ ਸਪੱਸ਼ਟ ਕੀਤਾ ਕਿ ਨਿਗਮ ਦਾ ਕਾਰਜਕਾਲ 12 ਅਪ੍ਰੈਲ 2026 ਨੂੰ ਖ਼ਤਮ ਹੋ ਰਿਹਾ ਹੈ, ਇਸ ਲਈ ਉਹ ਅਗਲੀ ਬੈਠਕ ਵਿੱਚ ਸ਼ਹਿਰ ਲਈ ਕਈ ਵੱਡੇ ਐਲਾਨ ਕਰਨਗੇ। ਬਜਟ ਵਿੱਚ ਪ੍ਰਾਪਰਟੀ



ਟੈਕਸ, ਇਸ਼ਤਿਹਾਰਬਾਜ਼ੀ ਤੇ ਲਾਇਸੈਂਸ ਫੀਸ ਰਾਹੀਂ ਆਮਦਨ ਵਧਾਉਣ 'ਤੇ ਜ਼ੋਰ ਦਿੱਤਾ ਗਿਆ ਹੈ ਤਾਂ ਜੋ ਵਿਕਾਸ ਕਾਰਜਾਂ ਨੂੰ ਰਫ਼ਤਾਰ ਮਿਲ ਸਕੇ। ਬਜਟ ਬੈਠਕ ਦੌਰਾਨ ਸ਼ਹਿਰ ਦੇ ਨਕਸ਼ੇ ਨੂੰ ਬਦਲਣ ਵਾਲੇ ਕਈ ਪ੍ਰਸਤਾਵਾਂ ਨੂੰ ਮੰਜ਼ੂਰੀ ਦਿੱਤੀ ਗਈ। ਲਾਈਨਪਾਰ ਇਲਾਕੇ ਦਾ ਨਾਮ ਬਦਲ ਕੇ 'ਗ੍ਰੇਟਰ ਬਠਿੰਡਾ' ਕਰਨ ਦਾ ਫੈਸਲਾ ਲਿਆ ਗਿਆ ਹੈ। ਇਸ ਦੇ ਨਾਲ ਹੀ ਉੱਥੇ ਨਵਾਂ ਰਾਮਬਾਗ, ਫਾਇਰ ਸਟੇਸ਼ਨ ਅਤੇ 2.50 ਕਰੋੜ ਦੀ ਲਾਗਤ ਨਾਲ ਸੀਵਰੇਜ ਟ੍ਰੀਟਮੈਂਟ ਪਲਾਂਟ ਲਗਾਉਣ ਦੀ ਯੋਜਨਾ ਹੈ। ਹਨੂਮਾਨ ਚੌਕ ਤੇ ਪੁਰਾਣੇ ਬੱਸ ਸਟੈਂਡ ਕੋਲ ਦੋ ਨਵੇਂ ਫੁੱਟ-ਓਵਰ ਬ੍ਰਿਜ ਬਣਾਉਣ ਦੇ ਪ੍ਰਸਤਾਵ ਨੂੰ ਵੀ ਹਰੀ ਝੰਡੀ ਮਿਲੀ ਹੈ। ਸਦਭਾਵਨਾ ਚੌਂਕ ਦਾ ਨਾਮ ਹੁਣ 'ਕਲਾਕ ਟਾਵਰ' ਹੋਵੇਗਾ, ਜਿੱਥੇ ਆਧੁਨਿਕ ਘੰਟਾ ਘਰ ਸਥਾਪਿਤ ਕੀਤਾ ਜਾਵੇਗਾ।

ਨਿਗਮ ਨੇ ਕੰਮ ਵਿੱਚ ਪਾਰਦਰਸ਼ਤਾ ਲਿਆਉਣ ਲਈ ਕਰਮਚਾਰੀਆਂ ਲਈ ਬੌਡੀ ਕੈਮਰੇ ਜਿਨਾਂ ਦੀ ਲਾਗਤ 7.50 ਲੱਖ ਤੇ ਵਾਕੀ-ਟਾਕੀ ਸੈੱਟ ਖਰੀਦਣ ਦਾ ਫੈਸਲਾ ਕੀਤਾ ਹੈ। ਇਸ ਤੋਂ ਇਲਾਵਾ ਸ਼ਹਿਰ ਦੀ ਸਫਾਈ ਲਈ 45 ਲੱਖ ਦੀ ਲਿਟਰ ਪਿਕਿੰਗ ਮਸ਼ੀਨ ਖਰੀਦੀ ਜਾਵੇਗੀ। ਡਬਵਾਲੀ ਰੋਡ 'ਤੇ ਲਗਭਗ 5 ਕਰੋੜ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਦਾ ਅੰਡਰਗਰਾਊਂਡ ਪ੍ਰੋਜੈਕਟ ਅਤੇ ਇੰਡੋਰ ਸਪੋਰਟਸ ਕੰਪਲੈਕਸ ਦਾ ਨਿਰਮਾਣ ਵੀ ਕੀਤਾ ਜਾਵੇਗਾ। ਬੈਠਕ ਵਿੱਚ 17 ਸਪਲੀਮੈਂਟਰੀ ਏਜੰਡੇ ਵੀ ਪਾਸ ਕੀਤੇ ਗਏ, ਜਿਨ੍ਹਾਂ ਵਿੱਚ ਜ਼ੋਨ-1 ਦੀਆਂ ਗਲੀਆਂ ਦੀ ਮੁਰੰਮਤ, ਬੱਸ ਕਿਊ-ਸ਼ੈਲਟਰ ਤੇ ਪਾਰਕਾਂ ਦੇ ਨਾਮ ਬਦਲਣ ਵਰਗੇ ਸਥਾਨਕ ਵਿਕਾਸ ਕਾਰਜ ਸ਼ਾਮਲ ਹਨ। ਨਿਗਮ ਨੇ ਪੁਲਿਸ ਵਿਭਾਗ ਨੂੰ ਦੋ ਏਕੜ ਜ਼ਮੀਨ ਦੇਣ ਦਾ ਪ੍ਰਸਤਾਵ ਵੀ ਪਾਸ ਕੀਤਾ ਤਾਂ ਜੋ ਜ਼ਬਤ ਕੀਤੇ ਵਾਹਨ ਉੱਥੇ ਰੱਖੇ ਜਾ ਸਕਣ। ਮੇਅਰ ਨੇ ਦਾਅਵਾ ਕੀਤਾ ਕਿ ਪਿਛਲੇ ਸਾਲ ਸਰਕਾਰ ਤੋਂ ਮਿਲੀ 85 ਕਰੋੜ ਦੀ ਗ੍ਰਾਂਟ ਨੇ ਸ਼ਹਿਰ ਦੀ ਨੁਹਾਰ ਬਦਲ ਦਿੱਤੀ ਹੈ ਅਤੇ ਬਾਕੀ ਰਹਿੰਦੇ ਕੰਮ 12 ਅਪ੍ਰੈਲ ਤੋਂ ਪਹਿਲਾਂ ਸ਼ੁਰੂ ਕਰ ਦਿੱਤੇ ਜਾਣਗੇ।

# ਅਸਲੇ ਦੀ ਵੱਡੀ ਖੇਪ ਸਮੇਤ ਨੌਜਵਾਨ ਕਾਬੂ, ਨੌਂ ਦੇਸੀ ਪਿਸਤੌਲ ਤੇ ਮੈਗਜ਼ੀਨ ਬਰਾਮਦ

ਬਠਿੰਡਾ, 27 ਫਰਵਰੀ (ਦੀਪਕ ਸ਼ਰਮਾ): ਸ਼ਹਿਰ ਵਿੱਚ ਅਮਨ-ਕਾਨੂੰਨ



ਦੀ ਸਥਿਤੀ ਨੂੰ ਲੈ ਕੇ ਉੱਠ ਰਹੇ ਸਵਾਲਾਂ ਦਰਮਿਆਨ ਬਠਿੰਡਾ ਪੁਲਿਸ ਨੇ ਅਸਲੇ ਦੀ ਇੱਕ ਵੱਡੀ ਖੇਪ ਫੜਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਨੇ ਇੱਕ ਨੌਜਵਾਨ ਨੂੰ 9 ਦੇਸੀ ਪਿਸਤੌਲਾਂ ਅਤੇ ਮੈਗਜ਼ੀਨਾਂ ਸਮੇਤ ਕਾਬੂ ਕੀਤਾ ਹੈ, ਜੋ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਸੀ। ਪੁਲਿਸ ਅਨੁਸਾਰ ਇਹ ਨੌਜਵਾਨ ਇੱਕ ਪਿੱਠੂ ਬੈਗ ਵਿੱਚ ਇਹ ਅਸਲਾ ਲੈ ਕੇ ਸ਼ਹਿਰ ਦੀਆਂ ਸੜਕਾਂ 'ਤੇ ਘੁੰਮ ਰਿਹਾ ਸੀ। ਸਥਾਨਕ ਥਾਣਾ ਸਿਵਲ ਲਾਈਨ ਵਿੱਚ ਕੀਤੀ ਗਈ ਪ੍ਰੈਸ ਵਾਰਤਾ ਦੌਰਾਨ ਡੀਐਸਪੀ ਸਿਟੀ-2 ਸੰਦੀਪ ਭਾਟੀ ਨੇ ਦੱਸਿਆ ਕਿ ਐਸਐਸਪੀ ਜਯੋਤੀ ਯਾਦਵ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮਾੜੇ ਅਨਸਰਾਂ ਖ਼ਿਲਾਫ਼ ਚਲਾਈ ਮੁਹਿੰਮ ਤਹਿਤ ਥਾਣਾ ਸਿਵਲ ਲਾਈਨ ਦੇ ਐਸਐਚਓ ਇੰਸਪੈਕਟਰ ਰਵਿੰਦਰ ਸਿੰਘ ਦੀ ਅਗਵਾਈ ਵਾਲੀ ਟੀਮ 26 ਫਰਵਰੀ ਨੂੰ ਭਾਗੂ ਰੋਡ ਅਤੇ ਕੈਂਟ ਰਿੰਗ ਰੋਡ ਦੇ ਆਸ-ਪਾਸ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰ ਰਹੀ ਸੀ। ਇਸੇ ਦੌਰਾਨ ਸਹਾਇਕ ਥਾਣੇਦਾਰ ਕੁਲਵਿੰਦਰ ਸਿੰਘ ਨੂੰ ਸੂਚਨਾ ਮਿਲੀ ਕਿ ਇੱਕ ਪਗੜੀਧਾਰੀ ਨੌਜਵਾਨ ਖਾਕੀ ਰੰਗ ਦਾ ਪਿੱਠੂ ਬੈਗ ਪਾਈ ਕੈਂਟ ਰਿੰਗ ਰੋਡ ਵੱਲ ਜਾ ਰਿਹਾ ਹੈ, ਜਿਸ ਕੋਲ ਨਜਾਇਜ਼ ਅਸਲਾ ਹੋ ਸਕਦਾ ਹੈ।

ਪੁਲਿਸ ਪਾਰਟੀ ਨੇ ਤੁਰੰਤ ਕਾਰਵਾਈ ਕਰਦਿਆਂ ਜਦੋਂ ਰਿੰਗ ਰੋਡ 'ਤੇ ਘੇਰਾਬੰਦੀ ਕੀਤੀ ਤਾਂ ਉੱਥੇ ਖੜ੍ਹਾ ਇੱਕ ਨੌਜਵਾਨ ਪੁਲਿਸ ਨੂੰ ਦੇਖ ਕੇ ਘਬਰਾ ਗਿਆ ਅਤੇ ਇੱਧਰ-ਉੱਧਰ ਖਿਸਕਣ ਦੀ ਕੋਸ਼ਿਸ਼ ਕਰਨ ਲੱਗਾ। ਪੁਲਿਸ ਨੇ ਸ਼ੱਕ ਦੇ ਅਧਾਰ 'ਤੇ ਉਸ ਨੂੰ ਕਾਬੂ ਕਰਕੇ ਜਦੋਂ ਪੁੱਛਗਿੱਛ ਕੀਤੀ ਤਾਂ ਉਸ ਦੀ ਪਛਾਣ ਮਨਿੰਦਰ ਸਿੰਘ ਉਰਫ਼ ਸਰਪੰਚ ਵਾਸੀ ਪਿੰਡ ਰਾਜਗੜ੍ਹ ਕੁੱਬੇ ਵਜੋਂ ਹੋਈ। ਜਦੋਂ ਪੁਲਿਸ ਨੇ ਉਸ ਦੇ ਬੈਗ ਦੀ ਤਲਾਸ਼ੀ ਲਈ ਤਾਂ ਅੰਦਰੋਂ ਅਸਲੇ ਦਾ ਜ਼ਖੀਰਾ ਮਿਲਿਆ। ਬ੍ਰਾਮਦ ਕੀਤੇ ਗਏ ਹਥਿਆਰਾਂ ਦੀ ਜਾਣਕਾਰੀ ਦਿੰਦਿਆਂ ਡੀਐਸਪੀ ਨੇ ਦੱਸਿਆ ਕਿ ਕਥਿਤ ਦੋਸ਼ੀ ਕੋਲੋਂ .32 ਬੋਰ ਦੇ 8 ਦੇਸੀ ਪਿਸਤੌਲ ਸਮੇਤ ਮੈਗਜ਼ੀਨ ਅਤੇ ਇੱਕ ਵਾਧੂ ਖਾਲੀ ਮੈਗਜ਼ੀਨ ਤੇ .30 ਬੋਰ ਦਾ 1 ਦੇਸੀ ਪਿਸਤੌਲ ਸਮੇਤ 2 ਖਾਲੀ ਮੈਗਜ਼ੀਨ ਬ੍ਰਾਮਦ ਹੋਏ ਹਨ। ਪੁਲਿਸ ਮੁਤਾਬਕ ਉਕਤ ਕਥਿਤ ਦੋਸ਼ੀ ਖ਼ਿਲਾਫ਼ ਪਹਿਲਾਂ ਵੀ ਥਾਣਾ ਮਹਿਰਾਜ 'ਚ ਅਕਤੂਬਰ 2025 ਦੌਰਾਨ ਵੱਖ-ਵੱਖ ਧਾਰਾਵਾਂ ਤਹਿਤ ਮੁਕੱਦਮਾ ਨੰਬਰ 134 ਦਰਜ ਹੈ।

ਇਸ ਕਾਰਵਾਈ ਵਿੱਚ ਸਹਾਇਕ ਥਾਣੇਦਾਰ ਕੁਲਵਿੰਦਰ ਸਿੰਘ ਦੇ ਨਾਲ ਹੌਲਦਾਰ ਮੱਖਣ ਸਿੰਘ, ਕਾਂਸਟੇਬਲ ਲਖਵਿੰਦਰ ਸਿੰਘ, ਅਮਰੀਕ ਸਿੰਘ, ਲਵਜੋਤ ਸਿੰਘ, ਸੁਖਦੀਪ ਸਿੰਘ, ਗੁਰਪ੍ਰੀਤ ਸਿੰਘ ਅਤੇ ਪੀਐਚਜੀ ਅਰਸ਼ਦੀਪ ਸਿੰਘ ਸ਼ਾਮਲ ਸਨ। ਪੁਲਿਸ ਨੇ ਕਥਿਤ ਦੋਸ਼ੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਇਹ ਅਸਲਾ ਕਿੱਥੋਂ ਲਿਆਂਦਾ ਗਿਆ ਸੀ ਤੇ ਇਸ ਦੀ ਸਪਲਾਈ ਕਿੱਥੇ ਹੋਣੀ ਸੀ।

# ਬਲਕਾਰ ਸਿੰਘ ਸਿੱਧੂ ਨੇ ਤਿੰਨ ਨਗਰ ਪੰਚਾਇਤਾਂ 'ਚ ਨਵੀਆਂ ਸੜਕਾਂ ਦੇ ਨੀਂਹ ਪੱਥਰ ਰੱਖੇ



ਰਾਮਪੁਰਾ ਫੂਲ, 27 ਫਰਵਰੀ (ਮਨਪ੍ਰੀਤ ਮਿੰਟੂ): ਹਲਕਾ ਰਾਮਪੁਰਾ ਫੂਲ ਦੇ ਵਿਧਾਇਕ ਬਲਕਾਰ ਸਿੰਘ ਸਿੱਧੂ ਨੇ ਆਪਣੇ ਹਲਕੇ ਨੂੰ ਵਿਕਾਸ ਦੇ ਨਵੇਂ ਮੀਲ ਪੱਥਰ ਵੱਲ ਅੱਗੇ ਵਧਾਇਆ ਹੈ। ਉਨ੍ਹਾਂ ਨੇ ਨਗਰ ਪੰਚਾਇਤਾਂ ਮਲੂਕਾ, ਕੋਠਾਗੁਰੂ ਅਤੇ ਭਾਈ ਰੂਪਾ ਵਿੱਚ ਆਧੁਨਿਕ ਸੜਕਾਂ ਦੇ ਨਿਰਮਾਣ ਲਈ ਕੁੱਲ ਲਗਭਗ 10 ਕਰੋੜ ਰੁਪਏ ਦੀਆਂ ਵੱਡੀਆਂ ਗ੍ਰਾਂਟਾਂ ਮਨਜ਼ੂਰ ਕਰਵਾਈਆਂ ਹਨ ਅਤੇ ਇਨ੍ਹਾਂ ਮਹੱਤਵਪੂਰਨ ਪ੍ਰੋਜੈਕਟਾਂ ਦੇ ਨੀਂਹ ਪੱਥਰ ਰੱਖ ਕੇ ਵਿਕਾਸ ਦੀ ਸ਼ੁਰੂਆਤ ਕੀਤੀ ਹੈ। ਇਹ ਉਪਰਾਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਪੰਜਾਬ ਨੂੰ ਮਜ਼ਬੂਤ ਬੁਨਿਆਦੀ ਢਾਂਚੇ ਵਾਲਾ, ਸੁਰੱਖਿਅਤ ਅਤੇ ਨਸ਼ਾ ਮੁਕਤ ਬਣਾਉਣ ਦੇ ਵਚਨ ਨੂੰ ਅਮਲੀ ਜਾਮਾ ਪਹਿਨਾਉਂਦਾ ਹੈ। ਵਿਧਾਇਕ ਬਲਕਾਰ ਸਿੰਘ ਸਿੱਧੂ ਅਤੇ ਮੁੱਖ ਮੰਤਰੀ ਭਗਵੰਤ ਮਾਨ ਵਿਚਕਾਰ ਪੁਰਾਣੀ ਦੋਸਤੀ ਅਤੇ ਭਰੋਸੇ ਨੇ ਹਲਕੇ ਲਈ ਵੱਡੇ ਵਿਕਾਸ ਪ੍ਰੋਜੈਕਟਾਂ ਦੇ ਰੂਪ ਵਿੱਚ ਰੰਗ ਲਿਆਂਦਾ ਹੈ। ਇਹ ਸੱਚੀ ਯਾਰੀ ਅੱਜ ਲੋਕਾਂ ਤੱਕ ਵਿਕਾਸ ਤੇ ਸਹੂਲਤਾਂ ਦੇ ਰੂਪ ਵਿੱਚ ਪਹੁੰਚ ਰਹੀ ਹੈ।

ਹਲਕੇ ਦੇ ਵਾਸੀ ਵਿਧਾਇਕ ਬਲਕਾਰ ਸਿੰਘ ਸਿੱਧੂ ਦੀ ਨਿਰਪੱਖ ਅਤੇ ਲੋਕ-ਪੱਖੀ ਸੋਚ ਤੋਂ ਬਹੁਤ ਪ੍ਰਭਾਵਿਤ ਹਨ। ਉਨ੍ਹਾਂ ਦਾ ਹੱਸਮੁੱਖ ਸੁਭਾਅ ਅਤੇ ਬਿਨਾਂ ਭੇਦਭਾਵ ਵਾਲਾ ਵਿਵਹਾਰ ਲੋਕਾਂ ਦੇ ਦਿਲਾਂ ਵਿੱਚ ਡੂੰਘੀ ਜੜ੍ਹਾਂ ਜਮਾ ਰਿਹਾ ਹੈ। ਪਿਛਲੀਆਂ ਸਰਕਾਰਾਂ ਵੱਲੋਂ ਚੱਲੀਆਂ ਭਾਈ-ਭਤੀਜਾਵਾਦ ਤੇ ਭ੍ਰਿਸ਼ਟਾਚਾਰ ਦੀਆਂ ਨੀਤੀਆਂ ਤੋਂ ਤੰਗ ਆ ਚੁੱਕੇ ਲੋਕਾਂ ਨੂੰ ਹੁਣ ਅਸਲ ਵਿਕਾਸ ਤੇ ਸੱਚੀ ਸੇਵਾ ਦਾ ਅਹਿਸਾਸ ਹੋ ਰਿਹਾ ਹੈ। ਬਲਕਾਰ ਸਿੰਘ ਸਿੱਧੂ ਹਲਕੇ ਦੀ ਪਹਿਲੀ ਪਸੰਦ ਵਜੋਂ ਉਭਰ ਰਹੇ ਹਨ। ਇਸ ਮੌਕੇ ਆਮ ਆਦਮੀ ਪਾਰਟੀ ਦੇ ਵੱਖ-ਵੱਖ ਪਿੰਡਾਂ ਦੇ ਸਰਪੰਚ ਪੰਚ ਨਗਰ ਪੰਚਾਇਤਾਂ ਦੇ ਪ੍ਰਧਾਨ ਕੌਂਸਲਰ ਅਤੇ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਸਨ, ਜਿਨ੍ਹਾਂ ਨੇ ਵਿਧਾਇਕ ਦੇ ਅਣਥੱਕ ਯਤਨਾਂ ਦੀ ਸ਼ਲਾਘਾ ਕੀਤੀ।

# ਰਾਮ ਬਾਗ ਚੈਰੀਟੇਬਲ ਸੋਸਾਇਟੀ ਵੱਲੋਂ ਲਗਾਏ ਪਹਿਲੇ ਮੁਫ਼ਤ ਚੈਕਅੱਪ ਕੈਂਪ 'ਚ ਸੈਂਕੜੇ ਮਰੀਜ਼ਾਂ ਦੀ ਸਿਹਤ ਜਾਂਚ



ਧੂਰੀ, 27 ਫਰਵਰੀ (ਰਾਜੇਸ਼ਵਰ ਪਿੰਟੂ): ਸਮਾਜ ਸੇਵਾ ਦੇ ਕਾਰਜਾਂ ਨੂੰ ਸਮਰਪਿਤ ਰਾਮਬਾਗ ਚੈਰੀਟੇਬਲ ਟਰੱਸਟ (ਰਜਿ.) ਵੱਲੋਂ ਬੀਤੇ ਦਿਨ ਧੂਰੀ ਵਿਖੇ ਆਪਣੀ ਤਰ੍ਹਾਂ ਦਾ ਪਹਿਲਾ ਮੁਫ਼ਤ ਮੈਡੀਕਲ ਚੈੱਕਅੱਪ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਮਕਸਦ ਲੋੜਵੰਦ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣਾ ਤੇ ਉਨ੍ਹਾਂ ਨੂੰ ਆਪਣੀ ਸਿਹਤ ਪ੍ਰਤੀ ਜਾਗਰੂਕ ਕਰਨਾ ਸੀ। ਕੈਂਪ ਦੌਰਾਨ ਮਾਹਿਰ ਐਮ.ਡੀ. (ਮੈਡੀਸਨ) ਡਾ. ਕੰਵਰਪ੍ਰੀਤ ਕੌਰ ਅਤੇ ਉਨ੍ਹਾਂ ਦੀ ਟੀਮ ਨੇ ਬੜੀ ਤਨਦੇਹੀ ਨਾਲ ਸੈਂਕੜੇ ਮਰੀਜ਼ਾਂ ਦੀ ਸਿਹਤ ਜਾਂਚ ਕੀਤੀ। ਇਸ ਦੌਰਾਨ ਵੱਖ-ਵੱਖ ਬਿਮਾਰੀਆਂ ਨਾਲ ਪੀੜਤ ਲੋਕਾਂ ਦੇ ਚੈੱਕਅੱਪ ਕਰਨ ਉਪਰੰਤ ਟਰੱਸਟ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ, ਜਿਸ ਨਾਲ ਲੋੜਵੰਦ ਪਰਿਵਾਰਾਂ ਨੂੰ ਵੱਡੀ ਰਾਹਤ ਮਿਲੀ। ਇਸ ਮੌਕੇ ਰਾਮਬਾਗ ਚੈਰੀਟੇਬਲ ਟਰੱਸਟ ਦੇ ਪ੍ਰਧਾਨ ਐਡਵੋਕੇਟ ਪਵਨ ਗਰਗ, ਵਾਈਸ ਪ੍ਰਧਾਨ ਸਤੀਸ਼ ਕੁਮਾਰ ਗਰਗ, ਹੰਸਰਾਜ ਬਜਾਜ ਅਤੇ ਵਿਕਾਸ ਜੈਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦੀ ਸਿਹਤ ਤੇ ਸਹੂਲਤ ਨੂੰ ਮੁੱਖ ਰੱਖਦਿਆਂ ਇਹ ਟਰੱਸਟ ਭਵਿੱਖ ਵਿੱਚ ਵੀ ਹਰ ਮਹੀਨੇ ਅਜਿਹੇ ਮੈਡੀਕਲ ਕੈਂਪ ਲਗਾਉਣ ਲਈ ਵਚਨਬੱਧ ਹੈ। ਉਨ੍ਹਾਂ ਆਸ ਪ੍ਰਗਟਾਈ ਕਿ ਇਹ ਉਪਰਾਲੇ ਸਮਾਜ ਦੇ ਸਭ ਤੋਂ ਕਮਜ਼ੋਰ ਵਰਗ ਤੱਕ ਪਹੁੰਚ ਬਣਾਉਣ ਵਿੱਚ ਸਹਾਈ ਹੋਣਗੇ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਤਿੰਦਰ ਸਿੰਘ ਚੱਠਾ, ਡਾ. ਰਾਕੇਸ਼ ਸਿੰਗਲਾ, ਰੌਸ਼ਨ ਲਾਲ ਅਤੇ ਜਨਕ ਰਾਜ ਮੀਮਸਾ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ ਅਤੇ ਟਰੱਸਟ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਇਸ ਤੋਂ ਇਲਾਵਾ ਪ੍ਰਬੰਧਕਾਂ ਵੱਲੋਂ ਡਾਕਟਰਾਂ ਦੀ ਟੀਮ ਨੂੰ ਵਿਸ਼ੇਸ਼ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਕੈਂਪ ਨੂੰ ਸਫ਼ਲ ਬਣਾਉਣ ਲਈ ਮੈਨੇਜਰ ਲਖਵਿੰਦਰ ਕੁਮਾਰ, ਹੰਸਰਾਜ ਬਜਾਜ ਅਤੇ ਵਿਕਾਸ ਜੈਨ ਸਮੇਤ ਸਮੂਹ ਟਰੱਸਟ ਮੈਂਬਰਾਂ ਨੇ ਦਿਨ-ਰਾਤ ਇੱਕ ਕਰਕੇ ਸੇਵਾਵਾਂ ਨਿਭਾਈਆਂ। ਇਨ੍ਹਾਂ ਸਮਾਜ ਸੇਵੀਆਂ ਦੀ ਮਿਹਨਤ ਅਤੇ ਨਿਸ਼ਕਾਮ ਸੇਵਾ ਹੀ ਸੀ ਕਿ ਇਹ ਕੈਂਪ ਆਪਣੇ ਪਹਿਲੇ ਹੀ ਪੜਾਅ 'ਤੇ ਲੋਕਾਂ ਲਈ ਬੇਹੱਦ ਲਾਹੇਵੰਦ ਸਾਬਤ ਹੋਇਆ।

# ਬੀਕੇਯੂ ਏਕਤਾ ਸਿੱਧੂਪੁਰ ਨੇ ਚੋਟੀਆਂ ਟੋਲ ਪਲਾਜ਼ਾ ਚਾਰ ਘੰਟੇ ਲਈ ਫ੍ਰੀ ਰੱਖਿਆ

ਲਹਿਰਾਗਾਗਾ, 27 ਫਰਵਰੀ (ਗੁਰਦੀਪ ਸਿੰਘ): ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਸਮਾਣਾ ਵਿਖੇ ਚੱਲ ਰਹੇ ਧਰਮ ਯੁੱਧ ਮੋਰਚਾ ਵੱਲੋਂ ਪੰਜਾਬ ਦੇ ਟੋਲ ਪਲਾਜੇ ਫ੍ਰੀ ਕਰਨ ਦੀ ਦਿੱਤੀ ਕਾਲ ਤਹਿਤ ਅੱਜ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਤਰਸੇਮ ਸਿੰਘ ਗੋਬਿੰਦਪੁਰਾ ਦੀ ਅਗਵਾਈ ਹੇਠ ਸੰਗਰੂਰ ਜ਼ਿਲ੍ਹੇ ਚ ਜਾਖਲ ਬੁਢਲਾਡਾ ਰੋਡ ਤੇ ਪੈਂਦੇ ਚੋਟੀਆਂ ਟੋਲ ਪਲਾਜੇ ਨੂੰ ਚਾਰ ਘੰਟੇ ਲਈ ਫ੍ਰੀ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਤਰਸੇਮ ਸਿੰਘ ਗੋਬਿੰਦਪੁਰਾ ਨੇ ਕਿਹਾ ਕਿ ਸਰਬ ਧਰਮ ਬੇਅਦਬੀ ਰੋਕੂ ਕਾਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਭਾਈ ਗੁਰਜੀਤ ਸਿੰਘ ਫੌਜੀ 517 ਦਿਨਾਂ ਤੋਂ ਸਮਾਣਾ ਵਿਖੇ 400 ਫੁੱਟ ਉੱਚੇ ਟਾਵਰ ਤੇ ਬੈਠੇ ਹੋਏ ਹਨ। ਸਰਕਾਰ ਵੱਲੋਂ ਮੋਰਚਾ ਕਮੇਟੀ ਨਾਲ ਹੋਈਆਂ ਮੀਟਿੰਗਾਂ ਬਾਅਦ ਪਿਛਲੇ ਸਾਲ ਜੁਲਾਈ ਮਹੀਨੇ ਬੇਅਦਬੀ ਰੋਕੂ ਕਾਨੂੰਨ ਬਣਾਉਣ ਨੂੰ ਲੈ ਕੇ ਸਪੈਸ਼ਲ ਵਿਧਾਨ ਸਭਾ ਦਾ ਸੈਸ਼ਨ ਸੱਦ ਕੇ ਬਿਲ ਲਿਆਂਦਾ ਗਿਆ ਸੀ । ਪੰਜਾਬ ਵਿਧਾਨ ਸਭਾ ਨੇ ਪ੍ਰਸਤਾਵਿਤ



ਬਿੱਲ ਨੂੰ ਵਧੇਰੇ ਘੋਖ ਅਤੇ ਵਿਚਾਰ-ਵਟਾਂਦਰੇ ਲਈ 15 ਜੁਲਾਈ 2025 ਨੂੰ ਸਿਲੈਕਟ ਕਮੇਟੀ ਕੋਲ ਭੇਜਣ ਦਾ ਫੈਸਲਾ ਕੀਤਾ ਸੀ ਤਾਂ ਜੋ ਬਿੱਲ ਵਿੱਚ ਕੋਈ ਕਾਨੂੰਨੀ ਖਾਮੀ ਨਾ ਰਹੇ। ਉਸ ਸਮੇਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਨੇ ਕਿਹਾ ਸੀ ਕਿ ਸਿਲੈਕਟ ਕਮੇਟੀ ਇਸ ਬਹੁਤ ਹੀ ਭਾਵਨਾਤਮਕ ਮੁੱਦੇ 'ਤੇ ਜਨਤਾ ਤੋਂ ਪ੍ਰਾਪਤ ਸੁਝਾਵਾਂ ਨੂੰ ਵੱਧ ਤੋਂ ਵੱਧ ਛੇ ਮਹੀਨਿਆਂ ਦੇ ਅੰਦਰ-ਅੰਦਰ ਮੁਕੰਮਲ ਕਰੇਗੀ ਪਰ ਹੈਰਾਨੀ ਦੀ ਗੱਲ ਹੈ ਕਿ ਸਾਢੇ ਸੱਤ ਮਹੀਨੇ ਬੀਤਣ ਦੇ ਬਾਅਦ ਵੀ ਅਜੇ ਤੱਕ ਸਰਕਾਰ ਵੱਲੋਂ ਬੇਅਦਬੀ ਰੋਕੂ ਕਾਨੂੰਨ ਨਹੀਂ ਬਣਾਇਆ ਗਿਆ। ਜ਼ਿਲ੍ਹਾ ਮੀਤ ਪ੍ਰਧਾਨ ਸੁਖਦੇਵ ਸਿੰਘ ਕੋਟਲੀ ਨੇ ਦੱਸਿਆ ਕਿ ਟਾਵਰ ਮੋਰਚਾ ਕਮੇਟੀ ਵੱਲੋਂ ਬੀਕੇਯੂ ਸਿੱਧੂਪੁਰ ਦੇ ਸੂਬਾ ਪ੍ਰਧਾਨ ਜਗਜੀਤ ਸਿੰਘ ਡੱਲੇਵਾਲ ਕੋਲ ਹਮਾਇਤ ਦੀ ਅਪੀਲ ਕੀਤੀ ਗਈ ਸੀ ਤਾਂ ਡੱਲੇਵਾਲ ਨੇ ਕਿਹਾ ਸੀ ਕਿ ਅਪੀਲ ਨਾ ਕਰੋ ਇਹ ਤਾਂ ਸਾਡਾ ਫਰਜ਼ ਬਣਦਾ ਹੈ ਤੇ ਅਸੀਂ ਡਟਵੀਂ ਹਿਮਾਇਤ ਕਰਕੇ ਸਾਡੇ ਗੁਰੂ ਪ੍ਰਤੀ ਬਣਦਾ ਫ਼ਰਜ਼ ਨਿਭਾਵਾਂਗੇ ਜਿਸ ਨੂੰ ਲੈ ਕੇ ਜਥੇਬੰਦੀ ਵੱਲੋਂ ਪਹਿਲਾਂ ਵੀ ਟਾਵਰ ਮੋਰਚਾ ਦੇ ਪ੍ਰੋਗਰਾਮਾਂ ਵਿੱਚ ਹਾਜ਼ਰੀ ਭਰੀ ਗਈ ਤੇ ਹੁਣ 22, 23, 24 ਫਰਵਰੀ ਨੂੰ ਟਾਵਰ ਮੋਰਚੇ ਤੇ ਵੱਡਾ ਇਕੱਠ ਕਰਨ ਦੇ ਫੈਸਲੇ ਤਹਿਤ ਵੱਡੀ ਗਿਣਤੀ 'ਚ ਟਰੈਕਟਰ, ਟਰਾਲੀਆਂ ਸਮੇਤ 23 ਫਰਵਰੀ ਨੂੰ ਹੀ ਜਥੇਬੰਦੀ ਦੇ ਆਗੂ, ਵਰਕਰ ਸੂਬਾ ਜਨਰਲ ਸਕੱਤਰ ਕਾਕਾ ਸਿੰਘ ਕੋਟੜਾ ਦੀ ਅਗਵਾਈ ਵਿੱਚ ਪਹੁੰਚ ਗਏ ਸੀ, 24 ਫਰਵਰੀ ਨੂੰ ਟਾਵਰ ਨੇੜੇ ਇਕੱਠੀ ਹੋਈ ਸੰਗਤ ਪੁਲਿਸ ਦੀਆਂ ਰੋਕਾਂ ਤੋੜ ਕੇ ਜੀਂਦ ਚੰਡੀਗੜ੍ਹ ਹਾਈਵੇ ਤੇ ਬਾਬਾ ਬੰਦਾ ਸਿੰਘ ਬਹਾਦਰ ਚੌਂਕ ਤੇ ਪੱਕਾ ਮੋਰਚਾ ਸ਼ੁਰੂ ਕੀਤਾ ਹੋਇਆ ਹੈ, ਜਿਸ ਦੇ ਰੋਸ ਵਜੋਂ ਹੀ ਪੰਜਾਬ ਦੇ ਟੋਲ ਪਲਾਜੇ ਫ੍ਰੀ ਕਰਨ ਦਾ ਫੈਸਲਾ ਕੀਤਾ ਗਿਆ ਹੈ, ,ਉਨਾਂ ਕਿਹਾ ਕਿ ਜੇਕਰ ਸਰਕਾਰ ਵੱਲੋਂ ਜਲਦੀ ਟਾਵਰ ਮੋਰਚੇ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਸਖਤ ਫੈਸਲਾ ਲੈ ਕੇ ਵੱਡਾ ਸੰਘਰਸ਼ ਅਰੰਭਣ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ। ਇਸ ਮੌਕੇ ਗੁਰਜੀਤ ਸਿੰਘ ਟਾਹਲੀਆਂ ਬਲਾਕ ਪ੍ਰਧਾਨ, ਗੁਰਮੇਲ ਸਿੰਘ ਬਲਾਕ ਮੀਤ ਪ੍ਰਧਾਨ ,ਦਰਸ਼ਨ ਸਿੰਘ ਝੰਡਾ ਕਲਾਂ ਬਲਾਕ ਜਰਨਲ ਸਕੱਤਰ ,ਗੁਰਬਾਜ਼ ਸਿੰਘ ਪੇਰੋ, ਜਗਸੀਰ ਸਿੰਘ ਨੰਗਲ ਕਲਾਂ, ਰਣਜੀਤ ਸਿੰਘ ਦੋਦੜਾ ,ਦਲਵੀਰ ਸਿੰਘ ਗੋਬਿੰਦਪੁਰਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਬੀ.ਐਨ. ਗੁਰੂਕੁਲ ਇੰਟਰਨੈਸ਼ਨਲ ਸਕੂਲ ਦਾ ਸਾਲਾਨਾ ਸਮਾਰੋਹ ਸ਼ਾਨਦਾਰ ਰੰਗਾਰੰਗ ਪੇਸ਼ਕਾਰੀ ਯਾਦਾਂ ਛੱਡਦਾ ਹੋਇਆ ਸੰਪੰਨ




ਬੁਢਲਾਡਾ, 27 ਫਰਵਰੀ (ਜੀਵਨ ਕੁਮਾਰ): ਬੀ.ਐਨ. ਗੁਰੂਕੁਲ ਇੰਟਰਨੈਸ਼ਨਲ ਸਕੂਲ ਬੁਢਲਾਡਾ ਵੱਲੋਂ ਸ਼ਹਿਰ ਦੇ ਸ਼ਿਵ ਸ਼ਕਤੀ ਭਵਨ ਵਿੱਚ ਸਾਲਾਨਾ ਸਮਾਰੋਹ ਬੜੀ ਸ਼ਾਨੋ-ਸ਼ੌਕਤ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਵਿਦਿਆਰਥੀਆਂ ਨੇ ਸੱਭਿਆਚਾਰਕ ਤੇ ਸਿੱਖਿਆਤਮਕ ਪੇਸ਼ਕਾਰੀਆਂ ਰਾਹੀਂ ਆਪਣੀ ਪ੍ਰਤਿਭਾ ਦਾ ਲਾਜਵਾਬ ਪ੍ਰਦਰਸ਼ਨ ਕਰਦਿਆਂ ਹਾਜ਼ਰੀਨ ਵੱਲੋਂ ਖੂਬ ਵਾਹਵਾਹੀ ਹਾਸਲ ਕੀਤੀ। ਸਮਾਰੋਹ ਦੀ ਸ਼ੁਰੂਆਤ ਦੀਪ ਪ੍ਰਜਵਲਨ ਤੇ ਮਾਂ ਸਰਸਵਤੀ ਦੀ ਵੰਦਨਾ ਨਾਲ ਕੀਤੀ ਗਈ। ਇਸ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਪੰਜਾਬੀ ਸੱਭਿਆਚਾਰ ਦੀ ਰੂਹ ਨੂੰ ਦਰਸਾਉਂਦੀਆਂ ਭੰਗੜਾ ਤੇ ਗਿੱਧਾ ਦੀਆਂ ਜੋਸ਼ ਭਰੀਆਂ ਪੇਸ਼ਕਾਰੀਆਂ ਨੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ। ਖਾਸ ਆਕਰਸ਼ਣ ਪੰਜਾਬ ਤੇ ਪਾਕਿਸਤਾਨ ਦੀ ਸਾਂਝੀ ਵਿਰਾਸਤ ਤੇ ਭਾਈਚਾਰੇ ਦਾ ਸੰਦੇਸ਼ ਦਿੰਦੀ ਕੋਰੀਓਗ੍ਰਾਫੀ ਰਹੀ, ਜਿਸ ਨੇ ਦਰਸ਼ਕਾਂ ਨੂੰ ਭਾਵੁਕ ਕਰ ਦਿੱਤਾ ਤੇ ਖੂਬ ਤਾਲੀਆਂ ਬਟੋਰੀਆਂ। ਸਕੂਲ ਦੇ ਚੇਅਰਮੈਨ ਡਾ. ਨਵੀਨ ਸਿੰਗਲਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਿੱਖਿਆ ਦੇ ਨਾਲ ਸੱਭਿਆਚਾਰਕ ਗਤੀਵਿਧੀਆਂ ਵਿਦਿਆਰਥੀਆਂ ਦੇ ਆਤਮ-ਵਿਸ਼ਵਾਸ ਤੇ ਵਿਅਕਤੀਤਵ ਨਿਰਮਾਣ ਲਈ ਬਹੁਤ ਜ਼ਰੂਰੀ ਹਨ। ਪ੍ਰਿੰਸੀਪਲ ਡਾ. ਦੀਪਿਕਾ ਸਿੰਗਲਾ ਨੇ ਸਕੂਲ ਦੀਆਂ ਸਾਲ ਭਰ ਦੀਆਂ ਉਪਲਬਧੀਆਂ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਅਧਿਆਪਕਾਂ ਤੇ ਮਾਪਿਆਂ ਦੇ ਸਹਿਯੋਗ ਲਈ ਧੰਨਵਾਦ ਪ੍ਰਗਟਾਇਆ। ਵਾਈਸ ਪ੍ਰਿੰਸੀਪਲ ਸੁਖਦੀਪ ਕੌਰ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸਰਾਹਨਾ ਕਰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਮਾਰੋਹ ਦੇ ਸਫਲ ਆਯੋਜਨ ਵਿੱਚ ਸਕੂਲ ਦੇ ਸਮੂਹ ਸਟਾਫ ਦਾ ਵਿਸ਼ੇਸ਼ ਯੋਗਦਾਨ ਰਿਹਾ। ਅੰਤ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਸਾਰੇ ਮਹਿਮਾਨਾਂ, ਮਾਪਿਆਂ ਤੇ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ।

# ਵੈਟਰਨਰੀ ਫਾਰਮਾਸਿਸਟ ਐਕਸ਼ਨ ਕਮੇਟੀ ਵੱਲੋਂ 7 ਮਾਰਚ ਨੂੰ ਰੈਲੀ ਦਾ ਐਲਾਨ



ਭਵਾਨੀਗੜ੍ਹ, 27 ਫਰਵਰੀ (ਅਮਨਦੀਪ ਸਿੰਘ ਮਾਝਾ): ਦਵਿੰਦਰ ਪਾਲ ਸਿੰਘ ਲਸੋਈ ਕਮੇਟੀ ਮੈਂਬਰ ਪੰਜਾਬ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੇ ਲਾਰੇ ਲਾਉ ਨੀਤੀਆਂ ਤੋਂ ਅੱਕ ਕੇ ਵੈਟਨਰੀ ਫਾਰਮਾਸਿਸਟ 7 ਮਾਰਚ ਨੂੰ ਧੂਰੀ ਹਲਕੇ ਵਿੱਚ ਸਰਕਾਰ ਵਿਰੁੱਧ ਰੈਲੀ ਕਰਨਗੇ। ਲਸੋਈ ਨੇ ਦੱਸਿਆ ਕਿ ਮੁੱਖ ਮੰਤਰੀ ਦੇ ਹੁਕਮਾਂ ਅਨੁਸਾਰ ਵੀ ਵੈਟਨਰੀ ਫਾਰਮਾਸਿਸਟਾਂ ਦੀਆਂ ਸੇਵਾਵਾਂ ਰੈਗੂਲਰ ਨਹੀਂ ਕੀਤੀਆਂ ਗਈਆਂ ਅਤੇ ਨਾ ਹੀ ਆਪ ਦੀ ਸਰਕਾਰ ਦੌਰਾਨ ਵੈਟਨਰੀ ਫਾਰਮਾਸਿਸਟਾਂ ਦੀ ਕੋਈ ਵੀ ਸਲਾਨਾ ਤਨਖਾਹ ਵੀ ਨਹੀਂ ਵਧਾਈ ਗਈ। ਜਦੋਂ ਕਿ ਪਹਿਲੀਆਂ ਸਰਕਾਰਾਂ ਹਰੇਕ ਸਾਲ ਹਮੇਸ਼ਾ ਤਨਖਾਹਾਂ ਦੇ ਵਿੱਚ ਵਾਧਾ ਕਰਦੀਆਂ ਰਹੀਆਂ ਹਨ ਪ੍ਰੰਤੂ ਆਪ ਸਰਕਾਰ ਨੇ ਫਾਰਮਾਸਿਸਟ ਦੀ ਕੋਈ ਵੀ ਬਾਂਹ ਨਹੀਂ ਫੜੀ ਅਤੇ ਨਾ ਹੀ ਕੋਈ ਪੈਨਲ ਮੀਟਿੰਗ ਦਿੱਤੀ ਸੋ ਇਨਾ ਲਾਰਿਆਂ ਤੋਂ ਅੱਕ ਕੇ ਵੈਟਨਰੀ ਫਾਰਮਾਸਿਸਟ ਐਕਸ਼ਨ ਕਮੇਟੀ 7 ਮਾਰਚ ਨੂੰ ਧੂਰੀ ਵਿਖੇ ਵਿਸਾਲ ਰੈਲੀ ਮੌਜੂਦਾ ਸਰਕਾਰ ਵਿਰੁੱਧ ਕੱਢੇਗੀ।

# ਗੁਰੂ ਕਾਸ਼ੀ ਯੂਨੀਵਰਸਿਟੀ ਦੀ ਫੈਲਕਟੀ ਆੱਫ਼ ਫਿਜ਼ੀਕਲ ਐਜੂਕੇਸ਼ਨ ਨੇ ਜਿੱਤੀ ਓਵਰ ਆਲ ਚੈਂਪੀਅਨਸ਼ਿਪ-2026

ਤਲਵੰਡੀ ਸਾਬੋ, 27 ਫਰਵਰੀ (ਸੰਦੀਪ ਜੋਸੀ): ਗੁਰੂ ਕਾਸ਼ੀ ਯੂਨੀਵਰਸਿਟੀ ਦੀ 13ਵੀਂ ਐਥਲੈਟਿਕ ਮੀਟ ਸਫਲਤਾ ਪੂਰਵਕ ਸੰਪੰਨ ਹੋਈ, ਜਿਸ ਦੇ ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਾਈਸ-ਚਾਂਸਲਰ ਪ੍ਰੋ. (ਡਾ.) ਰਾਮੇਸ਼ਵਰ ਸਿੰਘ ਨੇ ਇਨਾਮ ਤਕਸੀਮ ਕੀਤੇ। ਇਸ ਮੌਕੇ ਡਾਇਰੈਕਟਰ ਕੈਂਪਸ ਪ੍ਰੋ. (ਡਾ.) ਹਰਜਸਪਾਲ ਸਿੰਘ ਸਿੱਧੂ, ਡੀਨ ਅਕਾਦਮਿਕ ਪ੍ਰੋ. (ਡਾ.) ਜਾਵੇਦ ਅਹਿਮਦ ਖਾਨ, ਡਾਇਰੈਕਟਰ ਸੁਰੱਖਿਆ ਦੇਸ ਰਾਜ ਕੰਬੋਜ, ਡਾਇਰੈਕਟਰ ਵਿਦਿਆਰਥੀ ਭਲਾਈ ਸਰਦੂਲ ਸਿੰਘ ਸਿੱਧੂ, ਵੱਖ-ਵੱਖ ਵਿਭਾਗਾਂ ਦੇ ਡੀਨ, ਅਧਿਆਪਕ ਅਤੇ ਵਿਦਿਆਰਥੀ ਹਾਜ਼ਿਰ ਹੋਏ। ਓਵਰਆਲ ਚੈਂਪੀਅਨਸ਼ਿਪ ਲੜਕੇ ਅਤੇ ਲੜਕੀਆਂ ਫੈਕਲਟੀ ਆੱਫ ਫਿਜ਼ੀਕਲ ਐਜੂਕੇਸ਼ਨ ਨੇ 158 ਅੰਕਾਂ ਨਾਲ ਆਪਣੇ ਨਾਮ ਕੀਤੀ, ਫੈਕਲਟੀ ਆੱਫ ਇੰਜੀਨੀਰਿੰਗ ਅਤੇ ਤਕਨਾਲੋਜੀ 138 ਅੰਕਾਂ ਨਾਲ ਫਸਟ ਰਨਰ ਅੱਪ ਤੇ 88 ਅੰਕਾਂ ਨਾਲ ਫੈਕਲਟੀ ਆੱਫ ਸਾਇਸਜ਼, ਹਿਓਮੈਨਟੀ ਐਂਡ ਲੈਗੂਏਜ ਸੈਕੰਡ ਰਨਰ ਅੱਪ ਰਹੇ। ਚੈਂਪੀਅਨਸ਼ਿਪ ਵਿੱਚ ਲੜਕਿਆਂ ਵਿੱਚੋਂ ਸ਼ਿਵਾ ਤੇ ਲੜਕੀਆਂ ਵਿੱਚੋਂ ਖੁਸ਼ਦੀਪ ਕੌਰ ਨੂੰ ਬੈਸਟ ਐਥਲੀਟ ਚੁਣਿਆ ਗਿਆ। ਆਯੋਜਕਾਂ ਵੱਲੋਂ ਬੈਸਟ ਐਥਲੀਟਾਂ ਨੂੰ ਤਗਮਿਆਂ ਦੇ ਨਾਲ-ਨਾਲ 5000-5000 ਰੁਪਏ ਦੇ ਨਗਦ ਇਨਾਮ ਨਾਲ ਸਨਮਾਨਿਤ ਕੀਤਾ ਗਿਆ। ਡਾਇਰੈਕਟਰ ਕੈਂਪਸ ਪ੍ਰੋ. (ਡਾ.) ਹਰਜਸਪਾਲ ਸਿੰਘ ਸਿੱਧੂ ਵੱਲੋਂ ਖੁਸ਼ਦੀਪ ਕੌਰ ਨੂੰ 2000 ਰੁਪਏ ਦਾ ਨਗਦ ਇਨਾਮ ਵੀ ਦਿੱਤਾ ਗਿਆ।



ਇਸ ਮੌਕੇ ਮੁੱਖ ਮਹਿਮਾਨ ਵਾਈਸ ਚਾਂਸਲਰ ਡਾ. ਸਿੰਘ ਨੇ ਜੇਤੂਆਂ ਨੂੰ ਇਨਾਮ ਤਕਸੀਮ ਕਰਦੇ ਹੋਏ ਕਿਹਾ ਕਿ ਉਹਨਾਂ ਨੂੰ ਆਪਣੇ ਟੀਚੇ ਹੋਰ ਉੱਚੇ ਕਰਨੇ ਚਾਹੀਦੇ ਹਨ। ਉਹਨਾਂ ਖਿਡਾਰੀਆਂ ਨੂੰ ਲਗਾਤਾਰ ਅਭਿਆਸ, ਸਖ਼ਤ ਮਿਹਨਤ ਅਤੇ ਕੋਚ ਸਾਹਿਬਾਨ ਦੇ ਨਿਰਦੇਸ਼ਾਂ ਦੇ ਪਾਲਣ ਕਰਨ ਦਾ ਮਸ਼ਵਰਾ ਦਿੱਤਾ, ਉਹਨਾਂ ਖਿਡਾਰੀਆਂ ਨੂੰ ਦੇਸ਼ ਦਾ ਭਵਿੱਖ ਦੱਸਦੇ ਹੋਏ ਉਹਨਾਂ ਦੇ ਉਜਵੱਲ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਇਸ ਮੌਕੇ ਡਾਇਰੈਕਟਰ ਸਪੋਰਟਸ ਪ੍ਰੋ. (ਡਾ.) ਰਾਜ ਕੁਮਾਰ ਸ਼ਰਮਾ ਨੇ ਐਥਲੈਟਿਕ ਮੀਟ ਦੇ ਨਤੀਜੇ ਦੱਸਦਿਆਂ ਕਿਹਾ ਕਿ ਲੜਕਿਆਂ ਦੀ ਓਵਰ-ਆਲ ਚੈਂਪੀਅਨਸ਼ਿਪ ਫੈਕਲਟੀ ਆੱਫ ਇੰਜੀਨੀਰਿੰਗ ਨੇ 87 ਅੰਕਾਂ ਨਾਲ ਜਿੱਤੀ ਹੈ, ਜਦ ਕਿ ਫੈਕਲਟੀ ਆੱਫ ਫਿਜ਼ੀਕਲ ਐਜੂਕੇਸ਼ਨ 78 ਅੰਕਾਂ ਨਾਲ ਫਸਟ ਰਨਰ-ਅੱਪ ਤੇ ਫੈਕਲਟੀ ਆੱਫ ਸਾਇਸਜ਼, ਹਿਓਮੈਨਟੀ ਐਂਡ ਲੈਗੂਏਜ਼ 58 ਅੰਕਾਂ ਨਾਲ ਸੈਕੰਡ ਰਨਰ-ਅੱਪ ਰਹੀ। ਲੜਕਿਆਂ ਦੀ ਓਵਰ ਆਲ ਚੈਂਪੀਅਨਸ਼ਿਪ ਦਾ ਖਿਤਾਬ ਫੈਕਲਟੀ ਆੱਫ ਫਿਜ਼ੀਕਲ ਐਜੂਕੇਸ਼ਨ ਦੇ ਸਿਰ ਬੱਝਿਆ ਜੋ 80 ਅੰਕਾਂ ਨਾਲ ਜੇਤੂ ਰਹੀ, ਫੈਕਲਟੀ ਆੱਫ ਇੰਜੀਨੀਰਿੰਗ ਅਤੇ ਤਕਨਾਲੋਜੀ 57 ਅੰਕਾਂ ਨਾਲ ਫਸਟ ਰਨਰ-ਅੱਪ ਤੇ ਫੈਕਲਟੀ ਆੱਫ ਲਾਅ 44 ਅੰਕਾਂ ਨਾਲ ਸੈਕੰਡ ਰਨਰ-ਅੱਪ ਰਹੀ। ਆਯੋਜਕਾਂ ਵੱਲੋਂ ਜੇਤੂ ਖਿਡਾਰੀਆਂ ਨੂੰ ਤਗਮਿਆਂ ਅਤੇ ਫੁੱਲਾਂ ਦੇ ਗੁਲਦਸਤਿਆਂ ਨਾਲ ਸਨਮਾਨਿਤ ਕੀਤਾ ਗਿਆ ਮੰਚ ਸੰਚਾਲਨ ਦੀ ਭੂਮਿਕਾ ਡਿਪਟੀ ਡਾਇਰੈਕਟਰ ਲੋਕ ਸੰਪਰਕ ਲਵਲੀਨ ਸੱਚਦੇਵਾ, ਡਾ. ਜੀਨੀਅਸ ਵਾਲੀਆ ਤੇ ਡਿਪਟੀ ਡਾਇਰੈਕਟਰ ਬਰਾਡਕਾਸਟਿੰਗ ਮਨਪ੍ਰੀਤ ਕੌਰ ਨੇ ਆਪਣੇ ਨਵੇਕਲੇ ਅੰਦਾਜ਼ ਨਾਲ ਬਾਖੂਬੀ ਨਿਭਾਈ। ਮੁੱਖ ਮਹਿਮਾਨ ਵੱਲੋਂ ਐਥਲੈਟਿਕ ਮੀਟ ਦੀ ਸਮਾਪਤੀ ਦੇ ਐਲਾਨ ਨਾਲ ਸਮਾਰੋਹ ਆਪਣੀ ਸਮਾਪਤਾ ਤੇ ਪੁੱਜਾ।

# ਆਕਸਫੋਰਡ ਸੰਸਥਾ ਵਿਖੇ ਕਰਵਾਇਆ ਵਾਤਾਵਰਨ ਸਬੰਧੀ ਸੈਮੀਨਾਰ

ਭਗਤਾ ਭਾਈ ਕਾ, 27 ਫਰਵਰੀ (ਸਵਰਨ ਸਿੰਘ ਭਗਤਾ): "ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ ਭਗਤਾ ਭਾਈਕਾ" ਇੱਕ ਅਜਿਹੀ ਮਾਣਮੱਤੀ ਵਿੱਦਿਅਕ ਸੰਸਥਾ ਹੈ ਜੋ ਵਿੱਦਿਅਕ ਪੱਖ ਦੇ ਨਾਲ-ਨਾਲ ਹੋਰ ਅਜਿਹੀਆਂ ਗਤੀਵਿਧੀਆਂ ਦਾ ਹਿੱਸਾ ਵੀ ਬਣਦੀ ਹੈ ਜੋ ਸਮਾਜ ਦੇ ਉਦਾਰ ਲਈ ਲਾਹੇਵੰਦ ਸਾਬਿਤ ਹੁੰਦੀਆਂ ਹਨ। ਬੀਤੇ ਦਿਨੀਂ "ਭਾਈ ਘਨੁੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ, ਫਰੀਦਕੋਟ ਵੱਲੋਂ ਆਕਸਫ਼ੋਰਡ ਸੰਸਥਾ ਵਿੱਚ ਸਿਹਤ ਸਿੱਖਿਆ, ਵਾਤਾਵਰਨ, ਟ੍ਰੈਫਿਕ ਸਮਾਜਿਕ ਕੁਰੀਤੀਆਂ ਦੇ ਖਾਤਮੇ, ਨੈਤਿਕ ਕਦਰਾਂ-ਕੀਮਤਾਂ ਤੇ ਸਿਹਤਮੰਦ ਪੰਜਾਬ ਬਾਰੇ ਵਾਤਾਵਰਨ ਸੈਮੀਨਾਰ ਕਰਵਾਇਆ ਗਿਆ। ਇਸ ਸੈਮੀਨਾਰ ਦੇ ਮੁੱਖ ਮਹਿਮਾਨ ਅਮਰਜੀਤ ਸਿੰਘ ਬਰਾੜ, ਯੂ.ਐਸ.ਏ, ਮੁੱਖ ਵਕਤਾ ਗੁਰਿੰਦਰ ਸਿੰਘ ਮਹਿੰਦੀਰੱਤਾ ਸਮਾਜ ਸੇਵੀ ਤੇ ਹੋਰ ਨਾਲ ਆਏ ਮਹਿਮਾਨਾਂ ਦਾ ਸਕੂਲ ਦੇ ਪ੍ਰਿੰਸੀਪਲ ਸਾਹਿਬ ਰੂਪ ਲਾਲ ਬਾਂਸਲ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਗੁਰਮੀਤ ਸਿੰਘ ਗਿੱਲ (ਪ੍ਰਧਾਨ) ਨੇ ਵਿਦਿਆਰਥੀਆਂ ਦੇ ਸਨਮੁੱਖ ਹੁੰਦੇ ਹੋਏ ਆਪਣੇ ਵਿਚਾਰਾਂ ਰਾਹੀਂ ਸਾਫ ਵਾਤਾਵਰਨ, ਦੀ ਮਹੱਤਤਾ, ਟ੍ਰੈਫਿਕ ਨਿਯਮਾਂ ਦੀ ਪਾਲਣਾ ਤੇ ਸਮਾਜਿਕ ਕੁਰੀਤੀਆਂ ਦੇ ਖਾਤਮੇ ਉੱਤੇ ਜ਼ੋਰ ਦਿੱਤਾ। ਮੁੱਖ ਵਕਤਾ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਵਿਦਿਆਰਥੀਆਂ ਤੋਂ ਵਾਤਾਵਰਨ ਸਾਫ਼ ਰੱਖਣ ਅਤੇ ਸਾਫ਼ ਹਵਾ ਦੀ ਮਿਕਦਾਰ ਵਧਾਉਣ ਲਈ ਪਟਾਕੇ ਨਾ ਚਲਾਉਣ ਦਾ ਵਾਅਦਾ ਲਿਆ। ਉਹਨਾਂ ਨੇ ਵਿਦਿਆਰਥੀਆਂ ਨੂੰ ਸੱਭਿਅਕ ਢੰਗ ਦੇ ਕੱਪੜੇ ਪਾਉਣ ਦਾ ਵੀ ਸੁਨੇਹਾ ਦਿੱਤਾ।




ਉਹਨਾਂ ਨੇ ਵਿਦਿਆਰਥੀਆਂ ਨੂੰ ਵਾਤਾਵਰਨ ਪ੍ਰਤੀ ਉਤਸ਼ਾਹਿਤ ਕਰਦੇ ਹੋਏ ਕਿਹਾ ਕਿ ਜੋ ਵਿਦਿਆਰਥੀ ਵਾਤਾਵਰਨ ਦੀ ਸੰਭਾਲ ਕਰਦੇ ਹੋਏ ਉੱਚੇ ਅਹੁਦੇ ਤੇ ਪਹੁੰਚੇਗਾ, ਉਸਨੂੰ ਉਹਨਾਂ ਵੱਲੋਂ ਗੋਲਡ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ। ਜ਼ਿਕਰਯੋਗ ਹੈ ਕਿ ਸੈਮੀਨਾਰ ਦੌਰਾਨ ਮੁੱਖ ਮਹਿਮਾਨਾਂ ਵੱਲੋਂ ਵਿਦਿਆਰਥੀਆਂ ਨੂੰ ਉਹ ਕਾਪੀਆਂ ਪ੍ਰਦਾਨ ਕੀਤੀਆਂ ਗਈਆਂ ਜੋ ਵਾਤਾਵਰਨ ਨੂੰ ਸਾਫ਼ ਰੱਖਣ ਦਾ ਸੁਨੇਹਾ ਦਿੰਦੀਆਂ ਹਨ। ਗੁਰਿੰਦਰ ਸਿੰਘ ਮਹਿੰਦੀਰੱਤਾ ਸਮਾਜ ਸੇਵੀ ਨੇ ਸੀਨੀਅਰ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਕਿਹਾ ਕਿ ਸਿਹਤ ਸੁਰੱਖਿਆ ਭਾਵ ਸਿਹਤ ਦੇ ਧੰਨ ਦੀ ਸੰਭਾਲ ਕਰਕੇ, ਵਾਤਾਵਰਨ ਨੂੰ ਸਾਫ-ਸੁਥਰਾ ਰੱਖ ਕੇ, ਨੈਤਿਕ ਕਦਰਾਂ-ਕੀਮਤਾਂ ਦੇ ਧਾਰਨੀ ਹੋ ਕੇ ਹੀ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।

ਸਕੂਲ ਦੇ ਪ੍ਰਿੰਸੀਪਲ ਸਾਹਿਬ ਰੂਪ ਲਾਲ ਬਾਂਸਲ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਇੱਕ ਸਿਹਤਮੰਦ ਪੰਜਾਬ ਦੇ ਸਿਰਜਕ ਬਣਨ ਲਈ ਸਾਨੂੰ ਖੁਦ ਨੂੰ ਜਾਗਰੂਕ ਹੋਣਾ ਪਵੇਗਾ ਤੇ ਆਲੇ-ਦੁਆਲੇ ਨੂੰ ਵੀ ਜਾਗ੍ਰਿਤ ਕਰਨਾ ਪਵੇਗਾ। ਅੰਤ ਵਿੱਚ ਉਹਨਾਂ ਨੇ "ਭਾਈ ਘਨੁੱਈਆ ਕੈਂਸਰ ਰੋਕੋ ਸੇਵਾ ਸੁਸਾਇਟੀ ਫਰੀਦਕੋਟ ਤੇ ਕੋਟਕਪੂਰਾ ਗਰੁੱਪ ਆਫ਼ ਫੈਮਲੀਜ਼ ਬਰੈਂਪਟਨ(ਕਨੈਡਾ), ਮੁੱਖ ਮਹਿਮਾਨ ਗੁਰਿੰਦਰ ਸਿੰਘ ਦਾ ਵਿਸ਼ੇਸ ਤੌਰ ਤੇ ਧੰਨਵਾਦ ਕੀਤਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਮੈਂਬਰ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ), ਹਰਗੁਰਪ੍ਰੀਤ ਸਿੰਘ ਗਗਨ ਬਰਾੜ (ਚੇਅਰਮੈਨ), ਪਰਮਪਾਲ ਸਿੰਘ "ਸ਼ੈਰੀ ਢਿੱਲੋਂ" (ਵਾਈਸ ਚੇਅਰਮੈਨ), ਗੁਰਮੀਤ ਸਿੰਘ ਗਿੱਲ ਸਰਪੰਚ (ਵਿੱਤ-ਸਕੱਤਰ), ਕੋਆਰਡੀਨੇਟਰਜ਼ ਤੇ ਸਮੂਹ ਸਟਾਫ਼ ਮੈਂਬਰ ਮੌਜੂਦ ਸਨ।

# ਰਾਜਿੰਦਰ ਸਿੰਘ ਰਾਜਾ ਦੇ ਨਿਵਾਸ ਸਥਾਨ ਤੇ ਸਾਬਕਾ ਐਮ.ਐਲ.ਏ. ਕੁਲਜੀਤ ਸਿੰਘ ਨਾਗਰਾ ਵੱਲੋਂ ਸ਼ਿਰਕਤ

ਸੁਨਾਮ, 27 ਫਰਵਰੀ (ਮੋਹਣ ਸ਼ਰਮਾ/ ਰਾਊਵਰਿੰਦਰ ਮਠਾੜੂ): ਕਾਂਗਰਸ ਪਾਰਟੀ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਵਲੋਂ ਮਜ਼ਦੂਰਾਂ



ਦੇ ਸੀਨੀਅਰ ਆਗੂ ਰਾਜਿੰਦਰ ਸਿੰਘ ਰਾਜਾ ਦੇ ਨਿਵਾਸ ਸਥਾਨ ਤੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਸਾਬਕਾ ਐਮ ਐਲ ਏ ਕੁਲਜੀਤ ਸਿੰਘ ਨਾਗਰਾ ਨੇ 28 ਫਰਵਰੀ ਨੂੰ ਮਨਰੇਗਾ ਸਬੰਧੀ ਕੇਂਦਰ ਸਰਕਾਰ ਦੇ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਹੇਠ ਹੋਣ ਵਾਲੀ ਵਿਸਾਲ ਰੈਲੀ ਲਈ ਲਾਮਬੰਦ ਫੇਰੀ ਲਈ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਦੇਸ ਦੇ ਹੱਕਾਂ ਉੱਪਰ ਜੋ ਡਾਕਾ ਜਾਲਮਾਨਾਂ ਤਰੀਕੇ ਨਾਲ ਮਾਰਿਆ ਜਾ ਰਿਹਾ ਹੈ। ਅੱਜ ਪੂਰੀ ਕਾਂਗਰਸ ਪਾਰਟੀ ਦੇ ਵਰਕਰਾਂ ਲੀਡਰਾਂ ਤੇ ਜਿੰਨਾਂ ਲੋਕਾਂ ਦਾ ਹੱਕ ਖੋਹਿਆ ਜਾ ਰਿਹਾ ਹੈ ਉਹਨਾਂ ਵਿੱਚ ਜਬਰਦਸਤ ਵਿਰੋਧ ਹੈ। ਸੋਨੀਆ ਗਾਂਧੀ, ਸਵ ਮਨਮੋਹਨ ਸਿੰਘ ਤੇ ਰਾਹੁਲ ਗਾਂਧੀ ਨੇ ਬਹੁਤ ਹੀ ਦੂਰਦਰਸੀ ਫੈਸਲੇ ਨਾਲ ਇੱਹ ਮਨਰੇਗਾ ਦਾ ਹੱਕ ਲੋਕਾਂ ਨੂੰ ਦਿੱਤਾ ਸੀ ਤਾਂ ਕਿ ਆਪਣੀ ਅਣਖ ਤੇ ਗੈਰਤ ਨਾਲ ਆਪਣਾਂ ਕੰਮ ਕਰਕੇ ਲੋਕ ਆਪਣੇ ਪ੍ਰੀਵਾਰਾਂ ਨੂੰ ਅੱਗੇ ਵਧਾ ਸਕਣ ਪ੍ਰੰਤੂ ਭਾਰਤੀ ਜਨਤਾ ਪਾਰਟੀ ਲੋਕਾਂ ਦਾ ਇੱਹ ਹੱਕ ਬਹੁਤ ਹੀ ਡੂੰਘੀ ਤੇ ਕੋਝੀ ਸਾਜਿਸ ਨਾਲ ਖੋਹ ਰਹੀ ਹੈ। ਕਾਂਗਰਸ ਪਾਰਟੀ ਲੋਕਾਂ ਦੇ ਹੱਕਾਂ ਤੇ ਇਹ ਡਾਕਾ ਨਹੀਂ ਪੈਣ ਦੇਵੇਗੀ। ਕਾਂਗਰਸ ਆਪਣੀ ਲੀਡਰ ਸਿੱਪ ਦੀ ਅਗਵਾਈ ਹੇਠ ਸੜਕਾਂ ਤੇ ਜੇਲਾਂ ਤੱਕ ਜਾਵੇਗੀ।

ਇਸ ਮੌਕੇ ਤੇ ਰਾਜਿੰਦਰ ਸਿੰਘ ਰਾਜਾ ਨੇ ਕਿਹਾ ਕਿ 28 ਫਰਵਰੀ ਨੂੰ 11 ਵਜੇ ਰਾਹੁਲ ਗਾਂਧੀ ਬਰਨਾਲਾ ਦੀ ਧਰਤੀ ਤੇ ਪਹੁੰਚ ਰਹੇ ਹਨ ਇਹ ਧਰਤੀ ਸਹੀਦ ਸੇਵਾ ਸਿੰਘ ਠੀਕਰੀਵਾਲਾ ਦੀ ਧਰਤੀ ਹੈ ਜਿਸ ਨੇ ਇਤਿਹਾਸ ਸਿਰਜਿਆ ਹੈ ਇਥੋਂ ਸੁਰੂ ਹੋਇਆ ਸੰਘਰਸ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਦੇ ਨੱਕ 'ਚ ਦਮ ਕਰ ਕਿ ਰਹੇਗਾ ਇਸ ਮੌਕੇ ਤੇ ਵੱਡੀ ਗਿੱਣਤੀ ਵਿੱਚ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਅਤੇ ਵਰਕਰ ਮੌਜੂਦ ਸਨ।

# ਅਗਰਵਾਲ ਸਭਾ ਵੱਲੋਂ ਯਾਤਰਾ ਦਾ ਸਵਾਗਤ

ਸੁਨਾਮ, 27 ਫਰਵਰੀ, (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸ੍ਰੀ ਤੇ ਅਗਰਵਾਲ ਸਭਾ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ ਤੇ ਫੁੱਲਾ ਦੀ ਵਰਖਾ



ਕੀਤੀ ਗਈ ਇਸ ਮੌਕੇ ਤੇ ਪ੍ਰਧਾਨ ਵਿਕਰਮ ਗਰਗ ਵਿੱਕੀ, ਚੇਅਨਮੈਨ ਰਵੀ ਕਮਲ ਗੋਇਲ, ਕ੍ਰਿਸ਼ਨ ਸੰਦੋਹਾ, ਹਰੀਦੇਵ ਗੋਇਲ, ਗੌਰਵ ਜਨਾਲੀਆ, ਸਿਵ ਜਿੰਦਲ, ਸਾਮ ਲਾਲ ਐਡਵੋਕੇਟ, ਖਾਟੂ ਸਿਆਮ ਵੈਲਫੇਅਰ ਸੋਸਾਇਟੀ ਵੱਲੋਂ ਫਾਗੁਨ ਮਹਾਂਉਤਸਵ ਦੇ ਸੰਬੰਧ ਵਿੱਚ ਕੱਢੀ ਗਈ ਨਿਸਾਨ ਯਾਤਰਾ ਦਾ ਮਹਾਰਾਜਾ ਅਗਰਸੇਨ ਚੌਕ ਵਿਖੇ ਪਹੁੰਚਣ ਲਾਜਪੱਤ ਰਾਏ ਗਰਗ, ਮੁਨੀਸ਼ ਸੋਨੀ, ਆਰ ਡੀ ਕਾਂਸਲ,ਭੀਮ ਸੈਨ, ਧੀਰਜ ਗੋਇਲ ਸਮੇਤ ਭਾਰੀ ਗਿਣਤੀ ਵਿੱਚ ਮੈਂਬਰ ਹਾਜਰ ਸਨ।

# 57 ਪਰਿਵਾਰ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ



ਭਗਤਾ ਭਾਈ ਕਾ, 27 ਫਰਵਰੀ (ਸਵਰਨ ਸਿੰਘ ਭਗਤਾ): ਹਲਕਾ ਰਾਮਪੁਰਾ ਫੂਲ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਸਮੇਂ ਵੱਡਾ ਬਲ ਮਿਲਿਆ ਜਦੋਂ ਨਗਰ ਕੋਠਾਗੁਰੂ ਤੋਂ ਨਗਰ ਪੰਚਾਇਤ ਦੇ ਦੋ ਮੌਜੂਦਾ ਐਮ.ਸੀ., ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ, ਸੀਨੀਅਰ ਕਾਂਗਰਸੀ ਆਗੂ ਸਾਬਕਾ ਸਰਪੰਚ ਤੇ 57 ਹੋਰ ਪਰਿਵਾਰਾਂ ਨੇ ਸਿਕੰਦਰ ਸਿੰਘ ਮਲੂਕਾ ਦੀ ਅਗਵਾਈ ਹੇਠ ਆਪ ਤੇ ਕਾਂਗਰਸ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਕੀਤੀ ਸ਼ਮੂਲੀਅਤ।ਨਗਰ ਕੋਠਾਗੁਰੂ ਤੋਂ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਮੌਜੂਦਾ ਐਮ ਸੀ ਅਵਤਾਰ ਸਿੰਘ ਤਾਰਾ, ਮੌਜੂਦਾ ਐਮ ਸੀ ਗੁਰਜੰਟ ਸਿੰਘ ਜੰਟੂ, ਸੀਨੀਅਰ ਕਾਂਗਰਸੀ ਆਗੂ ਸਾਬਕਾ ਸਰਪੰਚ ਜਰਨੈਲ ਸਿੰਘ ਸੰਧੂ, ਮਨਜਿੰਦਰ ਸਿੰਘ ਡਿੰਪੀ ਭੱਲਾ, ਗੁਰਸਿਮਰਨ ਸਿੰਘ, ਜਗਸੀਰ ਸਿੰਘ, ਬੰਤ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਨਗਰ ਕੋਠਾਗੁਰੂ ਤੋਂ ਹੀ ਮੋਤੀ ਸਿੰਘ ਸਾਬਕਾ ਸਰਪੰਚ ਦੀ ਪ੍ਰੇਰਨਾ ਸਦਕਾ ਸਰਗਰਮ ਆਪ ਵਲੰਟੀਅਰ ਰੇਸ਼ਮ ਸਿੰਘ, ਰਾਜਵਿੰਦਰ ਸਿੰਘ, ਗੁਰਮੇਲ ਸਿੰਘ, ਜਗਸੀਰ ਸਿੰਘ, ਬਲਦੇਵ ਸਿੰਘ, ਲਵਪ੍ਰੀਤ ਸਿੰਘ, ਸੋਹਣ ਸਿੰਘ, ਰਮਨਦੀਪ ਸਿੰਘ, ਬਿੱਟੂ ਸਿੰਘ, ਗੁਰਮੇਲ ਸਿੰਘ, ਮਹੇਸਰ ਸਿੰਘ, ਜਸਵਿੰਦਰ ਸਿੰਘ, ਇੰਦਰਜੀਤ ਸਿੰਘ, ਹੈਪੀ ਸਿੰਘ, ਸੁਖਪ੍ਰੀਤ ਸਿੰਘ, ਮੇਜਰ ਸਿੰਘ, ਗੁਰਵੰਤ ਸਿੰਘ, ਸੁਰਜੀਤ ਸਿੰਘ, ਚਮਕੌਰ ਸਿੰਘ, ਨਿੱਕਾ ਸਿੰਘ, ਹਰਦਮ ਸਿੰਘ, ਚਮਕੌਰ ਸਿੰਘ, ਨਛੱਤਰ ਸਿੰਘ, ਗੋਰਾ ਸਿੰਘ, ਰਾਜਪ੍ਰੀਤ ਸਿੰਘ, ਅਮਨਪ੍ਰੀਤ ਸਿੰਘ, ਕੁਲਵੀਰ ਸਿੰਘ, ਗੁਰਦੀਪ ਕੌਰ, ਸੰਦੀਪ ਕੌਰ, ਮਨਪ੍ਰੀਤ ਕੌਰ, ਚਰਨਜੀਤ ਕੌਰ, ਪੂਜਾ ਕੌਰ, ਰਾਜ ਕੌਰ, ਕੋਮਲ ਕੌਰ, ਕੁਲਵੰਤ ਕੌਰ, ਗੁਰਪ੍ਰੀਤ ਕੌਰ, ਕੋਮਲਪ੍ਰੀਤ ਕੌਰ ਤੇ ਪਰਮਜੀਤ ਕੌਰ ਨੇ ਪਰਿਵਾਰਾਂ ਸਮੇਤ ਆਮ ਆਦਮੀ ਪਾਰਟੀ ਤੇ ਕਾਂਗਰਸ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ। ਇਸ ਮੌਕੇ ਸਿਕੰਦਰ ਸਿੰਘ ਮਲੂਕਾ ਨੇ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦੀ ਹਨੇਰੀ ਚੱਲ ਰਹੀ ਹੈ ਵੱਡੀ ਗਿਣਤੀ ਵਿੱਚ ਲੋਕ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋ ਰਹੇ ਹਨ। ਇਸ ਦੇ ਤਹਿਤ ਹਲਕਾ ਰਾਮਪੁਰਾ ਫੂਲ ਦੇ ਨਗਰ ਕੋਠਾਗੁਰੂ ਵਿਖੇ 57 ਪਰਿਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ ਹੈ। ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਆਪ ਮੁਹਾਰੇ ਇਨ੍ਹਾਂ ਰੈਲੀਆਂ ਵਿੱਚ ਸ਼ਾਮਲ ਹੋ ਰਹੇ ਹਨ, ਲੋਕਾਂ ਦਾ ਉਤਸ਼ਾਹ ਦੱਸ ਰਿਹਾ ਹੈ ਕਿ ਉਹ 2027 ਵਿੱਚ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਲਿਆਉਣਗੇ ਤੇ ਪੰਜਾਬ ਦੀ ਤਰੱਕੀ ਤੇ ਖੁਸ਼ਹਾਲੀ ਲਈ ਸੁਖਬੀਰ ਸਿੰਘ ਬਾਦਲ ਨੂੰ ਮੁੱਖ ਮੰਤਰੀ ਬਣਾਉਣਗੇ। ਉਨ੍ਹਾਂ ਕਿਹਾ ਕਿ ਹਲਕਾ ਰਾਮਪੁਰਾ ਫੂਲ ਦੇ ਪਿੰਡ ਭਾਈਰੂਪਾ ਦੀ ਅਨਾਜ ਮੰਡੀ ਵਿੱਚ 28 ਫਰਵਰੀ ਨੂੰ ਪੰਜਾਬ ਬਚਾਓ ਰੈਲੀ ਵਿੱਚ ਕੀਤੀ ਜਾ ਰਹੀ ਹੈ ਇਸ ਮੌਕੇ ਉਨ੍ਹਾਂ ਲੋਕਾਂ ਨੂੰ ਇਸ ਰੈਲੀ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਨਗਰ ਕੋਠਾਗੁਰੂ ਦੀ ਸਮੁੱਚੀ ਲੀਡਰਸ਼ਿਪ ਤੇ ਵੱਡੀ ਗਿਣਤੀ ਵਿੱਚ ਵਰਕਰ ਸਾਹਿਬਾਨ ਹਾਜ਼ਰ ਰਹੇ।

# 'ਚਿੱਟੇ' ਦੀ ਭੇਟ ਚੜ੍ਹਿਆ ਤਿੰਨ ਭੈਣਾਂ ਦਾ ਇਕਲੌਤਾ ਭਰਾ

ਬਠਿੰਡਾ, 27 ਫਰਵਰੀ (ਦੀਪਕ ਸ਼ਰਮਾ): ਆਖਰ ਕਦੋਂ ਤੱਕ ਮੌਤ ਦੀ ਸਿਰਜ ਪੰਜਾਬੀ ਗੱਭਰੂਆਂ ਦਾ ਕਾਲ ਬਣਦੀ ਰਹੇਗੀ। ਤਾਜ਼ਾ ਮਾਮਲਾ ਬਠਿੰਡਾ ਦੇ ਨਜ਼ਦੀਕੀ ਪਿੰਡ ਵਿੱਚ ਇੱਕ 20 ਸਾਲਾ ਨੌਜਵਾਨ ਦੀ ਨਸ਼ੇ ਦੀ ਭੇਟ ਚੜ੍ਹਨ ਨਾਲ ਦਰਦਨਾਕ ਮੌਤ ਹੋਣ ਦਾ ਸਾਹਮਣੇ ਆਇਆ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਗੁਰਪ੍ਰੀਤ ਸਿੰਘ ਤਿੰਨ ਭੈਣਾਂ ਦਾ ਇਕਲੌਤਾ ਭਰਾ ਸੀ, ਜਿਸ ਦੀ ਮੌਤ ਨੇ ਨਾ ਸਿਰਫ਼ ਇੱਕ ਹੱਸਦਾ-ਖੇਡਦਾ ਘਰ ਉਜਾੜ ਦਿੱਤਾ, ਸਗੋਂ 'ਚਿੱਟੇ' ਦੇ ਕਾਰੋਬਾਰ ਦੀ ਪੋਲ ਵੀ ਖੋਲ੍ਹ ਕੇ ਰੱਖ ਦਿੱਤੀ ਹੈ। ਜਾਣਕਾਰੀ ਮੁਤਾਬਕ ਨੌਜਵਾਨ ਦੀ ਲਾਸ਼ ਪਿੰਡ ਦੀ ਇੱਕ ਧਰਮਸ਼ਾਲਾ ਵਿੱਚੋਂ ਬਰਾਮਦ ਹੋਈ। ਦੱਸਿਆ ਜਾ ਰਿਹਾ ਹੈ ਕਿ ਜਦੋਂ ਲਾਸ਼ ਮਿਲੀ ਤਾਂ ਨੌਜਵਾਨ ਦੀ ਬਾਂਹ ਵਿੱਚ ਸਰਿੰਜ ਲੱਗੀ ਹੋਈ ਸੀ, ਜੋ ਸਿੱਧੇ ਤੌਰ 'ਤੇ ਨਸ਼ੇ ਦੀ ਓਵਰਡੋਜ਼ ਵੱਲ ਇਸ਼ਾਰਾ ਕਰਦੀ ਹੈ। ਗੁਰਪ੍ਰੀਤ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ ਅਤੇ ਗ਼ਰੀਬ ਪਰਿਵਾਰ ਨੂੰ ਉਸ ਤੋਂ ਬਹੁਤ ਉਮੀਦਾਂ ਸਨ, ਪਰ 'ਸਫ਼ੈਦ ਜ਼ਹਿਰ' ਨੇ ਭੈਣਾਂ ਦੇ ਸਿਰ ਤੋਂ ਭਰਾ ਦਾ ਸਾਇਆ ਸਦਾ ਲਈ ਖੋਹ ਲਿਆ।

ਪਿੰਡ ਵਾਸੀਆਂ ਵਿੱਚ ਇਸ ਘਟਨਾ ਨੂੰ ਲੈ ਕੇ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਦਾ ਕਹਿਣਾ ਹੈ ਕਿ ਨਸ਼ੇ ਅਤੇ ਨਸ਼ਾ ਤਸਕਰਾਂ ਵਿਰੁੱਧ ਚਲਾਈਆਂ ਜਾ ਰਹੀਆਂ ਮੁਹਿੰਮਾਂ ਦਾ ਕੋਈ ਖਾਸ ਅਸਰ ਨਹੀਂ ਦਿਖਾਈ ਦੇ ਰਿਹਾ, ਜਦਕਿ ਹਕੀਕਤ ਵਿੱਚ ਨਸ਼ਾ ਤਸਕਰ ਬੇਖ਼ੌਫ਼ ਹੋ ਕੇ ਆਪਣਾ ਜਾਲ ਵਿਛਾ ਰਹੇ ਹਨ। ਪਿੰਡ ਵਾਸੀਆਂ ਨੇ ਰੋਸ ਪ੍ਰਗਟ ਕਰਦੇ ਹੋਏ ਕਿਹਾ ਕਿ ਜੇਕਰ ਇਸ ਜ਼ਹਿਰ ਦਾ ਕਾਰੋਬਾਰ ਇਸ ਤਰ੍ਹਾਂ ਹੀ ਚੱਲਦਾ ਰਿਹਾ, ਤਾਂ ਪਤਾ ਨਹੀਂ ਕਿੰਨੇ ਹੋਰ ਮਾਂ,ਬਾਪ ਨੂੰ ਆਪਣੇ ਜਿਗਰ ਦੇ ਟੁਕੜਿਆਂ ਨੂੰ ਮੋਢਾ ਦੇਣਾ ਪਏਗਾ। ਜੇਕਰ ਇਸ ਸਬੰਧੀ ਪੀੜਤ ਪਰਿਵਾਰ ਪੁਲਿਸ ਤੱਕ ਪਹੁੰਚ ਕਰਦਾ ਹੈ ਤਾਂ ਪੁਲਿਸ ਵੱਲੋਂ ਇਸ ਮੌਤ ਦੇ ਸਬੰਧ ਵਿੱਚ ਬਣਦੀ ਕਾਰਵਾਈ ਕੀਤੀ ਜਾਵੇਗੀ। ਪਰ ਸਵਾਲ ਉਹੀ ਹੈ ਕਿ ਇਹ ਖ਼ੂਨੀ ਖੇਡ ਕਦੋਂ ਰੁਕੇਗੀ?

# ਹਰਮਨ ਸ਼ਰਮਾ ਤੇ ਰਹਿਮਤ ਸਿੰਘ ਸਮੇਤ ਹੋਰਨਾਂ ਦਾ ਸਨਮਾਨ ਭਲਕੇ

ਲਹਿਰਾਗਾਗਾ, 27 ਫਰਵਰੀ (ਰਾਮੇਸ਼ਵਰ ਸ਼ਰਮਾ ਖੁਸਵਿੰਦਰ ਸ਼ਰਮਾ): ਪੜ੍ਹਾਈ, ਖੇਡਾਂ, ਸੱਭਿਆਚਾਰਕ ਤੇ ਵੱਖ-ਵੱਖ ਪ੍ਰੀਖਿਆਂ ਵਿੱਚ ਮੋਹਰੀ ਰਹਿਣ ਵਾਲਾ ਡਾ. ਦੇਵ ਰਾਜ ਡੀ.ਏ.ਵੀ. ਪਬਲਿਕ ਸਕੂਲ, ਲਹਿਰਾਗਾਗਾ ਵੱਲੋਂ ਆਯੋਜਿਤ 1 ਮਾਰਚ (ਐਤਵਾਰ) ਨੂੰ ਸਾਲਾਨਾ ਸੱਭਿਆਚਾਰਕ ਪ੍ਰੋਗਰਾਮ "ਜਸ਼ਨ-ਏ-ਬਚਪਨ ਸਬਰੰਗ" ਕਰਵਾਇਆ ਜਾ ਰਿਹਾ ਹੈ। ਇਸ ਪ੍ਰੋਗਰਾਮ ਦੌਰਾਨ ਸਕੂਲ ਦੇ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਜਾਵੇ। ਇਸ ਸਬੰਧੀ ਜਾਣਕਾਰੀ ਦਿੰਦਿਆ ਐਮ. ਡੀ. ਪ੍ਰਵੀਨ ਖੋਖਰ, ਪ੍ਰਧਾਨ ਲਕਸ਼ਮੀਕਾਂਤ ਖੋਖਰ (ਲੱਕੀ ਖੋਖਰ), ਐਡਵੋਕੇਟ ਅਨਿਰੁੱਧ ਕੌਸ਼ਲ ਨੇ ਦੱਸਿਆ ਕਿ ਡਾ. ਦੇਵ ਰਾਜ ਡੀ.ਏ.ਵੀ. ਸੀਨੀ. ਸੈਕੰ. ਪਬਲਿਕ ਸਕੂਲ ਖਾਈ/ਲਹਿਰਾਗਾਗਾ ਦੇ ਕੈਂਪਸ ਵਿੱਚ ਆਯੋਜਿਤ ਹੋਣ ਵਾਲੇ ਇਸ ਪ੍ਰੋਗਰਾਮ ਦੇ ਮੁੱਖ ਮਹਿਮਾਣ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਕੈਬਨਿਟ ਮੰਤਰੀ, ਪੰਜਾਬ ਸਰਕਾਰ ਹੋਣਗੇ ਤੇ ਕਾਂਤਾ ਗੋਇਲ ਪ੍ਰਧਾਨ ਨਗਰ ਕੌਂਸਲ ਲਹਿਰਾਗਾਗਾ ਵਿਸ਼ੇਸ਼ ਤੌਰ 'ਤੇ



ਸ਼ਿਰਕਤ ਕਰਨਗੇ।

ਉਨ੍ਹਾਂ ਇਹ ਵੀ ਦੱਸਿਆ ਕਿ ਪ੍ਰੋਗਰਾਮ ਦੌਰਾਨ ਸਕੂਲ ਵਿੱਚੋਂ ਸਿੱਖਿਆ ਗ੍ਰਹਿਣ ਕਰਕੇ ਜਾ ਚੁੱਕੇ ਹਰਮਨ ਸ਼ਰਮਾਂ ਨੇ ਜੇ.ਈ.ਈ. ਮੇਨ ਵਿੱਚੋਂ 98.75% ਸਕੋਰ ਹਾਸਲ ਕਰਕੇ ਨਾਮ ਰੋਸ਼ਨ ਕਰਨ ਤੇ, ਸਕੂਲ ਦੇ ਵਿਦਿਆਰਥੀ ਰਹਿਮਤ ਸਿੰਘ ਵੱਲੋਂ ਸੂਬੇ ਭਰ ਵਿੱਚੋਂ ਡਿਸਕਸ ਥ੍ਰੋ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਨ ਤੇ, ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ 'ਚੋਂ ਮੋਹਰੀ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥਣ ਪੁਨੀਤ ਕੌਰ, ਮਨਜੋਤ ਕੌਰ, ਅਵੀ ਗੋਇਲ, ਅੰਸ਼ ਕੁਮਾਰ ਤੇ ਡੀ.ਟੀ. ਐੱਫ ਪ੍ਰੀਖਿਆ ਵਿੱਚੋਂ ਅਗਲੇਰੀ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੀ ਵਿਦਿਆਰਥਣ ਦਾ ਸਨਮਾਣ ਵੀ ਕੀਤਾ ਜਾਵੇਗਾ।

# ਅਕੈਡਮਿਕ ਵਰਲਡ ਸਕੂਲ ਵਿਖੇ ਦੰਦਾਂ ਦਾ ਮੁਫ਼ਤ ਜਾਂਚ ਕੈਂਪ ਲਗਾਇਆ

ਲਹਿਰਾਗਾਗਾ, 27 ਫਰਵਰੀ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਐਕੈਡਮਿਕ ਵਰਲਡ ਸਕੂਲ ਖੋਖਰ ਵਿੱਚ ਅੱਜ ਮੁਫ਼ਤ ਦੰਦ ਜਾਂਚ ਕੈਂਪ ਲਗਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਮਾਹਿਰ ਡਾਕਟਰਾਂ ਵੱਲੋਂ ਕੀਤੀ ਗਈ। ਇਹ ਕੈਂਪ ਸਿਹਤ ਜਾਗਰੂਕਤਾ ਨੂੰ ਵਧਾਉਣ ਦੇ ਉਦੇਸ਼ ਨਾਲ ਕਰਵਾਇਆ ਗਿਆ। ਕੈਂਪ ਦੌਰਾਨ ਡਾ. ਨਿਸ਼ਾਂਤ ਗਰਗ (ਪੀਰੀਓਡੌਂਟਿਸਟ ਤੇ ਇਮਪਲਾਂਟੌਲੋਜਿਸਟ) ਤੇ ਡਾ. ਵਿਵੇਕਾ ਗਰਗ (ਪੀਰੀਓਡੌਂਟਿਸਟ) ਨੇ ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਦੰਦਾਂ ਦੀ ਸਹੀ ਸੰਭਾਲ, ਸਾਫ਼-ਸਫ਼ਾਈ ਤੇ ਸਿਹਤਮੰਦ ਖੁਰਾਕ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੂੰ ਦਿਨ ਵਿੱਚ ਦੋ ਵਾਰ ਬਰਸ਼ ਕਰਨ ਅਤੇ ਮਿੱਠੀਆਂ ਚੀਜ਼ਾਂ ਘੱਟ ਖਾਣ ਦੀ ਸਲਾਹ ਵੀ ਦਿੱਤੀ ਗਈ। ਕੁਝ ਬੱਚਿਆਂ ਨੂੰ ਛੋਟੀਆਂ ਸਮੱਸਿਆਵਾਂ ਮਿਲੀਆਂ ਜਿਨ੍ਹਾਂ ਲਈ ਉਨ੍ਹਾਂ ਨੂੰ ਮੁਫ਼ਤ ਦਵਾਈ ਵੀ ਦਿੱਤੀ ਗਈ।

ਸਕੂਲ ਦੇ ਪ੍ਰਿੰਸੀਪਲ ਕੇਸਰੀ ਦੇਵੀ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਿਹਤ ਕੈਂਪ ਬੱਚਿਆਂ 'ਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਬਹੁਤ ਲਾਭਦਾਇਕ




ਹਨ। ਉਨ੍ਹਾਂ ਨੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਸ ਪ੍ਰਯਾਸ ਨਾਲ ਵਿਦਿਆਰਥੀਆਂ ਨੂੰ ਆਪਣੇ ਦੰਦਾਂ ਦੀ ਸੰਭਾਲ ਬਾਰੇ ਮਹੱਤਵਪੂਰਨ ਜਾਣਕਾਰੀ ਮਿਲੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਕੂਲ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਤੇ ਜਾਗਰੂਕਤਾ ਪ੍ਰੋਗਰਾਮ ਕਰਵਾਉਂਦਾ ਰਹੇਗਾ ਤਾਂ ਜੋ ਵਿਦਿਆਰਥੀਆਂ ਦੀ ਸਰੀਰਕ ਤੇ ਮਾਨਸਿਕ ਸਿਹਤ ਦੋਵਾਂ ਮਜ਼ਬੂਤ ਰਹੇ। ਮਾਪਿਆਂ ਤੇ ਅਧਿਆਪਕਾਂ ਵੱਲੋਂ ਵੀ ਇਸ ਉਪਰਾਲੇ ਦੀ ਖੂਬ ਸਰਾਹਨਾ ਕੀਤੀ ਗਈ ਤੇ ਸਭ ਨੇ ਇਸ ਨੂੰ ਬੱਚਿਆਂ ਲਈ ਲਾਭਦਾਇਕ ਕਦਮ ਕਰਾਰ ਦਿੱਤਾ। ਇਸ ਮੌਕੇ ਗੁਰਵਿੰਦਰ ਸਿੰਘ, ਸੀਮਾ, ਸੁਰਭੀ, ਮਨਪ੍ਰੀਤ, ਨੇਵੀ, ਗੁਰਵਿੰਦਰ, ਸਾਕਸੀ, ਰਕਸੀਨ, ਕਾਜਲ,ਚਾਰੂ, ਲਵਦੀਪ, ਕਮਲਜੀਤ, ਅੰਚਲ, ਵਿਦੁਸੀ, ਹਰਮਨਪ੍ਰੀਤ, ਕੰਚਨ ਮਨਪ੍ਰੀਤ ਆਦਿ ਸਾਮਲ ਸਨ।

# ਕਿਸਾਨ ਆਗੂਆਂ ਦੀ ਨਾਜਾਇਜ਼ ਗ੍ਰਿਫ਼ਤਾਰੀ ਖ਼ਿਲਾਫ਼ ਬਿਜਲੀ ਮੁਲਾਜ਼ਮਾਂ ਵੱਲੋਂ ਬਰਨਾਲਾ ਵਿੱਚ ਰੋਸ ਰੈਲੀ



ਬਰਨਾਲਾ, 27 ਫਰਵਰੀ (ਹਰਮਨ) : ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਜੋਆਇੰਟ ਫੋਰਮ ਪੰਜਾਬ, ਗ੍ਰਿਡ ਸਬਸਟੇਸ਼ਨ ਯੂਨੀਅਨ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਅਤੇ ਪੈਨਸ਼ਨ ਯੂਨੀਅਨ ਏਟਕ ਦੇ ਸੱਦੇ ਅਨੁਸਾਰ ਬਰਨਾਲਾ ਡਵੀਜ਼ਨ ਦੇ ਮੁਲਾਜ਼ਮਾਂ ਵੱਲੋਂ ਰੋਸ ਰੈਲੀ ਕੀਤੀ ਗਈ। ਇਹ ਰੈਲੀ ਖੰਡ ਮਿਲ ਸ਼ੇਰੋਂ (ਤਰਨਤਾਰਨ) ਦੀ ਜ਼ਮੀਨ ਦੀ ਮਾਲਕੀ ਪੁੱਡਾ ਨੂੰ ਤਬਦੀਲ ਕਰਨ ਦੇ ਵਿਰੋਧ ਵਿੱਚ ਸ਼ਾਂਤਮਈ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਕਿਸਾਨ ਆਗੂਆਂ ਅਤੇ ਸਾਥੀ ਗੁਰਪ੍ਰੀਤ ਸਿੰਘ ਗੰਡੀਵਿੰਡ, ਕਨਵੀਨਰ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੀ ਨਾਜਾਇਜ਼ ਗ੍ਰਿਫਤਾਰੀ ਦੇ ਵਿਰੋਧ ਵਿੱਚ ਕੀਤੀ ਗਈ। ਰੈਲੀ ਦੀ ਪ੍ਰਧਾਨਗੀ ਸਾਂਝੀ ਸੰਘਰਸ਼ ਕਮੇਟੀ ਦੇ ਕਨਵੀਨਰ ਗੁਰਲਾਭ ਸਿੰਘ ਜੀ ਨੇ ਕੀਤੀ। ਇਸ ਮੌਕੇ ਮੁਲਾਜ਼ਮ ਆਗੂ ਜਗਤਾਰ ਸਿੰਘ ਖੇੜੀ, ਗੁਰਵਿੰਦਰ ਸਿੰਘ, ਕਮਲਜੀਤ ਸਿੰਘ ਝਲੂਰ, ਹਰਬੰਸ ਸਿੰਘ ਦੀਦਾਰਗੜ੍ਹ, ਸਤਿੰਦਰਪਾਲ ਸਿੰਘ ਜੱਸੜ, ਕੁਲਵੀਰ ਸਿੰਘ ਔਲਖ, ਜਸਪਰਤਾਪ ਸਿੰਘ, ਰਣਜੀਤ ਕੁਮਾਰ ਚੀਮਾ, ਜਸਵਿੰਦਰ ਸਿੰਘ ਜੱਸੀ, ਹਾਕਮ ਸਿੰਘ ਨੂਰ, ਰਜਿੰਦਰ ਸਿੰਘ ਮਿੰਟੂ ਸਮੇਤ ਦਫ਼ਤਰ ਦੇ ਹੋਰ ਸਾਥੀਆਂ ਨੇ ਭਾਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਸਟੇਜ ਦੀ ਕਾਰਵਾਈ ਰਾਜੇਸ਼ ਕੁਮਾਰ ਬੰਟੀ ਨੇ ਬਖ਼ੂਬੀ ਨਿਭਾਈ। ਵਕਤਾਵਾਂ ਨੇ ਆਪਣੇ ਸੰਬੋਧਨ ਵਿੱਚ ਸਰਕਾਰ ਦੀ ਕਾਰਵਾਈ ਦੀ ਕੜੀ ਨਿੰਦਾ ਕਰਦੇ ਹੋਏ ਕਿਹਾ ਕਿ ਸ਼ਾਂਤਮਈ ਤਰੀਕੇ ਨਾਲ ਸੰਘਰਸ਼ ਕਰਨਾ ਹਰ ਨਾਗਰਿਕ ਦਾ ਸੰਵੈਧਾਨਕ ਅਧਿਕਾਰ ਹੈ। ਕਿਸਾਨ ਆਗੂਆਂ ਅਤੇ ਮਜ਼ਦੂਰ ਨੇਤਾਵਾਂ ਦੀ ਨਜਾਇਜ਼ ਗ੍ਰਿਫ਼ਤਾਰੀ ਲੋਕਤੰਤਰ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਹੈ, ਜਿਸਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਗ੍ਰਿਫਤਾਰ ਕੀਤੇ ਸਾਰੇ ਸਾਥੀਆਂ ਨੂੰ ਤੁਰੰਤ ਰਿਹਾ ਕੀਤਾ ਜਾਵੇ, ਨਹੀਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਦਿਨਾਂ ਵਿੱਚ ਵੱਡੇ ਪੱਧਰ 'ਤੇ ਅੰਦੋਲਨ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਰੈਲੀ ਦੌਰਾਨ ਮੁਲਾਜ਼ਮਾਂ ਨੇ ਇਕਜੁੱਟਤਾ ਦਾ ਪ੍ਰਦਰਸ਼ਨ ਕਰਦਿਆਂ ਨਾਅਰੇਬਾਜ਼ੀ ਕੀਤੀ ਅਤੇ ਕਿਹਾ ਕਿ ਉਹ ਹਰ ਹਾਲਤ ਵਿੱਚ ਸੰਘਰਸ਼ ਕਰ ਰਹੇ ਸਾਥੀਆਂ ਦੇ ਨਾਲ ਖੜੇ ਹਨ।

# 'ਬੇਟੀ ਬਚਾਓ ਬੇਟੀ ਪੜ੍ਹਾਓ' ਤਹਿਤ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਸਮਾਗਮ 3 ਨੂੰ



ਬਰਨਾਲਾ, 27 ਫਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੱਲੋਂ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਤਹਿਤ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਿਤ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮਹਿਲਾ ਸ਼ਕਤੀਕਰਨ, ਔਰਤਾਂ ਦੀ ਆਧੁਨਿਕ ਸਮੇਂ ਵਿੱਚ ਖੇਡਾਂ ਵਿੱਚ ਸ਼ਮੂਲੀਅਤ ਅਤੇ ਹੋਰ ਵਿਸ਼ਿਆਂ @ਤੇ 3 ਮਾਰਚ ਨੂੰ ਐਸ. ਡੀ. ਕਾਲਜ ਬਰਨਾਲਾ ਵਿਖੇ ਸਮਾਗਮ ਕਰਵਾਇਆ ਜਾ ਰਿਹਾ ਹੈ ਅਤੇ ਔਰਤਾਂ ਦੀ ਸਿਹਤ ਸੰਭਾਲ ਤੇ ਰੁਜ਼ਗਾਰ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਦੌਰਾਨ ਇੱਕ ਜ਼ਿਲ੍ਹਾ ਪੱਧਰੀ ਰੰਗੋਲੀ ਮੁਕਾਬਲਾ ਵੀ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਜੇਤੂ ਟੀਮਾਂ ਨੂੰ ਇਨਾਮੀ ਰਾਸ਼ੀ ਵਜੋਂ ਪਹਿਲਾ ਇਨਾਮ 8,000 ਰੁਪਏ, ਦੂਜਾ ਇਨਾਮ 7,000 ਰੁਪਏ, ਤੀਜਾ ਇਨਾਮ 5,000 ਰੁਪਏ ਦਿੱਤਾ ਜਾਵੇਗਾ।ਇਸ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਰਤਿੰਦਰਪਾਲ ਕੌਰ ਧਾਰੀਵਾਲ ਨੇ ਦੱਸਿਆ ਕਿ ਰੰਗੋਲੀ ਮੁਕਾਬਲੇ ਵਿੱਚ ਭਾਗ ਲੈਣ ਦੇ ਚਾਹਵਾਨ ਉਮੀਦਵਾਰ ਮਿਤੀ 2 ਮਾਰਚ 2026 ਨੂੰ ਦੁਪਹਿਰ 2:30 ਵਜੇ ਤੱਕ ਆਨਲਾਈਨ ਲਿੰਕ ਰਾਹੀਂ ਆਪਣੀ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਹਰੇਕ ਟੀਮ ਵਿੱਚ 3 ਮੈਂਬਰ ਹੋਣੇ ਲਾਜ਼ਮੀ ਹਨ ਅਤੇ ਇਹ ਮੁਕਾਬਲਾ ਸਿਰਫ਼ ਔਰਤਾਂ ਲਈ ਹੈ। ਮੁਕਾਬਲੇ ਵਾਲੇ ਦਿਨ ਟੀਮਾਂ ਦੀ ਐਂਟਰੀ ਸਵੇਰੇ 8:30 ਵਜੇ ਤੱਕ ਹੋਵੇਗੀ ਅਤੇ ਰੰਗੋਲੀ ਬਣਾਉਣ ਲਈ ਸਵੇਰੇ 9:00 ਵਜੇ ਤੋਂ 11:00 ਵਜੇ ਤੱਕ ਦਾ ਸਮਾਂ ਦਿੱਤਾ ਜਾਵੇਗਾ। ਰੰਗੋਲੀ ਬਣਾਉਣ ਲਈ ਲੋੜੀਂਦੇ ਰੰਗ (5 ਤਰ੍ਹਾਂ ਦੇ ਪੈਕਟ) ਪ੍ਰਸ਼ਾਸਨ ਵੱਲੋਂ ਮੌਕੇ @ਤੇ ਹੀ ਮੁਹੱਈਆ ਕਰਵਾਏ ਜਾਣਗੇ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮੂਹ ਔਰਤਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵਧ-ਚੜ੍ਹ ਕੇ ਇਸ ਮੁਕਾਬਲੇ ਵਿੱਚ ਹਿੱਸਾ ਲੈਣ। ਵਧੇਰੇ ਜਾਣਕਾਰੀ ਲਈ ਹੈਲਪਲਾਈਨ ਨੰਬਰ 94179-71704 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹਾ ਜੇਲ੍ਹ ਦਾ ਦੌਰਾ, ਜੇਲ੍ਹ ਬੰਦੀਆਂ ਦੀਆਂ ਮੁਸ਼ਕਿਲਾਂ ਸੁਣੀਆਂ



ਬਰਨਾਲਾ, 27 ਫਰਵਰੀ (ਬਘੇਲ ਸਿੰਘ ਧਾਲੀਵਾਲ) : ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਮਿਸ ਅੰਸ਼ੁਲ ਬੇਰੀ ਵੱਲੋਂ ਜ਼ਿਲ੍ਹਾ ਜੇਲ੍ਹ ਬਰਨਾਲਾ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਬਰਨਾਲਾ ਸ਼੍ਰੀ ਮਦਨ ਲਾਲ, ਚੀਫ਼ ਲੀਗਲ ਏਡ ਡਿਫੈਂਸ ਕਾਉਂਸਲ ਸ਼੍ਰੀ ਗੁਰਮੇਲ ਸਿੰਘ ਗਿੱਲ, ਅਸਿਸਟੈਂਟ ਲੀਗਲ ਏਡ ਡਿਫੈਂਸ ਕੌਂਸਲ ਬਰਨਾਲਾ ਮਿਸ ਲਵਲੀਨ ਕੌਰ ਹਾਜ਼ਰ ਸਨ। ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਨੇ ਜੇਲ੍ਹ ਬੰਦੀਆਂ ਨੂੰ ਆ ਰਹੀਆਂ ਮੁਸ਼ਕਿਲਾਂ ਦਾ ਜਾਇਜ਼ਾ ਲਿਆ ਅਤੇ ਹਰ ਸੰਭਵ ਮਦਦ ਕਰਨ ਦਾ ਭਰੋਸਾ ਦਵਾਇਆ। ਉਨ੍ਹਾਂ ਵੱਲੋਂ ਜੇਲ੍ਹ ਬੈਰਕਾਂ ਅਤੇ ਰਸੋਈ ਘਰ ਦੀ ਚੈਕਿੰਗ ਕੀਤੀ ਗਈ ਅਤੇ ਸਾਫ਼-ਸਫ਼ਾਈ ਦਾ ਜਾਇਜ਼ਾ ਲਿਆ ਗਿਆ। ਇਸ ਤੋਂ ਇਲਾਵਾ ਉਨ੍ਹਾਂ ਨੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਕੈਦੀਆਂ ਅਤੇ ਹਵਾਲਾਤੀਆਂ ਨੂੰ ਦਿੱਤੀ ਜਾਣ ਵਾਲੀ ਮੁਫ਼ਤ ਕਾਨੂੰਨੀ ਸਹਾਇਤਾ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਮਾਨਯੋਗ ਸੁਪਰੀਮ ਕੋਰਟ ਅਤੇ ਮਾਨਯੋਗ ਹਾਈ ਕੋਰਟ ਵਿਚ ਅਪੀਲ ਕਰਨ ਦੇ ਤਰੀਕੇ ਬਾਰੇ ਵੀ ਜਾਗਰੂਕ ਕੀਤਾ। ਉਨ੍ਹਾਂ ਜੇਲ੍ਹ ਸੁਪਰਡੰਟ ਨੂੰ ਹਦਾਇਤ ਕੀਤੀ ਕਿ ਜੋ ਵੀ ਵਿਅਕਤੀ ਸਰਕਾਰੀ ਖਰਚੇ 'ਤੇ ਆਪਣੇ ਕੇਸ ਦੀ ਪੈਰਵਾਈ ਕਰਵਾਉਣਾ ਚਾਹੁੰਦਾ ਹੈ, ਉਸਦਾ ਫਾਰਮ ਭਰਕੇ ਦੋ ਦਿਨ ਦੇ ਵਿੱਚ-ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਦੇ ਦਫ਼ਤਰ ਵਿਖੇ ਭੇਜਣਾ ਯਕੀਨੀ ਬਣਾਇਆ ਜਾਵੇ, ਤਾਂ ਜੋ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਇਸ ਤੋਂ ਇਲਾਵਾ ਸ਼੍ਰੀ ਮਦਨ ਲਾਲ, ਮਾਨਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਨੇ ਦੱਸਿਆ ਕਿ ਜ਼ਿਲ੍ਹਾ ਜੇਲ੍ਹ, ਬਰਨਾਲਾ ਵਿਖੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਰਨਾਲਾ ਵੱਲੋਂ ਇੱਕ ਲੀਗਲ ਏਡ ਕਲੀਨਿਕ ਚੱਲ ਰਿਹਾ ਹੈ ਜਿੱਥੇ ਪੈਰਾ ਲੀਗਲ ਵਲੰਟੀਅਰ ਨਿਯੁਕਤ ਕੀਤਾ ਗਿਆ ਹੈ। ਬੰਦੀ ਆਪਣੇ ਕੇਸ ਬਾਰੇ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਇਸ ਕਲੀਨਿਕ ਤੋਂ ਲੈ ਸਕਦੇ ਹਨ।

# ਐਸ.ਬੀ.ਐਸ. ਸਕੂਲ ਵਿਖੇ ਬੱਚਿਆਂ ਦੀਆਂ ਗਤੀਵਿਧੀਆ ਕਰਵਾਈਆਂ



ਬਰਨਾਲਾ, 27 ਫਰਵਰੀ (ਹਮੀਰ ਸਿੰਘ) : ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਐਸ ਬੀ ਐਸ ਪਬਲਿਕ ਸਕੂਲ ਵੱਲੋ ਜੂਨੀਅਰ ਕਲਾਸ ਦੇ ਬੱਚਿਆਂ ਵਿੱਚ ਪੜ੍ਹਾਈ ਪ੍ਰਤੀ ਰੁਚੀ ਪੈਦਾ ਕਰਨ ਲਈ ਹਮੇਸ਼ਾ ਵੱਖ-ਵੱਖ ਉਪਰਾਲੇ ਕੀਤੇ ਜਾਂਦੇ ਹਨ। ਜਿਸ ਨਾਲ ਬੱਚੇ ਕੁਝ ਨਵਾਂ ਸਿੱਖਣ ਦੇ ਇੱਛੁਕ ਰਹਿੰਦੇ ਹਨ। ਸਕੂਲ ਵਿਖੇ ਅਧਿਆਪਕ ਹਰਮਨਪ੍ਰੀਤ ਕੌਰ, ਮੀਨਾਕਸ਼ੀ, ਅਤੇ ਗੁਰਪ੍ਰੀਤ ਕੌਰ ਵੱਲੋ ਜੂਨੀਅਰ ਕਲਾਸਾਂ ਦੇ ਬੱਚਿਆਂ ਦੀਆਂ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ, ਜਿਸ ਵਿੱਚ ਨਰਸਰੀ, ਜੇ ਕੇਜੀ ਅਤੇ ਐਸ ਕੇਜੀ ਦੇ ਬੱਚਿਆਂ ਨੇ ਭਾਗ ਲਿਆ। ਨਰਸਰੀ ਕਲਾਸ ਦੇ ਬੱਚਿਆਂ ਨੇ 'ਫਨ ਵਿਦ ਸ਼ੇਪਸ' ਗਤੀਵਿਧੀ ਕੀਤੀ, ਜਿਸ ਵਿੱਚ ਅਧਿਆਪਕ ਨੇ ਬੱਚਿਆਂ ਵੱਖ-ਵੱਖ ਅਕਾਰਾਂ ਦੇ ਬਾਰੇ ਦੱਸਿਆ ਅਤੇ ਉਨ੍ਹਾਂ ਨੇ ਬੱਚਿਆਂ ਨੂੰ ਗੋਲ, ਤ੍ਰਿਕੋਨ, ਵਰਗ ਅਦਿ ਅਕਾਰ ਵਿੱਚ ਖੜ੍ਹੇ ਕਰ ਕੇ ਖੇਡਾਂ ਕਰਵਾਈਆਂ। ਜਿਸ ਨਾਲ ਬੱਚਿਆਂ ਨੇ ਮੰਨੋਰੰਜਨ ਦੇ ਨਾਲ-ਨਾਲ ਵੱਖ-ਵੱਖ ਅਕਾਰਾਂ ਬਾਰੇ ਜਾਣਕਾਰੀ ਹਾਸਿਲ ਕੀਤੀ। ਕਲਾਸ ਜੂਨੀਅਰ ਅਤੇ ਸੀਨੀਅਰ ਕੇਜੀ ਦੇ ਬੱਚਿਆਂ ਨੂੰ ਰੰਗਾਂ ਦੇ ਮਿਸ਼ਰਣ ਬਾਰੇ ਜਾਣਕਾਰੀ ਦੇਣ ਦੇ ਮਕਸਦ ਨਾਲ 'ਹੈਂਡ ਪ੍ਰਿੰਟਿਗ' ਗਤੀਵਿਧੀ ਕਰਵਾਈ ਗਈ ਜਿਸ 'ਚ ਬੱਚਿਆਂ ਨੇ ਰੰਗਾਂ ਨੂੰ ਰਲਾ ਕੇ ਨਵੇਂ ਰੰਗ ਬਣਾਏ ਅਤੇ ਆਪਣੇ ਹੱਥਾਂ ਨੂੰ ਰੰਗ ਲਗਾ ਕੇ ਪੇਪਰ ਉੱਪਰ ਆਪਣੇ ਪਸੰਦ ਦੇ ਡਿਜਾਇਨ ਬਣਾਏ। ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਗਤੀਵਿਧੀ ਨੂੰ ਪੂਰਾ ਕੀਤਾ ਅਤੇ ਨਵੇਂ ਰੰਗ ਬਾਰੇ ਜਾਣਕਾਰੀ ਹਸਿਲ ਕੀਤੀ। ਸਕੂਲ ਦੇ ਵਾਈਸ ਪ੍ਰਿੰਸੀਪਲ ਡਾ. ਸ਼ੰਜੇ ਕੁਮਾਰ ਨੇ ਦੱਸਿਆ ਕਿ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਅਜਿਹੀ ਜਾਣਕਾਰੀ ਦੀ ਲੋੜ ਹੈ, ਤਾਂ ਜੋ ਬੱਚਿਆਂ ਵਿੱਚ ਨਵੇਂ ਹੁਨਰ ਪੈਦਾ ਹੋ ਸਕਣ। ਸਕੂਲ ਪ੍ਰਿੰਸੀਪਲ ਮੈਡਮ ਕਮਲਜੀਤ ਕੌਰ ਨੇ ਕਿਹਾ ਕਿ ਬੱਚਿਆਂ ਨੂੰ ਕੁਝ ਨਵਾ ਸਿਖਾਉਣ ਲਈ ਅਜਿਹੀਆਂ ਗਤੀਵਿਧੀਆਂ ਸਕੂਲ ਵੱਲੋ ਸਮੇਂ-ਸਮੇਂ ਤੇ ਕਰਵਾਈਆਂ ਜਾਦੀਆਂ ਹਨ, ਜਿੰਨ੍ਹਾਂ ਨਾਲ ਬੱਚਿਆਂ ਦਾ ਸਰਵ-ਪੱਖੀ ਵਿਕਾਸ ਹੋ ਸਕੇ।

# ਸੇਵਾ ਤੇ ਸੰਵੇਦਨਾ ਦਾ ਜਸ਼ਨ : ਫਰਵਰੀ 'ਚ ਜਨਮੇ ਮਦਰਾਈਟਸ ਦੀ ਪ੍ਰੇਰਣਾਦਾਇਕ ਪਹਿਲ




ਬਰਨਾਲਾ, 27 ਫਰਵਰੀ (ਇਸ਼ੇਨ ਕੰਗ) : ਐਮਟੀਐਸ ਬਰਨਾਲਾ ਦੇ ਪਲੇ ਵੇ ਤੋਂ ਦੂਜੀ ਜਮਾਤ ਤੱਕ ਦੇ ਫਰਵਰੀ ਮਹੀਨੇ ਵਿੱਚ ਜਨਮੇ ਮਦਰਾਈਟਸ ਨੇ ਆਪਣਾ ਜਨਮਦਿਨ ਬਹੁਤ ਹੀ ਅਨੋਖੇ ਅਤੇ ਪ੍ਰੇਰਣਾਦਾਇਕ ਢੰਗ ਨਾਲ ਮਨਾਇਆ। ਕੇਕ ਤੇ ਮੋਮਬੱਤੀਆਂ ਤੋਂ ਅੱਗੇ ਵੱਧ ਕੇ ਬੱਚਿਆਂ ਨੇ ਸੇਵਾ ਅਤੇ ਦਇਆ ਦਾ ਸੰਦੇਸ਼ ਦਿੱਤਾ। ਨੰਨੇ ਵਿਦਿਆਰਥੀਆਂ ਨੇ ਬਰਨਾਲਾ ਦੀ ਗੌਸ਼ਾਲਾ ਵਿੱਚ ਜਾ ਕੇ ਗਊਆਂ ਨੂੰ ਚਪਾਤੀਆਂ ਖਵਾਈਆਂ ਅਤੇ ਪਸ਼ੂ ਸੇਵਾ ਦੀ ਮਹੱਤਤਾ ਨੂੰ ਸਮਝਿਆ। ਉਨ੍ਹਾਂ ਨੇ ਲੋੜਵੰਦ ਬੱਚਿਆਂ ਨੂੰ ਰੋਜ਼ਾਨਾ ਵਰਤੋਂ ਦੀਆਂ ਵਸਤਾਂ ਭੇਂਟ ਕਰਕੇ ਖੁਸ਼ੀਆਂ ਵੰਡੀਆਂ। ਵਾਤਾਵਰਣ ਸੰਰੱਖਣ ਲਈ ਬੱਚਿਆਂ ਨੇ ਪੌਦੇ ਲਗਾ ਕੇ ਉਨ੍ਹਾਂ ਦੀ ਸੰਭਾਲ ਕਰਨ ਦਾ ਸੰਕਲਪ ਵੀ ਲਿਆ। ਸਕੂਲ ਵਿੱਚ ਵੀ ਖੁਸ਼ੀ ਅਤੇ ਉਤਸ਼ਾਹ ਨਾਲ ਜਨਮਦਿਨ ਮਨਾਇਆ ਗਿਆ। ਇਹ ਸਮਾਗਮ ਐਮਟੀਐਸ ਬਰਨਾਲਾ ਵੱਲੋਂ ਸੰਸਕਾਰ, ਸੇਵਾ ਅਤੇ ਸਮਾਜਿਕ ਜ਼ਿੰਮੇਵਾਰੀ ਦੇ ਮੁੱਲਾਂ ਨੂੰ ਮਜ਼ਬੂਤ ਕਰਨ ਦਾ ਸੁੰਦਰ ਉਦਾਹਰਨ ਬਣਿਆ।

# ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਦੇ ਮੈਂਬਰਾਂ ਦਾ ਜ਼ਿਲ੍ਹਾ ਪੱਧਰੀ ਸਹੁੰ ਚੁੱਕ ਸਮਾਗਮ

## ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਪਿੰਡਾਂ ਦੇ ਵਿਕਾਸ ਦੀ ਅਹਿਮ ਕੜੀ : ਵਿਧਾਇਕ ਉੱਗੋਕੇ



ਬਰਨਾਲਾ/ ਹੰਡਿਆਇਆ, 27 ਫਰਵਰੀ (ਬਘੇਲ ਸਿੰਘ ਧਾਲੀਵਾਲ) : ਜ਼ਿਲ੍ਹਾ ਬਰਨਾਲਾ ਦੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਦੇ ਮੈਂਬਰਾਂ ਨੂੰ ਸਹੁੰ ਚੁਕਾਉਣ ਲਈ ਜ਼ਿਲ੍ਹਾ ਪੱਧਰੀ ਸਮਾਗਮ ਅੱਜ ਇਥੇ ਵਾਈ ਐੱਸ ਕਾਲਜ ਵਿੱਚ ਕਰਵਾਇਆ ਗਿਆ। ਇਸ ਮੌਕੇ ਹਲਕਾ ਭਦੌੜ ਦੇ ਵਿਧਾਇਕ ਸ. ਲਾਭ ਸਿੰਘ ਉੱਗੋਕੇ ਨੇ ਕਿਹਾ ਕਿ ਤੁਸੀ ਸਾਰੇ ਚੁਣੇ ਹੋਏ ਨੁਮਾਇੰਦੇ ਵਿਕਾਸ ਦੀ ਕੜੀ ਹੋ ਜਿਹੜੇ ਪਿੰਡਾਂ ਦੇ ਵਿਕਾਸ ਵਿੱਚ ਮੋਹਰੀ ਭੂਮਿਕਾ ਨਿਭਾਉਣਗੇ।ਉਹਨਾਂ ਸੱਦਾ ਦਿੱਤਾ ਕਿ ਬਿਨਾਂ ਕਿਸੇ ਪੱਖਪਾਤ ਤੋਂ ਸਾਂਝੇ ਅਤੇ ਲੋੜੀਂਦੇ ਕੰਮਾਂ ਨੂੰ ਤਰਜੀਹ ਦੇ ਕੇ ਪਿੰਡਾਂ ਦੇ ਵਿਕਾਸ ਕਾਰਜ ਕਰੀਏ ਅਤੇ ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਵਿੱਚ ਭੂਮਿਕਾ ਨਿਭਾਈਏ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਡਾ. ਹਰਜਿੰਦਰ ਸਿੰਘ ਬੇਦੀ ਨੇ ਸਾਰੇ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਦੇ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੇ ਪਿੰਡਾਂ ਨੂੰ ਮਾਡਲ ਪਿੰਡ ਬਣਾਉਣ ਲਈ ਜ਼ਮੀਨੀ ਪੱਧਰ ਉੱਤੇ ਕੰਮ ਕਰਨ ਵਾਸਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਤੋਂ ਪਹਿਲਾਂ ਪ੍ਰਿੰਸੀਪਲ ਵਾਈ ਐੱਸ ਕਾਲਜ ਡਾ. ਗੁਰਪਾਲ ਰਾਣਾ ਵੱਲੋਂ ਸਾਰੇ ਮਹਿਮਾਨਾਂ ਅਤੇ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀਆਂ ਦੇ ਮੈਂਬਰਾਂ ਨੂੰ ਜੀ ਆਇਆਂ ਕਿਹਾ ਗਿਆ ਅਤੇ ਅਦਾਰੇ ਵੱਲੋਂ ਇਲਾਕੇ ਦੀ ਬਿਹਤਰੀ ਲਈ ਹਰ ਤਰ੍ਹਾਂ ਦੇ ਸਹਿਯੋਗ ਦਾ ਭਰੋਸਾ ਦਿੱਤਾ ਗਿਆ। ਧੰਨਵਾਦੀ ਸ਼ਬਦ ਸਾਂਝੇ ਕਰਦੇ ਹੋਏ ਸ੍ਰੀ ਵਰੁਣ ਭਾਰਤੀ ਡਾਇਰੈਕਟਰ ਵਾਈ ਐੱਸ ਗਰੁੱਪ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਪੰਚਾਇਤ ਸੰਮਤੀਆਂ ਸਰਕਾਰ ਅਤੇ ਪਿੰਡਾਂ ਦੇ ਲੋਕਾਂ ਵਿਚਾਲੇ ਵਿਕਾਸ ਦੀ ਕੜੀ ਹਨ। ਉਹਨਾਂ ਸਾਂਝੇ ਯਤਨਾਂ ਨਾਲ ਜ਼ਿਲ੍ਹੇ ਦੀ ਬਿਹਤਰੀ ਲਈ ਕੰਮ ਕਰਨ ਦਾ ਸੱਦਾ ਦਿੱਤਾ ਅਤੇ ਅਦਾਰੇ ਵੱਲੋਂ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਤਪਾ ਤਰਸੇਮ ਸਿੰਘ ਕਾਹਨੇਕੇ, ਚੇਅਰਮੈਨ ਮਾਰਕੀਟ ਕਮੇਟੀ ਭਦੌੜ ਗੁਰਪ੍ਰੀਤ ਸਿੰਘ (ਅੰਮ੍ਰਿਤ ਢਿੱਲਵਾਂ), ਹਲਕਾ ਇੰਚਾਰਜ ਸ. ਹਰਿੰਦਰ ਸਿੰਘ ਧਾਲੀਵਾਲ, ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਬਰਨਾਲਾ ਸਵਿੰਦਰ ਸਿੰਘ ਤੇ ਹੋਰ ਪਤਵੰਤੇ ਮੌਜੂਦ ਸਨ।

# ਸਰਕਾਰੀ ਪ੍ਰਾਇਮਰੀ ਸਕੂਲ ਅਮਲਾ ਸਿੰਘ ਬਾਲਾ ਵਿਖੇ ਹੋਈ ਮਦਰ ਵਰਕਸ਼ਾਪ




ਬਰਨਾਲਾ, 27 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਸਿੱਖਿਆ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਹੈੱਡ ਟੀਚਰ ਨਰਿੰਦਰ ਕੁਮਾਰ ਦੀ ਅਗਵਾਈ ਹੇਠ ਸਰਕਾਰੀ ਪ੍ਰਾਇਮਰੀ ਸਕੂਲਾ ਅਮਲਾ ਸਿੰਘ ਵਾਲਾ ਵਿਖੇ ਮਦਰ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਬੋਲਦਿਆਂ ਹੈੱਡ ਟੀਚਰ ਨੇ ਮਾਵਾਂ ਨੂੰ ਦੱਸਿਆ ਕਿ ਮਨੋਵਿਗਿਆਨ ਕੀ ਹੈ? ਮਨੋਵਿਗਿਆਨ ਸਮਝਣਾ ਇਸ ਲਈ ਜਰੂਰੀ ਹੈ, ਕਿਉਂਕਿ ਬੱਚੇ ਦੇ ਦਿਮਾਗ ਦਾ ਵਿਕਾਸ ਜੀਵਨ ਵਿੱਚ ਬਹੁਤ ਜਲਦੀ ਸ਼ੁਰੂ ਹੁੰਦਾ ਹੈ, ਗਰਭ ਤੋਂ ਹੀ ਬੱਚੇ ਦੇ ਦਿਮਾਗ ਦਾ ਵਿਕਾਸ ਹੋਣਾ ਸ਼ੁਰੂ ਹੋ ਜਾਂਦਾ ਹੈ। ਜਨਮ ਦੇ ਸਮੇਂ ਬੱਚੇ ਦੇ ਦਿਮਾਗ ਵਿੱਚ ਕਰੋੜਾਂ ਨਿਊਰੋਨ ਹੁੰਦੇ ਹਨ, ਜੋ ਜੁੜੇ ਨਹੀਂ ਹੁੰਦੇ। ਛੇ ਸਾਲ ਦੀ ਉਮਰ ਤੱਕ ਬੱਚੇ ਦਾ ਦਿਮਾਗ ਤੇਜ਼ੀ ਨਾਲ ਕਨੈਕਸ਼ਨ ਬਣਾਉਂਦਾ ਹੈ। ਉਹਨਾਂ ਕਿਹਾ ਕਿ ਮਾਵਾਂ ਬੱਚੇ ਨੂੰ ਸਿਰਫ ਹੁਕਮ ਨਾ ਦੇਣ, ਉਨਾਂ ਨਾਲ ਪਿਆਰ ਨਾਲ ਪੇਸ਼ ਆਉਣ। ਇਸ ਮੌਕੇ ਮਾਵਾਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਸਰਕਲ ਵਿੱਚੋਂ ਖਾਲੀ ਬੋਤਲਾਂ ਚੁੱਕਣ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਪਹਿਲਾ ਸਥਾਨ ਗਗਨਦੀਪ ਕੌਰ, ਦੂਜਾ ਸਥਾਨ ਕਰਮਜੀਤ ਕੌਰ ਅਤੇ ਤੀਜਾ ਸਥਾਨ ਨਿਰਮਲ ਕੌਰ ਨੇ ਹਾਸਿਲ ਕੀਤਾ। ਹੈਂਡ ਮੇਡ ਮਟੀਰੀਅਲ ਮੁਕਾਬਲੇ ਵਿੱਚੋਂ ਪਹਿਲਾ ਸਥਾਨ ਅਮਨਦੀਪ ਕੌਰ, ਦੂਜਾ ਸਥਾਨ ਮਨਪ੍ਰੀਤ ਕੌਰ ਅਤੇ ਤੀਜਾ ਸਥਾਨ ਰਛਪਾਲ ਕੌਰ ਨੇ ਹਾਸਲ ਕੀਤਾ। ਇਸ ਤਰ੍ਹਾਂ ਅੱਖਾਂ ਤੇ ਪੱਟੀ ਬੰਨ੍ਹ ਕੇ ਛੂਹਣ ਦੇ ਮੁਕਾਬਲੇ ਵਿੱਚੋਂ ਮਨਪ੍ਰੀਤ ਕੌਰ ਨੇ ਪਹਿਲਾ, ਲਵਪ੍ਰੀਤ ਕੌਰ ਨੇ ਦੂਜਾ ਅਤੇ ਸੰਦੀਪ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ ਨਿਆ ਵੰਡਣ ਦੀ ਰਸਮ ਹੈੱਡ ਟੀਚਰ ਨਰਿੰਦਰ ਕੁਮਾਰ, ਗਗਨਦੀਪ ਸਿੰਘ ,ਪ੍ਰਿਆ ਰਾਣੀ, ਲਖਵਿੰਦਰ ਕੌਰ ,ਐਸ.ਐਮ.ਸੀ ਮੈਂਬਰ ਕੁਲਦੀਪ ਕੌਰ ,ਨਵਜੋਤ ਕੌਰ, ਨੀਲਮ ਯਾਦਵ ,ਸੁਖਜੀਤ ਕੌਰ ਆਦਿ ਨੇ ਨਿਭਾਈ।

# ਪ੍ਰਦੂਸ਼ਨ, ਜਲਵਾਯੂ ਤਬਦੀਲੀ ਅਤੇ ਨਿਵਾਸ ਸਥਾਨ ਦਾ ਵਿਨਾਸ਼ ਜੰਗਲੀ ਜੀਵਾਂ ਦੇ ਖ਼ਾਤਮੇ ਲਈ ਜ਼ਿੰਮੇਵਾਰ



ਬਰਨਾਲਾ, 27 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਦੂਸ਼ਿਤ ਵਾਤਾਵਰਨ ਅਤੇ ਪ੍ਰਕਿਰਤੀ ਦੇ ਬਦਲਦੇ ਮਿਜਾਜ਼ ਕਾਰਨ ਜੀਵ ਜੰਤੂਆਂ ਦੀ ਹੋਂਦ ਤੇ ਖਤਰੇ ਦੇ ਬੱਦਲ ਮੰਡਰਾਅ ਰਹੇ ਹਨ। ਜੰਗਲੀ ਜੀਵਾਂ ਦੀ ਹੋਂਦ ਦੇ ਕਾਰਨ ਹੀ ਧਰਤੀ ਸੁੰਦਰ ਜਾਪਦੀ ਹੈ। ਇਸ ਮੌਕੇ ਬੋਲਦਿਆਂ ਸਟੇਟ ਐਵਾਰਡੀ ਭੋਲਾ ਸਿੰਘ ਵਿਰਕ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਨੇ 3 ਮਾਰਚ ਨੂੰ ਵਿਸ਼ਵ ਜੰਗਲੀ ਜੀਵ ਸੁਰੱਖਿਆ ਦਿਵਸ ਮਨਾਉਣ ਦੀ ਘੋਸ਼ਣਾ ਕੀਤੀ ਸੀ। ਇਹ ਦਿਨ ਮਨਾਉਣ ਦਾ ਉਦੇਸ਼ ਸਿਹਤਮੰਦ ਜੰਗਲੀ ਜੀਵ ਆਬਾਦੀ ਨੂੰ ਬਣਾਈ ਰੱਖਣਾ ਹੈ। ਇਸ ਦਿਨ ਨੂੰ ਮਨਾਉਣ ਦਾ ਉਦੇਸ਼ ਲੋਕਾਂ ਚ ਜੰਗਲੀ ਜੀਵਾਂ ਦੀ ਸੰਭਾਲ ਅਤੇ ਸੁਰੱਖਿਆ ਕਰਨ ਸੰਬੰਧੀ ਜਾਗਰੂਕਤਾ ਪੈਦਾ ਕਰਨਾ ਹੈ। ਇਸ ਦੌਰਾਨ ਸਮਾਜ ਸੇਵੀ ਧੰਨਾ ਸਿੰਘ ਗਰੇਵਾਲ ਨੇ ਕਿਹਾ ਕਿ ਜੰਗਲੀ ਜੀਵਾਂ ਦੇ ਆਵਾਸ ਦੀ ਤਬਾਹੀ, ਜੰਗਲਾਂ ਦੀ ਕਟਾਈ, ਪ੍ਰਦੂਸ਼ਨ, ਖੇਤੀਬਾੜੀ ਕਾਰਨ ਜੰਗਲੀ ਜੀਵਾਂ ਦੀ ਗਿਣਤੀ ਘਟਦੀ ਜਾ ਰਹੀ ਹੈ। ਗੈਰ ਕਾਨੂੰਨੀ ਜੰਗਲੀ ਜੀਵਾਂ ਦੇ ਵਪਾਰ ਲਈ ਇਨ੍ਹਾਂ ਦਾ ਸ਼ਿਕਾਰ ਕੀਤਾ ਜਾਂਦਾ ਹੈ, ਜਿਸ ਕਾਰਨ ਜੰਗਲੀ ਜੀਵਾਂ ਦੀ ਆਬਾਦੀ ਵਿੱਚ ਗਿਰਾਵਟ ਆ ਰਹੀ ਹੈ। ਹਵਾ ਪ੍ਰਦੂਸ਼ਣ, ਜ਼ਹਿਰੀਲੇ ਰਸਾਇਣ , ਮੌਸਮੀ ਤਬਦੀਲੀ ਦੇ ਕਾਰਨ ਜੰਗਲੀ ਜੀਵਾਂ ਦੀਆਂ ਪ੍ਰਜਾਤੀਆਂ ਅਲੋਪ ਹੋ ਰਹੀਆਂ ਹਨ। ਸਮਾਜ ਸੇਵੀ ਸੰਜੀਵ ਬਾਂਸਲ ਐਮ ਡੀ ਕੋਪਲ ਕੰਪਨੀ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਜੰਗਲਾਂ ਦੀ ਸਾਂਭ ਸੰਭਾਲ ਕਰਕੇ, ਜੰਗਲੀ ਜੀਵ ਸੁਰੱਖਿਆ ਸਬੰਧੀ ਸਹਿਤ ਵੰਡ ਕੇ ਅਤੇ ਕੁਇਜ਼ ਮੁਕਾਬਲੇ ਕਰਵਾ ਕੇ ਜੰਗਲੀ ਜੀਵ ਜੰਤੂਆਂ ਦੀ ਸਾਂਭ ਸੰਭਾਲ ਸੰਬੰਧੀ ਜਾਗਰੂਕਤਾ ਪੈਦਾ ਕਰ ਸਕਦੇ ਹਾਂ। ਸਮਾਜ ਸੇਵੀ ਡਾਕਟਰ ਰਾਹੁਲ ਰੁਪਾਲ ਨੇ ਕਿਹਾ ਕਿ ਜੰਗਲੀ ਜੀਵਾਂ ਦੀ ਸੰਭਾਲ ਅਤੇ ਸੁਰੱਖਿਆ ਪ੍ਰਤੀ ਲੋਕਾਂ ਦਾ ਧਿਆਨ ਜੰਗਲਾਂ ਦੀ ਮਹੱਤਤਾ ਤੇ ਕੇਂਦਰਿਤ ਕਰਨਾ ਚਾਹੀਦਾ ਹੈ । ਚਿੜੀਆਂ ਘਰਾਂ 'ਚ ਬੱਚਿਆਂ ਦਾ ਦਾਖਲਾ, ਜੰਗਲੀ ਜੀਵਾਂ ਦੀ ਸੁਰੱਖਿਆ ਤੇ ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ ਕਰਵਾਉਣੇ ਚਾਹੀਦੇ ਹਨ। ਕੋਲੋਨਾਈਜਰ ਪਿਆਰ ਵਾਲਾ ਰਾਏਸਰ ਵਾਲਿਆਂ ਨੇ ਕਿਹਾ ਕਿ ਜੰਗਲੀ ਜੀਵ ਸੁਰੱਖਿਆ ਦਿਵਸ ਸਾਨੂੰ ਯਾਦ ਦਵਾਉਂਦਾ ਹੈ ਕਿ ਮਨੁੱਖ ਨੂੰ ਜੰਗਲੀ ਜੀਵਨ ਨੂੰ ਅਲੋਪ ਹੋਣ ਤੋਂ ਬਚਾਉਣ ਅਤੇ ਸਾਂਭ ਸੰਭਾਲ ਕਰਨੀ ਚਾਹੀਦੀ ਹੈ। ਇਸ ਮੌਕੇ ਬੋਲਦਿਆਂ ਬਲਤੇਜ ਸਿੰਘ ਮੈਕਲਾਈਫ ਵਾਲੇ ਨੇ ਕਿਹਾ ਕਿ ਸ਼ਿਕਾਰੀ ਹਾਥੀ ਦੰਦ ਲਈ ਹਰ ਸਾਲ 20 ਹਜ਼ਾਰ ਹਾਥੀਆਂ ਦੀ ਹੱਤਿਆ ਕਰ ਦਿੰਦੇ ਹਨ। ਉਨ੍ਹਾਂ ਕਿਹਾ ਕਿ ਜੰਗਲੀ ਜੀਵਾਂ ਦੇ ਖਾਤਮੇ ਦਾ ਸਿੱਧਾ ਅਸਰ ਭਵਿੱਖ ਵਿੱਚ ਪੈਦਾਵਾਰ ਤੇ ਅਨਾਜ ਉਤਪਾਦਨ ਤੇ ਪੈਣਾ ਤੈਅ ਹੈ। ਸਰਕਾਰਾਂ, ਵਾਤਾਵਰਣ ਪ੍ਰੇਮੀਆਂ ਅਤੇ ਜੰਗਲੀ ਜੀਵ ਪ੍ਰੇਮੀਆਂ ਨੂੰ ਮਿਲ ਕੇ ਜੰਗਲੀ ਜੀਵਾਂ ਦੀ ਸਾਂਭ ਸੰਭਾਲ ਕਰਨੀ ਚਾਹੀਦੀ ਹੈ।

# ਕੋਪਲ ਕੰਪਨੀ ਵੱਲੋਂ ਥਾਈਲੈਂਡ ਵਿੱਚ ਡਿਸਟ੍ਰੀਬਿਊਟਰ ਮੀਟਿੰਗ; ਨਵੇਂ ਉਤਪਾਦਾਂ ਦੀ ਦਿੱਤੀ ਜਾਣਕਾਰੀ



ਬਰਨਾਲਾ, 27 ਫ਼ਰਵਰੀ (ਸੁਖਵਿੰਦਰ ਸਿੰਘ ਭੰਡਾਰੀ) : ਕੀੜੇਮਾਰ ਦਵਾਈਆਂ ਦੇ ਖੇਤਰ ਵਿੱਚ ਮੋਹਰੀ ਕੰਪਨੀ 'ਕੋਪਲ' ਵੱਲੋਂ ਬੀਤੇ ਦਿਨੀਂ ਆਪਣੇ ਸੁਪਰ ਡਿਸਟ੍ਰੀਬਿਊਟਰਾਂ ਲਈ ਵਿਦੇਸ਼ੀ ਧਰਤੀ ਥਾਈਲੈਂਡ ਵਿਖੇ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ। ਇਸ ਦੌਰੇ ਦੌਰਾਨ ਜਿੱਥੇ ਡਿਸਟ੍ਰੀਬਿਊਟਰਾਂ ਨੇ ਥਾਈਲੈਂਡ ਦੇ ਵੱਖ-ਵੱਖ ਸ਼ਹਿਰਾਂ ਦਾ ਆਨੰਦ ਮਾਣਿਆ, ਉੱਥੇ ਹੀ ਕੰਪਨੀ ਵੱਲੋਂ ਆਉਣ ਵਾਲੇ ਸਮੇਂ ਵਿੱਚ ਲਾਂਚ ਕੀਤੇ ਜਾਣ ਵਾਲੇ ਨਵੇਂ ਉਤਪਾਦਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਕੰਪਨੀ ਦੇ ਡਾਇਰੈਕਟਰ (ਮਾਰਕੇਟਿੰਗ) ਸ਼੍ਰੀ ਹਰਜੀਤ ਸਿੰਘ ਢਿੱਲੋਂ ਨੇ ਸਭ ਦਾ ਸਵਾਗਤ ਕਰਦਿਆਂ ਦੱਸਿਆ ਕਿ ਕੰਪਨੀ ਆਪਣੇ ਡਿਸਟ੍ਰੀਬਿਊਟਰਾ ਨੂੰ ਹਰ ਸਾਲ ਅਲੱਗ ਅਲੱਗ ਵਿਦੇਸ਼ਾਂ ਵਿੱਚ ਲੈ ਕੇ ਜਾਂਦੀ ਹੈ। ਇਸ ਦਾ ਸਿੱਧਾ ਮਤਲਬ ਕੰਪਨੀ ਅਤੇ ਡੀਲਰ ਦਾ ਆਪਸੀ ਤਾਲਮੇਲ ਹੋਰ ਜਿਆਦਾ ਮਜ਼ਬੂਤ ਕਰਨਾ ਹੈ। ਕੰਪਨੀ ਦੇ ਐੱਮ ਡੀ ਸੰਜੀਵ ਬਾਂਸਲ ਨੇ ਭਵਿੱਖ ਦੇ ਵਿਚ ਆ ਰਹੇ ਨਵੇ ਉਤਪਾਦਾਂ ਦੀ ਜਾਣਕਾਰੀ ਸਾਂਝੀ ਕੀਤੀ ਅਤੇ ਅਗਲੇ ਸਾਲ ਕਿਸੇ ਹੋਰ ਦੇਸ਼ ਇਹ ਮੀਟਿੰਗ ਕਰਨ ਦਾ ਵਾਅਦਾ ਕੀਤਾ ਗਿਆ। ਇਸ ਸਾਰੇ ਟੂਰ ਨੂੰ ਪੰਜਾਬ ਦੇ ਖੰਨਾ ਤੋਂ ਗਏ ਹੋਏ ਸ੍ਰੀ ਸੰਜੂ ਬੱਤਾ ਦੀ ਟਰੈਵਲ ਕੰਪਨੀ ਬਿਗ ਡੈਡੀ ਵੱਲੋਂ ਬਹੁਤ ਹੀ ਸੁਚੱਜੇ ਢੰਗ ਨਾਲ ਕਰਵਾਇਆ ਗਿਆ। ਇਸ ਟੂਰ ਦੀ ਖਾਸ ਵਿਸ਼ੇਸ਼ਤਾ ਇਹ ਰਹੀ ਕਿ ਇਹ ਟੂਰ ਕੋਪਲ ਲਈ ਖਾਸ ਤੌਰ 'ਤੇ ਡਿਜ਼ਾਇਨ ਕੀਤਾ ਗਿਆ ਸੀ ਜਿਸ ਦਾ ਡਿਸਟ੍ਰੀਬਿਊਟਰਾਂ ਨੇ ਭਰਪੂਰ ਆਨੰਦ ਲਿਆ ਅਤੇ ਬਿਗ ਡੈਡੀ ਕੰਪਨੀ ਦੀ ਸਰਾਹਨਾ ਕੀਤੀ ਗਈ। ਅੰਤ ਵਿੱਚ ਕੰਪਨੀ ਸੀਨੀਅਰ ਮੈਨੇਜਰ (ਮਾਰਕੇਟਿੰਗ) ਜਨਾਬ ਮੁਹੰਮਦ ਨਸੀਰ ਨੇ ਸਾਰੇ ਆਏ ਹੋਏ ਡਿਸਟ੍ਰੀਬਿਊਟਰਾ ਅਤੇ ਬਿਗ ਡੈਡੀ ਟੀਮ ਦੇ ਸੰਜੂ ਬੱਤਾ ਅਤੇ ਅਰਮਾਨ ਆਹੂਜਾ ਦਾ ਧੰਨਵਾਦ ਕੀਤਾ ਗਿਆ।

# ਸ਼੍ਰੋਮਣੀ ਅਕਾਲੀ ਦਲ ਦੀ ਅੱਜ ਦੀ ਭਾਈਰੂਪਾ ਰੈਲੀ ਨੂੰ ਲੈ ਕੇ ਵਰਕਰਾਂ 'ਚ ਭਾਰੀ ਉਤਸ਼ਾਹ : ਸਤਵਿੰਦਰਪਾਲ ਸਿੰਘ ਪਿੰਦਰ



ਭਗਤਾ ਭਾਈ ਕਾ, 27 ਫਰਵਰੀ (ਸਵਰਨ ਸਿੰਘ ਭਗਤਾ) : ਸ਼੍ਰੋਮਣੀ ਅਕਾਲੀ ਦਲ ਵੱਲੋਂ ਨਜ਼ਦੀਕੀ ਪਿੰਡ ਭਾਈਰੂਪਾ ਵਿਖੇ 28 ਫਰਵਰੀ ਨੂੰ ਕੀਤੀ ਜਾ ਰਹੀ ਵਿਧਾਨ ਸਭਾ ਹਲਕਾ ਰਾਮਪੁਰਾ ਫੂਲ ਦੀ ਪੰਜਾਬ ਬਚਾਓ ਰੈਲੀ ਦੀਆਂ ਤਿਆਰੀਆਂ ਸਬੰਧੀ ਆਗੂਆਂ ਅਤੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਤਵਿੰਦਰਪਾਲ ਸਿੰਘ ਪਿੰਦਰ ਪ੍ਰਧਾਨ ਨੇ ਕੀਤਾ। ਪਿੰਦਰ ਪ੍ਰਧਾਨ ਨੇ ਕਿਹਾ ਕਿ ਇਸ ਸਬੰਧੀ ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ ਵੱਲੋਂ ਪਿੰਡ ਪਿੰਡ ਜਾ ਕੇ ਵਰਕਰਾਂ ਤੇ ਆਗੂਆਂ ਨਾਲ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ 28 ਫਰਵਰੀ ਨੂੰ ਕਸਬਾ ਭਾਈ ਰੂਪਾ ਵਿਖੇ ਹੋ ਰਹੀ ਪੰਜਾਬ ਬਚਾਓ ਰੈਲੀ ਕੀਤੀ ਜਾ ਰਹੀ ਹੈ, ਜਿਸ ਵਿੱਚ ਸ਼ਮੂਲੀਅਤ ਕਰਨ ਲਈ ਵਰਕਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ,ਉਹਨਾਂ ਕਿਹਾ ਕਿ ਮਾਲਵੇ ਦੇ ਇਸ ਅਹਿਮ ਹਲਕੇ ਅੰਦਰ ਪਿਛਲੀਆਂ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀ ਚੋਣਾਂ ਵਿੱਚ ਪਾਰਟੀ ਨੇ ਜਿੱਤਾਂ ਦਰਜ ਕੀਤੀਆਂ ਹਨ ਅਤੇ ਲੋਕਾਂ ਨੇ ਅਕਾਲੀ ਦਲ ਦੇ ਵੋਟ ਬੈਂਕ ਵਿੱਚ ਵਾਧਾ ਕਰਕੇ ਮੁੜ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਸਰਕਾਰ ਬਣਾਉਣ ਲਈ ਮੋਹਰ ਲਗਾ ਦਿੱਤੀ ਹੈ। ਉਹਨਾਂ ਕਿਹਾ ਕਿ ਸੂਬੇ ਦੀ ਰਾਜਨੀਤੀ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਇੱਕ ਖੇਤਰੀ ਪਾਰਟੀ ਵਜੋਂ ਜਾਣਿਆ ਜਾਂਦਾ ਹੈ ਜੋ ਹਮੇਸ਼ਾਂ ਪਿੰਡਾਂ ਦੇ ਹੇਠਲੇ ਪੱਧਰ ਦੀਆਂ ਮੁਸ਼ਕਿਲਾਂ, ਵਪਾਰੀਆਂ, ਕਿਸਾਨਾਂ ਤੇ ਖੇਤੀਬਾੜੀ ਨਾਲ ਜੁੜੇ ਮੁੱਦੇ ਅਤੇ ਬੇਰੁਜ਼ਗਾਰ ਨੌਜਵਾਨਾਂ ਦੇ ਹਿੱਤਾਂ ਦੀ ਹਿਤੈਸ਼ੀ ਰਹੀ ਹੈ। ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਖੇਤਰੀ ਪਾਰਟੀ ਹੋਣ ਕਰਕੇ ਇਹ ਪੰਜਾਬ ਦੇ ਜ਼ਮੀਨੀ ਮੁੱਦਿਆਂ ਨੂੰ ਨਜ਼ਦੀਕ ਤੋਂ ਸਮਝਦੀ ਹੈ ਅਤੇ ਕਿਸਾਨਾਂ ਦੀ ਆਵਾਜ਼ ਨੂੰ ਉਚੇ ਪੱਧਰ ਤੱਕ ਪਹੁੰਚਾਉਣ ਦਾ ਦਾਅਵਾ ਕਰਦੀ। ਉਹਨਾਂ ਦਾਅਵਾ ਕੀਤਾ ਕਿ 28 ਫਰਵਰੀ ਦੀ ਰੈਲੀ ਵਿੱਚ ਹਲਕਾ ਰਾਮਪੁਰਾ ਫੂਲ ਸਮੇਤ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਲੋਕ ਸ਼ਮੂਲੀਅਤ ਕਰਕੇ ਅਕਾਲੀ ਦਲ ਦੀਆਂ ਲੋਕ ਹਿਤੈਸ਼ੀ ਨੀਤੀਆਂ 'ਤੇ ਮੋਹਰ ਲਗਾਉਣਗੇ।

# ਖ਼ਾਲਸਾ ਕਾਲਜ ਦੇ ਐੱਮ.ਏ. (ਪੰਜਾਬੀ) ਭਾਗ ਪਹਿਲਾ (ਸਮੈਸਟਰ ਦੂਜਾ) ਦੇ ਵਿਦਿਆਰਥੀਆਂ ਦਾ ਨਤੀਜਾ ਰਿਹਾ ਸ਼ਾਨਦਾਰ



ਭਗਤਾ ਭਾਈ ਕਾ, 27 ਫਰਵਰੀ (ਸਵਰਨ ਸਿੰਘ ਭਗਤਾ) : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਅਤੇ ਸਿਕੰਦਰ ਸਿੰਘ ਮਲੂਕਾ (ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਆਨਰੇਰੀ ਸਕੱਤਰ ਕਾਲਜ) ਦੀ ਰਹਿਨੁਮਾਈ ਅਤੇ ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਦੀ ਸੁਯੋਗ ਅਗਵਾਈ ਹੇਠ ਇਲਾਕੇ ਦੀ ਨਾਮਵਰ ਸੰਸਥਾ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਭਗਤਾ ਭਾਈਕਾ ਵਿੱਚ ਚੱਲ ਰਹੇ ਪੋਸਟ ਗਰੈਜੂਏਟ ਕੋਰਸ ਐੱਮ.ਏ ਪੰਜਾਬੀ ਭਾਗ ਪਹਿਲਾ ਸਮੈਸਟਰ ਦੂਜਾ ਦਾ ਨਤੀਜਾ 100 ਪ੍ਰਤੀਸ਼ਤ ਰਿਹਾ। ਇਸ ਸੰਬੰਧੀ ਪੰਜਾਬੀ ਵਿਭਾਗ ਦੇ ਮੁਖੀ ਡਾ. ਹਰਮਨਦੀਪ ਕੌਰ ਨੇ ਦੱਸਿਆ ਕਿ ਸੁਮਨਦੀਪ ਕੌਰ ਨੇ ਐਸ.ਜੀ.ਪੀ.ਏ 9.00 ਨਾਲ ਪਹਿਲਾ ਸਥਾਨ, ਅੰਮ੍ਰਿਤਪਾਲ ਕੌਰ ਨੇ ਐਸ.ਜੀ.ਪੀ.ਏ 8.20 ਅਤੇ ਸੁਖਦੀਪ ਕੌਰ ਨੇ ਐਸ.ਜੀ.ਪੀ.ਏ 8.20 ਨਾਲ ਦੂਜਾ ਸਥਾਨ ਅਤੇ ਗੁਰਪ੍ਰੀਤ ਕੌਰ ਨੇ ਐਸ.ਜੀ.ਪੀ.ਏ 8.00 ਨਾਲ ਤੀਜਾ ਸਥਾਨ ਪ੍ਰਾਪਤ ਕੀਤਾ। ਉਹਨਾਂ ਜਾਣਕਾਰੀ ਦਿੱਤੀ ਕਿ ਵਿਦਿਆਰਥੀਆਂ ਵਿੱਚ ਸਾਹਿਤਿਕ ਰੁਚੀਆਂ ਪੈਦਾ ਕਰਨ ਲਈ ਪੰਜਾਬੀ ਵਿਭਾਗ ਦੀ ਪ੍ਰੋ. ਪੂਰਨ ਸਿੰਘ ਸਾਹਿਤ ਸਭਾ ਵੱਲੋਂ ਸਮੇਂ-ਸਮੇਂ ਉੱਤੇ ਕਵਿਤਾ, ਗੀਤ, ਉਚਾਰਨ ਅਤੇ ਭਾਸ਼ਣ ਮੁਕਾਬਲੇ ਪ੍ਰਸ਼ਨੋਤਰੀ, ਰਚਨਾਤਮਕ ਲੇਖਣ ਅਤੇ ਸੁੰਦਰ ਲਿਖਾਈ ਦੇ ਮੁਕਾਬਲੇ ਆਯੋਜਿਤ ਕੀਤੇ ਜਾਂਦੇ ਹਨ। ਵਿੱਦਿਆ ਦੇ ਖੇਤਰ ਵਿੱਚ ਸਿੱਖਿਆ ਦਾ ਇਹ ਅਦਾਰਾ ਆਪਣ ਮੁੱਲਵਾਨ ਯੋਗਦਾਨ ਪਾ ਰਿਹਾ ਹੈ। ਕਾਲਜ ਪ੍ਰਿੰਸੀਪਲ ਡਾ. ਸਤਿੰਦਰ ਕੌਰ ਮਾਨ ਨੇ ਇਸ ਸ਼ਾਨਦਾਰ ਪ੍ਰਾਪਤੀ ਲਈ ਵਿਦਿਆਰਥੀਆਂ, ਉਹਨਾਂ ਦੇ ਮਾਪਿਆ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਮਿਹਨਤੀ ਸਟਾਫ਼ ਦੀ ਲਗਨ ਸਦਕਾ ਸਾਰੇ ਵਿਦਿਆਰਥੀਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਨ੍ਹਾਂ ਦਿਨਾਂ ਵਿੱਚ ਐੱਮ.ਏ ਪੰਜਾਬੀ ਭਾਰ ਪਹਿਲਾ ਵਿੱਚ ਦਾਖਲਾ ਨਿਰੰਤਰ ਚੱਲ ਰਿਹਾ ਹੈ। ਇਸ ਸਮੇਂ ਵਿਭਾਗ ਦੇ ਡਾ. ਸਿਮਰਜੀਤ ਕੌਰ, ਪ੍ਰੋ. ਰਮਨਦੀਪ ਕੌਰ,ਪ੍ਰੋ. ਜਸਬੀਰ ਕੌਰ, ਪ੍ਰੋ. ਅੰਮ੍ਰਿਤਪਾਲ ਸਿੰਘ ਅਤੇ ਰੀਮਾ ਰਾਣੀ ਸਟਾਫ਼ ਮੈਂਬਰ ਹਾਜ਼ਰ ਸਨ।

# ਵਿਵੇਕ ਚੈਰੀਟੇਬਲ ਅੱਖਾਂ ਦੇ ਹਸਪਤਾਲ ਵਿਖੇ 415 ਮਰੀਜ਼ਾਂ ਦੇ ਮੁ਼ਫਤ ਲੈਂਜ਼ ਪਾਏ



ਭਗਤਾ ਭਾਈ ਕਾ, 27 ਫਰਵਰੀ (ਸਵਰਨ ਸਿੰਘ ਭਗਤਾ) : ਸਥਾਨਕ ਸ਼ਹਿਰ ਦੇ ਨੇੜਲੇ ਪਿੰਡ ਜਲਾਲ ਵਿਖੇ ਬ੍ਰਹਮਲੀਨ ਸੰਤ ਬਾਬਾ ਕਰਨੈਲ ਦਾਸ ਦੇ ਅਸ਼ੀਰਵਾਦ ਨਾਲ ਮੌਜੂਦਾ ਗੱਦੀ ਨਸ਼ੀਨ ਸ਼੍ਰੀ ਮਾਨ ਸੁਆਮੀ ਬ੍ਰਹਮਮੁਨੀ ਦੀ ਅਗਵਾਈ ਹੇਠ ਅਤੇ ਸੰਸਥਾ ਦੇ ਮੁੱਖ ਪ੍ਰਬੰਧਕ ਸ੍ਰੀ ਮਾਨ ਬਾਬਾ ਗੰਗਾ ਰਾਮ ਦੇ ਯਤਨਾਂ ਸਦਕਾ 263ਵਾਂ ਅੱਖਾਂ ਦਾ ਮੁਫਤ ਲੈਂਜ ਕੈਂਪ ਵਿਵੇਕ ਚੈਰੀਟੇਬਲ ਅੱਖਾਂ ਦਾ ਹਸਪਤਾਲ ਜਲਾਲ ਵਿਖੇ ਲਗਾਇਆ ਗਿਆ । ਇਸ ਮੌਕੇ ਬਾਬਾ ਗੰਗਾ ਰਾਮ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉੱਚ ਕੋਟੀ ਦੇ ਡਾਕਟਰ ਰਵੀਕਾਂਤ ਬਮੋਤਰਾ ਐਮ ਐਸ ਆਈ ਸਰਜਨ , ਡਾ ਮਿਨਾਕਸ਼ੀ ਸਿੰਧੂ ਐਮ ਐਸ ਆਈ ਸਰਜਨ , ਵੱਲੋ 1015 ਮਰੀਜ਼ਾਂ ਦਾ ਚੈੱਕ ਅੱਪ ਕਰਕੇ ਮੁਫਤ ਦਵਾਈਆਂ ਵੰਡੀਆਂ ਗਈਆਂ ਅਤੇ ਆਪ੍ਰੇਸ਼ਨ ਯੋਗ 415 ਮਰੀਜ਼ਾਂ ਦੀ ਮੁਫਤ ਲੈਂਜ ਪਾਏ ਗਏ ।ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਮੌਕੇ ਸਮੁੱਚਾ ਸਟਾਫ ਹਾਜ਼ਰ ਰਿਹਾ।

# ਸ਼ਿਵਮ ਕਾਲਜ ਵਿਖੇ ਵਿਦਿਆਰਥੀਆਂ ਨੂੰ PSTET ਪੇਪਰ ਦੀ ਦਿੱਤੀ ਮੁ਼ਫਤ ਕੋਚਿੰਗ



ਲਹਿਰਾਗਾਗਾ, 27 ਫਰਵਰੀ (ਰਾਮੇਸ਼ਵਰ ਸ਼ਰਮਾ/ ਖੁਸਵਿੰਦਰ ਸ਼ਰਮਾ) : ਸ਼ਿਵਮ ਕਾਲਜ ਆਫ ਐਜੂਕੇਸ਼ਨ, ਖੋਖਰ ਕਲਾਂ ਵਿਖੇ ਵਿਦਿਆਰਥੀਆਂ ਨੂੰ ਮਾਰਚ 2026 ਦੇ PSTET ਦੇ ਪੇਪਰ ਦੀ ਫ੍ਰੀ ਕੋਚਿੰਗ ਦਿੱਤੀ ਜਾ ਰਹੀ ਹੈ। ਇਸ ਸਮੇਂ ਕਾਲਜ ਦੇ ਚੇਅਰਮੈਨ ਸ਼੍ਰੀ ਅਨਿਲ ਕੁਮਾਰ ਗਰਗ ਜੀ ਅਤੇ ਪ੍ਰਧਾਨ ਸ਼੍ਰੀ ਰਾਹੁਲ ਗਰਗ ਜੀ ਨੇ ਕਿਹਾ ਕਿ ਸਾਡੇ ਕਾਲਜ ਲਈ ਬਹੁਤ ਹੀ ਮਾਨ ਵਾਲੀ ਗੱਲ ਹੈ ਕਿ 2024-25 ਦੇ PSTET ਸਮੇਂ ਦੌਰਾਨ 50% ਤੋਂ ਵੱਧ ਵਿਦਿਆਰਥੀਆਂ ਨੇ PSTET ਪੇਪਰ ਪਾਸ ਕੀਤਾ ਹੈ।ਇਸ ਮੌਕੇ ਤੇ ਉਹਨਾਂ ਨੇ ਕਾਲਜ ਦੇ ਵਿਦਿਆਰਥੀਆਂ ਨੂੰ ਕਿਹਾ ਕਿ ਇਹ ਕਾਲਜ ਸਾਰੇ ਹੀ ਵਿਦਿਆਰਥੀਆਂ ਲਈ ਬਹੁਤ ਹੀ ਲੱਕੀ ਹੈ, ਕਿਉਂਕਿ ਇਸ ਕਾਲਜ ਵਿੱਚੋਂ ਪੜ ਚੁੱਕੇ ਬਹੁਤ ਸਾਰੇ ਵਿਦਿਆਰਥੀ ਸਰਕਾਰੀ ਨੌਕਰੀਆਂ ਦੀ ਪ੍ਰਾਪਤੀ ਕਰ ਚੁੱਕੇ ਹਨ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਰਮਨਦੀਪ ਕੌਰ ਨੇ ਵਿਦਿਆਰਥੀਆ ਨੂੰ ਅੱਗੇ ਹੋਰ ਵੀ ਤਰੱਕੀ ਕਰਨ ਦੀਆ ਸੁਭ ਕਾਮਨਾਵਾਂ ਦਿੱਤੀਆਂ। ਅਤੇ ਕਿਹਾ ਕਿ ਇਹ ਸਭ ਕੁੱਝ ਕਾਲਜ ਦੇ ਮਿਹਨਤੀ ਸਟਾਫ਼ ਕਰਕੇ ਹੈ।



# ਪਟਿਆਲਾ-ਆਸ/ਪਾਸ



## ਪੰਥਕ ਅਕਾਲੀ ਕਾਨਫ਼ਰੰਸ ਨੂੰ ਲੈ ਕੇ ਸੁਰਜੀਤ ਸਿੰਘ ਰੱਖੜਾ ਸਰਗਰਮ, ਹਲਕਾ ਸਮਾਣਾ 'ਚ ਮੀਟਿੰਗ



ਸਮਾਣਾ, 27 ਫਰਵਰੀ (ਜਵੰਦਾ) : ਸਿੱਖ ਕੌਮ ਦੀ ਸੂਰਬੀਰਤਾ ਤੇ ਚੜ੍ਹਦੀਕਲਾ ਦੇ ਪ੍ਰਤੀਕ 'ਹੋਲਾ-ਮਹੱਲਾ' ਦੇ ਪਵਿੱਤਰ ਅਤੇ ਇਤਿਹਾਸਿਕ ਦਿਹਾੜੇ ਦੇ ਮੌਕੇ 'ਤੇ 3 ਮਾਰਚ 2026 ਨੂੰ ਸ਼੍ਰੋਮਣੀ ਅਕਾਲੀ ਦਲ 'ਪੁਨਰ ਸੁਰਜੀਤ' ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ 'ਤੇ ਹੋਣ ਜਾ ਰਹੀ ਪੰਥਕ ਅਕਾਲੀ ਕਾਨਫ਼ਰੰਸ ਸੰਬੰਧੀ ਸੁਰਜੀਤ ਸਿੰਘ ਰੱਖੜਾ ਵੱਲੋਂ ਹਲਕਾ ਸਮਾਣਾ ਦੇ ਵੱਖ-ਵੱਖ ਪਿੰਡਾਂ ਨਾਲ ਸੰਬੰਧਿਤ ਪੰਚਾਂ ਅਤੇ ਸਰਪੰਚਾਂ ਨਾਲ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੁਰਜੀਤ ਸਿੰਘ ਰੱਖੜਾ ਨੇ ਕਿਹਾ ਕਿ ਸ਼੍ਰੀ ਅਨੰਦਪੁਰ ਸਾਹਿਬ ਦੀ ਧਰਤੀ ਸਿੱਖ ਇਤਿਹਾਸ, ਬਲਿਦਾਨ ਅਤੇ ਚੜ੍ਹਦੀਕਲਾ ਦਾ ਪ੍ਰਤੀਕ ਹੈ। ਹੋਲੇ ਮੁਹੱਲੇ ਦੇ ਸ਼ੁਭ ਅਵਸਰ 'ਤੇ ਹੋ ਰਹੀ ਇਹ ਪੰਥਕ ਅਕਾਲੀ ਕਾਨਫ਼ਰੰਸ ਸਿਰਫ਼ ਇਕ ਰਾਜਨੀਤਿਕ ਇਕੱਠ ਨਹੀਂ, ਸਗੋਂ ਪੰਥਕ ਇਕਜੁੱਟਤਾ ਦਾ ਵੱਡਾ ਮੰਚ ਸਾਬਿਤ ਹੋਵੇਗੀ। ਉਨ੍ਹਾਂ ਨੇ ਸਮੂਹ ਸਾਧ ਸੰਗਤ ਨੂੰ ਅਪੀਲ ਕੀਤੀ ਹੈ ਕਿ 3 ਮਾਰਚ 2026 ਨੂੰ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਹੋ ਰਹੀ ਪੰਥਕ ਅਕਾਲੀ ਕਾਨਫ਼ਰੰਸ ਵਿੱਚ ਸ਼ਾਮਲ ਹੋ ਕੇ ਪੰਥ ਦੀ ਚੜ੍ਹਦੀਕਲਾ, ਸਿੱਖ ਅਸੂਲਾਂ ਦੀ ਰੱਖਿਆ ਅਤੇ ਪੰਜਾਬ ਦੀ ਖੁਸ਼ਹਾਲੀ ਲਈ ਵੱਧ ਤੋਂ ਵੱਧ ਸ਼ਮੂਲੀਅਤ ਕੀਤੀ ਜਾਵੇ। ਇਸ ਮੌਕੇ ਜਸਪਾਲ ਸਿੰਘ ਕਲਿਆਣ ਸਾਬਕਾ ਚੇਅਰਮੈਨ, ਹਰਿੰਦਰ ਸਿੰਘ ਢੋਲ ਸਾਬਕਾ ਚੇਅਰਮੈਨ, ਬਲਦੇਵ ਸਿੰਘ ਬੋਲੀ ਸਾਬਕਾ ਚੇਅਰਮੈਨ, ਮਲਕੀਤ ਸਿੰਘ ਕੁਰਾਲੀ ਸਾਬਕਾ ਚੇਅਰਮੈਨ, ਅਜੀਤ ਮੋਟਰਜ਼ ਸਾਬਕਾ ਚੇਅਰਮੈਨ, ਰਾਣਾ ਸੇਖੋਂ ਸਾਬਕਾ ਚੇਅਰਮੈਨ, ਹਰਿੰਦਰ ਸਿੰਘ ਕੂਬੜਗੜ੍ਹ ਸਾਬਕਾ ਚੇਅਰਮੈਨ, ਦੀਵਾਰ ਸਿੰਘ ਅਕਬਰਪੁਰ, ਲਖਵਿੰਦਰ ਸਿੰਘ ਹਾਂਸਲਾ, ਗੁਰਦੀਪ ਸਿੰਘ ਗਾਂਧੀਵਾਸ, ਕਾਸ਼ਮ ਸਰਪੰਚ ਕੁਹਲੀ, ਸੁਖਵੀਰ ਸਿੰਘ ਚੌਹਾਨ, ਲੱਪੀ ਮੇਹਮਦਪੁਰ, ਸਤਵਿੰਦਰ ਸਿੰਘ ਟੋਹੜਾ ਹਾਜ਼ਰ ਸਨ।

## ਰਾਜਿੰਦਰ ਸਿੰਘ ਸ਼ਰਮਾ ਨੂੰ ਮੰਡਲ ਪ੍ਰਧਾਨ ਬਣਾਇਆ



ਘਨੌਰ, 27 ਫਰਵਰੀ ( ਰਾਜਿੰਦਰ ਸਿੰਘ ਕੰਬੋਜ) : ਭਾਜਪਾ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਗਗਰੋਲੀ ਦੀ ਅਗਵਾਈ ਹੇਠ ਆਹੁਦੇਦਾਰਾਂ ਦੀ ਮੀਟਿੰਗ ਹੋਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਰਵਿੰਦਰ ਸਿੰਘ ਹਰਪਾਲਪੁਰ ਬੀ ਜੇ ਪੀ ਆਗੂ ਪਹੁੰਚੇ ਅਤੇ ਹੋਣ ਵਾਲੀ ਮੋਗਾ ਰੈਲੀ ਦੀਆਂ ਤਿਆਰੀਆਂ ਬਾਰੇ ਗੱਲਬਾਤ ਹੋਈ। ਇਸ ਸਮੇਂ ਰਾਜਿੰਦਰ ਸਿੰਘ ਸ਼ਰਮਾ ਨੂੰ ਸਰਬਸੰਮਤੀ ਨਾਲ ਮੰਡਲ ਪ੍ਰਧਾਨ ਬਣਾਇਆ ਗਿਆ। ਇਸ ਸਮੇਂ ਰਾਜਿੰਦਰ ਸਿੰਘ ਸ਼ਰਮਾ ਨੇ ਜਸਪਾਲ ਸਿੰਘ ਗਗਰੋਲਾ ਜ਼ਿਲਾ ਪ੍ਰਧਾਨ, ਬੀਬਾ ਜੈਇੰਦਰ ਕੌਰ, ਮਹਾਰਾਣੀ ਪ੍ਰਨੀਤ ਕੌਰ, ਸਤਪਾਲ ਸਿੰਘ ਪੂਨੀਆ, ਬਿਕਰਮਜੀਤਇੰਦਰ ਸਿੰਘ ਚਹਿਲ ਤੇ ਸਮੁੱਚੀ ਭਾਜਪਾ ਹਾਈਕਮਾਨ ਦਾ ਤਹਿਦਿਲੋਂ ਧੰਨਵਾਦ ਕੀਤਾ। ਇਸ ਮੌਕੇ ਹਰਵਿੰਦਰ ਸਿੰਘ ਹਰਪਾਲਪੁਰ ਸੀਨੀਅਰ ਬੀ ਜੇ ਪੀ ਆਗੂ, ਜੈਪਾਲ ਗਿੱਲ, ਸੁਖਵਿੰਦਰ ਸਿੰਘ ਲੱਖੀ, ਸਤਪਾਲ ਸਿੰਘ ਪੂਨੀਆ, ਜੱਸੀ ਗੁਜਰ ਮੰਡਲ ਪ੍ਰਧਾਨ, ਲਾਂਬਾ, ਜਰਨੈਲ ਸਿੰਘ ਸੇਖੂ ਪੁਰਾ ਜ਼ਿਲ੍ਹਾ ਯੂਥ ਪ੍ਰਧਾਨ ਭਾਜਪਾ ਹਾਜ਼ਰ ਸਨ।

## ਰਣਜੋਧ ਸਿੰਘ ਹਡਾਣਾ ਵੱਲੋਂ ਬੀ.ਸੀ. ਵਿੰਗ ਦੇ ਨਵ-ਨਿਯੁਕਤ ਕੋਆਰਡੀਨੇਟਰ ਰਿਸ਼ੂ ਗਿਰ ਦਾ ਸਨਮਾਨ



ਦੇਵੀਗੜ੍ਹ, 27 ਫ਼ਰਵਰੀ (ਗੁਰਜੀਤ ਸਿੰਘ ਢੋਟ) : ਹਲਕਾ ਸਨੌਰ ਵਿੱਚ ਆਮ ਆਦਮੀ ਪਾਰਟੀ ਦੇ ਸੰਗਠਨ ਨੂੰ ਜ਼ਮੀਨੀ ਪੱਧਰ 'ਤੇ ਮਜ਼ਬੂਤ ਕਰਨ ਦੀਆਂ ਗਤੀਵਿਧੀਆਂ ਲਗਾਤਾਰ ਜਾਰੀ ਹਨ। ਇਸੇ ਕੜੀ ਤਹਿਤ ਅੱਜ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਵੱਲੋਂ ਬੀ.ਸੀ. ਵਿੰਗ ਦੇ ਨਵ-ਨਿਯੁਕਤ ਹਲਕਾ ਕੋਆਰਡੀਨੇਟਰ ਰਿਸ਼ੂ ਗਿਰ ਪਿੱਪਲ ਖੇੜੀ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਗੁਰਿੰਦਰਪਾਲ ਸਿੰਘ ਅਦਾਲਤੀਵਾਲਾ ਬਲਾਕ ਸੰਮਤੀ ਮੈਂਬਰ, ਮਨਿੰਦਰ ਫ੍ਰਾਂਸਵਾਲਾ ਜ਼ਿਲ੍ਹਾ ਪ੍ਰਧਾਨ ਬੀ ਸੀ ਵਿੰਗ, ਲਾਲੀ ਰਹਿਲ ਪੀ ਏ, ਗੁਰਜੀਤ ਧੰਜੂ ਪ੍ਰਧਾਨ ਸੋਸ਼ਲ ਮੀਡੀਆ, ਹਰਪ੍ਰੀਤ ਸਿੰਘ ਘੁੰਮਣ ਬਲਾਕ ਪ੍ਰਧਾਨ, ਪੰਕਜ ਸ਼ਰਮਾ ਮੀਡੀਆ ਤੋਂ ਇਲਾਵਾ ਪਾਰਟੀ ਦੇ ਸੀਨੀਅਰ ਆਗੂਆਂ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਇੱਕ ਅਜਿਹੀ ਪਾਰਟੀ ਹੈ, ਜਿੱਥੇ ਵਰਕਰਾਂ ਦੀ ਮਿਹਨਤ ਅਤੇ ਵਫ਼ਾਦਾਰੀ ਦਾ ਪੂਰਾ ਮੁੱਲ ਪਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ ਦੇ ਕਲਿਆਣ ਲਈ ਕੰਮ ਕਰ ਰਹੀ ਹੈ। ਨਵ-ਨਿਯੁਕਤ ਕੋਆਰਡੀਨੇਟਰ ਰਿਸ਼ੂ ਗਿਰ ਪਿੱਪਲ ਖੇੜੀ ਨੇ ਹਲਕਾ ਇੰਚਾਰਜ ਹਡਾਣਾ ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।

### ਨਗਰ ਨਿਗਮ ਦਾ ਮਾਸਟਰ ਪਲਾਨ, 161 ਕਰੋੜ ਦਾ ਬਜਟ ਪਾਸ

## 51 ਕਰੋੜ ਦੇ ਮੈਗਾ ਸਫਾਈ ਪ੍ਰੋਜੈਕਟ ਅਤੇ ਰੋਡ ਸਵੀਪਿੰਗ ਨਾਲ ਸ਼ਹਿਰ ਹੋਵੇਗਾ ਕੂੜਾ ਮੁਕਤ : ਮੇਅਰ, ਕਮਿਸ਼ਨਰ

ਪਟਿਆਲਾ, 27 ਫਰਵਰੀ (ਰੁਪਾਣਾ) : ਨਗਰ ਨਿਗਮ ਪਟਿਆਲਾ ਵੱਲੋਂ ਆਗਾਮੀ ਵਿੱਤੀ ਸਾਲ 2026-27 ਲਈ 161 ਕਰੋੜ ਰੁਪਏ ਦਾ ਵੱਡਾ ਸਾਲਾਨਾ ਬਜਟ ਤਿਆਰ ਕੀਤਾ ਗਿਆ ਹੈ, ਜੋ ਕਿ ਪਿਛਲੇ ਸਾਲ ਦੇ 146 ਕਰੋੜ ਰੁਪਏ ਦੇ ਬਜਟ ਦੇ ਮੁਕਾਬਲੇ 15 ਕਰੋੜ ਰੁਪਏ ਵਧੇਰੇ ਹੈ। ਇਸ ਬਜਟ ਨੂੰ ਅੱਜ ਪ੍ਰਵਾਨਗੀ ਦੇਣ ਲਈ ਵਿੱਤ ਅਤੇ ਠੇਕਾ ਕਮੇਟੀ ਦੀ ਮੀਟਿੰਗ ਮੇਅਰ ਕੁੰਦਨ ਗੋਗੀਆ ਅਤੇ ਕਮਿਸ਼ਨਰ ਪਰਮਜੀਤ ਸਿੰਘ ਦੀ ਅਗਵਾਈ ਵਿੱਚ ਬੁਲਾਈ ਗਈ। ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਡਿਪਟੀ ਮੇਅਰ ਹਰਿੰਦਰ ਕੋਹਲੀ ਤੋਂ ਇਲਾਵਾ ਨਿਗਮ ਦੇ ਸੀਨੀਅਰ ਅਧਿਕਾਰੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਵੱਲੋਂ ਸ਼ਹਿਰ ਦੇ ਵਿਕਾਸ ਲਈ ਕਈ ਅਹਿਮ ਮੱਤੇ ਪਾਸ ਕੀਤੇ ਗਏ। ਬਜਟ ਅਨੁਸਾਰ, ਨਿਗਮ ਵੱਲੋਂ 120 ਕਰੋੜ ਰੁਪਏ ਵਿਭਾਗੀ ਖਰਚਿਆਂ ਲਈ ਰੱਖੇ ਗਏ ਹਨ, ਜਦਕਿ ਸ਼ਹਿਰ ਦੇ ਵਿਕਾਸ ਕਾਰਜਾਂ ਲਈ 53 ਕਰੋੜ ਰੁਪਏ ਦੀ ਰਾਸ਼ੀ ਖਰਚਣ ਦਾ ਪ੍ਰਸਤਾਵ ਹੈ। ਨਿਗਮ ਪ੍ਰਸ਼ਾਸਨ ਨੂੰ ਉਮੀਦ ਹੈ ਕਿ ਰਾਜ ਸਰਕਾਰ ਵੱਲੋਂ ਵਿਕਾਸ ਲਈ ਲਗਭਗ 150 ਕਰੋੜ ਰੁਪਏ ਦੀ ਵਾਧੂ ਗ੍ਰਾਂਟ ਵੀ ਪ੍ਰਾਪਤ ਹੋ ਸਕਦੀ ਹੈ, ਜਿਸ ਨਾਲ ਵੱਡੇ ਪ੍ਰੋਜੈਕਟਾਂ ਨੂੰ ਨੇਪਰੇ ਚਾੜ੍ਹਿਆ ਜਾਵੇਗਾ। ਸ਼ਹਿਰ ਦੀ ਸਫਾਈ ਵਿਵਸਥਾ ਨੂੰ ਪੂਰੀ ਤਰ੍ਹਾਂ ਬਦਲਣ ਲਈ ਨਿਗਮ ਨੇ 51.85 ਕਰੋੜ ਦੀ ਲਾਗਤ ਵਾਲਾ 'ਇੰਟੀਗ੍ਰੇਟਿਡ ਸਾਲਿਡ ਵੇਸਟ ਮੈਨੇਜਮੈਂਟ' ਪ੍ਰੋਜੈਕਟ ਉਲੀਕਿਆ ਹੈ। ਅਗਲੇ 3 ਸਾਲਾਂ ਲਈ ਤਿਆਰ ਕੀਤੇ ਇਸ ਪ੍ਰੋਜੈਕਟ ਤਹਿਤ ਸ਼ਹਿਰ ਦੇ ਸਾਰੇ 60 ਵਾਰਡਾਂ ਵਿੱਚੋਂ 'ਡੋਰ-ਟੂ-ਡੋਰ' ਕੂੜਾ ਇਕੱਠਾ ਕੀਤਾ ਜਾਵੇਗਾ, ਉਸ ਦੀ ਛਾਂਟੀ ਕੀਤੀ ਜਾਵੇਗੀ ਅਤੇ ਵਿਗਿਆਨਕ ਤਰੀਕੇ ਨਾਲ ਨਿਪਟਾਰਾ ਕੀਤਾ ਜਾਵੇਗਾ। ਇਸ ਦੇ ਨਾਲ ਹੀ, ਸੜਕਾਂ 'ਤੇ ਉੱਡਦੀ ਧੂੜ ਅਤੇ ਖਰਾਬ ਹੁੰਦੀ ਹਵਾ ਦੀ ਗੁਣਵੱਤਾ ਨੂੰ ਸੁਧਾਰਨ ਲਈ 11 ਕਰੋੜ ਦੀ ਲਾਗਤ ਨਾਲ 'ਮਕੈਨਾਈਜ਼ਡ ਰੋਡ ਸਵੀਪਿੰਗ' ਮਸ਼ੀਨਾਂ ਰਾਹੀਂ ਸਫਾਈ ਕਰਵਾਈ ਜਾਵੇਗੀ। ਇਹ ਹਾਈ-ਟੈਕ ਮਸ਼ੀਨਾਂ ਇੱਕ ਘੰਟੇ ਵਿੱਚ 6 ਤੋਂ 8 ਕਿੱਲੋਮੀਟਰ ਸੜਕ ਸਾਫ਼ ਕਰਨ ਦੇ ਸਮਰੱਥ ਹਨ ਅਤੇ ਪਾਣੀ ਦੇ ਛਿੜਕਾਅ ਰਾਹੀਂ ਧੂੜ ਉੱਡਣ ਤੋਂ ਰੋਕਦੀਆਂ ਹਨ। ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਕਾਸ ਨੂੰ ਤੇਜ਼ੀ ਦੇਣ ਲਈ ਕਈ ਅਹਿਮ ਮਤੇ ਪਾਸ ਕੀਤੇ ਗਏ ਹਨ। ਤਫਜ਼ਲਪੁਰਾ ਪਾਰਕ ਵਿੱਚ ਸਟਰੀਟ ਲਾਈਟਾਂ ਲਈ 11 ਲੱਖ, ਸੰਨੀ ਐਨਕਲੇਵ ਦੀਆਂ ਸੜਕਾਂ ਲਈ 16.88 ਲੱਖ ਅਤੇ ਗੋਪਾਲ ਕਲੋਨੀ ਵਿੱਚ ਇੰਟਰਲੌਕਿੰਗ ਟਾਇਲਾਂ ਲਗਾਉਣ ਲਈ 20 ਲੱਖ ਰੁਪਏ ਖਰਚੇ ਜਾਣਗੇ। ਇਸ ਤੋਂ ਇਲਾਵਾ, ਮਥੁਰਾ ਕਾਲੋਨੀ ਅਤੇ ਗ੍ਰੀਨ ਲਹਿਲ ਕਾਲੋਨੀ ਵਿੱਚ ਵੀ ਸੜਕ ਮੁਰੰਮਤ ਅਤੇ ਬੋਰ ਇੰਸਟਾਲੇਸ਼ਨ ਦੇ ਕੰਮਾਂ ਨੂੰ ਮਨਜ਼ੂਰੀ ਦਿੱਤੀ ਗਈ ਹੈ। ਰੋਡ ਕਟਿੰਗ ਲਈ ਨਵਾਂ ਟੀਚਾ 3 ਲੱਖ ਰੁਪਏ ਰੱਖਿਆ ਗਿਆ ਹੈ। ਸਟ੍ਰੀਟ ਵੈਂਡਰਾਂ ਤੋਂ ਹੋਣ ਵਾਲੀ ਆਮਦਨ ਲਈ ਨਵਾਂ ਟੀਚਾ 25 ਲੱਖ ਰੁਪਏ ਮਿਥਿਆ ਗਿਆ ਹੈ। ਲਾਇਸੈਂਸ ਫੀਸ ਵਿੱਚ ਨਿਗਮ ਭਵਿੱਖ ਲਈ ਇਸ ਦਾ ਟੀਚਾ 42 ਲੱਖ ਰੁਪਏ ਨਿਰਧਾਰਿਤ ਕੀਤਾ ਗਿਆ ਹੈ।



## ਐਨ.ਐਸ.ਐਸ ਕੈਂਪ ਦੇ ਚੌਥੇ ਦਿਨ ਵਿਧਾਇਕ ਦੀ ਪਤਨੀ ਸ਼ਰਮਿੰਦਰ ਕੌਰ ਘਨੌਰ ਵੱਲੋਂ ਸ਼ਿਰਕਤ



ਘਨੌਰ, 27 ਫਰਵਰੀ (ਮਦਨ ਲਾਲ) : ਯੂਨੀਵਸਟੀ ਕਾਲਜ, ਘਨੌਰ ਵੱਲੋਂ ਪਿੰਡ ਸ਼ੇਖੂਪੁਰਾ ਵਿਖੇ ਲਗਾਏ ਜਾ ਰਹੇ ਸੱਤ ਰੋਜ਼ਾ ਐਨ.ਐਸ.ਐਸ ਕੈਂਪ ਦੇ ਚੌਥੇ ਦਿਨ ਸ੍ਰੀਮਤੀ ਸ਼ਰਮਿੰਦਰ ਕੌਰ ਸੁਪਤਨੀ ਸ਼੍ਰੀ ਗੁਰਲਾਲ ਸਿੰਘ ,ਘਨੌਰ ਵਿਧਾਇਕ ਹਲਕਾ ਘਨੌਰ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਨਗਰ ਕੌਂਸਲ ਘਨੌਰ ਦੇ ਪ੍ਰਧਾਨ ਸ਼੍ਰੀਮਤੀ ਮਨਦੀਪ ਕੌਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਸ਼੍ਰੀਮਤੀ ਸ਼ਰਮਿੰਦਰ ਕੌਰ ਨੇ ਐਨ.ਐਸ.ਐਸ ਵਲੰਟੀਅਰਾਂ ਨੂੰ ਇਹੋ ਜਿਹੇ ਕੈਂਪਾਂ ਵਿੱਚ ਵੱਧ ਚੜ ਕੇ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਨਾਟਕ ਪੇਸ਼ਕਾਰੀ ਲਈ ਇੱਕ ਵਿਸ਼ੇਸ਼ ਟੀਮ ਸੱਦੀ ਗਈ ਜਿਨਾਂ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਪ੍ਰੋਜੈਕਟ ਤਹਿਤ ਨਸ਼ਿਆਂ ਵਿਰੁੱਧ ਜਾਗਰੂਕ ਕਰਦਾ ਸਫਲਤਾ ਪੂਰਵਕ ਨੁੱਕੜ ਨਾਟਕ ਪੇਸ਼ ਕੀਤਾ ਗਿਆ। ਮਹਿਮਾਨਾਂ ਦਾ ਸਵਾਗਤ ਪ੍ਰੋਗਰਾਮ ਅਫ਼ਸਰ ਡਾ. ਮਨਿੰਦਰ ਕੌਰ ਨੇ ਅਤੇ ਮਹਿਮਾਨਾਂ ਦਾ ਧੰਨਵਾਦ ਪ੍ਰੋਗਰਾਮ ਅਫਸਰ ਡਾਕਟਰ ਜਸਵਿੰਦਰ ਕੌਰ ਵੱਲੋਂ ਕੀਤਾ ਗਿਆ f ਇਸ ਮੌਕੇ ਕਾਲਜ ਦੇ ਅਧਿਆਪਕ ਡਾਕਟਰ ਊਸ਼ਾ ਗੁਪਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

## ਡੀਲਰਜ਼ ਐਸੋਸੀਏਸ਼ਨ ਦੀ ਕੋਰ ਕਮੇਟੀ ਦੀ ਵਰਚੂਅਲ ਮੀਟਿੰਗ

ਨਾਭਾ, 27 ਫਰਵਰੀ (ਬਲਜਿੰਦਰ ਮਾਨ) : ਐਸੋਸੀਏਸ਼ਨ ਦਾ ਸਾਲਾਨਾ ਇਜਲਾਸ ਇਸ ਸਾਲ ਮਿਤੀ 15 ਮਾਰਚ 2026 ਦਿਨ ਐਤਵਾਰ ਨੂੰ ਖੰਨਾ ਵਿਖੇ ਹੋਣ ਜਾ ਰਿਹਾ ਹੈ,ਜਿਸ ਵਿੱਚ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਡੀਲਰ ਸ਼ਮੂਲੀਅਤ ਕਰਨਗੇ। ਪੰਜਾਬ ਦੇ ਸਮੂਹ ਡੀਲਰਾਂ ਨੂੰ ਉਤਸ਼ਾਹਿਤ ਕਰਨ ਲਈ ਕਮੇਟੀ ਮੈਂਬਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਇਸ ਮੀਟਿੰਗ ਵਿੱਚ ਡੀਲਰਾਂ ਦੇ ਪਿਛਲੇ ਲੰਬੇ ਸਮੇਂ ਤੋਂ ਲਟਕ ਰਹੀਆਂ ਜਾਇਜ਼ ਮੰਗਾਂ ਨਾ ਮੰਨੇ ਜਾਣ ਬਾਰੇ ਜ਼ਿਕਰ ਕਰਦਿਆਂ ਐਸੋਸੀਏਸ਼ਨ ਆਗੂਆਂ ਨੇ ਕਿਹਾ ਕਿ ਖੇਤੀਬਾੜੀ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਵਾਰ ਵਾਰ ਮੰਗਾਂ ਮੰਨ ਕੇ ਪੱਤਰ ਜਾਰੀ ਕਰਨ ਦੇ ਕੀਤੇ ਵਾਅਦਿਆਂ ਨੂੰ ਅਮਲੀ ਰੂਪ ਨਹੀਂ ਦਿੱਤਾ ਜਾ ਰਿਹਾ,ਜਿਸ ਕਰਕੇ ਸਮੂਹ ਡੀਲਰ ਭਰਾਵਾਂ ਵਿੱਚ ਮਹਿਕਮਾ ਖੇਤੀਬਾੜੀ ਅਤੇ ਪੰਜਾਬ ਸਰਕਾਰ ਵਿਰੁੱਧ ਭਾਰੀ ਰੋਸ ਪਾਇਆ ਜਾ ਰਿਹਾ ਹੈ। ਸਮੂਹ ਆਗੂਆਂ ਨੇ ਡਾਇਰੈਕਟਰ ਖੇਤੀਬਾੜੀ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਡੀਲਰਾਂ ਦੀਆਂ ਜਾਇਜ਼ ਮੰਗਾਂ ਨੂੰ ਮੰਨ ਕੇ ਜਲਦੀ ਤੋਂ ਜਲਦੀ ਪੱਤਰ ਜਾਰੀ ਕੀਤਾ ਜਾਵੇ। ਇਸ ਮੌਕੇ ਪੰਜਾਬ ਪ੍ਰਧਾਨ ਸ. ਬੀਰਇੰਦਰ ਸਿੰਘ ਕਪੂਰ ਨਾਭਾ,ਮੀਤ ਪ੍ਰਧਾਨ ਸ਼੍ਰੀ ਧਰਮ ਬਾਂਸਲ ਪਟਿਆਲਾ, ਜਨਰਲ ਸਕੱਤਰ ਗੋਕਲ ਪ੍ਰਕਾਸ਼ ਗੁਪਤਾ ਬਰਨਾਲਾ, ਖਜ਼ਾਨਚੀ ਅਰਵਿੰਦ ਬਾਂਸਲ ਬਨੂੜ, ਕਮੇਟੀ ਮੈਂਬਰ ਗੋਲਡੀ ਖੰਨਾ, ਦਰਸ਼ਨ ਸਿੰਗਲਾ ਨਿਹਾਲ ਸਿੰਘ ਵਾਲਾ,ਪਵਨ ਸਿੰਗਲਾ ਬਠਿੰਡਾ, ਸੁਰੇਸ਼ ਕੁਮਾਰ ਖਰੜ, ਅਜਵਿੰਦਰ ਪੂਨੀਆ ਮੁਕਤਸਰ,ਰਾਜ ਕੁਮਾਰ ਲਹਿਰਾ, ਰਕੇਸ਼ ਕੁਮਾਰ ਅਤੇ ਅੰਕੁਰ ਗੋਇਲ ਮਲੇਰਕੋਟਲਾ, ਵਿੱਕੀ ਕੌੜਾ ਰਾਏਕੋਟ ਆਦਿ ਸ਼ਾਮਲ ਸਨ।

## ਆੜ੍ਹਤੀ ਦੀ ਦੁਕਾਨ 'ਚੋਂ ਹਜ਼ਾਰਾਂ ਦੀ ਨਗਦੀ ਤੇ ਏ.ਸੀ. ਕੰਪ੍ਰੈਸ਼ਰ ਚੋਰੀ



ਸਮਾਣਾ, 27 ਫਰਵਰੀ (ਵਿਜੇ ਕੁਮਾਰ): ਬੀਤੀ ਰਾਤ ਅਣਪਛਾਤੇ ਚੋਰਾਂ ਵੱਲੋਂ ਮੰਡੀ ਦੇ ਵਿਚਕਾਰ ਪੱਕਾ ਫੜ੍ਹ ਸਥਿਤ ਇੱਕ ਆੜ੍ਹਤੀ ਦੀ ਦੁਕਾਨ ਦਾ ਗੱਲਾ ਤੋੜ ਕੇ 55 ਹਜ਼ਾਰ ਰੁਪਏ ਦੀ ਨਕਦੀ ਅਤੇ ਏ.ਸੀ ਦਾ ਕੰਪ੍ਰੈਸ਼ਰ ਚੋਰੀ ਕਰ ਲਏ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਚੋਰੀ ਸਬੰਧੀ ਜਾਣਕਾਰੀ ਸਵੇਰੇ ਅਕਾਊਂਟੈਂਟ ਵੱਲੋਂ ਦੁਕਾਨ ਖੋਲ੍ਹਣ 'ਤੇ ਮਿਲੀ। ਸੂਚਨਾ ਮਿਲਣ 'ਤੇ ਸਿਟੀ ਪੁਲਸ ਨੇ ਘਟਨਾ ਵਾਲੀ ਥਾਂ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ। ਪੱਕਾ ਫੜ੍ਹ ਸਥਿਤ 'ਗੁਰੂ ਨਾਨਕ ਦੇਵ ਟ੍ਰੇਡਿੰਗ ਕੰਪਨੀ' ਦੇ ਮਾਲਕ ਹਰਪ੍ਰੀਤ ਸਿੰਘ ਹੈਪੀ ਨੇ ਦੱਸਿਆ ਕਿ ਚੋਰ ਛੱਤ ਦਾ ਦਰਵਾਜ਼ਾ ਤੋੜ ਕੇ ਪੌੜੀਆਂ ਰਾਹੀਂ ਦੁਕਾਨ ਦੇ ਅੰਦਰ ਦਾਖਲ ਹੋਏ। ਉਨ੍ਹਾਂ ਨੇ ਗੱਲਾ ਅਤੇ ਦਰਾਜ਼ ਤੋੜ ਕੇ 55 ਹਜ਼ਾਰ ਰੁਪਏ ਦੀ ਨਕਦੀ ਅਤੇ ਲੱਗੇ ਹੋਏ ਏ.ਸੀ ਦਾ ਕੰਪ੍ਰੈਸ਼ਰ ਚੋਰੀ ਕਰ ਲਿਆ। ਦਰਾਜ਼ ਅਤੇ ਅਲਮਾਰੀ ਨੂੰ ਲੋਹੇ ਦੀ ਰਾਡ ਨਾਲ ਤੋੜਿਆ ਗਿਆ ਅਤੇ ਦੁਕਾਨ ਵਿੱਚ ਪਏ ਕਾਗਜ਼ਾਤ ਵੀ ਫਰੋਲੇ ਗਏ। ਪੀੜਤ ਅਨੁਸਾਰ ਬਾਜ਼ਾਰ ਵਿੱਚ ਪਹਿਲਾਂ ਵੀ ਕਈ ਚੋਰੀਆਂ ਹੋ ਚੁੱਕੀਆਂ ਹਨ, ਪਰ ਪੁਲਿਸ ਅਜੇ ਤੱਕ ਕਿਸੇ ਵੀ ਮਾਮਲੇ ਦਾ ਸੁਰਾਗ ਨਹੀਂ ਲਗਾ ਸਕੀ। ਮਾਮਲੇ ਦੇ ਜਾਂਚ ਅਧਿਕਾਰੀ ਸਿਟੀ ਪੁਲਿਸ ਦੇ ਏ.ਐੱਸ.ਆਈ. ਬਲਵੀਰ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਮੌਕੇ ਦਾ ਜਾਇਜ਼ਾ ਲਿਆ ਗਿਆ ਹੈ। ਨੇੜਲੇ ਸੀ.ਸੀ.ਟੀ.ਵੀ ਕੈਮਰਿਆਂ ਅਤੇ ਹੋਰ ਸਰੋਤਾਂ ਦੀ ਮਦਦ ਨਾਲ ਚੋਰਾਂ ਦੀ ਭਾਲ ਕੀਤੀ ਜਾ ਰਹੀ ਹੈ।

## ਹਲਕਾ ਸਨੌਰ ਵਿਖੇ ਬਣ ਰਹੀਆਂ ਨਵੀਆਂ ਸੜਕਾਂ 'ਚ ਪੁਲੀਆਂ ਲਾਉਣ ਸਬੰਧੀ ਏ.ਡੀ.ਸੀ. ਨੂੰ ਮੰਗ ਪੱਤਰ ਦਿੱਤਾ



ਭੁਨਰਹੇੜੀ, 27 ਫਰਵਰੀ (ਗੁਰਜੀਤ ਸਿੰਘ ਢੋਟ) : ਭਾਰਤੀ ਕਿਸਾਨ ਯੂਨੀਅਨ ਸ਼ਾਦੀਪੁਰ ਦੇ ਵਫਦ ਵੱਲੋਂ ਪ੍ਰਧਾਨ ਸ੍ਰ ਬੂਟਾ ਸਿੰਘ ਸ਼ਾਦੀਪੁਰ ਦੀ ਅਗਵਾਈ ਵਿੱਚ ਹਲਕਾ ਸਨੌਰ ਜ਼ਿਲ੍ਹਾ ਪਟਿਆਲਾ ਵਿਖੇ ਬਣ ਰਹੀਆਂ ਸੜਕਾਂ ਦੇ ਵਿੱਚ ਪਾਣੀ ਦੀ ਨਿਕਾਸੀ ਨਾ ਹੋਣ ਕਾਰਨ ਜਥੇਬੰਦੀ ਵੱਲੋਂ ਡਿਪਟੀ ਕਮਿਸ਼ਨਰ ਪਟਿਆਲਾ ਦੇ ਰਾਹੀਂ ਸਰਕਾਰ ਨੂੰ ਮੰਗ ਪੱਤਰ ਭੇਜ ਕੇ ਮੰਗ ਕੀਤੀ ਗਈ ਹੈ ਕਿ ਨਵੀਆਂ ਬਣ ਰਹੀਆਂ ਸੜਕਾਂ ਦੇ ਵਿੱਚ ਪਾਣੀ ਦੀ ਨਿਕਾਸੀ ਵਾਸਤੇ ਸਰਵੇ ਕਰਾ ਕੇ ਪੁਲੀਆਂ ਲਗਾਈਆਂ ਜਾਣ ਤਾਂ ਪਾਣੀ ਦੀ ਨਿਕਾਸੀ ਸੌਖੀ ਤੇ ਸਹੀ ਢੰਗ ਨਾਲ ਹੋ ਸਕੇ। ਉਨ੍ਹਾਂ ਮੰਗ ਕੀਤੀ ਅਗਰ ਜੇ ਪੁਲੀਆਂ ਨਾ ਲੱਗੀਆਂ ਤਾਂ ਆਉਣ ਵਾਲੇ ਸਮੇਂ ਵਿੱਚ ਜਿਵੇਂ ਪਿਛਲੇ ਟਾਇਮਾਂ ਤੋਂ ਵੀ ਮਾੜਾ ਹਾਲ ਹੋਵੇਗਾ। ਫਲੱਡ ਏਰੀਆ ਹੋਣ ਕਰਕੇ ਪਾਣੀ ਵੱਧ ਆ ਜਾਂਦਾ ਹੈ, ਜਿਸ ਨਾਲ ਸੜਕਾਂ ਪੂਰੀ ਤਰ੍ਹਾਂ ਟੁੱਟ ਜਾਂਦੀਆਂ ਹਨ ਤੇ ਕਈ ਜਗ੍ਹਾ 'ਤੇ ਪਾਣੀ ਜ਼ਿਆਦਾ ਭਰ ਜਾਣ ਨਾਲ ਸਮੱਸਿਆ ਵੀ ਖੜੀ ਹੋ ਜਾਂਦੀ ਹੈ ਫਿਰ ਲੋਕ ਸੜਕਾਂ ਵੱਢ ਦਿੰਦੇ ਹਨ ਇਸ ਕਰਕੇ ਬੜੀ ਜ਼ਰੂਰਤ ਹੈ ਨਵੇਂ ਸਿਰੇ ਤੋਂ ਪੁਲੀਆਂ ਦੀ ਗਿਣਤੀ ਵਧਾਕੇ ਲਾਈਆਂ ਜਾਣ ਦੀ।ਇਸ ਵਿਸ਼ੇ 'ਤੇ ਹਲਕਾ ਇੰਚਾਰਜ ਸਨੌਰ ਨਾਲ ਵੀ ਅਸੀਂ ਗੱਲ ਕਰੀ ਹੈ ਪਰ ਸਾਡੀ ਜਥੇਬੰਦੀ ਨੇ ਮਹਿਸੂਸ ਕੀਤਾ ਕਿ ਪੰਜਾਬ ਸਰਕਾਰ ਤੱਕ ਗੱਲ ਪਹੁੰਚਾਉਣੀ ਵੀ ਬੜੀ ਜ਼ਰੂਰੀ ਹੈ। ਲੋਕ ਵੀ ਇਸ ਗੱਲ ਦੀ ਪੁਰਜ਼ੋਰ ਮੰਗ ਕਰ ਰਹੇ ਨੇ ਕਿ ਨਵੀਆਂ ਪੁਲੀਆਂ ਲੱਗਣੀਆਂ ਬਹੁਤ ਜ਼ਰੂਰੀ ਹਨ। ਅਸੀਂ ਟੋਟਲ ਵੇਰਵਾ ਵੀ ਪਾਇਆ ਹੈ। ਇਸੇ ਤਰ੍ਹਾਂ ਇਤਿਹਾਸਿਕ ਨਗਰ ਘੜਾਮ ਨੂੰ ਜਾਣ ਵਾਲੀ ਮੇਨ ਸੜਕ ਦੇ ਵਿੱਚੋਂ ਤਕਰੀਬਨ ਹੀ ਪੁਲੀਆਂ ਕਿਤੇ ਵੀ ਨਹੀਂ ਜੋ ਪੁਰਾਣੇ ਸਮੇਂ ਵਿੱਚ ਲੱਗੀਆਂ ਵੀ ਸਨ ਉਹ ਬੰਦ ਹੋ ਚੁੱਕੀਆਂ ਹਨ। ਇਲਾਕੇ ਦੀ ਮੰਗ ਅਨੁਸਾਰ ਪਹਿਲਾਂ ਤੋਂ ਗਿਣਤੀ ਵਿਚ ਵਾਧਾ ਕਰਕੇ ਨਵੀਆਂ ਬਣ ਰਹੀਆਂ ਸੜਕਾਂ ਵਿਚ ਪੁਲੀਆਂ ਲਾਈਆਂ ਜਾਣ ਤਾਂ ਫਿਰ ਤੋਂ ਸੜਕਾਂ ਨਾ ਟੁੱਟਣ ਤੇ ਪਾਣੀ ਨਿਕਾਸੀ ਲਈ ਲੋਕਾਂ ਨੂੰ ਸੜਕਾਂ ਨਾ ਵੱਢਣੀਆਂ ਪੈਣ।

## ਨਗਰ ਕੌਂਸਲ ਸਨੌਰ 'ਚ ਸਫਾਈ ਸੇਵਕਾਂ ਦੀਆਂ ਮੰਗਾਂ ਸਬੰਧੀ ਮੀਟਿੰਗ, ਪ੍ਰਦੀਪ ਸਿੰਘ ਜੋਸ਼ਨ ਵੱਲੋਂ ਮਾਰਚ ਤੱਕ ਹੱਲ ਦਾ ਭਰੋਸਾ



ਸਨੌਰ, 27 ਫਰਵਰੀ (ਪ੍ਰਥਮ ਕੁਮਾਰ) : ਸਨੌਰ ਸਫਾਈ ਸੇਵਕ ਐਂਡ ਅਦਰ ਵਰਕਰ ਯੂਨੀਅਨ ਅਤੇ ਫੋਰਥ ਕਲਾਸ ਇੰਪਲਾਈਜ਼ ਯੂਨੀਅਨ ਨੇ ਨਗਰ ਕੌਂਸਲ ਸਨੌਰ ਦੇ ਪ੍ਰਧਾਨ ਸ੍ਰੀ ਪ੍ਰਦੀਪ ਸਿੰਘ ਜੋਸ਼ਨ ਅਤੇ ਕਾਰਜ ਸਾਧਕ ਅਫਸਰ ਸ. ਲਖਬੀਰ ਸਿੰਘ ਨਾਲ ਇੱਕ ਵਿਸ਼ੇਸ਼ ਮੀਟਿੰਗ ਆਯੋਜਿਤ ਕੀਤੀ। ਇਸ ਮੀਟਿੰਗ ਦਾ ਮੁੱਖ ਉਦੇਸ਼ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਉੱਪਰ ਉਠਾਉਣਾ ਸੀ। ਇਹ ਮੰਗਾਂ ਸਫਾਈ ਕਰਮਚਾਰੀਆਂ ਦੀਆਂ ਕੰਡੀਸ਼ਨਾਂ ਨੂੰ ਸੁਧਾਰਨ, ਉਨ੍ਹਾਂ ਦੇ ਅਧਿਕਾਰਾਂ ਦੀ ਸੁਰਖਿਆ ਅਤੇ ਕਾਮਕਾਜ ਦੀ ਸਹੂਲਤਾਂ ਵਿੱਚ ਸੁਧਾਰ ਕਰਨ ਲਈ ਸਨ। ਮੀਟਿੰਗ ਵਿੱਚ ਦੋਵੇਂ ਧਿਰਾਂ ਨੇ ਖੁੱਲ੍ਹੇ ਦਿਲ ਨਾਲ ਗੱਲਬਾਤ ਕੀਤੀ ਅਤੇ ਸੰਭਾਵਿਤ ਹੱਲਾਂ ਤੇ ਵਿਚਾਰ ਕੀਤਾ। ਇਸ ਮੀਟਿੰਗ ਵਿੱਚ, ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਨੰਦ ਲਾਲ ਨੇ ਸਫਾਈ ਸੇਵਕਾਂ ਦੀਆਂ ਮੰਗਾਂ ਨੂੰ ਨਗਰ ਕੌਂਸਲ ਪ੍ਰਸ਼ਾਸਨ ਦੇ ਸਾਹਮਣੇ ਪੇਸ਼ ਕੀਤਾ। ਨਗਰ ਕੌਂਸਲ ਸਨੌਰ ਦੇ ਪ੍ਰਧਾਨ ਪ੍ਰਦੀਪ ਸਿੰਘ ਜੋਸਨ, ਨੇ ਯੂਨੀਅਨ ਨੂੰ ਇਹ ਵਿਸ਼ਵਾਸ ਦਿਵਾਇਆ ਹੈ ਕਿ ਮਾਰਚ ਮਹੀਨੇ ਵਿੱਚ ਉਹ ਸਾਰੀਆਂ ਮੰਗਾਂ ਦਾ ਹੱਲ ਕਰਨ ਲਈ ਕਦਮ ਚੁੱਕਣਗੇ। ਇਹ ਵਾਅਦਾ ਇਸ ਗੱਲ ਦੀ ਪੇਸ਼ਕਸ਼ ਕਰਦਾ ਹੈ ਕਿ ਨਗਰ ਕੌਂਸ਼ਲ ਆਪਣੇ ਕਮਿਊਨਟੀ ਮੈਂਬਰਾਂ ਦੀਆਂ ਚਿੰਤਾਵਾਂ ਨੂੰ ਗੰਭੀਰਤਾ ਨਾਲ ਲੈਂਦੀ ਹੈ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਸਲਝਾਉਣ ਲਈ ਪ੍ਰਤੀਬੱਧ ਹੈ। ਇਸ ਮੌਕੇ 'ਤੇ ਐਮ ਸੀ ਬਲਜੀਤ ਸਿੰਘ, ਐਮ ਸੀ ਵਿਕਾਸ ਅਟਵਾਲ, ਰਾਕੇਸ਼ ਕੁਮਾਰ ਬੱਬੂ, ਪ੍ਰਧਾਨ ਅਜੇ ਕੁਮਾਰ ਹੈਪੀ, ਰੋਕੀ ਅਟਵਾਲ, ਰਾਜ ਕੁਮਾਰ ਰਾਜੂ, ਨਰਿੰਦਰ ਸਿੰਘ ਹਸਨਪੁਰ, ਦੀਪਕ ਕੁਮਾਰ, ਵਰੁਣ ਕੁਮਾਰ, ਸੁੰਦਰ, ਸੋਨੀ, ਰਕੇਸ਼, ਬੰਟੀ, ਅਤੇ ਯੂਨੀਅਨ ਦੇ ਸਾਰੇ ਹੀ ਮੈਂਬਰ ਹਾਜ਼ਰ ਸਨ।

## 60 ਬੋਤਲਾਂ ਸ਼ਰਾਬ ਬ੍ਰਾਮਦ

ਪਟਿਆਲਾ, 27 ਫਰਵਰੀ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਸੋਨੂੰ ਵਾਸੀ ਬੈਕ ਸਾਇਡ ਕੁਮਾਰ ਸਭਾ ਸਕੂਲ ਭੀਮ ਨਗਰ ਸਫਾਬਾਦੀ ਗੇਟ ਪਟਿਆਲਾ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕਰ ਲਿਆ ਹੈ। ਏਐਸਆਈ ਇਕਬਾਲ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਰਾਜਪੁਰਾ ਰੋਡ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਕਥਿਤ ਦੋਸ਼ੀ ਲੱਕੜ ਮੰਡੀ ਪਾਸ ਸ਼ਰਾਬ ਵੇਚ ਰਿਹਾ ਹੈ, ਜੋ ਰੇਡ ਕਰਨ ਪਰ 60 ਬੋਤਲਾਂ ਸ਼ਰਾਬ ਕਲੱਬ ਮਾਲਟਾ ਹਰਿਆਣਾ ਦੀਆਂ ਬ੍ਰਾਮਦ ਹੋਈਆਂ।

## ਚੋਣਾਂ ਦੌਰਾਨ ਵੋਟਰਾਂ ਲਈ ਸੁਵਿਧਾਜਨਕ ਅਤੇ ਸਮਾਨ ਅਧਿਕਾਰਾਂ ਵਾਲਾ ਵਾਤਾਵਰਨ ਯਕੀਨੀ ਬਣਾਉਣ ਦੇ ਨਿਰਦੇਸ਼



ਮਲੇਰਕੋਟਲਾ, 27 ਫਰਵਰੀ (ਬਲਜੀਤ ਸਿੰਘ ਟਿੱਬਾ) : ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਦਿਵਿਆਂਗ ਅਤੇ 85 ਸਾਲ ਤੋਂ ਉਪਰ ਦੇ ਸੀਨੀਅਰ ਸਿਟੀਜ਼ਨ ਵੋਟਰਾਂ ਦੀ ਸਹੂਲਤ ਲਈ ਗਠਿਤ ਜ਼ਿਲ੍ਹਾ ਪੱਧਰੀ ਕਮੇਟੀ ਦੀ ਬੈਠਕ ਆਯੋਜਿਤ ਕੀਤੀ ਗਈ। ਬੈਠਕ ਦੀ ਪ੍ਰਧਾਨਗੀ ਕਰਦਿਆਂ ਸਹਾਇਕ ਕਮਿਸ਼ਨਰ ਮਨਦੀਪ ਕੌਰ ਨੇ ਕਿਹਾ ਕਿ ਦਿਵਿਆਂਗਜਨ ਸਮਾਜ ਦਾ ਮਹੱਤਵਪੂਰਨ ਹਿੱਸਾ ਹਨ ਅਤੇ ਚੋਣ ਪ੍ਰਕਿਰਿਆ ਦੌਰਾਨ ਉਨ੍ਹਾਂ ਨੂੰ ਹਰ ਤਰ੍ਹਾਂ ਦੀ ਸੁਵਿਧਾ ਪ੍ਰਦਾਨ ਕਰਨਾ ਪ੍ਰਸ਼ਾਸਨ ਦੀ ਪ੍ਰਾਥਮਿਕਤਾ ਹੈ। ਉਨ੍ਹਾਂ ਸਬੰਧਿਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਚੋਣ ਕਮਿਸ਼ਨ ਵੱਲੋਂ ਦਿਵਿਆਂਗਜਨਾਂ ਅਤੇ 85 ਸਾਲ ਤੋਂ ਵੱਧ ਉਮਰ ਦੇ ਸੀਨੀਅਰ ਸਿਟੀਜਨਾਂ ਲਈ ਤਿਆਰ ਕੀਤੀ 'ਸਕਸ਼ਮ ਐਪ'ਬਾਰੇ ਵਿਆਪਕ ਜਾਗਰੂਕਤਾ ਯਕੀਨੀ ਬਣਾਈ ਜਾਵੇ। ਉਨ੍ਹਾਂ ਦੱਸਿਆ ਕਿ ਇਸ ਐਪ ਰਾਹੀਂ ਦਿਵਿਆਂਗ ਵੋਟਰ ਆਪਣੀ ਰਜਿਸਟ੍ਰੇਸ਼ਨ ਅਤੇ ਵੋਟ ਵਿੱਚ ਸੋਧ ਘਰ ਬੈਠੇ ਕਰ ਸਕਦੇ ਹਨ, ਇਸ ਤੋਂ ਇਲਾਵਾ ਮਤਦਾਨ ਦੇ ਦਿਨ ਵ੍ਹੀਲਚੇਅਰ, ਆਵਾਜਾਈ ਅਤੇ ਸਹਾਇਕ ਵਲੰਟੀਅਰ ਵਰਗੀਆਂ ਸਹੂਲਤਾਂ ਲਈ ਅਗਾਊਂ ਬੇਨਤੀ ਵੀ ਦਰਜ ਕਰਵਾ ਸਕਦੇ ਹਨ। ਇਹ ਐਪ ਗੂਗਲ ਪਲੇ ਸਟੋਰ ਅਤੇ ਐਪ ਸਟੋਰ 'ਤੇ ਮੁਫਤ ਉਪਲੱਬਧ ਹੈ। ਉਨ੍ਹਾਂ ਇਹ ਵੀ ਨਿਰਦੇਸ਼ ਦਿੱਤੇ ਕਿ ਸਾਰੇ ਪੋਲਿੰਗ ਸਟੇਸ਼ਨਾਂ 'ਤੇ ਦਿਵਿਆਂਗ ਅਤੇ ਸੀਨੀਅਰ ਸਿਟੀਜਨ ਵੋਟਰਾਂ ਲਈ ਵ੍ਹੀਲਚੇਅਰ, ਰੈਂਪ, ਤਰਜੀਹੀ ਮਤਦਾਨ ਵਿਵਸਥਾ, ਬ੍ਰੇਲ ਲਿਪੀ ਨਾਲ ਯੁਕਤ ਈ.ਵੀ.ਐਮ., ਸੰਕੇਤਕ ਭਾਸ਼ਾ ਸਬੰਧੀ ਜਾਣਕਾਰੀ ਪੋਸਟਰ ਅਤੇ ਹੋਰ ਜ਼ਰੂਰੀ ਸੁਵਿਧਾਵਾਂ ਦੇ ਪ੍ਰਬੰਧ ਸੁਨਿਸ਼ਚਿਤ ਕੀਤੇ ਜਾਣ, ਤਾਂ ਜੋ ਹਰ ਵੋਟਰ ਆਤਮ-ਗੌਰਵ ਅਤੇ ਆਸਾਨੀ ਨਾਲ ਆਪਣੇ ਮਤ ਦਾ ਪ੍ਰਯੋਗ ਕਰ ਸਕੇ। ਇਸ ਮੌਕੇ ਕਾਰਜ ਸਾਧਕ ਅਫਸਰ ਚੰਦਰ ਪ੍ਰਕਾਸ਼ ਵਧਵਾ, ਜ਼ਿਲ੍ਹਾ ਸਮਾਜਿਕ ਨਿਆਂ ਤੇ ਅਧਿਕਾਰਤਾ ਅਧਿਕਾਰੀ ਮੁਕਲ ਬਾਵਾ, ਤਹਿਸੀਲ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫਸਰ ਹਰਪ੍ਰੀਤ ਸਿੰਘ, ਐਸ.ਡੀ.ਓ. (ਪੀ.ਡਬਲਿਊ.ਡੀ.) ਇੰਜੀਨੀਅਰ ਅਮਨਦੀਪ ਕੁਮਾਰ, ਪ੍ਰਿੰਸੀਪਲ ਕਮਲੇਸ਼, ਜ਼ਿਲ੍ਹਾ ਚੋਣ ਕੋਆਰਡੀਨੇਟਰ ਮੁਹੰਮਦ ਸਦੀਕ, ਚੋਣ ਸ਼ਾਖਾ ਤੋਂ ਮਨਪ੍ਰੀਤ ਸਿੰਘ ਅਤੇ ਮੁਹੰਮਦ ਬਸ਼ੀਰ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।


ੴ

ਸ੍ਰੀ ਵਾਹਿਗੁਰੂ ਜੀ ਕੀ ਫ਼ਤਹਿ॥

**ਹੋਲਾ ਮਹੱਲਾ ਨਗਰ ਕੀਰਤਨ**

ਮਿਤੀ : 28 ਫਰਵਰੀ 2026 ਦਿਨ ਸ਼ਨੀਵਾਰ ਨੂੰ ਸਵੇਰੇ 10.00 ਵਜੇ

**ਮਹਾਨ ਗੁਰਮਤਿ ਸਮਾਗਮ**

ਮਿਤੀ : 1 ਤੇ 2 ਮਾਰਚ 2026 ਦਿਨ ਐਤਵਾਰ ਅਤੇ ਸੋਮਵਾਰ ਸਵੇਰੇ 10 ਤੋਂ 2 ਵਜੇ ਤੱਕ

ਆਪ ਜੀ ਨੂੰ ਇਹ ਜਾਣ ਕੇ ਹਾਰਦਿਕ ਪ੍ਰਸੰਨਤਾ ਹੋਵੇਗੀ ਕਿ ਸਿੱਖ ਪੰਥ ਦੇ ਮਹਾਨ ਕੀਰਤਨੀਏ ਭਾਈ ਲਖਵਿੰਦਰ ਸਿੰਘ ਜੀ ਦੇ ਉੱਦਮ ਸਦਕਾ ਪਟਿਆਲਾ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ ਵੱਲੋਂ **ਪਿਛਲੇ 8 ਸਾਲਾਂ ਤੋਂ ਗੁਰਮਤਿ ਸੰਗੀਤ ਅਕੈਡਮੀ**, ਗੁ. ਭਾਈ ਰਾਮ ਕਿਸ਼ਨ ਜੀ, ਸ਼ੇਰਾਂ ਵਾਲਾ ਗੇਟ, ਪਟਿਆਲਾ ਵਿਖੇ ਸ਼ੁਰੂ ਕੀਤੀ ਹੋਈ ਹੈ। ਜਿੱਥੇ ਹੁਣ ਤੱਕ 250 ਦੇ ਕ੍ਰੀਬ ਗ਼ਰੀਬ, ਲੋੜਵੰਦ, ਸੂਰਮੇ, ਬੱਚੇ ਕੀਰਤਨ ਦੀ ਦਾਤ ਪ੍ਰਾਪਤ ਕਰ ਚੁੱਕੇ ਹਨ। ਮੌਜੂਦਾ ਅਸਥਾਨ ਵਿਖੇ ਥਾਂ ਦੀ ਘਾਟ ਹੋਣ ਕਾਰਨ, **ਚੜ੍ਹਦੀਕਲਾ ਟਾਈਮ ਟੀ.ਵੀ., ਰੋਜ਼ਾਨਾ ਚੜ੍ਹਦੀਕਲਾ ਅਤੇ ਸ੍ਰੀ ਗੁਰੂ ਹਰਿ ਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਹਿਯੋਗ ਨਾਲ ਬਹਾਦਰਗੜ੍ਹ-ਰਾਏਪੁਰ ਰੋਡ ਉੱਤੇ ਪਿੰਡ ਭੱਠਲਾਂ ਵਿਖੇ** ਬੱਚਿਆਂ ਦੀ ਰਿਹਾਇਸ਼ ਤੇ ਅਕੈਡਮੀ ਲਈ ਬਣਨ ਵਾਲੀ ਨਵੀਂ ਇਮਾਰਤ ਦੀ ਉਸਾਰੀ ਦੀ ਖੁਸ਼ੀ ਵਿੱਚ ਅਕਾਲ ਪੁਰਖ ਦੇ ਸ਼ੁਕਰਾਨੇ ਵਜੋਂ **1 ਤੇ 2 ਮਾਰਚ, 2026 ਦਿਨ ਐਤਵਾਰ ਤੇ ਸੋਮਵਾਰ ਨੂੰ ਸਵੇਰੇ 10 ਤੋਂ 2 ਵਜੇ** ਮਹਾਨ ਗੁਰਮਤਿ ਸਮਾਗਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।

**ਸਿੱਖ ਪੰਥ ਦੇ ਪ੍ਰਸਿੱਧ ਰਾਗੀ ਭਾਈ ਜਸਕਰਨ ਸਿੰਘ ਜੀ, ਭਾਈ ਸੁਰਿੰਦਰ ਸਿੰਘ ਜੀ, ਭਾਈ ਨਛੱਤਰ ਸਿੰਘ ਜੀ** ਦੋਵੇਂ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿ. ਕੁਲਦੀਪ ਸਿੰਘ ਜੀ ਗੜਗੱਜ, ਜੱਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ; ਸਿੰਘ ਸਾਹਿਬ ਗਿ. ਪ੍ਰਣਾਮ ਸਿੰਘ ਜੀ, ਸਿੰਘ ਸਾਹਿਬ ਗਿ. ਪ੍ਰਿਤਪਾਲ ਸਿੰਘ ਜੀ, ਹੈੱਡ ਗ੍ਰੰਥੀ, ਗੁ. ਸ੍ਰੀ ਦੂਖ ਨਿਵਾਰਨ ਸਾਹਿਬ, ਸਿੰਘ ਸਾਹਿਬ ਗਿ. ਅਵਤਾਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਬਹਾਦਰਗੜ੍ਹ ਸਾਹਿਬ, ਸਿੰਘ ਸਾਹਿਬ ਗਿ. ਹਰਵਿੰਦਰ ਸਿੰਘ ਜੀ, ਹੈੱਡ ਗ੍ਰੰਥੀ ਗੁ. ਮੋਤੀ ਬਾਗ਼ ਸਾਹਿਬ ਉਚੇਚੇ ਤੌਰ 'ਤੇ ਪਹੁੰਚਣਗੇ।

ਹੋਲਾ ਮਹੱਲਾ ਤੇ ਨਗਰ ਕੀਰਤਨ ਇਤਿਹਾਸਕ ਗੁ. ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ, ਬਹਾਦਰਗੜ੍ਹ ਤੋਂ ਆਰੰਭ ਹੋਵੇਗਾ ਜੋ ਮੇਨ ਬਜ਼ਾਰ, ਅਹਿਮਦਪੁਰ ਅਤੇ ਭੱਠਲਾਂ ਵਿਚੋਂ ਹੁੰਦਾ ਹੋਇਆ ਗੁ. ਸਚਖੰਡ ਦਰਬਾਰ, ਸਚਖੰਡ ਐਨਕਲੇਵ, ਗਿਆਨ ਕਲੋਨੀ, ਪਿੰਡ ਭੱਠਲਾਂ ਵਿਖੇ ਸਮਾਪਤ ਹੋਵੇਗਾ।

ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਨਗਰ ਕੀਰਤਨ ਅਤੇ ਗੁਰਮਤਿ ਸਮਾਗਮਾਂ ਵਿੱਚ ਸ਼ਾਮਲ ਹੋ ਕੇ ਸਤਿਗੁਰੂ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

**ਭਾਈ ਲਖਵਿੰਦਰ ਸਿੰਘ**
ਹਜ਼ੂਰੀ ਰਾਗੀ ਸ੍ਰੀ ਅੰਮ੍ਰਿਤਸਰ ਸਾਹਿਬ
(ਮੁੱਖ ਸੇਵਾਦਾਰ)

**ਡਾ. ਜਗਜੀਤ ਸਿੰਘ ਦਰਦੀ**
'ਪਦਮ ਸ੍ਰੀ' ਐਵਾਰਡੀ
ਚੇਅਰਮੈਨ, ਚੜ੍ਹਦੀਕਲਾ ਗਰੁੱਪ

**ਭਾਈ ਜੋਗਿੰਦਰ ਸਿੰਘ ਜੀ**
(ਅਕੈਡਮੀ ਇੰਚਾਰਜ)
ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਵਾਰ

**ਭਾਈ ਹਰਪਾਲ ਸਿੰਘ ਜੀ** **ਭਾਈ ਰਮਨਦੀਪ ਸਿੰਘ ਜੀ**
ਟਰੱਸਟੀ, ਸ੍ਰੀ ਗੁਰੂ ਗੋਬਿੰਦ ਸਿੰਘ ਪ੍ਰਵਾਰ

ਸਮੂਹ ਵਿਦਿਆਰਥੀ,
ਗੁਰਮਤਿ ਸੰਗੀਤ ਅਕੈਡਮੀ



# ਪਟਿਆਲਾ-ਆਸ/ਪਾਸ



## ਸਿਹਤ ਮੰਤਰੀ ਨੇ ਨਵੇਂ ਚੁਣੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ

### ➢ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ, ਗੁਰਲਾਲ ਘਨੌਰ, ਰਣਜੋਧ ਸਿੰਘ ਹਡਾਣਾ ਤੇ ਏ.ਡੀ.ਸੀ. ਮਾਨ ਮੌਜੂਦ ਰਹੇ



ਪਟਿਆਲਾ, 27 ਫਰਵਰੀ (ਰੁਪਾਣਾ) : ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਪਟਿਆਲਾ ਜ਼ਿਲ੍ਹੇ ਦੇ ਨਵੇਂ ਚੁਣੇ ਗਏ ਜ਼ਿਲ੍ਹਾ ਪ੍ਰੀਸ਼ਦ ਦੇ 23 ਅਤੇ 10 ਬਲਾਕ ਸੰਮਤੀਆਂ ਦੇ 184 ਮੈਂਬਰਾਂ ਨੂੰ ਅਹੁਦੇ ਦੀ ਸਹੁੰ ਚੁਕਾਈ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਦੇਵ ਸਿੰਘ ਦੇਵ ਮਾਨ ਤੇ ਗੁਰਲਾਲ ਘਨੌਰ ਸਮੇਤ ਹਲਕਾ ਸਨੌਰ ਦੇ ਇੰਚਾਰਜ ਰਣਜੋਧ ਸਿੰਘ ਹਡਾਣਾ ਅਤੇ ਏ.ਡੀ.ਸੀ. ਦਿਹਾਤੀ ਵਿਕਾਸ ਦਮਨਜੀਤ ਸਿੰਘ ਮਾਨ ਵੀ ਮੌਜੂਦ ਸਨ। ਉਨ੍ਹਾਂ ਨਵੇਂ ਮੈਂਬਰਾਂ ਨੂੰ ਸੱਦਾ ਦਿੱਤਾ ਕਿ ਉਹ ਲੋਕਾਂ ਵਿੱਚ ਜਾਣ ਤੇ ਸਰਕਾਰ ਦੀਆਂ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਪੁੱਜ ਕਰਨ ਸਮੇਤ ਲੋਕਾਂ ਦੀਆਂ ਮੁਸ਼ਕਿਲਾਂ ਦੇ ਹੱਲ ਲਈ ਅੱਗੇ ਆਉਣ। ਪੰਜਾਬੀ ਯੂਨੀਵਰਸਿਟੀ ਦੇ ਗੁਰੂ ਤੇਗ ਬਹਾਦਰ ਹਾਲ ਵਿਖੇ ਹੋਏ ਸਮਾਰੋਹ ਮੌਕੇ ਸੰਬੋਧਨ ਕਰਦਿਆਂ ਡਾ. ਬਲਬੀਰ ਸਿੰਘ ਨੇ ਨਵੇਂ ਚੁਣੇ ਮੈਂਬਰਾਂ ਨੂੰ ਮੁਬਾਰਬਾਦ ਦਿੱਤੀ । ਉਨ੍ਹਾਂ ਕਿਹਾ ਕਿ ਸੰਵਿਧਾਨ ਦੀ 73ਵੀਂ ਸੋਧ ਨਾਲ ਮਿਲੀ ਤਾਕਤ ਸਦਕਾ ਬਲਾਕ ਸੰਮਤੀ ਤੇ ਜ਼ਿਲ੍ਹਾ ਪਰਿਸ਼ਦ ਮੈਂਬਰਾਂ ਕੋਲ 30 ਫੀਸਦੀ ਵਿਕਾਸ ਦੇ ਫੰਡ ਆਉਂਦੇ ਹਨ, ਜਿਸ ਲਈ ਕੋਈ ਵੀ ਮੈਂਬਰ ਆਪਣੇ ਪਿੰਡਾਂ ਦੇ ਵਿਕਾਸ ਲਈ ਤਜਵੀਜ਼ ਲੈ ਕੇ ਆਵੇਗਾ, ਉਸ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਵੱਲੋਂ ਹਰ ਪੱਖੋਂ ਸਹਿਯੋਗ ਦਿੱਤਾ ਜਾਵੇਗਾ। ਸਿਹਤ ਮੰਤਰੀ ਨੇ ਦੱਸਿਆ ਕਿ ਸਿਹਤ ਕਰਾਂਤੀ ਨੂੰ ਅੱਗੇ ਵਧਾਉਂਦਿਆਂ ਪੰਜਾਬ ਸਰਕਾਰ ਨੇ ਫੈਸਲਾ ਕੀਤਾ ਹੈ ਕਿ ਸੂਬੇ ਦੇ 2500 ਹੋਰ ਪਿੰਡਾਂ ਵਿੱਚ ਡਾਕਟਰ ਤੇ ਦਵਾਈਆਂ ਭੇਜੀਆਂ ਜਾਣ, ਜਿਸ ਲਈ ਇਨ੍ਹਾਂ ਪਿੰਡਾਂ ਦੀ ਚੋਣ ਕਰ ਲਈ ਗਈ ਹੈ, ਜਦਕਿ ਸਰਕਾਰ ਨੇ ਰਾਜ ਦੇ 65 ਲੱਖ ਪਰਿਵਾਰਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਪਹਿਲਾਂ ਹੀ ਦੇ ਦਿੱਤੀ ਹੈ। ਉਨ੍ਹਾਂ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੇ ਲੋੜਵੰਦ ਲੋਕਾਂ ਦੀ ਸਾਰ ਲੈਂਦਿਆਂ ਉਨ੍ਹਾਂ ਨੂੰ ਕਣਕ ਦੇ ਨਾਲ ਚੀਨੀ, ਹਲਦੀ, ਤੇਲ ਤੇ ਦਾਲਾਂ ਵੀ ਦੇਣ ਦਾ ਫੈਸਲਾ ਕੀਤਾ ਹੈ। ਵਿਧਾਇਕ ਚੇਤਨ ਸਿੰਘ ਜੌੜਾਮਾਜਰਾ, ਗੁਰਲਾਲ ਘਨੌਰ, ਗੁਰਦੇਵ ਸਿੰਘ ਦੇਵ ਮਾਨ ਤੇ ਰਣਜੋਧ ਸਿੰਘ ਹਡਾਣਾ ਨੇ ਵੀ ਸਾਰੇ ਨਵੇਂ ਚੁਣੇ ਮੈਂਬਰਾਂ ਨੂੰ ਵਧਾਈ ਦਿੱਤੀ । ਏ.ਡੀ.ਸੀ. ਦਮਨਜੀਤ ਸਿੰਘ ਮਾਨ ਨੇ ਸਵਾਗਤ ਕਰਦਿਆਂ ਭਰੋਸਾ ਦਿੱਤਾ ਕਿ ਜ਼ਿਲ੍ਹਾ ਪ੍ਰਸ਼ਾਸਨ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਮੁਤਾਬਕ ਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਦੀ ਅਗਵਾਈ ਹੇਠ ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀਆਂ ਦੇ ਮੈਂਬਰਾਂ ਨੂੰ ਹਰ ਪੱਖੋਂ ਸਹਿਯੋਗ ਕਰੇਗਾ। ਇਸ ਮੌਕੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਹਰਪਾਲ ਸਿੰਘ ਵਿਰਕ, ਚੇਅਰਮੈਨ ਬਲਾਕ ਸੰਮਤੀ ਸਮਾਣਾ ਬਲਕਾਰ ਸਿੰਘ ਗੱਜੂਮਾਜਰਾ, ਜ਼ਿਲ੍ਹਾ ਪਰਿਸ਼ਦ ਦੇ ਡਿਪਟੀ ਸੀਈਓ ਅਮਨਦੀਪ ਕੌਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਮਹਿੰਦਰਜੀਤ ਸਿੰਘ ਸਮੇਤ ਸਾਰੇ ਬੀ.ਡੀ.ਪੀ.ਓਜ ਤੇ ਹੋਰ ਪਤਵੰਤੇ ਮੌਜੂਦ ਸਨ।

## ਨਸ਼ੇ ਦਾ ਸੇਵਨ ਕਰਨ ਦੇ ਵੱਖ-ਵੱਖ ਮਾਮਲੇ ਦਰਜ

ਪਟਿਆਲਾ, 27 ਫਰਵਰੀ (ਵਿਨੋਦ ਸ਼ਰਮਾ) : ਥਾਣਾ ਅਨਾਜ ਮੰਡੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀ ਗੁਰਪ੍ਰੀਤ ਸਿੰਘ ਵਾਸੀ ਨਿਊ ਯਾਦਵਿੰਦਰਾ ਕਲੋਨੀ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਹੌਲਦਾਰ ਰਾਹੁਲ ਕੁਮਾਰ ਸਮੇਤ ਪੁਲਿਸ ਪਾਰਟੀ ਟੀ-ਪੁਆਇੰਨ ਬੰਨਾ ਰੋਡ ਮੌਜੂਦ ਸੀ, ਜੋ ਸੱਕੀ ਹਾਲਤ ਵਿੱਚ ਬੈਠੇ ਕਥਿਤ ਦੋਸ਼ੀ ਨੂੰ ਕਾਬੂ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ। ਇਸੇ ਤਰ੍ਹਾਂ ਥਾਣਾ ਸਨੌਰ ਪੁਲਿਸ ਨੇ ਕਥਿਤ ਦੋਸ਼ੀ ਸੁਭਮ ਮੜਕਨ ਪੁੱਤਰ ਨਵੀਨ ਮੜਕਨ ਵਾਸੀ ਚੌੜਾ ਖੂਹ ਘੇਰ ਸੋਢੀਆ ਪਟਿਆਲਾ ਹਾਲ ਸੀਤਾ ਵਾਟਿਕਾ ਕਲੋਨੀ ਚੀਮਾ ਚੌਕ ਤ੍ਰਿਪੜੀ ਵਿਰੁੱਧ ਮਾਮਲਾ ਦਰਜ ਕੀਤਾ ਹੈ। ਏਐਸਆਈ ਸੁਰਜਨ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾ ਦੇ ਸਬੰਧ ਵਿੱਚ ਅਨਾਜ ਮੰਡੀ ਸਨੌਰ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈਕ ਕਰਨ ਪਰ ਉਸਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਸਰਕਾਰੀ ਨੌਕਰੀ ਦਾ ਝਾਂਸਾ ਦੇ ਕੇ ਦੋ ਨੌਜਵਾਨਾਂ ਤੋਂ ਠੱਗੇ 64.62 ਲੱਖ




ਸਮਾਣਾ, 27 ਫਰਵਰੀ (ਵਿਜੇ ਕੁਮਾਰ) : ਸਰਕਾਰੀ ਨੌਕਰੀ ਲਗਵਾਉਣ ਦਾ ਝਾਂਸਾ ਦੇ ਕੇ ਦੋ ਨੌਜਵਾਨਾਂ ਤੋਂ 64.62 ਲੱਖ ਰੁਪਏ ਦੀ ਠੱਗੀ ਕਰਨ ਦੇ ਮਾਮਲੇ 'ਚ ਸਿਟੀ ਪੁਲਸ ਨੇ ਮਾਂ-ਪੁੱਤਰ ਸਣੇ ਤਿੰਨ ਵਿਅਕਤੀਆਂ ਖਿਲਾਫ ਧੋਖਾਧੜੀ ਦਾ ਮਾਮਲਾ ਦਰਜ ਕੀਤਾ ਹੈ। ਮੁਲਜ਼ਮਾਂ ਵਿਚ ਮੁੰਨੀ ਦੇਵੀ ਅਤੇ ਉਸ ਦਾ ਪੁੱਤਰ ਮਨਜੀਤ ਨਿਵਾਸੀ ਆਰੀਅਨ ਨਗਰ ਹਾਂਸੀ ਹਿਸਾਰ (ਹਰਿਆਣਾ) ਅਤੇ ਅਸ਼ੋਕ ਨਿਵਾਸੀ ਸਮਾਣਾ ਸਾਮਲ ਹਨ। ਸਿਟੀ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਰਵੀਕਾਂਤ ਸਿੰਘ ਨਿਵਾਸੀ ਪਿੰਡ ਖਨਾਲ ਕਲਾਂ (ਜ਼ਿਲ੍ਹਾ ਸੰਗਰੂਰ) ਵੱਲੋਂ ਜ਼ਿਲ੍ਹਾ ਪੁਲਸ ਉਚ ਅਧਿਕਾਰੀਆਂ ਨੂੰ ਦਿੱਤੀ ਸ਼ਿਕਾਇਤ ਅਨੁਸਾਰ ਉਹ ਅਤੇ ਉਸ ਦਾ ਦੋਸਤ ਹਿਮਾਂਸੂ ਨਿਵਾਸੀ ਇੰਦਰਾਪੁਰੀ ਸਮਾਣਾ ਸਰਕਾਰੀ ਨੌਕਰੀ ਦੀ ਇੱਛਾ ਰੱਖਦੇ ਸਨ। ਇਸ ਦੌਰਾਨ ਚੰਡੀਗੜ੍ਹ ਵਿਚ ਪੜ੍ਹਾਈ ਅਤੇ ਨਿਵਾਸ ਦੌਰਾਨ ਦੋਸਤਾਂ ਦੇ ਰਾਹੀਂ ਉਸ ਦਾ ਸੰਪਰਕ ਮਨਜੀਤ ਨਾਲ ਹੋਇਆ, ਜਿਸ ਨੇ ਹਿਮਾਂਸੂ ਨੂੰ ਦਿੱਲੀ ਪੁਲਿਸ ਵਿਚ ਅਫਸਰ ਲਗਵਾਉਣ ਲਈ 50 ਲੱਖ ਰੁਪਏ ਅਤੇ ਉਸ ਨੂੰ ਇਨਕਮ ਟੈਕਸ ਵਿਭਾਗ ਵਿਚ 20 ਲੱਖ ਰੁਪਏ ਵਿਚ ਨੌਕਰੀ ਲਗਵਾਉਣ ਦਾ ਝਾਂਸਾ ਦਿੱਤਾ। ਇਨ੍ਹਾਂ ਨੌਕਰੀਆਂ ਦੇ ਲਈ ਮਨਜੀਤ ਨੇ ਕੁਝ ਜਾਅਲੀ ਦਸਤਾਵੇਜ਼ ਤਿਆਰ ਕਰਵਾ ਕੇ ਉਨ੍ਹਾਂ ਨੂੰ ਕਿਸੇ ਕਥਿਤ ਅਧਿਕਾਰੀ ਨੂੰ ਮਿਲਾਇਆ ਅਤੇ ਨੌਕਰੀ ਦਿਵਾਉਣ ਦਾ ਵਿਸ਼ਵਾਸ ਦਿੱਤਾ। ਹਿਮਾਂਸੂ ਦੇ ਘਰ ਜਾਣ 'ਤੇ ਉਸ ਦੇ ਪਿਤਾ ਨੂੰ ਭਰੋਸੇ ਵਿਚ ਲੈ ਕੇ 30 ਲੱਖ ਰੁਪਏ ਨਗਦ ਅਤੇ ਉਸ ਕੋਲੋ ਵੀ 10 ਲੱਖ ਰੁਪਏ ਨਗਦ ਲਏ ਅਤੇ ਅਸ਼ੋਕ ਦੇ ਨਾਲ ਮਿਲ ਕੇ ਵੱਖ-ਵੱਖ ਸਮਿਆਂ ਅਤੇ ਸਥਾਨਾਂ 'ਤੇ ਆਪਣੇ ਅਤੇ ਆਪਣੀ ਮਾਤਾ ਮੁੰਨੀ ਦੇਵੀ ਦੇ ਅਕਾਊਂਟ ਵਿਚ ਰਕਮ ਜਮ੍ਹਾਂ ਕਰਵਾਈ। ਉਸ ਤੋਂ ਬਾਅਦ ਮਨਜੀਤ ਨੇ ਨਾ ਤਾਂ ਉਨ੍ਹਾਂ ਨੂੰ ਨੌਕਰੀ 'ਤੇ ਲਗਵਾਇਆ ਅਤੇ ਨਾ ਹੀ ਪੈਸੇ ਵਾਪਸ ਕੀਤੇ। ਬਲਕਿ ਉਨ੍ਹਾਂ ਦੇ ਫੋਨ ਚੁਕਣੇ ਵੀ ਬੰਦ ਕਰ ਦਿੱਤੇ। ਅਧਿਕਾਰੀਆਂ ਅਨੁਸਾਰ ਪੁਲਿਸ ਅਧਿਕਾਰੀਆਂ ਵੱਲੋਂ ਕੀਤੀ ਗਈ ਜਾਂਚ ਪੜਤਾਲ ਦੌਰਾਨ ਇਤਲਾਹ ਦੇਣ ਦੇ ਬਾਵਜੂਦ ਮੁਲਜ਼ਮ ਜਾਂਚ ਵਿਚ ਸ਼ਾਮਲ ਨਹੀਂ ਹੋਏ, ਜਿਸ ਦੇ ਬਾਅਦ ਦਿੱਤੇ ਗਏ ਹੁਕਮਾਂ ਤੇ ਸਿਟੀ ਪੁਲਿਸ ਨੇ ਮੁਲਜ਼ਮਾਂ 'ਤੇ ਧੋਖਾਧੜੀ ਦਾ ਮਾਮਲਾ ਦਰਜ ਕਰਕੇ ਉਨ੍ਹਾਂ ਖਿਲਾਫ ਆਪਣੀ ਜਾਂਚ ਅਤੇ ਕਾਰਵਾਈ ਸ਼ੁਰੂ ਕਰ ਦਿੱਤੀ।

## 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਵੱਖ-ਵੱਖ ਮਾਮਲਿਆਂ 'ਚ ਬ੍ਰਾਮਦ ਨਸ਼ੀਲੇ ਪਦਾਰਥ ਜ਼ਿਲ੍ਹਾ ਪੁਲਿਸ ਵੱਲੋਂ ਨਸ਼ਟ



ਮਲੇਰਕੋਟਲਾ, 27 ਫਰਵਰੀ (ਬਲਜੀਤ ਸਿੰਘ ਟਿੱਬਾ) : ਸੁਪਰੀਮ ਕੋਰਟ ਆਫ ਇੰਡੀਆ ਅਤੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਅੰਦਰ ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੁੱਲ 21 ਮਾਮਲਿਆਂ ਦੇ ਮਾਲ ਦਾ ਨਿਪਟਾਰਾ ਡਰੱਗ ਡਿਸਪੋਜ਼ਲ ਕਮੇਟੀ ਵੱਲੋਂ ਕੀਤਾ ਗਿਆ। ਸੀਨੀਅਰ ਕਪਤਾਨ ਪੁਲਿਸ ਗਗਨ ਅਜੀਤ ਸਿੰਘ ਦੀ ਅਗਵਾਈ ਹੇਠ ਸਥਾਨਕ ਨਾਭਾ ਪੇਪਰ ਮਿਲ ਵਿਖੇ 21 ਐਨ.ਡੀ.ਪੀ.ਐਸ. ਮਾਮਲਿਆਂ ਵਿੱਚ ਕਾਰਵਾਈ ਦੌਰਾਨ ਬਰਾਮਦ 161 ਕਿਲੋਗ੍ਰਾਮ ਭੁੱਕੀ ਚੂਰਾ ਪੋਸਤ, 339 ਗ੍ਰਾਮ ਹੈਰੋਇਨ, 2460 ਨਸ਼ੀਲੀਆਂ ਗੋਲੀਆਂ ਅਤੇ 1 ਕਿਲੋ 774 ਗ੍ਰਾਮ ਗਾਂਜਾ ਨਸ਼ਟ ਕੀਤਾ ਗਿਆ। ਇਸ ਮੌਕੇ ਐਸ.ਪੀ. (ਇੰਨਵੈਸਟੀਗੇਸ਼ਨ) ਸੱਤਪਾਲ ਸ਼ਰਮਾ ਅਤੇ ਡੀ.ਐਸ.ਪੀ. (ਐਨ.ਡੀ.ਪੀ.ਐਸ.) ਯਾਦਵਿੰਦਰ ਸਿੰਘ ਸਮੇਤ ਪੁਲਿਸ ਫੋਰਸ ਹਾਜ਼ਰ ਰਹੀ। ਸੀਨੀਅਰ ਕਪਤਾਨ ਪੁਲਿਸ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਸ਼ਾ ਵਿਰੋਧੀ ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਸ਼ਹਿਰੀ ਅਤੇ ਪਿੰਡ ਪੱਧਰ 'ਤੇ ਲਗਾਤਾਰ ਕਾਰਡਨ ਐਂਡ ਸਰਚ ਉਪਰੇਸ਼ਨ ਚਲਾਏ ਜਾ ਰਹੇ ਹਨ। ਪੁਲਿਸ ਵਿਭਾਗ ਵੱਲੋਂ ਪੂਰੇ ਜ਼ਿਲ੍ਹੇ ਵਿੱਚ ਨਸ਼ਾ ਤਸਕਰੀ ਦੀ ਸਪਲਾਈ ਚੇਨ ਨੂੰ ਤੋੜਨ ਲਈ ਅੱਗੇ ਅਤੇ ਪਿੱਛੇ ਦੋਵੇਂ ਕੜੀਆਂ ਦੀ ਗਹਿਰਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਜ ਵਿਰੋਧੀ ਤੱਤਾਂ ਖ਼ਿਲਾਫ਼ ਜ਼ੀਰੋ ਟੋਲਰੈਂਸ ਨੀਤੀ ਅਪਣਾਈ ਗਈ ਹੈ ਅਤੇ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਵਿੱਚ ਸ਼ਾਮਲ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਆਮ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਜੇਕਰ ਨਸ਼ਾ ਤਸਕਰੀ ਜਾਂ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਬਾਰੇ ਕੋਈ ਸੂਚਨਾ ਹੋਵੇ ਤਾਂ ਪੰਜਾਬ ਸਰਕਾਰ ਵੱਲੋਂ ਜਾਰੀ 'ਸੇਫ ਪੰਜਾਬ' ਐਂਟੀ ਡਰੱਗ ਹੈਲਪਲਾਈਨ ਵੱਟਸਐਪ ਨੰਬਰ 9779-100-200 'ਤੇ ਸਾਂਝੀ ਕੀਤੀ ਜਾਵੇ।

## ਡੀ.ਸੀ. ਅਤੇ ਵਿਧਾਇਕ ਜੌੜਾਮਾਜਰਾ ਵੱਲੋਂ ਸਕੂਲ ਦਾ ਅਚਨਚੇਤ ਦੌਰਾ



ਸਮਾਣਾ, 27 ਫਰਵਰੀ (ਵਿਜੇ ਕੁਮਾਰ) ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਪਬਲਿਕ ਸੀਨੀ: ਸੈਕੰਡਰੀ ਸਕੂਲ ਦਾ ਅਚਨਚੇਤ ਦੌਰਾ ਕਰਕੇ ਵਿਦਿਆਰਥੀਆਂ ਨੂੰ ਦਿੱਤੀਆਂ ਜਾ ਰਹੀਆ ਬੁਨਿਆਦੀ ਸੁਵਿਧਾਵਾਂ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਉਨ੍ਹਾਂ ਨੇ ਕਲਾਸਾਂ ਵਿੱਚ ਜਾ ਕੇ ਵਿਦਿਆਰਥੀਆਂ ਨਾਲ ਗੱਲਬਾਤ ਕੀਤੀ ਅਤੇ ਅਧਿਆਪਕਾਂ ਤੋਂ ਸਿੱਖਿਆ ਸੰਬੰਧੀ ਜਾਣਕਾਰੀ ਹਾਸਲ ਕੀਤੀ। ਸੰਸਥਾ ਪ੍ਰਧਾਨ ਮਦਨ ਮਿੱਤਲ ਅਤੇ ਪ੍ਰਿੰਸੀਪਲ ਸੁਨੀਤਾ ਗਰਗ ਨੇ ਸ਼੍ਰੀ ਵਾਲੀਆ ਨੂੰ ਸਕੂਲ ਦੀ ਮੈਨੇਜਮੈਂਟ ਅਤੇ ਅਧਿਆਪਕਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਪ੍ਰਧਾਨ ਮਦਨ ਮਿੱਤਲ ਵੱਲੋਂ ਸੰਸਥਾ ਵਿੱਚ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਵੀ ਕੀਤੀ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਕਾਰ ਸਿੰਘ ਗੱਜੂਮਾਜਰਾ, ਮੈਨੇਜਰ ਸੀ.ਸੀ. ਰਮਨ ਗੁਪਤਾ, ਮੈਂਬਰ ਵਿਸਾਲ ਗਰਗ ਅਤੇ ਸਕੂਲ ਸਟਾਫ ਅਤੇ ਸਥਾਨਕ ਅਧਿਕਾਰੀ ਵੀ ਮੌਜੂਦ ਰਹੇ।

## ਜਥੇਦਾਰ ਗੁਰਚਰਨ ਸਿੰਘ ਟੋਹੜਾ ਦੀ ਯਾਦ 'ਚ ਹੋਣ ਵਾਲੇ 16ਵੇਂ ਕਬੱਡੀ ਕੱਪ ਦਾ ਪੋਸਟਰ ਰੱਖੜਾ ਤੇ ਟੋਹੜਾ ਵੱਲੋਂ ਜਾਰੀ



ਪਟਿਆਲਾ, 27 ਫਰਵਰੀ (ਰੁਪਾਣਾ) : ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੋਹੜਾ ਦੀ ਯਾਦ ਵਿਚ ਪਿੰਡ ਟੌਹੜਾ ਵਿਖੇ 5, 6 ਮਾਰਚ ਨੂੰ ਹੋਣ ਵਾਲੇ ਸਾਲਾਨਾ 16ਵਾਂ ਟੋਹੜਾ ਕਬੱਡੀ ਕੱਪ ਦਾ ਪੋਸਟਰ ਅੱਜ ਪਿੰਡ ਰੱਖੜਾ ਵਿਖੇ ਜਾਰੀ ਕੀਤਾ ਗਿਆ। ਇਸ ਮੌਕੇ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ, ਚਰਨਜੀਤ ਸਿੰਘ ਰੱਖੜਾ ਅਤੇ ਸਤਵਿੰਦਰ ਸਿੰਘ ਟੌਹੜਾ ਨੇ ਪੋਸਟਰ ਜਾਰੀ ਕਰਦਿਆਂ ਆਖਿਆ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਸਾਹਿਬ ਦੀਆਂ ਆਪਣੇ ਜੀਵਨ ਦੌਰਾਨ ਕੀਤੀਆਂ ਗਈਆਂ ਪੰਥ, ਪੰਜਾਬ ਅਤੇ ਪੰਜਾਬੀਅਤ ਲਈ ਸ਼ਾਨਦਾਰ ਸੇਵਾਵਾਂ ਨੂੰ ਹਮੇਸ਼ਾ ਯਾਦ ਰਖਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋ ਇਲਾਵਾ ਜਸਪਾਲ ਸਿੰਘ ਕਲਿਆਣ ਸਾਬਕਾ ਚੇਅਰਮੈਨ ਜ਼ਿਲ੍ਹਾ ਪਰਿਸ਼ਦ ਪਟਿਆਲਾ, ਮੈਨੇਜਰ ਅਮਰੀਕ ਸਿੰਘ ਪ੍ਰਧਾਨ, ਰਾਜਵਿੰਦਰ ਸਿੰਘ ਭੰਗੂ ਸੀਨੀਅਰ ਮੀਤ ਪ੍ਰਧਾਨ, ਪ੍ਰੀਤ ਬੱਤਰਾ ਜਨਰਲ ਸਕੱਤਰ, ਗੁਰਜੀਤ ਸਿੰਘ ਮੀਤ ਪ੍ਰਧਾਨ, ਰਣਧੀਰ ਸਿੰਘ ਢੀਂਡਸਾ, ਨੰਬਰਦਾਰ ਮਲਕੀਤ ਸਿੰਘ ਵਜੀਰੀ, ਅਮਰਜੀਤ ਸਿੰਘ ਪ੍ਰਧਾਨ, ਲੈਕਚਰਚਾਰ ਗੁਰਪ੍ਰੀਤ ਸਿੰਘ ਜਿੰਦਲਪੁਰ, ਬਚਿੱਤਰ ਸਿੰਘ ਬੋਪਾਰਾਏ, ਕੁਲਦੀਪ ਸਿੰਘ ਘਨੁੜਕੀ, ਪ੍ਰੋ. ਕੁਲਦੀਪ ਸਿੰਘ, ਪ੍ਰੋ. ਹਰਵਿੰਦਰ ਸਿੰਘ ਨਾਭਾ, ਭਗਵੰਤ ਸਿੰਘ ਮੂੰਡਖੇੜਾ, ਰਾਣਾ ਸੇਖੋਂ, ਰਘਵੀਰ ਸਿੰਘ ਕਲਿਆਣ, ਬਲਵਿੰਦਰ ਸਿੰਘ ਬੌੜਾਂ, ਮਾਸਟਰ ਜਸਪਾਲ ਸਿੰਘ ਧਾਰੋਕੀ, ਬਬਲੀ ਨਾਭਾ, ਗੁਰਪ੍ਰੀਤ ਸਿੰਘ ਦਿੱਤੂਪੁਰ, ਜਗਤਾਰ ਸਿੰਘ ਸਿੱਧੂ, ਫੰਤ ਮਟੋਰੜਾ, ਬਿੰਦਰ ਡਕਾਲਾ, ਮਹਿੰਗਾ ਸਿੰਘ ਭੜੀ, ਅਮਰਿੰਦਰ ਸਿੰਘ ਖੋਖ ਸਰਪੰਚ, ਹਰਿੰਦਰ ਸਿੰਘ ਸਰਪੰਚ ਭੜੀ, ਹਰਮਨ ਭੜੀ, ਗੱਗੀ ਚਹਿਲ, ਜਥੇਦਾਰ ਜੋਗਿੰਦਰ ਸਿੰਘ ਲੋਟ, ਬੇਅੰਤ ਸਿੰਘ ਲੋਟ ਅਤੇ ਟੋਹੜਾ ਕਬੱਡੀ ਕੱਪ ਦੇ ਪ੍ਰਬੰਧਕੀ ਟੀਮ ਅਤੇ ਹੋਰ ਮੈਂਬਰ ਹਾਜ਼ਰ ਸਨ।

## ਰੁਲਦਾ ਰਾਮ ਹੋਏ ਸੇਵਾ ਮੁਕਤ




ਪਟਿਆਲਾ, 27 ਫਰਵਰੀ (ਵਿਨੋਦ ਸ਼ਰਮਾ) : ਕੋਰਟ ਦੇ ਪੁਰਾਣੇ ਲੰਮੇ ਸਮੇਂ ਤੋਂ ਚੱਲੇ ਆ ਰਹੇ ਇੰਪਲਾਇਜ਼ ਜੋ ਅੱਜ ਆਪਣੇ ਅਹੁਦੇ ਤੋਂ ਸੇਵਾ ਮੁਕਤ ਹੋ ਗਏ। ਰੁਲਦਾ ਰਾਮ ਦੇ ਪਰਿਵਾਰਕ ਮੈਂਬਰ ਵੀ ਇਸ ਮੌਕੇ ਹਾਜ਼ਰ ਸਨ। ਇਸ ਮੌਕੇ ਜੁਡੀਸ਼ੀਅਲ ਅਧਿਕਾਰੀਆਂ ਅਤੇ ਹੋਰ ਸਟਾਫ ਮੈਂਬਰਾਂ ਨੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ।

## ਮੁਹੱਲੇ 'ਚ ਸ਼ਰਾਬ ਵੇਚਣ ਵਾਲਿਆਂ 'ਤੇ ਮਾਮਲਾ ਦਰਜ

ਪਟਿਆਲਾ, 27 ਫਰਵਰੀ (ਵਿਨੋਦ ਸ਼ਰਮਾ) : ਥਾਣਾ ਕੋਤਵਾਲੀ ਪਟਿਆਲਾ ਪੁਲਿਸ ਨੇ ਕਥਿਤ ਦੋਸ਼ੀਆਂ ਜੀਤੂ , ਰੋਸ਼ਨ ਲਾਲ , ਊਸ਼ਾ, ਮੀਨਾ ਵਾਸੀ ਨੇੜੇ ਤਲਾਬ ਸ੍ਰੀ ਬਾਵਨ ਅਵਤਾਰ ਮੰਦਰ ਰੋੜੀ ਕੁੱਟ ਮੁਹੱਲਾ ਸਨੋਰੀ ਅੱਡਾ ਪਟਿਆਲਾ ਵਿਰੁੱਧ ਧਾਰਾ 61, 1, 14 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਅਜੈਬ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਵਾ ਤਲਾਸ਼ ਸ਼ੱਕੀ ਤੇ ਭੈੜੇ ਪੁਰਸ਼ਾਂ ਦੇ ਸਬੰਧ ਵਿੱਚ ਘਲੋੜੀ ਗੇਟ ਪਟਿਆਲਾ ਮੌਜੂਦ ਸੀ, ਜੋ ਇਤਲਾਹ ਮਿਲੀ ਕਿ ਦੋਸ਼ੀਆਨ ਹਰਿਆਣਾ ਤੋਂ ਸਸਤੀ ਸ਼ਰਾਬ ਲਿਆ ਕੇ ਆਪਸ ਵਿੱਚ ਵਿਉਂਤਬੰਦੀ ਬਣਾ ਕੇ ਆਪਣੇ ਘਰ ਜਾਂ ਮੁਹੱਲਾ ਵਿੱਚ ਕਬਾੜ ਵਗੈਰਾ ਦੇ ਹੇਠਾਂ ਸ਼ਰਾਬ ਰੱਖ ਕੇ ਪਟਿਆਲਾ ਵੱਲ ਆਉਂਦੇ-ਜਾਂਦੇ ਲੇਬਰ ਵਾਲੇ ਵਿਅਕਤੀਆਂ ਨੂੰ ਮਹਿੰਗੇ ਰੇਟ 'ਵੇਚਦੇ ਹਨ, ਜੋ ਰੇਡ ਕਰਨ ਪਰ ਕਾਬੂ ਆ ਸਕਦੇ ਹਨ।

## ਖ਼ਾਲਸਾ ਕਾਲਜ ਵਿਖੇ ਤਿੰਨ ਰੋਜ਼ਾ 'ਖ਼ਾਲਸਾਈ ਉਤਸਵ' ਪੂਰੇ ਜਾਹੋ-ਜਲਾਲ ਨਾਲ ਸੰਪੰਨ



ਪਟਿਆਲਾ, 27 ਫਰਵਰੀ (ਰੁਪਾਣਾ) : ਖ਼ਾਲਸਾ ਕਾਲਜ ਵਿਖੇ ਤਿੰਨ ਰੋਜ਼ਾ 'ਖ਼ਾਲਸਾਈ ਉਤਸਵ' ਸ਼ਾਨਦਾਰ ਅਤੇ ਉਤਸ਼ਾਹਪੂਰਨ ਮਾਹੌਲ ਵਿੱਚ ਪੂਰੇ ਜਾਹੋ-ਜਲਾਲ ਨਾਲ ਸੰਪੰਨ ਹੋਇਆ। ਇਹ ਸਮਾਗਮ ਸਿੱਖ ਇਤਿਹਾਸ, ਸੱਭਿਆਚਾਰਕ ਵਿਰਾਸਤ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਸਮਰਪਿਤ ਰਿਹਾ, ਜਿਸ ਵਿੱਚ ਕਾਲਜ ਦੇ ਸਟਾਫ਼ ਅਤੇ ਵਿਦਿਆਰਥੀਆਂ ਨੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਸਮਾਗਮ ਦੀ ਸ਼ੁਰੂਆਤ ਕਾਲਜ ਕੈਂਪਸ ਵਿੱਚ ਸਥਿਤ ਗੁਰਦੁਆਰਾ ਸਾਹਿਬ ਵਿਖੇ ਪਿਛਲੇ ਤਿੰਨ ਦਿਨਾਂ ਤੋਂ ਪ੍ਰਕਾਸ਼ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਉਣ ਨਾਲ ਹੋਈ। ਇਸ ਮੌਕੇ ਕਾਲਜ ਦੀ ਗਵਰਨਿੰਗ ਬਾਡੀ, ਅਧਿਆਪਕਾਂ ਅਤੇ ਵਿਦਿਆਰਥੀਆਂ ਦੇ ਸਾਂਝੇ ਉੱਦਮ ਸਦਕਾ ਸਮੁੱਚਾ ਕੈਂਪਸ ਖ਼ਾਲਸਾਈ ਰੰਗ ਵਿੱਚ ਰੰਗਿਆ ਨਜ਼ਰ ਆਇਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਦਿਆਰਥੀਆਂ ਵੱਲੋਂ ਕਾਲਜ ਕੈਂਪਸ ਵਿੱਚ ਵਿਸ਼ਾਲ 'ਮਹੱਲਾ' ਕੱਢਿਆ ਗਿਆ, ਜੋ ਇਸ ਉਤਸਵ ਦੀ ਵਿਲੱਖਣ ਪਹਿਚਾਣ ਬਣਿਆ। ਨੀਲੇ ਅਤੇ ਕੇਸਰੀ ਬਾਣਿਆਂ ਵਿੱਚ ਸਜੇ ਵਿਦਿਆਰਥੀਆਂ ਨੇ ਖ਼ਾਲਸਾਈ ਰਵਾਇਤਾਂ ਦਾ ਪ੍ਰਦਰਸ਼ਨ ਕਰਦਿਆਂ ਮਾਹੌਲ ਨੂੰ ਬੀਰ-ਰਸੀ ਰੰਗਤ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾ. ਧਰਮਿੰਦਰ ਸਿੰਘ ਉੱਭਾ ਨੇ ਸਮਾਗਮ ਦੀ ਮਹੱਤਤਾ 'ਤੇ ਚਾਨਣਾ ਪਾਇਆ ਉਤਸਵ ਦੌਰਾਨ ਲਗਾਈ ਗਈ ਇੱਕ ਵਿਸ਼ੇਸ਼ ਪੇਂਟਿੰਗ ਪ੍ਰਦਰਸ਼ਨੀ ਖਿੱਚ ਦਾ ਮੁੱਖ ਕੇਂਦਰ ਰਹੀ। ਇਸ ਤੋਂ ਇਲਾਵਾ, ਤਿੰਨ ਦਿਨਾਂ ਤੱਕ ਚੱਲੇ ਇਸ ਸਮਾਗਮ ਵਿੱਚ ਕੀਰਤਨ ਦਰਬਾਰ, ਢਾਡੀ ਵਾਰਾਂ ਅਤੇ ਗੁਰਮਤਿ ਵਿਚਾਰਾਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਪਿੰਡ ਸ਼ਾਦੀਪੁਰ ਮੋਮੀਆ ਦੇ ਸਰਪੰਚ ਸਮੇਤ ਇਲਾਕੇ ਦੀਆਂ ਕਈ ਨਾਮਵਰ ਸ਼ਖ਼ਸੀਅਤਾਂ ਵੱਲੋਂ ਅਕਾਲੀ ਦਲ 'ਚ ਸ਼ਮੂਲੀਅਤ



ਪਾਤੜਾਂ, 27 ਫਰਵਰੀ (ਹਰਮਿੰਦਰ ਕਰਤਾਰਪੁਰ) : ਵਿਧਾਨ ਸਭਾ ਹਲਕਾ ਸ਼ੁਤਰਾਣਾ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਦੇ ਬਲਾਕ ਪ੍ਰਧਾਨ ਜਥੇਦਾਰ ਸੁਖਜੀਤ ਸਿੰਘ ਬਕਰਾਹਾ ਦੇ ਘਰ ਰੱਖੀ ਗਈ ਜਨ ਸਭਾ ਦੌਰਾਨ ਪਿੰਡ ਸ਼ਾਦੀਪੁਰ ਮੋਮੀਆ ਦੀ ਸਰਪੰਚ ਗੁਰਪ੍ਰੀਤ ਸਿੰਘ ਮੋਮੀਆ, ਮੈਂਬਰ ਪੰਚਾਇਤ ਪ੍ਰਗਟ ਸਿੰਘ ਕਾਹਲੋਂ, ਵਿਧਾਨ ਸਭਾ ਹਲਕਾ ਸ਼ੁਤਰਾਣਾ ਤੋਂ 2022 ਦੀਆਂ ਵਿਧਾਨ ਸਭਾ ਦੀਆਂ ਚੋਣਾਂ ਲੜਨ ਚੁੱਕੇ ਸਾਬਕਾ ਸਰਪੰਚ ਸੁਖਵਿੰਦਰ ਸਿੰਘ ਬਕਰਾਹਾ,ਯੂਥ ਆਗੂ ਲਖਵਿੰਦਰ ਸਿੰਘ ਸਧਾਰਨਪੁਰ , ਸਾਬਕਾ ਬਲਾਕ ਸੰਮਤੀ ਮੈਂਬਰ ਕਸ਼ਮੀਰ ਸਿੰਘ ਬਕਰਾਹਾ, ਵੱਲੋਂ ਵਿਧਾਨ ਸਭਾ ਹਲਕਾ ਸ਼ੁਤਰਾਣਾ ਸ਼੍ਰੋਮਣੀ ਅਕਾਲੀ ਦਲ ਦੇ ਇੰਚਾਰਜ ਬਾਬੂ ਕਬੀਰ ਦਾਸ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ ਗਿਆ। ਬਾਬੂ ਕਬੀਰ ਦਾਸ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਵਾਲਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ । ਇਸ ਮੌਕੇ ਸਰਕਲ ਇੰਚਾਰਜ ਜਥੇਦਾਰ ਲਖਵਿੰਦਰ ਸਿੰਘ, ਜਥੇਦਾਰ ਗੁਰਬਚਨ ਸਿੰਘ ਮੌਲਵੀਵਾਲਾ, ਸਾਬਕਾ ਜਿਲਾ ਪ੍ਰੀਸ਼ਦ ਮੈਂਬਰ ਪ੍ਰਿੰਸੀਪਲ ਨਿਧਾਨ ਸਿੰਘ, ਜਥੇਦਾਰ ਸੰਤੋਖ ਸਿੰਘ, ਜਥੇਦਾਰ ਨਰਿੰਦਰ ਸਿੰਘ ਸੰਧੂ, ਸਰਕਲ ਇੰਚਾਰਜ ਸੁਰਜੀਤ ਸਿੰਘ ਮਾਹਲ, ਸਰਕਲ ਪ੍ਰਧਾਨ ਜੀਤ ਸਿੰਘ ਕਲਵਾਨੂੰ, ਅਜੈਬ ਸਿੰਘ ਦੁਆਬੀਆ, ਪ੍ਰਗਟ ਸਿੰਘ ਕਾਹਲੋ, ਗੁਰਬਚਨ ਸਿੰਘ ਯੂਐਸਏ, ਸਤਨਾਮ ਸਿੰਘ ਵਿਰਕ, ਦਵਿੰਦਰਪਾਲ ਸਿੰਘ ਵਿਰਕ, ਸੁਰਜੀਤ ਸਿੰਘ ਵਿਰਕ, ਜਸਵੰਤ ਸਿੰਘ ਵਿਰਕ, ਲਖਵਿੰਦਰ ਸਿੰਘ, ਗੁਰਦੀਪ ਸਿੰਘ ਨੰਬਰਦਾਰ, ਦਵਿੰਦਰ ਸਿੰਘ ਨੰਬਰਦਾਰ, ਗੁਰਭੇਜ ਸਿੰਘ ਢਿੱਲੋਂ, ਸਾਹਿਬ ਸਿੰਘ, ਧੰਨਾ ਸਿੰਘ ਅਰਨੇਟੂ, ਹਰਬੀਰ ਸਿੰਘ ਧਾਲੀਵਾਲ, ਰਣਧੀਰ ਸਿੰਘ, ਸੁਖਦੇਵ ਸਿੰਘ, ਜਰਨੈਲ ਸਿੰਘ ਵਿਰਕ ਆਦਿ ਹਾਜ਼ਰ ਸਨ।

## ਪਟਿਆਲਾ ਤੇ ਬਲਾਕ ਵਿੱਚ ਸੀ.ਐਮ. ਦੀ ਯੋਗਸ਼ਾਲਾ ਨੂੰ ਮਿਲ ਰਿਹੈ ਭਰਪੂਰ ਹੁੰਗਾਰਾ

ਪਟਿਆਲਾ, 27 ਫਰਵਰੀ (ਚ.ਨ.ਸ.) : ਸੀ.ਐਮ. ਦੀ ਯੋਗਸ਼ਾਲਾ ਅਧੀਨ ਪਟਿਆਲਾ ਜ਼ਿਲ੍ਹੇ ਦੇ ਵਿੱਚ ਚੱਲ ਰਹੀਆਂ ਹਨ। ਪਟਿਆਲਾ ਵਿੱਚ ਚਲ ਰਹੀਆਂ ਕਲਾਸਾਂ ਦਾ ਨਿਰੀਖਣ ਯੋਗਾਂ ਸੁਪਰਵਾਈਜ਼ਰ ਰਾਜਿੰਦਰ ਸਿੰਘ ਦੁਆਰਾ ਕੀਤਾ ਜਾਂਦਾ ਹੈ। ਉਹਨਾਂ ਵੱਲੋਂ ਅਰਸ਼ਪ੍ਰੀਤ ਕੌਰ ਟ੍ਰੇਨਰ ਪਟਿਆਲਾ ਵਿੱਚ ਚੱਲ ਰਹੇ ਯੋਗ ਕਲਾਸ (ਉਪਕਾਰ ਨਗਰ ਹੈਰੀ ਪਾਰਕ ਵਿੱਚ ਲੱਗ ਰਹੀ ਹੈ) ਯੋਗ ਕਲਾਸਾਂ ਨੂੰ ਸ਼ਹਿਰੀ ਅਤੇ ਪਿੰਡਾਂ ਦੋਹਾਂ ਖੇਤਰਾਂ ਵਿੱਚ ਭਰਪੂਰ ਹੁੰਗਾਰਾ ਮਿਲ ਰਿਹਾ ਹੈ। ਲੋਕ ਵੱਡੀ ਗਿਣਤੀ ਵਿੱਚ ਇਨ੍ਹਾਂ ਕਲਾਸਾਂ ਨਾਲ ਜੁੜ ਕੇ ਆਪਣੀ ਸਿਹਤ ਨੂੰ ਬਿਹਤਰ ਬਣਾ ਰਹੇ ਹਨ। ਪੰਜਾਬ ਸਰਕਾਰ ਦੁਆਰਾ ਚਲਾਏ ਜਾ ਰਹੇ 22 ਡਿਪਲੋਮਾ ਵਿਦਿਆਰਥੀ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਯੋਗ ਕਲਾਸਾਂ ਲਗਾ ਰਹੇ ਹਨ। ਇਹ ਟੀਮ ਲੋਕਾਂ ਦੀਆਂ ਸਿਹਤ ਸੰਬੰਧੀ ਸਮੱਸਿਆਵਾਂ ਜਿਵੇਂ ਕਿ ਸ਼ੂਗਰ, ਬਲੱਡ ਪ੍ਰੈਸ਼ਰ, ਗੋਡਿਆਂ ਦਾ ਦਰਦ, ਸਰਵਾਈਕਲ ਅਤੇ ਮੋਟਾਪਾ ਆਦਿ ਨੂੰ ਯੋਗ ਅਭਿਆਸ ਰਾਹੀਂ ਦੂਰ ਕਰਨ ਵਿੱਚ ਸਹਾਇਕ ਸਾਬਤ ਹੋ ਰਹੀ ਹੈ। ਸਥਾਨਕ ਵਸਨੀਕਾਂ ਨੇ ਕਿਹਾ ਕਿ ਇਸ ਉਪਰਾਲੇ ਨਾਲ ਉਨ੍ਹਾਂ ਨੂੰ ਘਰ ਦੇ ਨੇੜੇ ਹੀ ਮੁਫ਼ਤ ਅਤੇ ਵਿਗਿਆਨਕ ਢੰਗ ਨਾਲ ਯੋਗ ਸਿੱਖਣ ਦਾ ਮੌਕਾ ਮਿਲ ਰਿਹਾ ਹੈ, ਜਿਸ ਨਾਲ ਸਿਹਤ ਵਿੱਚ ਮਹੱਤਵਪੂਰਨ ਸੁਧਾਰ ਆ ਰਿਹਾ ਹੈ। ਸੀ.ਐਮ. ਦੀ ਯੋਗਸ਼ਾਲਾ ਪੰਜਾਬ ਸਰਕਾਰ ਦਾ ਇੱਕ ਸਫਲ ਲੋਕ-ਹਿਤੈਸ਼ੀ ਪ੍ਰਯਾਸ ਬਣਦਾ ਜਾ ਰਿਹਾ ਹੈ।

## ਪਾਠੀ ਸਿੰਘ 'ਤੇ ਅਸ਼ਲੀਲ ਹਰਕਤਾਂ ਦੇ ਦੋਸ਼ ਲਾਉਣ ਵਾਲੀ ਲੜਕੀ ਬਿਆਨਾਂ ਤੋਂ ਮੁਕਰੀ

### ➢ਮਾਨਯੋਗ ਅਦਾਲਤ ਸਾਹਮਣੇ ਆਪਣੇ ਲਿਖਤੀ ਬਿਆਨ ਕਰਵਾਏ ਕਲਮਬੰਦ

ਡਕਾਲਾ/ਬਲਬੇੜ੍ਹਾ, 27 ਫਰਵਰੀ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਈ 17 ਸਾਲਾ ਲੜਕੀ ਵੱਲੋਂ ਗੁਰਦੁਆਰਾ ਸਾਹਿਬ ਦੇ ਪਾਠੀ ਸਿੰਘ ਉੱਪਰ ਇਤਰਾਜ਼ਯੋਗ ਟਿੱਪਣੀ ਕਰਦੇ ਹੋਏ ਅਸ਼ਲੀਲ ਹਰਕਤਾਂ ਕਰਨ ਦੇ ਦੋਸ਼ ਲਗਾਏ ਸਨ, ਜਿਸ ਤੋਂ ਬਾਅਦ 'ਚ ਪਿੰਡ ਦੇ ਲੋਕਾਂ ਦਾ ਗੁੱਸਾ ਸੱਤਵੇਂ ਅਸਮਾਨ 'ਤੇ ਪਹੁੰਚ ਗਿਆ ਸੀ, ਜਿਸ ਦੀ ਜਾਣਕਾਰੀ ਸਥਾਨਕ ਪੁਲਿਸ ਚੌਕੀ ਨੂੰ ਮਿਲਣ ਤੋਂ ਬਾਅਦ ਪੁਲਿਸ ਚੌਕੀ ਰਾਮ ਨਗਰ, ਪੁਲਿਸ ਚੌਕੀ ਡਕਾਲਾ ਤੋਂ ਇਲਾਵਾ ਥਾਣਾ ਪਸਿਆਣਾ ਦੇ ਐਸਐਚਓ ਦੀ ਅਗਵਾਈ ਹੇਠ ਪੁਲਿਸ ਪ੍ਰਸ਼ਾਸਨ ਭਾਰੀ ਬਲ ਨਾਲ ਲੈਕੇ ਘਟਨਾ ਸਥਾਨ 'ਤੇ ਪਹੁੰਚਣ ਤੋਂ ਬਾਅਦ ਪਾਠੀ ਸਿੰਘ ਨੂੰ ਹਿਰਾਸਤ 'ਚ ਲੈ ਕੇ ਪਿੰਡ ਵਾਲਿਆਂ ਨੂੰ ਸਖਤ ਕਾਰਵਾਈ ਕਰਨ ਦਾ ਭਰੋਸਾ ਦੇ ਕੇ ਥਾਣਾ ਪਸਿਆਣਾ ਵਿਖੇ ਲੈ ਗਿਆ ਸੀ। ਥਾਣਾ ਪਸਿਆਣਾ ਪੁਲਿਸ ਵੱਲੋਂ ਪੀੜਤ ਲੜਕੀ ਅਤੇ ਗੁਰਦੁਆਰਾ ਕਮੇਟੀ ਦਾ ਪੱਖ ਸੁਣਨ ਤੋਂ ਬਾਅਦ ਪਾਠੀ ਸਿੰਘ ਨਿਹਾਲ ਸਿੰਘ 'ਤੇ ਕਾਨੂੰਨੀ ਕਾਰਵਾਈ ਕਰਦੇ ਹੋਏ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਉਸਨੂੰ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਭੇਜ ਦਿੱਤਾ ਗਿਆ ਸੀ। ਇਸ ਸਾਰੇ ਮਾਮਲੇ ਦੀ ਜਾਣਕਾਰੀ ਸਾਹਮਣੇ ਆਉਣ ਤੋਂ ਬਾਅਦ ਚੜ੍ਹਦੀਕਲਾ ਅਦਾਰੇ ਦੀ ਟੀਮ ਵੱਲੋਂ ਵੀ ਲਗਾਤਾਰ ਇਸ ਮਾਮਲੇ ਦੇ ਅਸਲੀ ਤੱਥਾਂ ਨੂੰ ਜਾਣਨ ਲਈ ਪਿੰਡ ਦੇ ਸਥਾਨਕ ਲੋਕਾਂ ਦੇ ਨਾਲ-ਨਾਲ ਗੁਰਦੁਆਰਾ ਸਾਹਿਬ ਪਿੰਡ ਚੂਹੜਪੁਰ ਜੱਟਾਂ ਦੀ ਲੋਕਲ ਕਮੇਟੀ ਨਾਲ ਰਾਬਤਾ ਕਰਕੇ ਅਸਲ ਹਕੀਕਤ ਨੂੰ ਜਾਣਨ ਲਈ ਲਗਾਤਾਰ ਗੱਲਬਾਤ ਕੀਤੀ ਗਈ, ਜਿਸ ਤੋਂ ਬਾਅਦ ਹੁਣ ਇਸ ਮਾਮਲੇ ਨਾਲ ਜੁੜੇ ਹੋਏ ਅਸਲ ਤੱਥ ਨਿਕਲ ਕੇ ਇਹ ਸਾਹਮਣੇ ਆ ਹੀ ਗਏ ਹਨ, ਚੜ੍ਹਦੀਕਲਾ ਦੀ ਟੀਮ ਕੋਲ ਗੁਰਦੁਆਰਾ ਸਾਹਿਬ ਦੀ ਲੋਕਲ ਕਮੇਟੀ ਦੇ ਮੈਂਬਰ ਕੇਸਰ ਸਿੰਘ ਮੰਨਿਆ ਕਿ ਗੁ: ਸਾਹਿਬ ਦੇ ਪਾਠੀ ਸਿੰਘ ਉੱਪਰ ਦੋਸ਼ ਲਗਾਉਣ ਵਾਲੀ ਲੜਕੀ ਨੂੰ ਜਦੋਂ ਗੁਰਦੁਆਰਾ ਸਾਹਿਬ ਦੇ ਮੋਹਤਬਰ ਵਿਅਕਤੀਆਂ ਅਤੇ ਕਮੇਟੀ ਮੈਂਬਰਾਂ ਨੇ ਬਿਠਾ ਕੇ ਸਾਰੇ ਮਾਮਲੇ ਸਬੰਧੀ ਪੁੱਛਗਿੱਛ ਕੀਤੀ ਤਾਂ ਉਸ ਨੇ ਉਹਨਾਂ ਕੋਲ ਇਹ ਮੰਨਿਆ ਕਿ ਉਸ ਨੂੰ ਕਿਸੇ ਸ਼ਰਾਰਤੀ ਅਨਸਰ ਵੱਲੋਂ ਡਰਾ, ਧਮਕਾ, ਤੇ ਗੁੰਮਰਾਹ ਕਰਕੇ ਇਹ ਕਾਰਾ ਕਰਨ ਲਈ ਕਿਹਾ ਗਿਆ ਸੀ। ਉਹਨਾਂ ਦੱਸਿਆ ਕਿ ਇਹ ਦੋਸ਼ ਲਗਾਉਣ ਵਾਲੀ ਲੜਕੀ ਆਪਣੇ ਬਿਆਨ ਵਾਪਸ ਲੈਣ ਲਈ ਸਹਿਮਤ ਹੋ ਗਈ ਹੈ। ਚੜ੍ਹਦੀਕਲਾ ਅਦਾਰੇ ਦੀ ਟੀਮ ਵੱਲੋਂ ਜਦੋਂ ਗੁਰਦੁਆਰਾ ਸਾਹਿਬ ਦੀ ਕਮੇਟੀ ਦੇ ਪ੍ਰਬੰਧਕਾਂ ਨਾਲ ਰਾਬਤਾ ਕੀਤਾ ਤਾਂ ਉਹਨਾਂ ਦੱਸਿਆ ਕਿ ਉਹਨਾਂ ਵੱਲੋਂ ਲਗਾਤਾਰ ਇਸ ਮਾਮਲੇ ਨੂੰ ਹਰ ਪੱਖ ਤੋਂ ਬਰੀਕੀ ਨਾਲ ਵਾਚ ਕੇ ਅਸਲ ਹਕੀਕਤ ਸਾਹਮਣੇ ਲਿਆਉਣ ਤੋਂ ਬਾਅਦ ਦੋਸ਼ ਲਗਾਉਣ ਵਾਲੀ ਲੜਕੀ ਨੇ ਇਹ ਕਬੂਲ ਕੀਤਾ ਹੈ ਕਿ ਉਸ ਨੂੰ ਕਿਸੇ ਗਲਤ ਅਨਸਰ ਵੱਲੋਂ ਉਕਸਾ ਕੇ ਇਹ ਬਿਆਨਬਾਜ਼ੀ ਕਰਨ ਲਈ ਲਾਲਚ ਦਿੱਤਾ ਸੀ, ਜਿਸ ਤੋਂ ਬਾਅਦ ਹੁਣ ਬੀਤੇ 25, 26 ਫਰਵਰੀ ਨੂੰ ਪਾਠੀ ਸਿੰਘ 'ਤੇ ਦੋਸ਼ ਲਗਾਉਣ ਵਾਲੀ ਲੜਕੀ ਨੇ ਸਿਵਲ ਕੋਰਟ ਪਟਿਆਲਾ ਵਿਖੇ ਮਾਨਯੋਗ ਅਦਾਲਤ ਦੇ ਸਨਮੁਖ ਪੇਸ਼ ਹੋ ਕੇ ਇਹ ਸਾਰੇ ਮਾਮਲੇ ਨੂੰ ਬੇਬੁਨਿਆਦ ਤੇ ਝੂਠਾ ਦੱਸਦੇ ਹੋਏ ਆਪਣੀ ਗਲਤੀ ਕਬੂਲ ਕੀਤੀ ਹੈ, ਅਤੇ ਉਸ ਦੀ ਇਸ ਗਲਤੀ ਕਾਰਨ ਨਿਰਦੋਸ਼ ਪਾਠੀ ਸਿੰਘ 'ਤੇ ਦਰਜ ਹੋਏ ਮਾਮਲੇ ਨੂੰ ਰੱਦ ਕਰਨ ਲਈ ਮਾਨਯੋਗ ਅਦਾਲਤ ਨੂੰ ਆਪਣੇ ਲਿਖਤੀ ਬਿਆਨ ਕਲਮਬੰਦ ਕਰਵਾਏ ਹਨ। ਕੇਸਰ ਸਿੰਘ ਨੇ ਦੱਸਿਆ ਕਿ ਜਲਦੀ ਹੀ ਪਾਠੀ ਸਿੰਘ ਨਿਹਾਲ ਸਿੰਘ ਦੀ ਜੇਲ ਵਿੱਚੋਂ ਰਿਹਾਈ ਕਰਾਉਣ ਲਈ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਸਨੂੰ ਇਨਸਾਫ ਦਵਾ ਕੇ ਦੋਸ਼ ਲਾਉਣ ਵਾਲੀ ਲੜਕੀ ਅਤੇ ਪਰਿਵਾਰ ਵੱਲੋਂ ਗਲਤੀ ਦਾ ਅਹਿਸਾਸ ਕਰਵਾਇਆ ਜਾਵੇਗਾ।

## ਪੱਤਰਕਾਰ ਰਣਧੀਰ ਸਿੰਘ ਨੂੰ ਸਦਮਾ, ਤਾਈ ਦਾ ਦੇਹਾਂਤ



ਨਾਭਾ, 27 ਫਰਵਰੀ ( ਬਲਜਿੰਦਰ ਮਾਨ) : ਪੱਤਰਕਾਰ ਰਣਧੀਰ ਸਿੰਘ ਨਾਭਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਿਆ, ਜਦੋਂ ਉਹਨਾਂ ਦੇ ਤਾਈ ਸ੍ਰੀਮਤੀ ਸੱਤਿਆ ਦੇਵੀ ਅਚਾਨਕ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਦਾ ਅੰਤਿਮ ਸੰਸਕਾਰ ਬੂਹੀ ਰੋਡ ਸ਼ਮਸ਼ਾਨਘਾਟ ਵਿਖੇ ਕੀਤਾ ਗਿਆ। ਇਸ ਮੌਕੇ ਪਰਿਵਾਰ ਅਤੇ ਸੱਕੇ ਸਬੰਧੀਆਂ ਤੋਂ ਇਲਾਵਾ ਸ਼ਹਿਰ ਦੇ ਪਤਵਤੇ ਸੱਜਣ ਹਾਜ਼ਰ ਸਨ। ਸੱਤਿਆ ਦੇਵੀ ਆਪਣੇ ਪਿੱਛੇ ਹੱਸਦਾ ਵੱਸਦਾ ਪਰਿਵਾਰ ਛੱਡ ਕੇ ਜਿਹਨਾਂ ਵਿੱਚ ਪੋਤਾ ਜਗਜੀਤ ਮੋਦਗਿੱਲ ਪੋਤੀ ਦੀਪਿਕਾ ਸ਼ਰਮਾ, ਭਤੀਜਾ ਰਣਧੀਰ ਸਿੰਘ ਨਾਭਾ, ਭਤੀਜਾ ਗੁਰਵਿੰਦਰ ਸਿੰਘ, ਭਤੀਜਾ ਸੁਖਚੈਨ ਬੱਬੂ ਭਤੀਜਾ ਧਰਮਪਾਲ, ਭਤੀਜਾ ਰਘਵੀਰ ਸ਼ਰਮਾ ਨੂੰ ਸਦੀਵੀ ਵਿਛੋੜਾ ਦੇ ਗਏ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਚਰਨਜੀਤ ਬਾਤਿਸ਼, ਬੀਜੇਪੀ ਰਾਮ ਕ੍ਰਿਸ਼ਨ ਭੱਲਾ, ਐਮ ਸੀ ਪਵਨ ਕੁਮਾਰ ਗਰਗ, ਕੁਲਵੰਤ ਮਾਸਟਰ, ਸਿਕੰਦਰ ਚੌਧਰੀ, ਗੁਰਤੇਜ ਸਿੰਘ ਬੂਹੀ ਪ੍ਰਧਾਨ ਆਜ਼ਾਦ ਪ੍ਰੈੱਸ ਕਲੱਬ ਨਾਭਾ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

## ਬਸੰਤ ਰੁੱਤ ਦਾ ਨਾਟਕ ਮੇਲਾ 'ਗਧੇ ਦੀ ਬਰਾਤ' ਨਾਲ ਸਮਾਪਤ



ਪਟਿਆਲਾ, 27 ਫਰਵਰੀ (ਚ.ਨ.ਸ.) : ਪ੍ਰਸਿੱਧ ਹਾਸਰਸ ਨਾਟਕ 'ਗਧੇ ਦੀ ਬਰਾਤ' ਦੀ ਸ਼ਾਨਦਾਰ ਪੇਸ਼ਕਾਰੀ ਨਾਲ ਕਲਾ ਕ੍ਰਿਤੀ ਪਟਿਆਲਾ ਅਤੇ ਨਟਰਾਜ ਆਰਟਸ ਥੀਏਟਰ ਦੇ ਗਰੁੱਪ ਵੱਲੋਂ ਫੈਸਟੀਵਲ ਡਾਇਰੈਕਟਰ ਪਰਮਿੰਦਰ ਪਾਲ ਕੌਰ ਅਤੇ ਗੋਪਾਲ ਸ਼ਰਮਾ ਦੀ ਸ਼ਾਨਦਾਰ ਅਗਵਾਈ ਹੇਠ ਉੱਤਰੀ ਖੇਤਰ ਸਭਿਆਚਾਰਕ ਕੇਂਦਰ ਪਟਿਆਲਾ ਦੇ ਸਹਿਯੋਗ ਨਾਲ ਕਰਵਾਏ ਗਏ ਦੋ ਦਿਨਾਂ ਬਸੰਤ ਰੁੱਤ ਨਾਟਕ ਮੇਲੇ ਦਾ ਸਮਾਪਨ ਇੱਥੇ ਕਾਲੀ ਦਾਸ ਆਡੀਟੋਰੀਅਮ ਵਿੱਚ ਹੋਇਆ ।ਪ੍ਰਸਿੱਧ ਥੀਏਟਰ , ਪ੍ਰਮੋਟਰ ਵਿਸ਼ਵ ਦੀਪਕ ਤਰੀਖਾ ਦੇ ਨਿਰਦੇਸ਼ਨ ਹੇਠ ਸਪਤਕ ਕਲਚਰਲ ਸੋਸਾਇਟੀ ਰੋਹਤਕ ਦੇ ਕਲਾਕਾਰਾਂ ਵੱਲੋਂ ਮੰਚਤ ਇਸ ਨਾਟਕ ਦੀ 350 ਵੀਂ ਪੇਸ਼ਕਾਰੀ ਨੇ ਵਰਤਮਾਨ ਸਮਾਜਿਕ, ਰਾਜਨੀਤਿਕ ਪਰਸਥਿਤੀਆਂ ਉੱਤੇ ਤਿੱਖੇ ਵਿਅੰਗ ਕਸਦੇ ਹੋਏ ਦਰਸ਼ਕਾਂ ਤੋਂ ਖੂਬ ਵਾਹ ਵਾਹ ਲੁੱਟੀ ।ਮੂਲ ਰੂਪ ਵਿੱਚ ਮਰਾਠੀ ਵਿੱਚ ਹਰੀ ਭਾਈ ਵਡਗਾਵਕਰ ਦੁਆਰਾ ਲਿਖਿਤ ਅਤੇ ਹਿੰਦੀ ਵਿੱਚ ਰਮੇਸ਼ ਰਾਜਹੰਸ ਤੇ ਰਜਿੰਦਰ ਮਹਿਰਾ ਦੁਆਰਾ ਨਾਟਕੀ ਰੂਪਾਂਤਰ ਇਸ ਨਾਟਕ ਨੇ ਜਿੱਥੇ ਲੋਕਾਂ ਨੂੰ ਹਾਸੇ ਭਰੇ ਠਹਾਕੇ ਲਗਾਉਣ ਲਈ ਮਜਬੂਰ ਕੀਤਾ ਉਥੇ ਅੰਤ ਵਿੱਚ ਉਹਨਾਂ ਦੀ ਸੰਵੇਦਨਾਵਾਂ ਨੂੰ ਝਿੰਝੋੜਦੇ ਹੋਏ ਗਮਗੀਨ ਵੀ ਕਰ ਦਿੱਤਾ । 'ਗਧੇ ਦੀ ਬਰਾਤ' ਨਾਟਕ ਪੁਰਾਤਨ ਕਥਾ ਤੇ ਅਧਾਰਿਤ ਹੈ। ਹਾਸ ਰਸ ਨਾਲ ਭਰਪੂਰ ਇਹ ਨਾਟਕ ਆਪਣੀ ਗੱਲ ਕਹਿਣ ਵਿੱਚ ਪੂਰੀ ਤਰਾਂ ਨਾਲ ਕਾਮਯਾਬ ਰਿਹਾ ।ਨਾਟਕ ਵਿੱਚ ਅਵਿਨਾਸ਼ ਸੈਣੀ ਨੇ ਕੱਲੂ ਘੁਮਿਆਰ ਦੀ ਮੁੱਖ ਭੂਮਿਕਾ ਨਿਭਾਈ ਅਤੇ ਆਪਣੇ ਸਹਿਜ ਅਦਾਕਾਰੀ ਨਾਲ ਰੰਗ ਜਮਾਇਆ ਅਤੇ ਲੋਕਾਂ ਨੂੰ ਖੂਬ ਹਸਾਇਆ। ਨਾਟਕ ਦੇ ਹੋਰਨਾਂ ਪਾਤਰਾਂ ਵਿੱਚ ਸੁਰਿੰਦਰ ਸ਼ਰਮਾ, ਤਰੁਣ ਪੁਸ਼ਪ ਤ੍ਰਿਖਾ, ਸ਼ਕਤੀ ਸਰੋਵਰ ਤ੍ਰਿਖਾ, ਜਗਦੀਪ ਜੁਗਨੂ, ਰਿੰਕੀ ਬਤਰਾ, ਸੋਨਿਕਾ ਸਵੇਰਾ, ਸਮੀਰ ਸ਼ਰਮਾ ਨੇ ਆਪਣੀ ਅਦਾਕਾਰੀ ਦੇ ਜੌਹਰ ਵਿਖਾਏ।ਸੋਨਿਕਾ ਹਰਿਆਣਾ ਦੇ ਪ੍ਰਸਿੱਧ ਨਗਾੜਾ ਵਾਦਕ ਸੁਭਾਸ਼ ਨਗਾੜਾ ਨੇ ਸੰਗੀਤ ਨਾਲ ਸਜੀ ਪੇਸ਼ਕਾਰੀ ਵਿੱਚ ਗੁਲਾਬ ਸਿੰਘ ਨੇ ਵੀ ਗਾਇਕੀ ਦੇ ਰੰਗ ਵਿਖਾਏ ਤੇ ਲਾਈਟ ਸਥਾਨਕ ਰੰਗਕਰਮੀ ਵਿਨੋਦ ਕੌਸ਼ਲ ਨੇ ਸ਼ਾਨਦਾਰ ਢੰਗ ਨਾਲ ਨਿਭਾਇਆ । ਇਸ ਮੌਕੇ ਤਜਿੰਦਰ ਮਹਿਤਾ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਆਰਕੀਟੈਕਟ ਐਲ ਆਰ ਗੁਪਤਾ ਰੰਗਮੰਚ ਪ੍ਰਮੋਟਰ ਅਤੇ ਸੋਸ਼ਲ ਵਰਕਰ ਡਾਕਟਰ ਗੁਰਵਿੰਦਰ ਕਾਂਸਲ ਥੀਏਟਰ ਪ੍ਰਮੋਟਰ ਅਤੇ ਭਾਜਪਾ ਦੇ ਯੁਵਾ ਨੇਤਾ ਅਤੇ ਡਾਕਟਰ ਪ੍ਰੀਤ ਕਮਲ ਕੌਰ ਚੀਮਾ (ਯੂ ਐਸ ਏ) ਸਨ, ਜਿਨ੍ਹਾਂ ਨੇ ਨਾਟਕ ਮੇਲੇ ਦੀ ਸਫਲਤਾ ਲਈ ਫੈਸਟੀਵਲ ਡਾਇਰੈਕਟਰ ਪ੍ਰਮਿੰਦਰ ਪਾਲ ਕੌਰ ਅਤੇ ਗੋਪਾਲ ਸ਼ਰਮਾ ਦੇ ਯਤਨਾ ਦੀ ਖੂਬ ਸ਼ਲਾਘਾ ਕੀਤੀ ਤੇ ਸਾਰੇ ਹੀ ਕਲਾਕਾਰਾਂ ਨੂੰ ਵਧਾਈ ਦਿੱਤੀ।

## ਪਬਲਿਕ ਕਾਲਜ ਸਮਾਣਾ ਵਿਖੇ ਮਹੀਨਾਵਾਰ ਮੋਬਾਈਲ ਡੀਟੌਕਸ ਪ੍ਰੋਗਰਾਮ ਦੀ ਸ਼ੁਰੂਆਤ

ਸਮਾਣਾ, 27 ਫਰਵਰੀ (ਵਿਜੇ ਕੁਮਾਰ) : ਪਬਲਿਕ ਕਾਲਜ ਸਮਾਣਾ ਵਿਖੇ ਮਹੀਨਾਵਾਰ ਮੋਬਾਈਲ ਡੀਟੌਕਸ ਦੀ ਸ਼ੁਰੂਆਤ ਕੀਤੀ ਗਈ। ਡਿਜੀਟਲ ਨਿਰਭਰਤਾ ਦਾ ਮੁਕਾਬਲਾ ਕਰਨ ਅਤੇ ਵਿਦਿਆਰਥੀਆਂ ਅਤੇ ਸਟਾਫ ਵਿਚਕਾਰ ਆਪਸੀ ਤਾਲਮੇਲ ਵਧਾਉਣ ਦੇ ਇੱਕ ਦ੍ਰਿੜ੍ਹ ਯਤਨ ਵਿੱਚ, ਪਬਲਿਕ ਕਾਲਜ ਸਮਾਣਾ ਨੇ ਮੋਬਾਈਲ ਡੀਟੌਕਸ ਪ੍ਰੋਗਰਾਮ ਦੇ ਹਿੱਸੇ ਵਜੋਂ ਕੈਂਪਸ-ਵਿਆਪੀ ਮੋਬਾਈਲ-ਮੁਕਤ ਦਿਵਸ ਮਨਾਇਆ। ਇਸ ਕਦਮ ਵਿੱਚ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੀ ਲਗਭਗ ਪੂਰੀ ਭਾਗੀਦਾਰੀ ਦੇਖਣ ਨੂੰ ਮਿਲੀ। ਕਾਲਜ ਦੇ ਪ੍ਰਿੰਸੀਪਲ, ਡਾ. ਹਰਕੀਰਤ ਸਿੰਘ ਸਿੱਧੂ ਨੇ ਇਸ ਪਹਿਲ ਕਦਮੀ ਦੇ ਨਤੀਜੇ ਵਜੋਂ ਵਿਦਿਆਰਥੀਆਂ ਵਿੱਚ ਵਧੇਰੇ ਉਤਪਾਦਕਤਾ ਅਤੇ ਬਿਹਤਰ ਧਿਆਨ ਕੇਂਦਰਿਤ ਕਰਨ ਦਾ ਹਵਾਲਾ ਦਿੱਤਾ। ਉਨ੍ਹਾਂ ਅੱਗੇ ਦੱਸਿਆ ਕਿ ਇਹ ਸਮਾਗਮ ਇੱਕ ਮਹੀਨਾਵਾਰ ਵਿਸ਼ੇਸ਼ਤਾ ਹੋਵੇਗੀ ਅਤੇ ਹਰ ਮਹੀਨੇ ਦੇ ਤੀਜੇ ਸ਼ਨੀਵਾਰ ਨੂੰ ਮਨਾਇਆ ਜਾਵੇਗਾ। ਆਈ ਕਿਊ ਏ ਸੀ ਕੋਆਰਡੀਨੇਟਰ, ਡਾ. ਹਰਕੀਰਤਨ ਕੌਰ ਨੇ ਕਿਹਾ ਕਿ ਐਮਰਜੈਂਸੀ ਸਥਿਤੀਆਂ ਲਈ ਮੁਹਿੰਮ ਦੌਰਾਨ ਕੁਝ ਮੋਬਾਈਲ ਨੰਬਰ ਪ੍ਰਸਾਰਿਤ ਕੀਤੇ ਗਏ ਸਨ ਅਤੇ ਕਾਰਜਸ਼ੀਲ ਰੱਖੇ ਗਏ ਸਨ। ਉਨ੍ਹਾਂ ਕਿਹਾ ਕਿ ਮੋਬਾਈਲ ਫੋਨਾਂ 'ਤੇ ਜ਼ਿਆਦਾ ਨਿਰਭਰਤਾ ਸਾਡੀ ਸਰੀਰਕ ਅਤੇ ਮਾਨਸਿਕ ਸਿਹਤ 'ਤੇ ਮਾੜਾ ਪ੍ਰਭਾਵ ਪਾ ਰਹੀ ਹੈ। ਪਹਿਲਕਦਮੀ ਦੀ ਭਾਰੀ ਸਫਲਤਾ ਸੁਝਾਅ ਦਿੰਦੀ ਹੈ ਕਿ ਇਹ ਮੋਬਾਈਲ ਡੀਟੌਕਸ ਇੱਕ ਸਿਹਤਮੰਦ, ਵਧੇਰੇ ਸੁਚੇਤ ਕੈਂਪਸ ਸੱਭਿਆਚਾਰ ਦੀ ਸ਼ੁਰੂਆਤ ਹੈ।